ਬੁੱਧਵਾਰ, 1 ਜੁਲਾਈ, 2026
17 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 30

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 1 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੀ ਜੇ ਪੀ 'ਟੁਕੜੇ-ਟੁਕੜੇ' ਗੈਂਗ : ਨਬੀਨ

## ਇਨ੍ਹਾਂ ਨੂੰ ਭਾਜਪਾ ਵਰਕਰ ਸਬਕ ਸਿਖਾਉਣਗੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**



ਭਾਰਤੀ ਜਨਤਾ ਪਾਰਟੀ ਨੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) 'ਤੇ ਆਪਣਾ ਹਮਲਾ ਤੇਜ਼ ਕਰ ਦਿੱਤਾ ਹੈ, ਜਿਸ ਵਿੱਚ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਇਸ ਨੂੰ 'ਵਾਇਰਸ ਅਤੇ ਕਾਕਰੋਚ' ਗਰੋਹ ਦੱਸਿਆ, ਜੋ ਦੇਸ਼ ਨੂੰ ਕਮਜ਼ੋਰ ਕਰਨਾ ਅਤੇ ਵੰਡਣਾ ਚਾਹੁੰਦਾ ਹੈ। ਇਹ ਟਿੱਪਣੀ ਉਦੋਂ ਆਈ ਹੈ, ਜਦੋਂ ਸੀ ਜੇ ਪੀ ਨੇ ਨੀਟ-ਯੂ ਜੀ ਪੇਪਰ ਲੀਕ ਮਾਮਲੇ 'ਤੇ ਦਿੱਲੀ ਦੇ ਜੰਤਰ-ਮੰਤਰ 'ਤੇ ਆਪਣਾ ਵਿਰੋਧ ਪ੍ਰਦਰਸ਼ਨ ਜਾਰੀ ਰੱਖਿਆ ਹੋਇਆ ਹੈ।

ਆਪਣੀ ਤੇਲੰਗਾਨਾ ਫੇਰੀ ਦੌਰਾਨ ਵਾਰੰਗਲ ਵਿਖੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਨਬੀਨ ਨੇ ਦੋਸ਼ ਲਗਾਇਆ ਕਿ ਸੀ ਜੇ ਪੀ ਵਰਗੇ ਸਮੂਹ ਦੇਸ਼ ਦੇ ਹਿੱਤਾਂ ਦੇ ਵਿਰੁੱਧ ਕੰਮ ਕਰ ਰਹੇ ਹਨ। ਉਨ੍ਹਾ ਕਿਹਾ- ਦੇਸ਼ ਵਿੱਚ ਵਾਇਰਸ ਅਤੇ ਕਾਕਰੋਚ ਵਰਗੀਆਂ ਪਾਰਟੀਆਂ ਉਭਰ ਰਹੀਆਂ ਹਨ। ਇਹ ਉਹ ਲੋਕ ਹਨ, ਜੋ ਦੇਸ਼ ਨੂੰ ਖੋਖਲਾ ਕਰਨਾ ਚਾਹੁੰਦੇ ਹਨ। ਸਾਨੂੰ ਇਨ੍ਹਾਂ ਵਾਇਰਸਾਂ ਅਤੇ ਕਾਕਰੋਚ ਵਰਗੇ ਲੋਕਾਂ ਵੱਲ ਧਿਆਨ ਦੇਣ ਦੀ ਲੋੜ ਹੈ। ਇਹ ਗਰੋਹ ਦੇਸ਼ ਨੂੰ ਵੰਡਣਾ ਚਾਹੁੰਦਾ ਹੈ। ਉਹਨਾ ਕਿਹਾ ਕਿ ਇਹ ਉਹ ਲੋਕ ਹਨ, ਜੋ 'ਟੁਕੜੇ-ਟੁਕੜੇ ਗਰੋਹ' ਨਾਲ ਸੰਬੰਧਤ ਹਨ।

ਇਨ੍ਹਾਂ ਨੂੰ ਭਾਜਪਾ ਸਬਕ ਸਿਖਾਏਗੀ ਤੇ ਪਾਰਟੀ ਦਾ ਹਰ ਵਰਕਰ ਇਸ ਨੂੰ ਯਕੀਨੀ ਬਣਾਏਗਾ।

## ਵਾਂਗਚੁਕ ਦਾ ਬਲੱਡ ਸ਼ੂਗਰ ਪੱਧਰ ਚਿੰਤਾਜਨਕ



**ਨਵੀਂ ਦਿੱਲੀ** : ਜੰਤਰ-ਮੰਤਰ ਵਿਖੇ ਸੀ ਜੇ ਪੀ ਦੀ ਅਗਵਾਈ ਵਾਲੇ ਵਿਰੋਧ ਪ੍ਰਦਰਸ਼ਨ ਦੌਰਾਨ ਵਾਤਾਵਰਣ ਕਾਰਕੁਨ ਸੋਨਮ ਵਾਂਗਚੁਕ ਦੀ ਭੁੱਖ ਹੜਤਾਲ ਦੇ ਤੀਜੇ ਦਿਨ ਉਨ੍ਹਾ ਦੀ ਸਿਹਤ ਦੀ ਨਿਗਰਾਨੀ ਕਰ ਰਹੇ ਡਾਕਟਰ ਨੇ ਦੱਸਿਆ ਕਿ ਉਨ੍ਹਾ ਦੇ ਬਲੱਡ ਸ਼ੂਗਰ ਦਾ ਪੱਧਰ ਚਿੰਤਾਜਨਕ ਹੈ। ਮੰਗਲਵਾਰ ਸਵੇਰੇ ਵਾਂਗਚੁਕ ਦੀ ਜਾਂਚ ਕਰਨ ਤੋਂ ਬਾਅਦ ਡਾ. ਸਤੀਸ਼ ਲਾਂਬਾ ਨੇ ਕਿਹਾ ਕਿ ਉਸ ਦਾ ਤਾਪਮਾਨ ਆਮ ਸੀ, ਉਨ੍ਹਾ ਦਾ ਬਲੱਡ ਪ੍ਰੈਸ਼ਰ 117/60 ਦਰਜ ਕੀਤਾ ਗਿਆ। ਆਕਸੀਜਨ 96 ਪ੍ਰਤੀਸ਼ਤ ਸੀ, ਨਬਜ਼ ਦੀ ਦਰ 92 ਪ੍ਰਤੀ ਮਿੰਟ ਸੀ ਅਤੇ ਉਨ੍ਹਾਂ ਦਾ ਬਲੱਡ ਸ਼ੂਗਰ ਦਾ ਪੱਧਰ 66 ਮਿਲੀਗ੍ਰਾਮ/ਡੀ ਐੱਲ ਸੀ। ਕੁਝ ਸੋਸ਼ਲ ਮੀਡੀਆ ਉਪਭੋਗਤਾਵਾਂ ਦੁਆਰਾ ਕੀਤੇ ਗਏ ਦਾਅਵਿਆਂ ਦਾ ਹਵਾਲਾ ਦਿੰਦੇ ਹੋਏ ਕਿ ਵਾਂਗਚੁਕ ਨੇ ਰਾਤ ਨੂੰ ਚਿਕਨ ਸੂਪ ਖਾਧਾ ਸੀ, ਦੇ ਦੋਸ਼ ਨੂੰ ਡਾ. ਲਾਂਬਾ ਨੇ ਰੱਦ ਕਰ ਦਿੱਤਾ ਤੇ ਕਿਹਾ ਕਿ ਬਲੱਡ ਸ਼ੂਗਰ ਰੀਡਿੰਗ ਅਜਿਹੇ ਦਾਅਵੇ ਨਾਲ ਮੇਲ ਨਹੀਂ ਖਾਂਦੀ।

# ਜੇਲ੍ਹ ਨੇ ਮੇਰੀ ਇਨਸਾਨੀਅਤ ਤੇ ਸਮਝਦਾਰੀ ਖੋਹ ਲਈ : ਉਮਰ ਖਾਲਿਦ

**ਨਵੀਂ ਦਿੱਲੀ (ਨ ਜ਼ ਸ)**

ਵਿਦਿਆਰਥੀ ਕਾਰਕੁਨ ਉਮਰ ਖਾਲਿਦ ਨੇ ਕਿਹਾ ਹੈ ਕਿ ਸਾਲਾਂ ਦੀ ਕੈਦ ਨੇ ਉਸ ਤੋਂ ਇਨਸਾਨੀਅਤ ਅਤੇ ਕਈ ਵਾਰ ਸਮਝਦਾਰੀ ਦੋਵਾਂ ਨੂੰ ਖੋਹ ਲਿਆ ਹੈ, ਕਿਉਂਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਐੱਨ ਡੀ ਏ ਸਰਕਾਰ ਇੱਕ ਅਜਿਹੇ ਸਮਾਜ ਦੀ ਪ੍ਰਧਾਨਗੀ ਕਰ ਰਹੀ, ਜਿੱਥੇ ਨਫਰਤ ਅਤੇ ਗਲਤ ਜਾਣਕਾਰੀ ਆਮ ਗੱਲ ਹੋ ਗਈ ਹੈ।

2020 ਵਿੱਚ ਦਿੱਲੀ ਦੰਗਿਆਂ ਨਾਲ ਸੰਬੰਧਤ ਦੋਸ਼ਾਂ ਵਿੱਚ ਜੇਲ੍ਹ ਜਾਣ ਤੋਂ ਬਾਅਦ ਆਪਣੀ ਪਹਿਲੀ ਇੰਟਰਵਿਊ ਵਿੱਚ ਖਾਲਿਦ ਨੇ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਬਿਨਾਂ ਕਿਸੇ ਮੁਕੱਦਮੇ ਦੇ ਲਗਪਗ ਛੇ ਸਾਲ ਬਿਤਾਉਣ ਦੇ ਮਨੋਵਿਗਿਆਨਕ ਨੁਕਸਾਨ ਦਾ ਵਰਣਨ ਕੀਤਾ ਹੈ। ਉਸ ਨੇ ਇੰਗਲੈਂਡ ਦੇ ਅਖਬਾਰ 'ਦੀ ਗਾਰਡੀਅਨ' ਨੂੰ ਦਿੱਤੀ ਇੰਟਰਵਿਊ ਵਿੱਚ ਕਿਹਾ, 'ਤੁਸੀਂ ਆਪਣੇ ਬਾਰੇ ਉਨ੍ਹਾਂ ਸਾਥੀ ਕੈਦੀਆਂ, ਜਿਨ੍ਹਾਂ ਨਾਲ ਤੁਸੀਂ ਖਾਣਾ ਸਾਂਝਾ ਕਰਦੇ ਹੋ, ਤੋਂ ਵੀ ਅਜਿਹੀ ਫੁਸਰ-ਫੁਸਰ ਸੁਣਦੇ ਹੋ ਕਿ ਇਹ ਤਾਂ ਦਹਿਸ਼ਤਗਰਦ ਹੈ। ਇਹ ਪ੍ਰਚਾਰ ਲੋਕਾਂ ਦੀਆਂ ਨਜ਼ਰਾਂ ਵਿੱਚ ਮੈਨੂੰ ਘਟੀਆ ਬਣਾਉਂਦਾ ਹੈ।'

ਖਾਲਿਦ ਨੇ ਪਾਬੰਦੀਆਂ ਕਾਰਨ ਪਰਵਾਰਕ ਮੈਂਬਰਾਂ ਅਤੇ ਦੋਸਤਾਂ ਰਾਹੀਂ 'ਦੀ ਗਾਰਡੀਅਨ' ਦੇ ਸਵਾਲਾਂ ਦੇ ਜਵਾਬ ਦਿੰਦਿਆਂ ਕਿਹਾ, 'ਮਨੁੱਖਤਾ ਇੱਕ ਅਜਿਹਾ ਸਨਮਾਨ ਹੈ, ਜੋ ਮੇਰੇ ਵਰਗੇ ਲੋਕਾਂ ਨੂੰ ਨਹੀਂ ਦਿੱਤਾ ਜਾਂਦਾ।' ਸਲਾਖਾਂ ਪਿੱਛੇ ਬਿਤਾਏ ਸਾਲਾਂ ਨੂੰ ਦਰਸਾਉਂਦਿਆਂ 38 ਸਾਲਾ ਖਾਲਿਦ ਨੇ ਕਿਹਾ ਕਿ ਉਸ ਦੇ ਆਲੇ-ਦੁਆਲੇ ਬਣਾਇਆ ਗਿਆ, ਉਸ ਦਾ ਜਨਤਕ ਅਕਸਰ ਅਕਸਰ ਇੱਕ ਵਿਅਕਤੀ ਵਜੋਂ ਉਸ ਦੀ ਪਛਾਣ ਨੂੰ ਢੱਕ ਦਿੰਦਾ ਹੈ। 'ਜਦੋਂ ਤੁਸੀਂ ਸਿਰਫ ਇੱਕ ਅਕਸ ਤੱਕ ਸੀਮਤ ਹੋ ਜਾਂਦੇ ਹੋ, ਭਾਵੇਂ ਉਹ ਨਕਾਰਾਤਮਕ ਹੋਵੇ ਜਾਂ ਸਕਾਰਾਤਮਕ, ਤਾਂ ਨਾ ਸਿਰਫ ਆਪਣੀ ਇਨਸਾਨੀਅਤ ਨੂੰ, ਸਗੋਂ ਕਈ ਵਾਰ ਆਪਣੀ ਸਮਝਦਾਰੀ ਨੂੰ ਵੀ ਬਣਾਈ ਰੱਖਣਾ ਮੁਸ਼ਕਲ ਹੋ ਜਾਂਦਾ ਹੈ। ਜਿਹੜੇ ਲੋਕ ਤੁਹਾਡੇ ਨਾਲ ਹਮਦਰਦੀ ਰੱਖਦੇ ਹਨ ਜਾਂ ਤੁਹਾਨੂੰ ਤੁਹਾਡੇ ਤੋਂ ਵੱਡੇ ਵਿਅਕਤੀ ਵਜੋਂ ਪੇਸ਼ ਕਰਦੇ ਹਨ, ਉਹ ਵੀ ਭੁੱਲ ਜਾਂਦੇ ਹਨ ਕਿ ਮੈਂ ਇੱਕ ਅਜਿਹਾ ਇਨਸਾਨ ਹਾਂ, ਜਿਸ ਵਿੱਚ ਆਪਣੀਆਂ ਕਮਜ਼ੋਰੀਆਂ, ਡਰ ਅਤੇ ਕਮੀਆਂ ਹਨ ਅਤੇ ਇਹ ਕਿ ਜੇਲ੍ਹ ਵਿੱਚ ਇਨ੍ਹਾਂ ਲੰਮੇ ਸਾਲਾਂ ਨੇ ਮੇਰੇ ਮਨ ਅਤੇ ਸਰੀਰ ਨੂੰ ਤਬਾਹ ਕਰਕੇ ਰੱਖ ਦਿੱਤਾ ਹੈ।'

## ਅੰਦੋਲਨਾਂ ਦੇ ਸਹਾਰੇ ਕੈਰੀਅਰ ਬਣਾਉਣ ਵਾਲਿਆਂ ਦੀ ਚੁੱਪੀ ਤੋਂ ਨਾਰਾਜ਼




ਖਾਲਿਦ ਨੂੰ ਸਤੰਬਰ 2020 ਵਿੱਚ ਦਹਿਸ਼ਤਗਰਦੀ ਵਿਰੋਧੀ ਕਾਨੂੰਨ ਤਹਿਤ 2020 ਦੇ ਦਿੱਲੀ ਦੰਗਿਆਂ ਵਿੱਚ ਮੁੱਖ ਸਾਜ਼ਿਸ਼ਕਰਤਾ ਹੋਣ ਅਤੇ ਸਟੇਟ ਖਿਲਾਫ ਹਿੰਸਾ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਉਣ ਤੋਂ ਬਾਅਦ ਗ੍ਰਿਫਤਾਰ ਕੀਤਾ ਗਿਆ ਸੀ। ਖਾਲਿਦ ਨੇ ਲਗਾਤਾਰ ਦੋਸ਼ਾਂ ਤੋਂ ਇਨਕਾਰ ਕੀਤਾ ਹੈ।

ਖਾਲਿਦ ਨੇ 'ਦੀ ਗਾਰਡੀਅਨ' ਨੂੰ ਦੱਸਿਆ ਕਿ ਜੇਲ੍ਹ ਨੇ ਦੇਸ਼ ਦੇ ਰਾਜਨੀਤਕ ਮਾਹੌਲ ਬਾਰੇ ਉਸ ਦੇ ਵਿਚਾਰ ਨਹੀਂ ਬਦਲੇ ਹਨ।

ਉਸ ਨੇ ਨਫਰਤ ਭਰੇ ਭਾਸ਼ਣਾਂ ਅਤੇ ਨਸਲਕੁਸ਼ੀ ਵਾਲੀ ਭਾਸ਼ਾ ਦੇ ਸਧਾਰਨੀਕਰਨ ਅਤੇ ਵਡਿਆਈ ਵਜੋਂ ਵਰਣਨ 'ਤੇ ਚਿੰਤਾ ਪ੍ਰਗਟ ਕੀਤੀ। ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਨੇਤਾ ਨੇ ਕਾਰਕੁਨਾਂ ਅਤੇ ਅਸਹਿਮਤੀ ਪ੍ਰਗਟਾਉਣ ਵਾਲਿਆਂ ਨੂੰ ਜੇਲ੍ਹਾਂ 'ਚ ਡੱਕਣ 'ਤੇ ਸਿਆਸਤਦਾਨਾਂ ਅਤੇ ਸਿਵਲ ਸਮਾਜ ਦੇ ਵਰਗਾਂ ਦੀ ਚੁੱਪੀ ਦੀ ਵੀ ਆਲੋਚਨਾ ਕੀਤੀ। ਉਸ ਨੇ ਕਿਹਾ, 'ਛੇ ਸਾਲ ਬਾਅਦ ਮੈਂ ਇਹ ਜ਼ਰੂਰ ਕਹਾਂਗਾ ਕਿ ਮੈਂ ਸੱਚਮੁੱਚ ਨਿਰਾਸ਼ ਹਾਂ ਅਤੇ ਇੱਥੋਂ ਤੱਕ ਕਿ ਨਿੱਖੜਿਆ ਮਹਿਸੂਸ ਕਰ ਰਿਹਾ ਹਾਂ। ਵਿਰੋਧੀ ਪਾਰਟੀਆਂ, ਸਿਵਲ ਸੁਸਾਇਟੀ ਸਮੂਹਾਂ, ਮਸ਼ਹੂਰ ਕਾਰਕੁਨਾਂ, ਜਿਨ੍ਹਾਂ ਲੋਕਾਂ ਦੇ ਅੰਦੋਲਨਾਂ ਦੇ

• ਬਾਕੀ ਸਫਾ 2 'ਤੇ

# ਐੱਸ ਕੇ ਐੱਮ ਵੱਲੋਂ 22 ਨੂੰ ਭਾਜਪਾ ਆਗੂਆਂ ਦੇ ਘਰਾਂ ਅੱਗੇ ਧਰਨੇ

**ਸ਼ਾਹਕੋਟ (ਗਿਆਨ ਸੈਦਪੁਰੀ)**



ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਮੀਟਿੰਗ ਜੋਗਿੰਦਰ ਸਿੰਘ ਉਗਰਾਹਾਂ, ਪ੍ਰੇਮ ਸਿੰਘ ਭੰਗੂ ਅਤੇ ਬਲਵਿੰਦਰ ਸਿੰਘ ਰਾਜੂ ਦੀ ਪ੍ਰਧਾਨਗੀ ਹੇਠ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ, ਜਿਸ ਵਿੱਚ ਸੂਬੇ ਅਤੇ ਦੇਸ਼ ਭਰ ਦੇ ਕਿਸਾਨਾਂ ਨੂੰ ਦਰਪੇਸ਼ ਭਖਦੇ ਮੁੱਦਿਆਂ ਅਤੇ ਸਮੱਸਿਆਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਭਾਜਪਾ ਸਰਕਾਰ ਵੱਲੋਂ ਦੂਜੇ ਦੇਸ਼ਾਂ ਨਾਲ ਕੀਤੇ ਗਏ ਸਮਝੌਤੇ ਅਤੇ ਪ੍ਰਸਤਾਵਿਤ ਅਮਰੀਕਾ-ਭਾਰਤ ਦੁਵੱਲੇ ਵਪਾਰ ਸਮਝੌਤੇ (ਬੀ ਟੀ ਏ) ਅਤੇ ਐੱਫ ਟੀ ਏ ਦਾ ਜ਼ੋਰਦਾਰ ਵਿਰੋਧ ਕੀਤਾ ਗਿਆ, ਜਿਸ ਨਾਲ ਦੇਸ਼ ਦਾ ਵਿਸ਼ਾਲ ਬਾਜ਼ਾਰ ਵਿਦੇਸ਼ੀ ਨਿਵੇਸ਼ਕਾਂ ਅਤੇ ਵਪਾਰੀਆਂ ਲਈ ਖੋਲ੍ਹਿਆ ਜਾ ਸਕਦਾ ਹੈ। ਮੀਟਿੰਗ ਦਾ ਵਿਚਾਰ ਸੀ ਕਿ ਵਿਸ਼ਵਵਿਆਪੀ ਪੂੰਜੀ ਅਤੇ ਵਪਾਰ ਦਾ ਫੈਲਾਅ ਘਰੇਲੂ ਬਾਜ਼ਾਰ ਅਤੇ ਆਰਥਿਕਤਾ ਨੂੰ ਤਬਾਹ ਕਰ ਦੇਵੇਗਾ ਅਤੇ ਇਸ ਤਰ੍ਹਾਂ ਆਮ ਲੋਕਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰੇਗਾ। ਸਮਝੌਤੇ ਕਾਰਪੋਰੇਟਾਂ ਅਤੇ ਬਹੁ-ਰਾਸ਼ਟਰੀ ਕੰਪਨੀਆਂ ਨੂੰ ਲਾਭ ਪਹੁੰਚਾਉਣ ਲਈ ਕੀਤੇ ਜਾ ਰਹੇ ਹਨ।

ਆਗੂਆਂ ਕਿਹਾ ਕਿ ਭਾਜਪਾ ਸਰਕਾਰ ਆਪਣੇ ਲੋਕਾਂ ਤੋਂ ਸਭ ਕੁਝ ਛੁਪਾ ਰਹੀ ਹੈ ਅਤੇ ਹੌਲੀ-ਹੌਲੀ ਟਰੰਪ ਸਰਕਾਰ ਅੱਗੇ ਗੋਡੇ ਟੇਕ ਰਹੀ ਹੈ ਅਤੇ ਆਤਮ-ਸਮਰਪਣ ਕਰ ਰਹੀ ਹੈ ਅਤੇ ਵਿਦੇਸ਼ੀ ਵਪਾਰ ਲਈ ਖੇਤੀਬਾੜੀ ਅਤੇ ਡੇਅਰੀ ਖੇਤਰਾਂ ਨੂੰ ਖੋਲ੍ਹਣ 'ਤੇ ਤੁਲੀ ਹੋਈ ਹੈ, ਜਿਸ ਨਾਲ ਭਾਰਤ ਵਿੱਚ ਸਾਰਾ ਖੇਤੀਬਾੜੀ ਖੇਤਰ ਅਤੇ ਇਸ ਦੇ ਸਹਾਇਕ ਧੰਦੇ ਤਬਾਹ ਹੋ ਜਾਣਗੇ।ਮੀਟਿੰਗ ਵਿੱਚ 22 ਜੁਲਾਈ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਪ੍ਰਸਾਵਿਤ ਬੀ ਟੀ ਏ ਅਤੇ ਐੱਫ ਟੀ ਏ ਵਿਰੁੱਧ ਸੂਬੇ ਦੇ ਸਾਰੇ ਟੋਲ ਪਲਾਜ਼ਿਆਂ ਨੂੰ ਮੁਫ਼ਤ ਕਰਨ ਅਤੇ ਭਾਜਪਾ ਆਗੂਆਂ ਦੇ ਘਰਾਂ ਅੱਗੇ ਧਰਨੇ ਦੇਣ ਦਾ ਐਲਾਨ ਕੀਤਾ ਗਿਆ।ਸੂਬੇ ਵਿੱਚ ਬਿਜਲੀ ਸੰਕਟ ਦਾ ਗੰਭੀਰ ਨੋਟਿਸ ਲੈਂਦੇ ਹੋਏ ਮੀਟਿੰਗ ਵਿੱਚ ਫ ੈ ਸ ਲ ਾ

• ਬਾਕੀ ਸਫਾ 2 'ਤੇ

## 23 ਪਾਰਟੀਆਂ ਨੇ ਚੀਫ ਜਸਟਿਸ ਨੂੰ ਚੋਣ ਕਮਿਸ਼ਨ ਦੀ ਭੂਮਿਕਾ ਬਾਰੇ ਪੱਤਰ ਲਿਖਿਆ

**ਨਵੀਂ ਦਿੱਲੀ** : 23 ਸਿਆਸੀ ਪਾਰਟੀਆਂ ਨੇ ਮੰਗਲਵਾਰ ਭਾਰਤ ਦੇ ਚੀਫ ਜਸਟਿਸ ਸੂਰਿਆ ਕਾਂਤ ਨੂੰ ਐੱਸ ਆਈ ਆਰ ਪ੍ਰਕਿਰਿਆ, ਚੋਣ ਕਮਿਸ਼ਨ ਦੀ ਭੂਮਿਕਾ ਅਤੇ ਚੋਣ-ਸੰਬੰਧਤ ਹੋਰ ਮੁੱਦਿਆਂ 'ਤੇ ਇੱਕ ਸਾਂਝਾ ਪੱਤਰ ਭੇਜਿਆ ਹੈ। ਪੱਤਰ 'ਤੇ ਦਸਤਖ਼ਤ ਕਰਨ ਵਾਲਿਆਂ ਵਿੱਚ ਸਾਰੀਆਂ ਪ੍ਰਮੁੱਖ ਇੰਡੀਆ ਬਲਾਕ ਦੀਆਂ ਪਾਰਟੀਆਂ ਦੇ ਨਾਲ-ਨਾਲ ਆਮ ਆਦਮੀ ਪਾਰਟੀ ਅਤੇ ਡੀ ਐੱਮ ਕੇ ਸ਼ਾਮਲ ਹਨ ।

ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਐੱਕਸ 'ਤੇ ਇੱਕ ਪੋਸਟ ਵਿੱਚ ਇਹ ਜਾਣਕਾਰੀ ਦਿੱਤੀ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਵਿਰੋਧੀ ਪਾਰਟੀਆਂ 'ਯਕੀਨੀ ਏਕਤਾ, ਏਕਤਾ ਅਤੇ ਵਿਰੋਧ' ਵਿੱਚ ਮਜ਼ਬੂਤੀ ਨਾਲ ਜੁੜੀਆਂ ਹੋਈਆਂ ਹਨ। ਰਮੇਸ਼ ਨੇ ਐੱਕਸ ਉਪਰ ਕਿਹਾ, '23 ਰਾਜਨੀਤਕ ਪਾਰਟੀਆਂ ਅਤੇ ਇੱਕ ਆਜ਼ਾਦ ਸੰਸਦ ਮੈਂਬਰ ਨੇ ਭਾਰਤ ਜਨਬੰਧਨ ਮੀਟਿੰਗ ਵਿੱਚ ਸ਼ਿਰਕਤ ਕੀਤੀ ਸੀ, ਜਿੱਥੇ ਭਾਰਤੀ ਚੋਣ ਕਮਿਸ਼ਨ ਦੀ ਐੱਸ ਆਈ ਆਰ

• ਬਾਕੀ ਸਫਾ 2 'ਤੇ

## ਸਵਾ ਸੌ ਸਾਲਾਂ 'ਚ ਪੰਜਵਾਂ ਸਭ ਤੋਂ ਸੁੱਕਾ ਲੰਘਿਆ ਜੂਨ

**ਨਵੀਂ ਦਿੱਲੀ (ਨ ਜ਼ ਸ)**

ਮੌਸਮ ਵਿਭਾਗ ਦੇ ਅੰਕੜਿਆਂ ਮੁਤਾਬਕ ਮੰਗਲਵਾਰ ਭਾਰਤ ਵਿੱਚ ਇੱਕ ਦਹਾਕੇ ਤੋਂ ਵੱਧ ਸਮੇਂ ਦਾ ਸਭ ਤੋਂ ਸੁੱਕਾ ਜੂਨ ਮਹੀਨਾ ਦਰਜ ਕੀਤਾ ਗਿਆ ਅਤੇ 1901 ਤੋਂ ਰਿਕਾਰਡ ਰੱਖਣ ਦੀ ਸ਼ੁਰੂਆਤ ਤੋਂ ਬਾਅਦ ਇਹ ਪੰਜਵਾਂ ਸਭ ਤੋਂ ਸੁੱਕਾ ਮਹੀਨਾ ਸੀ, ਜਿਸ ਵਿੱਚ ਮੌਨਸੂਨ ਬਾਰਿਸ਼ ਲੰਮੇ ਸਮੇਂ ਦੇ ਔਸਤ ਤੋਂ 39.8 ਪ੍ਰਤੀਸ਼ਤ ਘੱਟ ਰਹੀ।

ਸਾਲਾਨਾ ਮੌਨਸੂਨ ਦੇਰੀ ਨਾਲ ਆਉਣ ਕਾਰਨ ਬਾਰਿਸ਼ ਦੀ ਘਾਟ ਨੇ ਗਰਮੀਆਂ ਵਿੱਚ ਬੀਜੀਆਂ ਜਾਣ ਵਾਲੀਆਂ ਫਸਲਾਂ ਜਿਵੇਂ ਕਿ ਝੋਨਾ, ਮੱਕੀ, ਕਪਾਹ ਅਤੇ ਸੋਇਆਬੀਨ ਦੀ ਬਿਜਾਈ ਨੂੰ ਸੁਸਤ ਕਰ ਦਿੱਤਾ ਹੈ। ਇਸ ਨੇ ਉੱਤਰੀ ਮੈਦਾਨੀ ਇਲਾਕਿਆਂ ਦੇ ਕੁਝ ਹਿੱਸਿਆਂ ਨੂੰ ਵੀ ਅਸਾਧਾਰਨ ਤੌਰ 'ਤੇ ਗਰਮ ਰੱਖਿਆ ਹੈ, ਕੁਝ ਖੇਤਰਾਂ ਵਿੱਚ ਵੱਧ ਤੋਂ ਵੱਧ ਤਾਪਮਾਨ 42 ਡਿਗਰੀ ਸੈਲਸੀਅਸ (107.6 ਡਿਗਰੀ ਫਾਰਨਹੀਟ) ਤੋਂ ਵੱਧ ਗਿਆ ਹੈ। ਜੂਨ ਵਿੱਚ ਭਾਰਤ ਵਿੱਚ 99.5 ਮਿਲੀਮੀਟਰ ਬਾਰਿਸ਼ ਹੋਈ, ਜਦੋਂ ਕਿ ਆਮ ਤੌਰ 'ਤੇ 165.3 ਮਿਲੀਮੀਟਰ ਬਾਰਿਸ਼ ਹੁੰਦੀ ਹੈ। ਮੌਨਸੂਨ ਦੱਖਣੀ ਰਾਜ ਕੇਰਲਾ ਵਿੱਚ ਤਿੰਨ ਦਿਨ ਦੇਰੀ ਨਾਲ ਪਹੁੰਚਿਆ ਅਤੇ ਪੱਛਮੀ ਖੇਤੀਬਾੜੀ ਖੇਤਰਾਂ ਵਿੱਚ ਇਸ ਦੀ ਤਰੱਕੀ ਲਗਭਗ ਦੋ ਹਫਤਿਆਂ ਲਈ ਰੁਕ ਗਈ।

ਮਹੱਤਵਪੂਰਨ ਜਲ ਸਰੋਤਾਂ ਨੂੰ ਭਰਨ ਲਈ ਮੌਨਸੂਨ ਸਾਲਾਨਾ ਬਾਰਿਸ਼ ਦਾ ਲਗਭਗ 70 ਪ੍ਰਤੀਸ਼ਤ ਪ੍ਰਦਾਨ ਕਰਦਾ ਹੈ। ਦੇਸ਼ ਵਿੱਚ ਲਗਭਗ ਅੱਧੀ ਖੇਤੀਯੋਗ ਜ਼ਮੀਨ 'ਚ ਸਿੰਚਾਈ ਦੀ ਘਾਟ ਹੈ ਅਤੇ ਲਗਭਗ ਅੱਧੀ ਆਬਾਦੀ ਖੇਤੀ ਤੋਂ ਆਪਣੀ ਰੋਜ਼ੀ-ਰੋਟੀ ਕਮਾਉਂਦੀ ਹੈ।

## ਮਹਿਲਾਵਾਂ ਦੇ ਖਾਤਿਆਂ 'ਚ ਅੱਜ ਆਉਣਗੇ ਪੈਸੇ : ਮਾਨ

**ਚੰਡੀਗੜ੍ਹ (ਨ.ਜ.ਸ)**-ਪੰਜਾਬ ਸਰਕਾਰ ਵਲੋਂ ਪਹਿਲੀ ਜੁਲਾਈ ਬੁੱਧਵਾਰ ਨੂੰ ਮਹਿਲਾਵਾਂ ਦੇ ਖਾਤਿਆਂ ਵਿਚ 1000 ਤੇ 1500 ਰੁਪਏ ਪਾਏ ਜਾਣਗੇ। ਇਹ ਐਲਾਨ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕੀਤਾ ਗਿਆ ਹੈ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਧੂਰੀ ਤੋਂ ਇਹ ਸਕੀਮ ਲਾਂਚ ਕੀਤੀ ਜਾਵੇਗੀ। ਦੁਪਹਿਰ 12 ਵਜੇ ਤੋਂ ਬਾਅਦ ਪੈਸੇ ਆਉਣਗੇ। ਉਨ੍ਹਾਂ ਕਿਹਾ ਕਿ ਹੁਣ ਤੱਕ 40 ਲੱਖ ਮਹਿਲਾਵਾਂ ਨੇ ਰਜਿਸਟਰੇਸ਼ਨ ਕਰਵਾਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ ਪੰਜਾਬ ਵਾਸੀਆਂ ਨਾਲ ਕੀਤਾ ਹਰ ਵਾਅਦਾ ਪੁਗਾਇਆ ਹੈ ਤੇ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਤੋਰਿਆ ਹੈ।

## 200 ਫੁੱਟ ਡੂੰਘੇ ਬੋਰ 'ਚ ਡਿੱਗਾ ਬੱਚਾ



**ਅੰਬਾਲਾ** : ਅੰਬਾਲਾ ਜ਼ਿਲ੍ਹੇ ਦੇ ਧਨੌਰਾ ਪਿੰਡ ਵਿੱਚ ਮੰਗਲਵਾਰ ਸਵੇਰੇ ਕਰੀਬ ਚਾਰ ਸਾਲ ਦਾ ਇਕ ਬੱਚਾ ਖੁੱਲ੍ਹੇ ਬੋਰਵੈੱਲ ਵਿੱਚ ਡਿੱਗ ਗਿਆ, ਜਿਸ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਵੱਡੇ ਪੱਧਰ 'ਤੇ ਬਚਾਅ ਅਭਿਆਨ ਜਾਰੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬੱਚੇ ਦੀ ਪਛਾਣ ਨਿਰਭੈ ਵਜੋਂ ਹੋਈ ਹੈ। ਸਵੇਰੇ ਕਰੀਬ 7 ਵਜੇ ਉਹ ਆਪਣੇ ਪਰਵਾਰਕ ਮੈਂਬਰਾਂ ਨਾਲ ਖੇਤਾਂ ਵਿੱਚ ਗਿਆ ਹੋਇਆ ਸੀ। ਇਸ ਦੌਰਾਨ ਉਹ ਅਚਾਨਕ ਖੁੱਲ੍ਹੇ ਬੋਰਵੈੱਲ ਵਿੱਚ ਡਿੱਗ ਪਿਆ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਬਚਾਅ ਕਾਰਜ ਲਈ ਐੱਨ ਡੀ ਆਰ ਐੱਫ, ਐੱਸ ਡੀ ਆਰ ਐੱਫ ਅਤੇ ਫੌਜ ਦੀਆਂ ਟੀਮਾਂ ਨੂੰ ਵੀ ਤਾਇਨਾਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਅੰਬਾਲਾ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਕੇ 'ਤੇ ਮੌਜੂਦ ਰਹਿ ਕੇ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਦੱਸਿਆ ਗਿਆ ਹੈ ਕਿ ਬੋਰ 200 ਫੁੱਟ ਤੋਂ ਵੱਧ ਡੂੰਘਾ ਹੈ। ਬੱਚੇ ਦੀ ਸਥਿਤੀ ਅਤੇ ਹਰਕਤ 'ਤੇ ਨਜ਼ਰ ਰੱਖਣ ਲਈ ਕੈਮਰੇ ਦੀ ਮਦਦ ਲਈ ਜਾ ਰਹੀ ਹੈ।

## 3 ਮਾਸੂਮਾਂ ਨੂੰ ਨਹਿਰ 'ਚ ਸੁੱਟਿਆ

**ਮੁਹਾਲੀ** : ਇੱਥੋਂ ਦੀ ਵਿਧਵਾ ਸ਼ਕੁੰਤਲਾ ਉਰਫ਼ ਸੁਮਨ ਨੇ ਆਪਣੇ ਤਿੰਨ ਬੱਚਿਆਂ, ਦੋ ਪੁੱਤਰਾਂ ਅਤੇ ਇੱਕ ਧੀ ਨੂੰ ਮੋਰਿੰਡਾ ਨੇੜੇ ਇਕ ਨਹਿਰ ਵਿੱਚ ਸੁੱਟ ਦਿੱਤਾ। ਪੁਲਸ ਨੇ ਬੀਤੀ ਰਾਤ 6 ਸਾਲਾ ਤਨਵੀ ਅਤੇ 10 ਸਾਲਾ ਤਪਿਸ਼ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ, ਜਦ ਕਿ 4 ਸਾਲਾ ਨਿਤਿਨ ਦੀ ਭਾਲ ਅਜੇ ਵੀ ਜਾਰੀ ਹੈ। ਮੁਹਾਲੀ ਦੇ ਮਟੌਰ ਥਾਣੇ ਦੇ ਬਾਹਰ ਇਕੱਠੇ ਹੋਏ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਮਹਿਲਾ ਦੇ ਪਤੀ ਕਮਲ ਨੇ ਕੁਝ ਮਹੀਨੇ ਪਹਿਲਾਂ ਫਾਹਾ ਲਗਾ ਕੇ ਖੁਦਕੁਸ਼ੀ ਕਰ ਲਈ ਸੀ। ਪੁਲਸ ਮਹਿਲਾ ਨੂੰ ਹਿਰਾਸਤ ਵਿੱਚ ਲੈ ਕੇ ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਦੇ ਕਾਰਨਾਂ ਬਾਰੇ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਗੱਲ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਘਟਨਾ ਵੇਲੇ ਉਹ ਇਕੱਲੀ ਸੀ ਜਾਂ ਉਸ ਨਾਲ ਕੋਈ ਹੋਰ ਵਿਅਕਤੀ ਵੀ ਮੌਜੂਦ ਸੀ। ਮ੍ਰਿਤਕ ਬੱਚਿਆਂ ਦੀ ਦਾਦੀ ਨੇ ਵਿਰਲਾਪ ਕਰਦਿਆਂ ਇਨਸਾਫ਼ ਦੀ ਮੰਗ ਕੀਤੀ ਹੈ ਅਤੇ ਮਹਿਲਾ ਖਿਲਾਫ਼ ਸਖ਼ਤ ਕਾਰਵਾਈ ਦੀ ਬੇਨਤੀ ਕੀਤੀ ਹੈ।

# ਪੀ ਆਰ ਟੀ ਸੀ ਕਾਮੇ ਤੇ ਪੈਨਸ਼ਨਰਾਂ ਵੱਲੋਂ 7 ਨੂੰ ਵਿਸ਼ਾਲ ਰੈਲੀ : ਧਾਲੀਵਾਲ

**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)**



ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਦੇ ਆਗੂਆਂ ਨਿਰਮਲ ਸਿੰਘ ਧਾਲੀਵਾਲ ਕਨਵੀਨਰ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਮੰਗਲਵਾਰ ਜਾਣਕਾਰੀ ਦਿੰਦਿਆ ਦੱਸਿਆ ਕਿ ਪੀ ਆਰ ਟੀ ਸੀ ਦੇ ਕਰਮਚਾਰੀ ਅਤੇ ਪੈਨਸ਼ਨਰ ਪੀ ਆਰ ਟੀ ਸੀ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਕਰਮਚਾਰੀ ਅਤੇ ਅਦਾਰਾ ਪੀ ਆਰ ਟੀ ਸੀ ਵਿਰੋਧੀ ਰਵੱਈਏ ਤੋਂ ਘੋਰ ਨਿਰਾਸ਼ ਅਤੇ ਵਿਆਪਕ ਤੌਰ 'ਤੇ ਗੁੱਸੇ ਵਿੱਚ ਹਨ, ਕਿਉਂਕਿ ਮੈਨੇਜਮੈਂਟ ਅਤੇ ਸਰਕਾਰੀ ਕਰਮਚਾਰੀਆਂ ਦੀ ਕੋਈ ਕਾਨੂੰਨੀ ਤੌਰ 'ਤੇ ਵਾਜਬ ਮੰਗ ਵੀ ਮੰਨਣ ਨੂੰ ਤਿਆਰ ਨਹੀਂ, ਵਰਕਰਾਂ ਨੂੰ ਤਨਖਾਹ, ਪੈਨਸ਼ਨ ਸਮੇਂ ਸਿਰ ਦੇਣ ਲਈ ਜਿੱਥੇ ਪੰਜਾਬ ਸਰਕਾਰ ਨੇ ਮੁਫ਼ਤ ਸਫਰ ਸਹੂਲਤਾਂ ਦਾ 700 ਕਰੋੜ ਰੁਪਏ ਸਰਕਾਰ ਵੱਲ ਖੜੇ ਹੋਣ ਦੇ ਬਾਵਜੂਦ ਪੀ ਆਰ ਟੀ ਸੀ ਨੂੰ ਤਨਖਾਹਾਂ ਅਤੇ ਪੈਨਸ਼ਨ ਦਾ ਭੁਗਤਾਨ ਕਰਨ ਲਈ ਨਹੀਂ ਦਿੱਤਾ ਜਾ ਰਿਹਾ। ਵਰਕਰਾਂ ਦੇ 100 ਕਰੋੜ ਤੋਂ ਵੱਧ ਦੇ ਪੇ ਕਮਿਸ਼ਨ ਦੇ ਬਕਾਏ ਸਮੇਤ ਹੋਰ ਅਨੇਕਾਂ ਕਿਸਮ ਦੇ ਬਕਾਏ ਖੜੇ ਹਨ। ਉਨ੍ਹਾਂ ਦੇ ਏਰੀਅਰ ਦੇਣ ਦਾ ਤਾਂ ਮੈਨੇਜਮੈਂਟ ਨੇ ਮਨੋ ਹੀ ਵਿਸਾਰਿਆ ਹੋਇਆ ਹੈ। ਪੀ ਆਰ ਟੀ ਸੀ ਦੀ ਮੈਨੇਜਮੈਂਟ ਆਪਣੇ ਅੜੀਅਲ ਅਤੇ ਲਾਪਰਵਾਹ ਵਤੀਰੇ ਵਿੱਚ ਏਨੀ ਮਦਹੋਸ਼ ਹੈ ਕਿ ਉਸ ਵੱਲੋਂ 6 ਜਥੇਬੰਦੀਆਂ ਵੱਲੋਂ ਵਰਕਰਾਂ ਦੀਆਂ ਮੰਗਾਂ ਸੰਬੰਧੀ ਦਿੱਤੇ ਇੱਕ ਤੋਂ ਵੱਧ ਮੰਗ ਪੱਤਰਾਂ ਦੇ ਸੰਬੰਧ ਵਿੱਚ ਕਦੇ ਵੀ ਗੱਲਬਾਤ ਕਰਨ ਦਾ ਰਸਤਾ ਅਖਤਿਆਰ ਕਰਨ ਦੀ ਬਜਾਏ ਇੱਕ ਤਰ੍ਹਾਂ ਚੁਣੌਤੀ ਦੇ ਰਹੀ ਹੈ ਕਿ ਐਕਸ਼ਨ ਕਮੇਟੀ, ਜੋ ਮਰਜ਼ੀ ਕਰ ਲਏ, ਕੋਈ ਗੱਲ ਨਹੀਂ ਸੁਣੀ ਜਾਵੇਗੀ। ਵਰਕਰਾਂ ਦੀਆਂ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਨੂੰ ਚਿਰਾਂ ਤੋਂ ਲਮਕ ਅਵਸਥਾ ਵਿੱਚ ਰੱਖ ਕੇ ਧਰਨੇ-ਮੁਜ਼ਾਹਰੇ ਕਰਨ ਲਈ ਉਕਸਾਇਆ ਜਾ ਰਿਹਾ ਹੈ, ਜਿਸ ਕਰਕੇ ਐਕਸ਼ਨ ਕਮੇਟੀ ਵੱਲੋਂ 7 ਜੁਲਾਈ ਨੂੰ ਪਟਿਆਲਾ ਵਿਖੇ ਵਿਸ਼ਾਲ ਰੈਲੀ ਅਤੇ ਮੁਜ਼ਾਹਰਾ ਕਰਨ ਉਪਰੰਤ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੇ ਪੁਤਲੇ ਸਾੜੇ ਜਾਣਗੇ ਅਤੇ ਮੰਗ ਕੀਤੀ ਜਾਵੇਗੀ ਕਿ ਕੰਟਰੈਕਟ/ ਆਊਟ ਸੋਰਸ ਵਰਕਰਾਂ ਨੂੰ ਤੱਥਾਂ ਦੇ ਆਧਾਰ 'ਤੇ ਰੈਗੂਲਰ ਕੀਤਾ ਜਾਵੇ। ਪ ੰ ਜ ਾ ਬ

• ਬਾਕੀ ਸਫਾ 2 'ਤੇ

# ਜਬੈ ਬਾਣੁ ਲਾਗਿਯੋ ਤਬੈ ਰੋਸ ਜਾਗਿਯੋ ॥

**ਜਲੰਧਰ (ਗਿਆਨ ਸੈਦਪੁਰੀ)**

## ਡੀ ਸੀ ਰਾਹੀਂ ਮੁੱਖ ਮੰਤਰੀ ਨੂੰ ਯਾਦ ਪੱਤਰ



ਬੱਝਵਾਂ ਤੇ ਤਿੱਖਾ ਸੰਘਰਸ਼ ਵਿੱਢਣ ਦੇ ਪੜੁੱਲ ਵਜੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਯਾਦ ਪੱਤਰ ਦੇਣ ਦੇ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦਾ ਸਾਂਝਾ ਮੋਰਚਾ ਵੱਲੋਂ ਲਏ ਫੈਸਲੇ ਤਹਿਤ ਮੰਗਲਵਾਰ ਮੁੱਖ ਮੰਤਰੀ ਪੰਜਾਬ ਦੇ ਨਾਂਅ ਜ਼ਿਲ੍ਹਾ ਜਲੰਧਰ ਦੇ ਡਿਪਟੀ ਕਮਿਸ਼ਨਰ ਨੂੰ ਮਜ਼ਦੂਰ ਆਗੂਆਂ ਵੱਲੋਂ ਯਾਦ ਪੱਤਰ ਦਿੱਤਾ ਗਿਆ। ਡਿਪਟੀ ਕਮਿਸ਼ਨਰ ਦੀ ਗੈਰ ਮੌਜੂਦਗੀ ਵਿੱਚ ਯਾਦ ਪੱਤਰ ਉਨ੍ਹਾਂ ਦੇ ਜੀ ਏ ਨੇ ਪ੍ਰਾਪਤ ਕੀਤਾ। ਉਨ੍ਹਾਂ ਵੱਲੋਂ ਸਥਾਨਕ ਮੰਗਾਂ ਦੇ ਹੱਲ ਲਈ ਆਉਂਦੇ ਦਿਨਾਂ ਵਿੱਚ ਮੋਰਚਾ ਆਗੂਆਂ ਨਾਲ ਡਿਪਟੀ ਕਮਿਸ਼ਨਰ ਦੀ ਮੀਟਿੰਗ ਕਰਵਾਉਣ ਦਾ ਵੀ ਭਰੋਸਾ ਦਿੱਤਾ ਗਿਆ। ਯਾਦ ਪੱਤਰ ਦੇਣ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਪ੍ਰੈੱਸ ਸਕੱਤਰ ਗਿਆਨ ਸੈਦਪੁਰੀ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਘੁੱਗਸ਼ੋਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਸੁਖਜਿੰਦਰ ਲਾਲੀ, ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਰਸ਼ਪਾਲ ਕੈਲੇ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਵੀਰ ਕੁਮਾਰ, ਨਿਰਮਲ ਸਿੰਘ ਮਲਸੀਆਂ ਜ਼ਿਲ੍ਹਾ ਪ੍ਰਧਾਨ ਦਿਹਾਤੀ ਮਜ਼ਦੂਰ ਸਭਾ, ਪਰਮਜੀਤ ਰੰਧਾਵਾ ਜ਼ਿਲ੍ਹਾ ਸਕੱਤਰ ਦਿਹਾਤੀ ਮਜ਼ਦੂਰ ਸਭਾ, ਹੰਸ ਰਾਜ ਪੱਬਵਾਂ ਜ਼ਿਲ੍ਹਾ ਪ੍ਰਧਾਨ ਪੇਂਡੂ ਮਜ਼ਦੂਰ ਯੂਨੀਅਨ ਤੇ ਗੁਰਮੀਤ ਕੋਟਲੀ ਆਦਿ ਮੌਜੂਦ ਸਨ।

ਇਸ ਮੌਕੇ ਆਗੂਆਂ ਨੇ ਕਿਹਾ ਕਿ ਮਜ਼ਦੂਰ ਵਰਗ ਨਾਲ 'ਜਬੈ ਬਾਣ ਲਾਗਿਓ ਤਬੈ ਰੋਸ ਜਾਗਿਓ' ਵਰਗੀ ਸਥਿਤੀ ਬਣੀ ਹੋਈ ਹੈ। ਇਸ ਵਕਤ ਮਜ਼ਦੂਰ ਵਰਗ ਪੂਰੇ ਰੋਹ ਵਿੱਚ ਹੈ।

• ਬਾਕੀ ਸਫਾ 2 'ਤੇ

# ਗੁਰੂ ਰਵਿਦਾਸ ਮਹਾਰਾਜ ਦਾ ਸੰਦੇਸ਼ ਕੋਨੇ-ਕੋਨੇ ਤੱਕ ਪਹੁੰਚਾਵਾਂਗੇ : ਮਾਨ

## 50 ਮੋਬਾਇਲ ਡਾਕੂਮੈਂਟਰੀ ਵੈਨਾਂ ਨੂੰ ਦਿਖਾਈ ਹਰੀ ਝੰਡੀ



**ਸੰਗਰੂਰ (ਪ੍ਰਵੀਨ ਸਿੰਘ)**-ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਸ਼ਰਧਾਪੂਰਵਕ ਮਨਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ 50 ਮੋਬਾਇਲ ਡਾਕੂਮੈਂਟਰੀ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਮੁਹਿੰਮ ਤਹਿਤ ਐੱਲ ਈ ਡੀ ਨਾਲ ਲੈਸ ਮੋਬਾਇਲ ਵੈਨਾਂ ਰਾਹੀਂ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਭਗ 13,000 ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫੇ ਅਤੇ ਪਵਿੱਤਰ ਸਿੱਖਿਆਵਾਂ 'ਤੇ ਆਧਾਰਤ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਜਾਵੇਗੀ। ਇਸ ਮੌਕੇ ਨੂੰ ਬੇਹੱਦ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਇੱਕ ਹੋਰ ਅਜਿਹੀ ਨੇਕ ਪਹਿਲਕਦਮੀ ਹੈ, ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਪ੍ਰਤੀ ਸੂਬੇ ਦੀ ਸ਼ਰਧਾ ਅਤੇ ਸਤਿਕਾਰ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਅਤੇ ਇਸ ਨੇਕ ਕਾਰਜ ਲਈ 100 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ। ਗੁਰੂ ਜੀ ਦੇ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਫੈਲਾਉਣਾ ਸਾਡਾ ਸਾਰਿਆਂ ਦਾ ਸਾਂਝਾ ਫ਼ਰਜ਼ ਹੈ। ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਅਤੇ ਤਰੁਨਪ੍ਰੀਤ ਸਿੰਘ ਸੌਂਦ ਵੀ ਮੌਜੂਦ ਸਨ।

## ਸੰਗਰੂਰ 'ਚ ਉਲੰਪਿਕ ਪੱਧਰ ਦੇ ਸਵਿਮਿੰਗ ਪੂਲ ਦਾ ਉਦਘਾਟਨ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਸੰਗਰੂਰ ਵਿਖੇ 9.50 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਉਲੰਪਿਕ ਪੱਧਰ ਦੇ ਸਵਿਮਿੰਗ ਪੂਲ ਦਾ ਉਦਘਾਟਨ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸੰਗਰੂਰ ਜ਼ਿਲ੍ਹਾ ਏਸ਼ੀਅਨ, ਵਰਲਡ ਅਤੇ ਉਲੰਪਿਕ ਚੈਂਪੀਅਨਾਂ ਲਈ ਨਰਸਰੀ ਵਜੋਂ ਉਭਰੇਗਾ।ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਪੰਜਾਬ ਦਾ ਖੇਡ ਬਜਟ 200 ਕਰੋੜ ਰੁਪਏ ਤੋਂ ਨਹੀਂ ਵਧਾਇਆ ਸੀ, ਜਦਕਿ ਸਾਡੀ ਸਰਕਾਰ ਨੇ ਖੇਡ ਬਜਟ ਨੂੰ ਵਧਾ ਕੇ 1,790 ਕਰੋੜ ਰੁਪਏ ਕਰ ਦਿੱਤਾ ਹੈ। ਉਨ੍ਹਾ ਕਿਹਾ ਕਿ ਪਹਿਲੀ ਵਾਰ ਪੰਜਾਬ ਨੇ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਟਰਾਫੀ ਦੀ ਮੇਜ਼ਬਾਨੀ ਹਾਸਲ ਕੀਤੀ ਹੈ ਅਤੇ ਸੂਬਾ ਹੁਣ ਅੰਤਰਰਾਸ਼ਟਰੀ ਪੱਧਰ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਕ੍ਰਿਕਟ ਅਤੇ ਹਾਕੀ ਪ੍ਰੀਮੀਅਰ ਲੀਗ ਸ਼ੁਰੂ ਕਰਨ ਲਈ ਵੀ ਤਿਆਰ ਹੈ।ਉਦਘਾਟਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਇਹ ਸਵਿਮਿੰਗ ਪੂਲ ਅੰਤਰਰਾਸ਼ਟਰੀ ਮਾਪਦੰਡਾਂ ਅਤੇ ਉਲੰਪਿਕ ਵਿਸ਼ੇਸ਼ਤਾਵਾਂ ਦੇ ਅਨੁਸਾਰ 9.50 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ। ਇਸ ਪੂਲ ਦਾ ਆਕਾਰ 50 ਮੀਟਰ ਗ 21 ਮੀਟਰ ਹੈ, ਜਿਸ ਦੀ ਡੂੰਘਾਈ 4.5 ਫੁੱਟ ਤੋਂ 7.5 ਫੁੱਟ ਤੱਕ ਹੈ ਅਤੇ ਇਸ ਵਿੱਚ 2.5 ਲੱਖ ਲੀਟਰ ਪਾਣੀ ਦੀ ਸਮਰੱਥਾ ਹੈ। ਖਿਡਾਰੀਆਂ ਤੇ ਖਿਡਾਰਨਾਂ ਦੀ ਸਹੂਲਤ ਲਈ ਵੱਖਰੇ ਆਧੁਨਿਕ ਸ਼ਾਵਰ, ਚੇਂਜਿੰਗ ਰੂਮ, ਕੋਚਾਂ ਲਈ ਵਿਸ਼ੇਸ਼ ਕਮਰੇ ਤੇ ਸਟੋਰ ਰੂਮ ਬਣਾਏ ਗਏ ਹਨ।ਆਧੁਨਿਕ ਜਿਮਨੇਜ਼ੀਅਮ ਵੀ ਸਥਾਪਤ ਕੀਤਾ ਗਿਆ ਹੈ।7 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਵਿਸ਼ੇਸ਼ ਮਿੰਨੀ ਸਵਿਮਿੰਗ ਪੂਲ ਵੀ ਤਿਆਰ ਕੀਤਾ ਗਿਆ ਹੈ।

## ਅੱਜ-ਨਾਮਾ

ਅਦਾਲਤਾਂ ਵੱਲ ਨੂੰ ਜਾਂਦੇ ਈ ਜਿਵੇਂ ਲੋਕੀਂ,
ਤੇਈਆਂ ਦਲਾਂ ਦੇ ਆਗੂ ਪਏ ਚੱਲ ਮੀਆਂ।
ਐੱਸ ਆਈ ਆਰ ਦਾ ਆਖਦੇ ਰੋਸ ਕੀਤਾ,
ਜੀਹਦਾ ਨਿਕਲਦਾ ਅਜੇ ਨਹੀਂ ਹੱਲ ਮੀਆਂ।
ਚੋਣ ਕਮਿਸ਼ਨ ਨੂੰ ਮਿਲੇ ਉਹ ਕਈ ਵਾਰੀ,
ਸੁਣਦਾ ਕਦੀ ਨਹੀਂ ਕੋਈ ਵੀ ਗੱਲ ਮੀਆਂ।
ਹੇਰਾਫੇਰੀ ਵਿੱਚ ਸੁਣਿਆ ਪਈ ਹੱਦ ਹੋਈ,
ਏਨੀ ਜ਼ਿਆਦਤੀ ਹੁੰਦੀ ਨਹੀਂ ਝੱਲ ਮੀਆਂ।
ਅਰਜ਼ੀ ਕੋਰਟ ਸੁਪਰੀਮ ਲਈ ਭੇਜ ਦਿੱਤੀ,
ਰੱਖੀ ਓੜਕ ਇਨਸਾਫ ਲਈ ਆਸ ਮੀਆਂ।
ਪਹਿਲੇ ਕੇਸਾਂ ਵਿੱਚ ਜੋ ਸੀ ਹਸ਼ਰ ਹੋਇਆ,
ਹੋਏ ਸਨ ਹੋਰ ਵੀ ਪੀੜਤ ਉਦਾਸ ਮੀਆਂ।

-ਤੀਸ ਮਾਰ ਖਾਂ

# ਪੈਰਾਗੁਏ ਨੇ ਜਰਮਨੀ ਤੇ ਮੋਰੱਕੋ ਨੇ ਹਾਲੈਂਡ ਨੂੰ ਕੀਤਾ ਬਾਹਰ

**ਨਿਊ ਯਾਰਕ (ਨ ਜ਼ ਸ)**

ਫੀਫਾ ਵਿਸ਼ਵ ਕੱਪ 2026 'ਚ ਵੱਡੇ ਉਲਟਫੇਰ ਦੇਖਣ ਨੂੰ ਮਿਲੇ, ਜਦੋਂ ਜਰਮਨੀ ਤੇ ਹਾਲੈਂਡ ਵਰਗੀਆਂ ਟੀਮਾਂ ਬਾਹਰ ਹੋ ਗਈਆਂ। ਪਹਿਲਾ ਉਲਟਫੇਰ ਵਿੱਚ ਪੈਰਾਗੁਏ ਨੇ ਚਾਰ ਵਾਰ ਦੇ ਵਿਸ਼ਵ ਚੈਂਪੀਅਨ ਜਰਮਨੀ ਨੂੰ ਪੈਨਲਟੀ ਸ਼ੂਟਆਊਟ ਵਿੱਚ ਹਰਾ ਦਿੱਤਾ। ਨਿਸਚਿਤ ਸਮੇਂ ਵਿੱਚ ਦੋਨੋਂ ਟੀਮਾਂ 1-1 ਨਾਲ ਬਰਾਬਰ ਰਹੀਆਂ ਸਨ। ਨਤੀਜਾ ਕੱਢਣ ਲਈ ਛੇ ਪੈਨਲਟੀ ਕਿੱਕਾਂ ਲੱਗੀਆਂ।

ਕਈਆਂ ਨੂੰ ਉਮੀਦ ਸੀ ਕਿ ਕੋਚ ਜੂਲੀਅਨ ਨਗੇਲਸਮੈਨ ਦੀ ਟੀਮ ਆਪਣੇ ਦੱਖਣੀ ਅਮਰੀਕੀ ਵਿਰੋਧੀਆਂ ਨੂੰ ਆਰਾਮ ਨਾਲ ਹਰਾ ਦੇਵੇਗੀ। ਜਰਮਨ ਕੋਚ ਹਮਲਾਵਰ ਲਾਈਨ-ਅੱਪ ਨਾਲ ਉੱਤਰੇ, ਜਿਸ ਦੀ ਸ਼ੁਰੂਆਤ ਕਾਈ ਹਾਵਰਟਜ਼ ਅਤੇ ਡੇਨਿਜ਼ ਉਂਡਾਵ ਦੋਵਾਂ ਨੇ ਕੀਤੀ, ਪਰ ਉਨ੍ਹਾਂ ਲਈ ਪੈਰਾਗੁਏ ਦੀ ਪੀਢੀ ਡਿਫੈਂਸ ਨੂੰ ਪਾਰ ਕਰਨਾ ਮੁਸ਼ਕਲ ਲੱਗਿਆ। ਦੂਜੇ ਪਾਸੇ ਜੂਲੀਓ ਐਨਸੀਸ ਨੇ 42ਵੇਂ ਮਿੰਟ ਵਿੱਚ ਗੋਲ ਕਰਕੇ ਪੈਰਾਗੁਏ ਨੂੰ ਅੱਗੇ ਕਰ ਦਿੱਤਾ। ਜਰਮਨੀ ਨੇ ਦੂਜੇ ਹਾਫ ਦੇ ਸ਼ੁਰੂ ਵਿੱਚ ਕਾਈ ਹਾਵਰਟਜ਼ ਦੇ ਗੋਲ ਨਾਲ ਬਰਾਬਰੀ ਹਾਸਲ ਕਰ ਲਈ, ਪਰ ਉਸ ਦੀ ਟੀਮ ਉਸ ਗਤੀ ਨੂੰ ਇੱਕ ਹੋਰ ਗੋਲ ਵਿੱਚ ਬਦਲਣ ਵਿੱਚ ਅਸਫਲ ਰਹੀ। ਹਾਲਾਂਕਿ ਜੋਨਾਥਨ ਟਾਹ ਨੇ ਵਾਧੂ ਸਮੇਂ ਵਿੱਚ ਕਾਰਨਰ ਤੋਂ ਹੈੱਡ ਕਰਕੇ ਗੋਲ ਕਰ ਦਿੱਤਾ ਸੀ, ਪਰ ਜਰਮਨੀ ਦੇ ਵਾਲਡੇਮਾਰ ਐਂਟਨ ਨੂੰ ਪੈਰਾਗੁਏ ਦੇ ਗੋਲਕੀਪਰ ਓਰਲੈਂਡੋ ਗਿੱਲ ਨੂੰ ਫਾਊਲ ਕਰਨ ਦਾ ਦੋਸ਼ੀ ਮੰਨਦਿਆਂ ਗੋਲ ਰੱਦ ਕਰ ਦਿੱਤਾ ਗਿਆ।




ਪੈਰਾਗੁਏ ਦਾ ਗੋਲਕੀਪਰ ਓਰਲੈਂਡੋ ਗਿੱਲ ਜਰਮਨੀ ਦੇ ਕਾਈ ਹਾਵਰਟਜ਼ ਦੀ ਪੈਨਲਟੀ ਨੂੰ ਨਾਕਾਮ ਕਰਦਾ ਹੋਇਆ।



ਮੋਰੱਕੋ ਦਾ ਇਸਮਾਈਲ ਸਾਈਬਾਰੀ ਪੈਨਲਟੀ ਸ਼ੂਟਆਊਟ ਵਿੱਚ ਜੇਤੂ ਗੋਲ ਕਰਨ ਤੋਂ ਬਾਅਦ ਜਸ਼ਨ ਮਨਾਉਂਦਾ ਹੋਇਆ।

ਪੈਨਲਟੀ ਸ਼ੂਟਆਊਟ ਵਿੱਚ ਗਿੱਲ ਨੇ ਕਾਈ ਹਾਵਰਟਜ਼ ਦੀ ਪੈਨਲਟੀ ਬਚਾ ਕੇ ਪੈਰਾਗੁਏ ਦਾ ਹੱਥ ਉੱਪਰ ਕਰ ਦਿੱਤਾ। ਫਿਰ ਉਸ ਨੇ ਨਿੱਕ ਵੋਲਟੇਮੇਡ ਦੀ ਪੈਨਲਟੀ ਨੂੰ ਬਚਾਇਆ। ਉਸ ਸਮੇਂ, ਪੈਰਾਗੁਏ ਨੂੰ ਜਿੱਤਣ ਲਈ ਆਪਣੀਆਂ ਆਖਰੀ ਦੋ ਪੈਨਲਟੀ ਕਿੱਕਾਂ ਵਿੱਚੋਂ ਇੱਕ ਨੂੰ ਗੋਲ ਵਿੱਚ ਬਦਲਣ ਦੀ ਲੋੜ ਸੀ। ਹਾਲਾਂਕਿ, ਦੱਖਣੀ ਅਮਰੀਕੀ ਟੀਮ ਆਪਣੀਆਂ ਦੋਵੇਂ ਸਪਾਟ-ਕਿੱਕਾਂ ਖੁੰਝ ਗਈ, ਜਿਸ ਨਾਲ ਜਰਮਨੀ ਨੂੰ ਜੀਵਨ ਰੇਖਾ ਮਿਲੀ। ਪਰ ਇਹ ਬਰਾਬਰੀ ਜ਼ਿਆਦਾ ਦੇਰ ਤੱਕ ਨਹੀਂ ਟਿਕ ਸਕੀ, ਕਿਉਂਕਿ ਜੋਨਾਥਨ ਟਾਹ ਨੇ ਪਹਿਲੇ ਸਡਨ ਡੈੱਥ ਸ਼ੂਟਆਊਟ ਵਿੱਚ ਕਿੱਕ ਬਾਹਰ ਮਾਰ ਦਿੱਤੀ। ਇਤਿਹਾਸ ਲਿਖਣ ਦਾ ਇੱਕ ਹੋਰ ਮੌਕਾ ਪੇਸ਼ ਕਰਨ ਵਾਲੇ ਪੈਰਾਗੁਏ ਨੇ ਇਸ ਵਾਰ ਮੌਕੇ ਦਾ ਫਾਇਦਾ ਉਠਾਇਆ, ਜਦੋਂ ਜੋਸ ਕੈਨੇਲ ਨੇ ਗੋਲ ਕਰ ਦਿੱਤਾ। ਇਹ ਪਹਿਲਾ ਮੌਕਾ ਸੀ, ਜਦੋਂ ਜਰਮਨੀ ਵਿਸ਼ਵ ਕੱਪ ਵਿੱਚ ਪੈਨਲਟੀ ਸ਼ੂਟਆਊਟ ਵਿੱਚ ਹਾਰਿਆ।

ਉਧਰ, ਮੋਰੱਕੋ ਨੇ ਵੀ ਹਾਲੈਂਡ ਨੂੰ ਪੈਨਲਟੀ ਸ਼ੂਟਆਊਟ ਵਿੱਚ 3-2 ਨਾਲ ਹਰਾ ਕੇ ਵਿਸ਼ਵ ਕੱਪ ਦੇ ਆਖਰੀ 16 ਵਿੱਚ ਐਂਟਰੀ ਮਾਰੀ। ਦੋਹਾਂ ਵਿਚਾਲੇ ਮੁਕਾਬਲਾ ਵਾਧੂ ਸਮੇਂ ਤੋਂ ਬਾਅਦ 1-1 ਨਾਲ ਖਤਮ ਹੋਇਆ ਸੀ।

# ਪੰਜਾਬੀ ਤੇ ਭਾਸ਼ਾ ਵਿਭਾਗ ਵਿਰੋਧੀ ਅਧਿਕਾਰੀਆਂ ਨੂੰ ਸਰਕਾਰ ਪੰਜਾਬੋਂ ਬਾਹਰ ਦਾ ਰਸਤਾ ਦਿਖਾਵੇ : ਹਰਚੰਦਪੁਰੀ, ਵਰਿਆਣਵੀ

## ਕੇਂਦਰੀ ਸਭਾ ਦੀ ਹੰਗਾਮੀ ਮੀਟਿੰਗ 4 ਨੂੰ ਲੁਧਿਆਣਾ ਵਿਖੇ ਹੋਵੇਗੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ ਤੇ ਜਨਰਲ ਸਕੱਤਰ ਪ੍ਰੋਫੈਸਰ ਸੰਧੂ ਵਰਿਆਣਵੀਂ ਨੇ ਖੁਲਾਸਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅੰਦਰ ਪੰਜਾਬੀ ਤੇ ਭਾਸ਼ਾ ਵਿਭਾਗ ਪੰਜਾਬ ਵਿਰੋਧੀ ਕਾਲ਼ੀਆਂ ਸ਼ਕਤੀਆਂ ਨੇ ਸਿਰ ਉਠਾਉਣਾ ਸ਼ੁਰੂ ਕਰ ਦਿੱਤਾ ਹੈ।ਉਨ੍ਹਾ ਕਿਹਾ ਕਿ ਭਾਵੇਂ ਇਸ ਮਸਲੇ ਨੂੰ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਜ਼ਫ਼ਰ ਵੱਲੋਂ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫ਼ਾਰਮਾਂ ਰਾਹੀਂ ਨਸ਼ਰ ਕੀਤਾ ਜਾ ਚੁੱਕਾ ਹੈ, ਪਰ ਅੱਜ ਪੰਜਾਬੀ ਤੇ ਪੰਜਾਬ ਪੱਖੀ ਚਿੰਤਕਾਂ ਨੂੰ ਇਸ ਮਸਲੇ 'ਤੇ ਗੰਭੀਰ ਹੋ ਕੇ ਸੋਚਣ ਦੀ ਲੋੜ ਹੈ। ਉਨ੍ਹਾਂ ਜ਼ਫ਼ਰ ਦੀ ਪੰਜਾਬ ਕੈਬਨਿਟ ਨਾਲ ਹੋਈ ਮੀਟਿੰਗ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਦੇ ਅਤੇ ਕੇਂਦਰ ਸਰਕਾਰ ਦੇ ਅਧਿਕਾਰੀਆਂ ਨਾਲ ਪੰਜਾਬੀ ਲਾਗੂ ਕਰਨ ਤੇ ਹੋਰ ਮੰਗਾਂ ਸਬੰਧੀ ਪੱਤਰ ਲਿਖਣ ਤੇ ਕਾਰਵਾਈ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ ਅਤੇ ਜ਼ਫ਼ਰ ਦੀ ਬਾਖੂਬੀ ਜ਼ਿੰਮੇਵਾਰੀ ਪੰਜਾਬ ਦੇ ਕਈ ਪੰਜਾਬੀ ਵਿਰੋਧੀ ਅਧਿਕਾਰੀ ਨੂੰ ਹਜਮ ਨਹੀਂ ਆਈ ਤੇ ਮਾਮਲਾ ਮੁੱਖ ਮੰਤਰੀ ਦੇ ਦਰਬਾਰ ਪਹੁੰਚਣ ਤੋਂ ਬਾਅਦ ਇਸ ਪੰਜਾਬੀ ਵਿਰੋਧੀ ਅਧਿਕਾਰੀ ਨੂੰ ਝਾੜ ਵੀ ਖਾਣੀ ਪਈ ਸੀ।ਉਨ੍ਹਾਂ ਭਾਸ਼ਾ ਵਿਭਾਗ ਨੂੰ ਬਚਾਉਣ ਲਈ ਸਰਕਾਰ ਦੇ ਹਾਂਦਰੂ ਰਵੱਈਏ ਦੀ ਮੰਗ ਕਰਦਿਆਂ ਕਿਹਾ ਕਿ ਭਾਸ਼ਾ ਵਿਭਾਗ ਦਾ ਬਜਟ ਵੀ ਸਮੇਂ ਸਮੇਂ ਜਾਰੀ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਭਾਸ਼ਾ ਵਿਭਾਗ ਦੇ ਬਹੁਤ ਸਾਰੇ ਕੰਮ ਰੁਕੇ ਪਏ ਹਨ ਅਤੇ ਡੇਢ/ਦੋ ਸਾਲ ਤੋਂ ਭਾਸ਼ਾ ਸਲਾਹਕਾਰ ਬੋਰਡ ਦਾ ਗਠਨ ਵੀ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸ ਮਸਲੇ 'ਤੇ ਗੰਭੀਰ ਵਿਚਾਰਾਂ ਕਰਨ ਲਈ ਅਤੇ ਅਗਲਾ ਐਕਸ਼ਨ ਉਲੀਕਣ ਲਈ ਹੰਗਾਮੀ ਮੀਟਿੰਗ 4 ਜੁਲਾਈ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਰੱਖੀ ਹੈ।ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਹੈ ਕਿ ਪੰਜਾਬੀ ਤੇ ਭਾਸ਼ਾ ਵਿਭਾਗ ਦੇ ਵਿਰੋਧੀ ਅਧਿਕਾਰੀਆਂ ਨੂੰ ਪੰਜਾਬ ਵਿੱਚੋਂ ਖਦੇੜ ਕੇ ਪੰਜਾਬੋਂ ਬਾਹਰ ਦਾ ਰਸਤਾ ਦਿਖਾਇਆ ਜਾਵੇ ਅਤੇ ਸਰਕਾਰ ਅੰਦਰਲੇ ਪੰਜਾਬੀ ਵਿਰੋਧੀਆਂ ਦੀ ਪਹਿਚਾਣ ਕਰਕੇ ਕਾਰਵਾਈ ਕੀਤੀ ਜਾਵੇ।

# ਆਕਸਫ਼ੋਰਡ 'ਚ ਵਿਦਿਆਰਥੀਆਂ ਨੇ ਲਾਇਆ ਗੁਰਮਤਿ ਸਿੱਖਿਆ ਕੈਂਪ



**ਭਗਤਾ ਭਾਈਕਾ (ਰਾਜੀਵ ਗੋਇਲ)**-ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਅਜਿਹੀ ਸੰਸਥਾ ਹੈ, ਜੋ ਆਪਣੇ ਵਿਦਿਆਰਥੀਆਂ ਨੂੰ ਹਰ ਪੱਖ ਤੋਂ ਤਰਾਸ਼ਣ ਲਈ ਵਚਨਬੱਧ ਹੈ, ਜਿਸ ਕਾਰਨ ਇਸ ਸੰਸਥਾ ਦੇ ਵਿਦਿਆਰਥੀ ਅਜਿਹੇ ਹਰ ਖੇਤਰ ਦਾ ਹਿੱਸਾ ਬਣਦੇ ਹਨ ਸੰਸਥਾ ਦੇ ਵਿਦਿਆਰਥੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਸ੍ਰੀ ਫਤਿਹਗੜ੍ਹ ਸਾਹਿਬ ਵਿੱਚ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ ਲਗਾਏ ਗਏ ਗੁਰਮਤਿ ਸਿੱਖਿਆ ਕੈਂਪ ਦਾ ਹਿੱਸਾ ਬਣੇ।ਇਸ ਵਿਸ਼ੇਸ਼ ਸਿਖਲਾਈ ਕੈਂਪ ਦਾ ਆਕਸਫੋਰਡ ਸੰਸਥਾ ਦੇ 8 ਵਿਦਿਆਰਥੀਆਂ (ਛੇ ਲੜਕੀਆਂ, ਦੋ ਲੜਕੇ) ਨੇ ਵੀ ਇਸ ਅਮੋਲਕ ਸਮੇਂ ਦਾ ਲਾਭ ਉਠਾਇਆ।22 ਜੂਨ ਤੋਂ 27 ਜੂਨ ਤੱਕ ਚੱਲੇ ਇਸ ਕੈਂਪ ਦਾ ਮੁੱਖ ਮਕਸਦ ਵਿਦਿਆਰਥੀਆਂ ਵਿੱਚ ਗੁਰਮਤਿ ਦੀ ਚਿਣਗ ਜਗਾਉਣਾ, ਉਨ੍ਹਾਂ ਦੇ ਬਹੁਪੱਖੀ ਵਿਕਾਸ ਵਿੱਚ ਵਾਧਾ ਕਰਨਾ ਹੈ।ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੀ ਸਾਰੀ ਇਸ ਚੱਲੇ ਸਾਲਾਨਾ ਕੈਂਪ ਵਿੱਚ ਵਿਦਿਆਰਥੀਆਂ ਨੂੰ ਗੁਰਬਾਣੀ ਸੰਥਿਆ, ਗੁਰਮੁਖੀ ਅੱਖਰਕਾਰੀ, ਮੁੱਢਲੀ ਪੰਜਾਬੀ, ਦਸਤਾਰ, ਗੱਤਕਾ, ਆਈ.ਟੀ ਦੀ ਸੂਝ, ਸਪੋਕਨ ਇੰਗਲਿਸ਼, ਸ਼ਬਦ ਕੀਰਤਨ ਕਰਨਾ, ਭਾਸ਼ਣ ਕਲਾ ਦੀ ਸਿੱਖਿਆ ਦੇਣਾ ਆਦਿ ਬਾਰੇ ਬਹੁਮੁੱਲੀ ਜਾਣਕਾਰੀ ਦਿੱਤੀ ਗਈ।ਕੈਂਪ ਦੇ ਵਿਦਿਆਰਥੀਆਂ ਨੂੰ ਨੇੜਲੇ ਇਤਿਹਾਸਿਕ ਸਥਾਨਾਂ ਦੇ ਦਰਸ਼ਨ ਵੀ ਕਰਾਏ ਗਏ।ਕੈਂਪ ਦੇ ਅਖੀਰਲੇ ਦਿਨ ਸਾਰੇ ਵਿਦਿਆਰਥੀਆਂ ਨੂੰ ਗੁਰਮਤਿ ਕਿਤਾਬਾਂ ਅਤੇ ਸਰਟੀਫਿਕੇਟ ਵੀ ਤਕਸੀਮ ਕੀਤੇ ਗਏ।ਸਕੂਲ ਦੇ ਧਾਰਮਿਕ ਸਿੱਖਿਆ ਦੇ ਅਧਿਆਪਕ ਸ੍ਰੀਮਤੀ ਕੁਲਵਿੰਦਰ ਕੌਰ ਖਾਲਸਾ ਦੀ ਅਗਵਾਈ ਵਿੱਚ ਗਏ ਨੌਵੀਂ ਜਮਾਤ ਦੇ ਵਿਦਿਆਰਥੀ ਹਰਨਿਮਰਤ ਕੌਰ ਬਰਾੜ, ਜਸ਼ਨਪ੍ਰੀਤ ਕੌਰ ਸਿੱਧੂ ਸਮੀਰ ਕੌਰ ਤੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀ ਜੀਨਤ ਬਾਵਾ, ਜਸ਼ਨਪ੍ਰੀਤ ਕੌਰ ਸਿੱਧੂ, ਰਾਜਵਿੰਦਰ ਸਿੰਘ, ਮਨਿੰਦਰ ਸਿੰਘ ਤੇ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਜਸਮੀਨ ਕੌਰ ਸ਼ਾਮਲ ਸਨ ਜੋ ਬੜੇ ਹੀ ਉਤਸ਼ਾਹਤ ਨਜ਼ਰ ਆ ਰਹੇ ਸਨ।ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਗੁਰਬਾਣੀ, ਗੁਰਮਤਿ ਸਿਧਾਂਤ, ਪੰਜਾਬੀ ਸਾਹਿਤ, ਇਤਿਹਾਸ ਅਤੇ ਸਰਵਾਂਗ ਸਬੰਧੀ ਚੇਤੰਨ ਹੋਣ ਲਈ ਅਜਿਹੇ ਗੁਰਮਤਿ ਸਿੱਖਿਆ ਕੈਂਪਾਂ ਵਿੱਚ ਜ਼ਰੂਰ ਹਿੱਸਾ ਲੈਣਾ ਚਾਹੀਦਾ ਹੈ, ਕਿਉਂਕਿ ਅਜਿਹੇ ਕੈਂਪ ਵਿਦਿਆਰਥੀ ਦੀ ਬੌਧਿਕਤਾ ਨੂੰ ਤਰਾਸ਼ਦੇ ਹਨ ਤੇ ਉਸ ਦੇ ਚਰਿੱਤਰ ਨੂੰ ਉੱਚਾ ਚੁੱਕਦੇ ਹਨ।

# ਸੀਨੀਅਰ ਸਿਟੀਜ਼ਨ ਪੈਨਸ਼ਨਰਜ਼ ਲੇਡੀਜ਼ ਐਸੋਸੀਏਸ਼ਨ ਨੇ ਜਨਮ ਦਿਨ ਮਨਾਏ



**ਧੂਰੀ (ਸੁਖਦੇਵ ਧੂਰੀ)**-ਸੀਨੀਅਰ ਸਿਟੀਜ਼ਨ ਪੈਨਸ਼ਨਰਜ਼ ਲੇਡੀਜ਼ ਐਸੋਸੀਏਸ਼ਨ ਵੱਲੋਂ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਐਸੋਸੀਏਸ਼ਨ ਨਾਲ ਸੰਬੰਧਿਤ ਅਧਿਆਪਕ ਸਾਥੀ ਸਾਹਿਬਾਨ ਦੇ ਜਨਮ ਦਿਨ ਬੜੀ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਏ ਗਏ।ਸਾਰੇ ਮੈਂਬਰਾਂ ਨੇ ਆਪਸੀ ਸਾਂਝ ਅਤੇ ਭਾਈਚਾਰੇ ਦਾ ਪ੍ਰਗਟਾਵਾ ਕਰਦਿਆਂ ਇੱਕ-ਦੂਜੇ ਨੂੰ ਵਧਾਈਆਂ ਦਿੱਤੀਆਂ।ਸਮਾਗਮ ਦੌਰਾਨ ਐਸੋਸੀਏਸ਼ਨ ਦੀ ਨਵੀਂ ਕਮੇਟੀ ਦਾ ਗਠਨ ਵੀ ਕੀਤਾ ਗਿਆ।ਸਰਬਸੰਮਤੀ ਨਾਲ ਮੈਡਮ ਰਜਿੰਦਰ ਵਰਮਾ ਨੂੰ ਐਸੋਸੀਏਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ, ਜਦਕਿ ਸੁਰਿੰਦਰ ਕੌਰ ਨੂੰ ਉਪ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਤੋਂ ਇਲਾਵਾ ਕਮੇਟੀ ਦੇ ਮੈਂਬਰਾਂ ਵਜੋਂ ਜਸਪਾਲ ਕੌਰ, ਬਲਜੀਤ ਕੌਰ ਤੇ ਜਸਵਿੰਦਰ ਕੌਰ ਨੂੰ ਨਿਯੁਕਤ ਕੀਤਾ ਗਿਆ।ਹਾਜ਼ਰ ਮੈਂਬਰਾਂ ਨੇ ਨਵੀਂ ਕਮੇਟੀ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਨਵੀਂ ਟੀਮ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਅਹਿਮ ਭੂਮਿਕਾ ਨਿਭਾਏਗੀ।ਸਮਾਗਮ ਦੇ ਅੰਤ ਵਿੱਚ ਸਾਰੇ ਮੈਂਬਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਇਸ ਯਾਦਗਾਰ ਪਲ ਦਾ ਭਰਪੂਰ ਆਨੰਦ ਮਾਣਿਆ।

# ਬਿਜਲੀ ਦੀ ਨਾਕਸ ਸਪਲਾਈ ਖ਼ਿਲਾਫ਼ ਕਿਸਾਨਾਂ ਵੱਲੋਂ ਰੋਸ



**ਰਾਏਕੋਟ (ਸੰਤੋਖ ਗਿੱਲ)**-ਖੇਤੀ ਸੈਕਟਰ ਤੇ ਘਰੇਲੂ ਖਪਤਕਾਰਾਂ ਨੂੰ ਦਿੱਤੀ ਜਾ ਰਹੀ ਬਿਜਲੀ ਸਪਲਾਈ ਦੇ ਨਾਕਸ ਪ੍ਰਬੰਧਾਂ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੀ ਅਗਵਾਈ ਹੇਠ ਕਿਸਾਨਾਂ ਦੇ ਇੱਕ ਵਫ਼ਦ ਨੇ ਜ਼ਿਲ੍ਹਾ ਆਗੂ ਚਰਨਜੀਤ ਸਿੰਘ ਫੱਲੇਵਾਲ ਦੀ ਅਗਵਾਈ ਵਿੱਚ ਐੱਸ.ਡੀ.ਓ ਨਾਰੰਗਵਾਲ ਨਾਲ ਮੁਲਾਕਾਤ ਕਰਕੇ ਤੁਰੰਤ ਬਿਜਲੀ ਸਪਲਾਈ ਵਿੱਚ ਸੁਧਾਰ ਦੀ ਮੰਗ ਕੀਤੀ ਹੈ।ਕਿਸਾਨਾਂ ਆਗੂਆਂ ਨੇ ਖੇਤੀ ਲਈ ਅੱਠ ਘੰਟੇ ਨਿਰਵਿਘਨ ਸਪਲਾਈ ਤੇ ਘਰੇਲੂ ਖਪਤਕਾਰਾਂ ਲਈ ਪੂਰੀ ਸਪਲਾਈ ਯਕੀਨੀ ਨਾ ਬਣਾਈ ਗਈ ਤਾਂ ਤਿੱਖੇ ਸੰਘਰਸ਼ ਦੀ ਚਿਤਾਵਨੀ ਦਿੱਤੀ।ਕਿਸਾਨ ਆਗੂਆਂ ਨੇ ਬਿਜਲੀ ਅਧਿਕਾਰੀਆਂ ਨੂੰ ਕਿਹਾ ਕਿ ਖੇਤੀ ਸੈਕਟਰ ਲਈ ਨਿਰਧਾਰਿਤ ਅੱਠ ਘੰਟਿਆਂ ਦੀ ਥਾਂ ਕੇਵਲ ਤਿੰਨ ਤੋਂ ਚਾਰ ਘੰਟੇ ਹੀ ਬਿਜਲੀ ਮਿਲ ਰਹੀ ਹੈ ਤੇ ਉਸ ਵਿੱਚ ਵੀ ਵਾਰ-ਵਾਰ ਕੱਟ ਲੱਗਣ ਕਾਰਨ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਨੂੰ ਬਚਾਉਣ ਲਈ ਕਿਸਾਨ ਮਜਬੂਰੀ ਵੱਸ ਮਹਿੰਗਾ ਡੀਜ਼ਲ ਫੂਕ ਕੇ ਟਿਊਬਵੈੱਲ ਚਲਾ ਰਹੇ ਹਨ।ਕਿਸਾਨ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਸੋਕੇ ਵਰਗੇ ਹਾਲਾਤ ਅਤੇ ਦੂਜੇ ਪਾਸੇ ਬਿਜਲੀ ਦੀ ਨਾਕਸ ਸਪਲਾਈ ਨੇ ਕਿਸਾਨਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ।

# ਚੇਅਰਮੈਨ ਪੰਜਾਬ ਸਟੇਟ ਫੂਡ ਕਾਰਪੋਰੇਸ਼ਨ ਵੱਲੋਂ ਬਠਿੰਡਾ ਦਾ ਦੌਰਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਟੇਟ ਫੂਡ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਮੀਟਿੰਗ ਦੌਰਾਨ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ 'ਪੋਸ਼ਣ ਗਾਰਡਨ' ਸਥਾਪਤ ਕਰਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਪ੍ਰਾਇਮਰੀ ਸਕੂਲਾਂ ਤੇ ਆਂਗਣਵਾੜੀ ਕੇਂਦਰਾਂ ਵਿੱਚ ਤੁਰੰਤ ਪੋਸ਼ਣ ਗਾਰਡਨ ਲਾਏ ਜਾਣ।ਇਨ੍ਹਾਂ ਗਾਰਡਨਾਂ ਵਿੱਚ ਮੌਸਮੀ ਸਬਜ਼ੀਆਂ, ਫਲਦਾਰ ਬੂਟੇ ਤੇ ਔਸ਼ਧੀ ਪੌਦੇ ਲਾਏ ਜਾਣ ਤਾਂ ਜੁ ਬੱਚਿਆਂ ਨੂੰ ਮਿੱਡ-ਡੇ-ਮੀਲ ਤੇ ਆਂਗਣਵਾੜੀ ਸੈਂਟਰਾਂ ਵਿੱਚ ਤਾਜ਼ੀਆਂ ਅਤੇ ਪੌਸ਼ਟਿਕ ਸਬਜ਼ੀਆਂ ਮਿਲ ਸਕਣ।ਉਨ੍ਹਾਂ ਕਿਹਾ ਕਿ ਇਸ ਨਾਲ ਬੱਚਿਆਂ ਨੂੰ ਸੰਤੁਲਤ ਖੁਰਾਕ ਮਿਲੇਗੀ ਅਤੇ ਉਹ ਖੇਤੀ ਤੇ ਕੁਦਰਤ ਨਾਲ ਵੀ ਜੁੜਨਗੇ।ਮੀਟਿੰਗ ਦੌਰਾਨ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਨੇ ਸਿੱਖਿਆ ਵਿਭਾਗ ਤੇ ਇਸਤਰੀ ਸੁਰੱਖਿਆ ਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਆਂਗਣਵਾੜੀ ਸੈਂਟਰਾਂ ਵਿੱਚ ਪੋਸ਼ਣ ਗਾਰਡਨ ਦੇ ਕੰਮ ਸਬੰਧੀ ਸਿਹਤ ਵਿਭਾਗ, ਖੇਤੀਬਾੜੀ ਵਿਭਾਗ, ਬਾਗਬਾਨੀ ਵਿਭਾਗ, ਜੰਗਲਾਤ ਵਿਭਾਗ ਤੋਂ ਇਲਾਵਾ ਹੋਰਨਾਂ ਵਿਭਾਗਾਂ ਦੀ ਵੀ ਮੱਦਦ ਲਈ ਜਾਵੇ।

# ਨਰੇਗਾ ਕਾਮਿਆਂ ਦੀ ਕਲਮ ਛੋੜ ਹੜਤਾਲ ਜਾਰੀ

## ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਰਿਹਾਇਸ਼ ਦਾ ਕੀਤਾ ਜਾਵੇਗਾ ਘਿਰਾਓ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਭਾਰਤ ਸਰਕਾਰ ਨੇ ਨਰੇਗਾ ਬੰਦ ਕਰਕੇ 1 ਜੁਲਾਈ ਤੋਂ ਵਿਕਸਤ ਭਾਰਤ ਜੀ ਰਾਮ ਜੀ ਸਕੀਮ ਲਾਗੂ ਕਰਨ ਦਾ ਐਲਾਨ ਕੀਤਾ ਹੈ।ਨਰੇਗਾ ਸਕੀਮ ਵਿੱਚ ਅਣਸਿੱਖਿਅਤ ਕਾਮਿਆਂ ਨੂੰ ਉਨ੍ਹਾਂ ਦੀ ਰਿਹਾਇਸ਼ ਤੋਂ 5 ਕਿਲੋਮੀਟਰ ਦੇ ਦਾਇਰੇ ਅੰਦਰ ਹੀ ਸਾਲ ਵਿੱਚ 100 ਦਿਨ ਦੇ ਰੁਜ਼ਗਾਰ ਦੀ ਗਰੰਟੀ ਦਿੰਦੀ ਸੀ, ਜਿਸ ਵਿੱਚ 90% ਕੇਂਦਰ ਸਰਕਾਰ ਹਿੱਸਾ ਪਾਉਂਦੀ ਸੀ ਅਤੇ 10% ਸੂਬਾ ਸਰਕਾਰਾਂ ਦਾ ਹਿੱਸਾ ਪੈਂਦਾ ਸੀ, ਜਿਸ ਕੰਮ ਵਿੱਚ ਸਮੱਗਰੀ ਦੀ ਵਰਤੋਂ ਕੀਤੀ ਜਾਂਦੀ ਸੀ, ਉਸ ਵਿੱਚ ਇਹ ਅਨੁਪਾਤ 75-25 ਦਾ ਸੀ।ਹੁਣ ਸੂਬਾ ਸਰਕਾਰਾਂ ਨੂੰ ਸਕੀਮ ਦੇ ਹਰ ਪੈਸੇ ਵਿੱਚ 40% ਹਿੱਸਾ ਪਾਉਣਾ ਲਾਜ਼ਮੀ ਕੀਤਾ ਗਿਆ ਹੈ।ਇਸ ਨਾਲ ਜਿੱਥੇ ਪੰਜਾਬ ਦੇ 18 ਲੱਖ ਮਜ਼ਦੂਰ ਪਰਿਵਾਰਾਂ ਦਾ ਰੁਜ਼ਗਾਰ ਜਾਣ ਦਾ ਡਰ ਹੈ, ਉਥੇ 18 ਸਾਲਾਂ ਤੋਂ ਕੰਟਰੈਕਟ ਆਧਾਰਿਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਦਾ ਰੁਜ਼ਗਾਰ ਖ਼ਤਮ ਹੋ ਗਿਆ ਹੈ।

ਬਲਾਕ ਪ੍ਰਧਾਨ ਅਜਿਤ ਸਿੰਘ ਨੇ ਦੱਸਿਆ ਕਿ ਨਰੇਗਾ ਮੁਲਾਜ਼ਮ ਆਪਣੇ ਰੁਜ਼ਗਾਰ ਨੂੰ ਪੱਕਾ ਕਰਾਉਣ ਲਈ 18 ਸਾਲ ਤੋਂ ਸੰਘਰਸ਼ ਕਰ ਰਹੇ ਹਨ।ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਨਰੇਗਾ ਮੁਲਾਜ਼ਮਾਂ ਨੂੰ ਆਪਣੇ ਸਿਆਸੀ ਹਿੱਤਾਂ ਲਈ ਰੱਜ ਕੇ ਵਰਤਿਆ ਗਿਆ ਹੈ।ਹੁਣ ਤੱਕ ਸਾਨੂੰ ਸੂਬਾ ਸਰਕਾਰ ਕੇਂਦਰੀ ਸਕੀਮਾਂ ਦੇ ਮੁਲਾਜ਼ਮ ਆਖ ਕੇ ਪੱਲਾ ਛੁਡਾਉਂਦੀ ਰਹੀ ਹੈ।ਜ਼ਿਕਰਯੋਗ ਹੈ ਕਿ ਕੇਂਦਰੀ ਸਕੀਮਾਂ ਦੇ ਉਹ ਮੁਲਾਜ਼ਮ ਸੂਬਾ ਸਰਕਾਰ ਵੱਲੋਂ ਪੱਕੇ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਸਕੀਮਾਂ ਵਿੱਚ 60-40 ਦੇ ਅਨੁਪਾਤ ਨਾਲ 40% ਹਿੱਸਾ ਸੂਬਾ ਸਰਕਾਰ ਪਾਉਂਦੀ ਸੀ, ਪ੍ਰੰਤੂ ਹੁਣ ਸਰਕਾਰ ਦਾ ਨਰੇਗਾ ਮੁਲਾਜ਼ਮਾਂ ਨੂੰ ਕੇਂਦਰੀ ਸਕੀਮਾਂ ਦੇ ਮੁਲਾਜ਼ਮ ਗ਼ਰਦਾਨ ਕੇ ਡੰਗ ਟੱਪਣ ਵਾਲਾ ਨਹੀਂ ਹੈ, ਕਿਉਂਕਿ ਹੁਣ ਨਰੇਗਾ ਦੀ ਜਗ੍ਹਾ ਲੈਣ ਵਾਲੀ ਜੀ ਰਾਮ ਜੀ ਸਕੀਮ ਵਿੱਚ ਵੀ ਸੂਬਾ ਸਰਕਾਰ ਦਾ 40% ਹਿੱਸਾ ਪਾਉਣਾ ਲਾਜ਼ਮੀ ਹੈ।ਹਾਲਾਂਕਿ ਇਹ ਵੀ ਦੱਸਣਯੋਗ ਹੈ ਕਿ ਨਰੇਗਾ ਕਾਨੂੰਨ-2005 ਵਿੱਚ ਸਪੱਸ਼ਟ ਸ਼ਬਦਾਂ ਵਿੱਚ ਲਿਖਿਆ ਗਿਆ ਹੈ ਕਿ ਨਰੇਗਾ ਸਕੀਮ ਨੂੰ ਚਲਾਉਣ ਲਈ ਮੁਲਾਜ਼ਮ ਸੂਬਾ ਸਰਕਾਰ ਦੇ ਹੋਣਗੇ। ਉਨ੍ਹਾਂ ਕਿਹਾ ਕਿ ਵੀਬੀ ਜੀ ਰਾਮ ਜੀ ਕਾਨੂੰਨ ਬਣਾਉਣ ਸਮੇਂ ਵੀ ਮੁਲਾਜ਼ਮਾਂ ਦੇ ਹਿੱਤਾਂ ਦਾ ਕੋਈ ਖਿਆਲ ਨਹੀਂ ਰੱਖਿਆ ਗਿਆ।

1 ਜੂਨ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਹੋਈ ਪੈਨਲ ਮੀਟਿੰਗ ਵਿੱਚ ਮੰਤਰੀ ਨੇ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੇ ਕਰਨ ਲਈ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪ੍ਰੋਸੋਨਲ ਵਿਭਾਗ ਨੂੰ ਮਿਲ ਕੇ ਇਸ ਸੰਬੰਧੀ ਲੋੜੀਂਦੇ ਕਦਮ ਚੁੱਕਣ।10 ਜੂਨ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਪੈਨਲ ਮੀਟਿੰਗ ਕਰਕੇ ਯੂਨੀਅਨ ਵੱਲੋਂ ਰੱਖੀਆਂ ਮੰਗਾਂ ਨਾਲ ਸਹਿਮਤੀ ਪ੍ਰਗਟ ਕਰਦਿਆਂ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਦੀਆਂ ਖ਼ਾਲੀ ਪਈਆਂ ਅਸਾਮੀਆਂ ਤੇ ਮਰਜ਼ ਕਰਨ ਲਈ ਅਗਲੀ ਮੀਟਿੰਗ 18 ਜੂਨ ਨੂੰ ਤੈਅ ਕਰੋ, ਜਿਸ ਵਿੱਚ ਪੰਚਾਇਤ ਮੰਤਰੀ, ਪੰਚਾਇਤ ਵਿਭਾਗ ਦੇ ਉੱਚ ਅਧਿਕਾਰੀ, ਵਿੱਤ ਵਿਭਾਗ ਦੇ ਉੱਚ ਅਧਿਕਾਰੀ ਤੇ ਯੂਨੀਅਨ ਦੇ ਨੁਮਾਇੰਦੇ ਬੈਠਣਗੇ।ਇਸਤੋਂ ਬਾਅਦ ਯੂਨੀਅਨ ਨੂੰ ਮੀਟਿੰਗ ਲਈ ਕੋਈ ਸੱਦਾ ਪੱਤਰ ਨਹੀਂ ਭੇਜਿਆ ਗਿਆ।ਯੂਨੀਅਨ ਦੇ ਸੰਪਰਕ ਕਰਨ ਤੇ ਪਤਾ ਲੱਗਿਆ ਕਿ ਵਿਭਾਗ ਵਿੱਚ ਕੋਈ ਹਿੱਲਜੁੱਲ ਹੀ ਨਹੀਂ ਹੈ।ਇਸਤੋਂ ਬਾਅਦ ਯੂਨੀਅਨ ਵੱਲੋਂ ਫ਼ੈਸਲਾ ਕਰਕੇ 23 ਜੂਨ ਨੂੰ ਦਿੜ੍ਹਬਾ ਮੰਡੀ ਵਿਖੇ ਇੱਕ ਵਿਸ਼ਾਲ ਰੋਸ ਰੈਲੀ ਕੀਤੀ ਗਈ, ਜਿਸ ਤੋਂ ਬਾਅਦ 2 ਜੁਲਾਈ ਨੂੰ ਪੈਨਲ ਮੀਟਿੰਗ ਤੈਅ ਹੋਈ ਹੈ।

# ਬਿਜਲੀ ਸਪਲਾਈ ਦਰੁਸਤ ਕਰਾਉਣ ਲਈ ਐਕਸੀਅਨ ਦਫਤਰ ਅੱਗੇ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਤੇ ਮਜ਼ਦੂਰ ਕਿਸਾਨ ਸੰਘਰਸ਼ ਕਮੇਟੀ ਵੱਲੋਂ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਪੰਜਾਬ ਸਟੇਟ ਕਾਰਪੋਰੇਸ਼ਨ ਲਿਮਟਡ ਮੋਗਾ ਐਕਸੀਅਨ ਦੇ ਦਫਤਰ ਅੱਗੇ ਖੇਤੀ ਮੋਟਰਾਂ ਲਈ ਨਿਰਵਿਘਨ ਬਿਜਲੀ ਸਪਲਾਈ ਦੀ ਮੰਗ ਨੂੰ ਲੈ ਕੇ ਤੇ ਬਿਜਲੀ ਵਿਭਾਗ ਦੇ ਦੁਰਪ੍ਰਬੰਧ ਵਿਰੁੱਧ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਕ੍ਰਾਂਤੀਕਾਰੀ ਈ ਰਿਕਸ਼ਾ ਦੇ ਆਗੂਆਂ ਤੇ ਵਰਕਰਾਂ ਵੱਲੋਂ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਐਕਸੀਅਨ ਦਫ਼ਤਰ ਅੱਗੇ ਲੱਗੇ ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਜਗਮੋਹਨ ਸਿੰਘ ਕੰਗ, ਬਲਾਕ ਪ੍ਰਧਾਨ ਗੁਰਜੀਤ ਸਿੰਘ, ਸੰਦੀਪ ਸਿੰਘ ਚੂਹੜਚੱਕ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂ ਲਖਵੀਰ ਸਿੰਘ ਤੇ ਮਜ਼ਦੂਰ ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਦਰਸ਼ਨ ਸਿੰਘ, ਕ੍ਰਾਂਤੀਕਾਰੀ ਈ ਰਿਕਸ਼ਾ ਦੇ ਸਰਵਣ ਸਿੰਘ ਆਦਿ ਨੇ ਸੰਬੋਧਨ ਕੀਤਾ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੋਟਰਾਂ ਦੀ ਬਿਜਲੀ ਸਪਲਾਈ 16 ਘੰਟੇ ਤੇ ਘਰਾਂ ਦੀ ਬਿਜਲੀ ਸਪਲਾਈ 24 ਘੰਟੇ ਯਕੀਨੀ ਬਣਾਈ ਜਾਵੇ।

ਖਰਾਬ ਹੋਏ ਟਰਾਂਸਫਾਰਮਾਂ ਨੂੰ ਬਦਲਣ ਲਈ ਨਵੇਂ ਟਰਾਂਸਫਾਰਮਾਂ ਨੂੰ ਪਹੁੰਚਾਉਣ ਦਾ ਪ੍ਰਬੰਧ ਸਰਕਾਰ ਖੁਦ ਕਰੇ।ਜੇਕਰ ਕੋਈ ਟਰਾਂਸਫਾਰਮ ਚੋਰੀ ਹੋ ਜਾਂਦਾ ਹੈ ਤਾਂ ਮਹਿਕਮਾ ਖੁਦ ਐੱਫਆਈਆਰ ਦਰਜ ਕਰਾਵੇ।ਘਰਾਂ ਵਿੱਚ ਸਮਾਰਟ ਮੀਟਰ ਲਾਉਣੇ ਬੰਦ ਕੀਤੇ ਜਾਣ, ਜਿਹੜੇ ਉਤਾਰ ਕੇ ਬਿਜਲੀ ਬੋਰਡ ਨੂੰ ਜਮ੍ਹਾਂ ਕਰਾਏ ਹਨ, ਉਨ੍ਹਾਂ ਦੀ ਥਾਂ ਪੁਰਾਣੇ ਮੀਟਰ ਲਗਾਏ ਜਾਣ ਅਤੇ ਉਤਾਰੇ ਮੀਟਰਾਂ ਦਾ 10% ਦੇ ਹਿਸਾਬ ਨਾਲ ਜੋ ਬਿਲ ਭੇਜਿਆ ਜਾ ਰਿਹਾ ਹੈ, ਉਹ ਬੰਦ ਕੀਤਾ ਜਾਵੇ।ਖਰਾਬੀ ਸਮੇਂ ਚਾਹੀਦਾ ਲੋੜੀਂਦਾ ਸਾਮਾਨ, ਮਹਿਕਮੇ ਦੇ ਸਟੋਰਾਂ ਵਿੱਚ ਜਮ੍ਹਾਂ ਰੱਖਿਆ ਜਾਵੇ।ਬਿਜਲੀ ਬੋਰਡ ਦਾ ਨਿੱਜੀਕਰਨ ਤੇ ਨਿਗਮੀਕਰਨ ਬੰਦ ਕਰਕੇ ਸਰਕਾਰੀ ਭਰਤੀ ਸ਼ੁਰੂ ਕੀਤੀ ਜਾਵੇ।

ਬਿਜਲੀ ਖਰੀਦਣ ਲਈ ਪ੍ਰਾਈਵੇਟ ਕੰਪਨੀਆਂ ਨਾਲ ਕੀਤੇ ਸਮਝੌਤੇ ਰੱਦ ਕੀਤੇ ਜਾਣ ਤੇ ਆਪਣੇ ਥਰਮਲਾਂ ਨੂੰ ਚਲਾਇਆ ਜਾਵੇ।ਮਹਿਕਮੇ ਵਿੱਚ ਰੱਖੇ ਠੇਕੇਦਾਰਾਂ ਵੱਲੋਂ ਮਿਆਰ ਤੋਂ ਨੀਵੇਂ ਕੀਤੇ ਕੰਮਾਂ-ਕਾਰਾਂ ਦਾ ਨਿਰੀਖਣ ਕੀਤਾ ਜਾਵੇ, ਕਿਉਂਕਿ ਇਹ ਲੋਕਾਂ ਦੀ ਜਾਨ ਤੇ ਮਾਲ ਨਾਲ ਜੁੜਿਆ ਮੁੱਦਾ ਹੈ।ਅਖੀਰ ਤੇ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਐਕਸ਼ਨ ਮੋਗਾ ਨੂੰ ਮੁੱਖ ਮੰਤਰੀ ਪੰਜਾਬ ਲਈ ਮੰਗ ਪੱਤਰ ਸੌਂਪਿਆ।ਐਕਸੀਅਨ ਮੋਗਾ ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਜਾਂ ਮੰਗ ਪੱਤਰ ਸਰਕਾਰ ਤੱਕ ਪਹੁੰਚਦਾ ਕਰਨਗੇ।

# ਐੱਸ ਆਈ ਆਰ ਲੋਕਾਂ ਉਪਰ ਸਿੱਧਾ ਹਮਲਾ : ਜਮਹੂਰੀ ਅਧਿਕਾਰ ਸਭਾ

## ਐੱਨ ਸੀ ਆਰ ਟੀ ਵੱਲੋਂ ਸਿਲੇਬਸ 'ਚ ਮਨੂੰ ਸਿਮ੍ਰਿਤੀ ਦੇ ਸਲੋਕ ਦਰਜ ਕਰਨਾ ਮੰਦਭਾਗਾ



**ਸੰਗਰੂਰ (ਪ੍ਰਵੀਨ ਸਿੰਘ)**-ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਜ਼ਿਲ੍ਹਾ ਇਕਾਈ ਸੰਗਰੂਰ ਦੀ ਕਾਰਜਕਾਰਨੀ ਦੀ ਮੀਟਿੰਗ ਵਿੱਚ ਬੀਜੇਪੀ ਵੱਲੋਂ ਐੱਸ ਆਈ ਆਰ ਦੇ ਬਹਾਨੇ ਹੇਠ ਦੇਸ਼ ਦੇ ਨਾਗਰਿਕਾਂ ਦੀਆਂ ਵੋਟਾਂ ਕੱਟ ਕੇ ਦੇਸ਼ ਦੇ ਗੈਰ ਬੀਜੇਪੀ ਵਾਲੇ ਸੂਬਿਆਂ ਵਿੱਚ ਆਪਣਾ ਗ਼ਲਬਾ ਬਣਾਉਣ ਲਈ ਲੋਕਾਂ ਉਪਰ ਸਿੱਧਾ ਹਮਲਾ ਕਰਾਰ ਦਿੱਤਾ ਹੈ।ਇਸ ਬਾਰੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਭਾ ਇਕਾਈ ਸੰਗਰੂਰ ਦੇ ਪ੍ਰਧਾਨ ਜਗਜੀਤ ਭੁਟਾਲ, ਮਾਸਟਰ ਕੁਲਦੀਪ ਸਿੰਘ, ਵਿੱਤ ਸਕੱਤਰ ਮਨਧੀਰ ਰਾਜੋਮਾਜਰਾ, ਸੂਬਾ ਕਮੇਟੀ ਮੈਂਬਰ ਵਿਸਾਖਾ ਸਿੰਘ, ਮੀਤ ਪ੍ਰਧਾਨ ਬਸ਼ੇਸ਼ਰ ਰਾਮ, ਸਹਾਇਕ ਸਕੱਤਰ ਕੁਲਵਿੰਦਰ ਬੰਟੀ ਤੇ ਪ੍ਰੈੱਸ ਸਕੱਤਰ ਜੁਝਾਰ ਲੌਂਗੋਵਾਲ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਵੱਲੋਂ ਲੋਕਾਂ ਦੀ ਨਾਗਰਿਕਤਾ ਦਾ ਅਧਾਰ ਜਾਣਨ ਲਈ ਸ਼ੁਰੂ ਕੀਤੇ ਸਰਵੇ ਬਾਰੇ ਪਾਏ ਗਏ ਭਰਮਾਂ ਬਾਰੇ ਦੱਸਦਿਆਂ ਸਰਕਾਰ ਤੋਂ ਸਵਾਲ ਪੁੱਛਣ ਦੇ ਅਧਿਕਾਰਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਨ੍ਹਾਂ ਆਗੂਆਂ ਨੇ ਸਰਕਾਰ 'ਤੇ ਸਵਾਲ ਕਰਕੇ ਇਹ ਪੁੱਛਿਆ ਕਿ ਲੋਕਾਂ ਦੀ ਨਾਗਰਿਕਤਾ ਦਾ ਸਬੂਤ ਜਾਨਣ ਤੋਂ ਪਹਿਲਾਂ ਸਰਕਾਰ ਆਪਣੀ ਨਾਗਰਿਕਤਾ ਬਾਰੇ ਸਪੱਸ਼ਟ ਕਰੇ।ਆਗੂਆਂ ਨੇ ਦੇਸ਼ ਦੇ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ, ਚੀਫ ਜਸਟਿਸ ਸੁਪਰੀਮ ਕੋਰਟ ਤੋਂ ਇਹ ਸਵਾਲ ਪੁੱਛਿਆ ਕਿ ਤੁਸੀਂ ਪਹਿਲਾਂ ਦੱਸੋ ਕਿ ਤੁਹਾਨੂੰ ਕਿਸ ਆਧਾਰ 'ਤੇ ਭਾਰਤ ਦੀ ਨਾਗਰਿਕਤਾ ਹਾਸਲ ਹੈ ? ਤਾਂ ਕਿ ਦੇਸ਼ ਦੇ ਲੋਕ ਉਸ ਮਿਸਾਲ ਨੂੰ ਲਾਗੂ ਕਰਕੇ ਚਿੰਤਾ ਮੁਕਤ ਹੋ ਸਕਣ।ਜੇਕਰ ਵੋਟਰ ਕਾਰਡ, ਆਧਾਰ ਕਾਰਡ, ਪਾਸਪੋਰਟ ਆਦਿ ਕੋਈ ਵੀ ਨਾਗਰਿਕਤਾ ਦਾ ਸਬੂਤ ਨਹੀਂ ਤਾਂ ਉਪਰੋਕਤ ਅਧਿਕਾਰੀ ਹੋਰ ਕਿਹੜੇ ਪ੍ਰਮਾਣਿਤ ਅਧਾਰ ਅਨੁਸਾਰ ਦੇਸ਼ ਦੇ ਪਹਿਲੇ ਦਰਜੇ ਦੇ ਨਾਗਰਿਕ ਅਖਵਾਉਂਦੇ ਹਨ।ਮੀਟਿੰਗ ਵਿੱਚ ਐੱਨਸੀਆਰਟੀ ਵੱਲੋਂ ਸਮਾਜਿਕ ਵਿਗਿਆਨ ਦੀ ਨਵੀਂ ਪੁਸਤਕ ਵਿੱਚ ਮਨੂੰ ਸਿਮ੍ਰਤੀ ਦੇ ਸਲੋਕ ਦਰਜ ਕਰਨਾ ਤੇ ਇਸ ਦੀ ਕਥਿਤ ਤੌਰ 'ਤੇ ਗਲਤ ਅਤੇ ਝੂਠੀ ਵਿਆਖਿਆ ਕਰਨ ਦੇ ਫ਼ੈਸਲੇ ਦਾ ਵਿਰੋਧ ਕੀਤਾ ਤੇ ਇਸ ਵਿਰੁੱਧ ਮਤਾ ਪਾਇਆ।ਆਗੂਆਂ ਨੇ ਦੱਸਿਆ ਕਿ ਮਨੂੰ ਸਿਮ੍ਰਤੀ ਅਜਿਹਾ ਗ੍ਰੰਥ ਹੈ, ਜਿਸ ਵਿੱਚ ਵਰਣ ਵੰਡ ਤਹਿਤ ਸਮਾਜ ਅੰਦਰ ਜਾਤ-ਪਾਤ ਦੇ ਭੇਦ ਭਾਵ ਦੇ ਨਾਲ ਨਾਲ ਔਰਤ ਵਿਰੋਧੀ ਮਾਨਸਿਕਤਾ ਦਾ ਪ੍ਰਚਾਰ ਕੀਤਾ ਗਿਆ ਹੈ।ਇਸ ਮੀਟਿੰਗ 'ਚ ਇਨ੍ਹਾਂ ਤੋਂ ਇਲਾਵਾ ਕਾਰਜਕਾਰੀ ਮੈਂਬਰ ਡਾ. ਕਿਰਨਪਾਲ ਕੌਰ, ਡਾ. ਹਰਪ੍ਰੀਤ ਕੌਰ, ਮਾਸਟਰ ਵਿਸ਼ਵ ਕਾਂਤ, ਹਰਗੋਬਿੰਦ ਸਿੰਘ ਆਦਿ ਹਾਜ਼ਰ ਸਨ।

# ਅਕਾਲੀ ਦਲ ਤੇ ਭਾਜਪਾ ਦੇ ਦਿੱਗਜ਼ ਆਗੂ 'ਆਪ' 'ਚ ਸ਼ਾਮਲ

**ਜਲੰਧਰ** : ਆਮ ਆਦਮੀ ਪਾਰਟੀ (ਆਪ) ਨੇ ਜਲੰਧਰ ਵਿੱਚ ਅਕਾਲੀ ਦਲ ਅਤੇ ਭਾਜਪਾ ਨੂੰ ਵੱਡਾ ਸਿਆਸੀ ਝਟਕਾ ਦਿੱਤਾ ਹੈ। ਜਲੰਧਰ ਕੈਂਟ ਖੇਤਰ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਮਜ਼ਬੂਤ ਥੰਮ੍ਹ ਮੰਨੇ ਜਾਣ ਵਾਲੇ ਕਈ ਪ੍ਰਮੁੱਖ ਆਗੂ ਆਪਣੇ ਸੈਂਕੜੇ ਸਹਿਯੋਗੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਮੁੱਖ ਮੰਤਰੀ ਦੇ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਨੇ ਇਹਨਾਂ ਸਾਰੇ ਆਗੂਆਂ ਨੂੰ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕਰਵਾਇਆ ਅਤੇ ਉਨ੍ਹਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਘੁੰਮਣ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਰਾਜਨੀਤੀ ਦਾ ਮੁੱਖ ਉਦੇਸ਼ ਪੰਜਾਬ ਦਾ ਸਰਬਪੱਖੀ ਵਿਕਾਸ ਅਤੇ ਆਮ ਜਨਤਾ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨ੍ਹਾ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਸੰਤੁਸ਼ਟ ਹੈ, ਇਹੀ ਕਾਰਨ ਹੈ ਕਿ ਸੂਬੇ ਦੇ ਕੋਨੇ-ਕੋਨੇ ਤੋਂ ਸਤਿਕਾਰਤ ਅਤੇ ਤਜਰਬੇਕਾਰ ਆਗੂ ਲਗਾਤਾਰ 'ਆਪ' ਦਾ ਹਿੱਸਾ ਬਣ ਰਹੇ ਹਨ। ਆਮ ਆਦਮੀ ਪਾਰਟੀ ਦੀ ਮੈਂਬਰਸ਼ਿਪ ਲੈਣ ਵਾਲੇ ਪ੍ਰਮੁੱਖ ਆਗੂਆਂ ਵਿੱਚ ਮੁੱਖ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਪ੍ਰਧਾਨ ਕੈਂਟ ਅਤੇ ਸਰਪੰਚ ਲਵਪ੍ਰੀਤ, ਭਾਜਪਾ ਦੇ ਕੈਂਟ ਬੋਰਡ ਜਲੰਧਰ ਦੇ ਯੂਥ ਪ੍ਰਧਾਨ ਆਰੀਅਨ ਭੱਟੀ ਅਤੇ ਭਵਦਾਸ ਐੱਸ ਸੀ ਕਮਿਊਨਿਟੀ ਦੇ ਚੇਅਰਮੈਨ ਤੇ ਪੀ ਐੱਸ ਪੀ ਸੀ ਐੱਲ ਦੇ ਸੇਵਾਮੁਕਤ ਐੱਸ ਡੀ ਓ ਪਾਲ ਰਾਮ ਭੱਟੀ ਸ਼ਾਮਲ ਹਨ। ਇਨ੍ਹਾਂ ਦੇ ਨਾਲ ਹੀ ਭਾਜਪਾ ਦੇ ਜ਼ਿਲ੍ਹਾ ਬੁਲਾਰੇ ਹਰਸ਼ ਭਾਰਦਵਾਜ, ਜ਼ਿਲ੍ਹਾ ਜਨਰਲ ਸਕੱਤਰ ਰਮੇਸ਼ ਪਾਲ, ਭਾਜਪਾ ਦੇ ਯੂਥ ਵਾਈਸ ਪ੍ਰਧਾਨ ਮੋਹਿਤਪ੍ਰੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਪੰਚਾਇਤ ਮੈਂਬਰ ਵਿਜੇ ਕੁਮਾਰ, ਰਾਜ ਰਾਣੀ ਅਤੇ ਅਮਰਜੀਤ ਨੇ ਵੀ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ। ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਇੱਕ ਸੁਰ ਵਿੱਚ ਕਿਹਾ ਕਿ ਉਹ ਰਵਾਇਤੀ ਪਾਰਟੀਆਂ ਦੀ ਗੁੱਟਬਾਜ਼ੀ ਅਤੇ ਲੋਕ-ਵਿਰੋਧੀ ਵਤੀਰੇ ਤੋਂ ਨਿਰਾਸ਼ ਸਨ। ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਸਾਫ਼-ਸੁਥਰੀ ਅਤੇ ਲੋਕ-ਪੱਖੀ ਕਾਰਜਸ਼ੈਲੀ ਤੋਂ ਬੇਹੱਦ ਪ੍ਰਭਾਵਿਤ ਹਨ।

## ਸਫਾ 1 ਦੇ ਬਾਕੀ...

### ਐੱਸ ਕੇ ਐੱਮ ਵੱਲੋਂ ...

ਕੀਤਾ ਗਿਆ ਅਤੇ ਸੂਬੇ ਭਰ ਦੇ ਕਿਸਾਨਾਂ ਨੂੰ ਟਿਊਬਵੈੱਲਾਂ ਲਈ ਨਿਰਵਿਘਨ 8 ਘੰਟੇ ਬਿਜਲੀ ਸਪਲਾਈ ਦੀ ਮੰਗ ਕਰਦੇ ਹੋਏ ਪਾਵਰ ਗਰਿੱਡਾਂ ਦੇ ਘਿਰਾਓ ਕਰਨ ਦਾ ਸੱਦਾ ਦਿੱਤਾ ਗਿਆ। ਮੀਟਿੰਗ ਵਿੱਚ ਖਾਦਾਂ ਦੀ ਘਾਟ ਨੂੰ ਪੂਰਾ ਕਰਨ ਅਤੇ ਗੰਨੇ ਦੀ ਬਕਾਇਆ ਰਾਸ਼ੀ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ।ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਟਿਊਬਵੈੱਲ ਮੋਟਰਾਂ ਦਾ ਲੋਡ ਅੱਧੇ ਰੇਟ 'ਤੇ ਵਧਾਉਣ ਦੀ ਯੋਜਨਾ ਨੂੰ ਤੁਰੰਤ ਲਾਗੂ ਕੀਤਾ ਜਾਵੇ। ਮੀਟਿੰਗ ਵਿੱਚ ਬਲਬੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ, ਬੂਟਾ ਸਿੰਘ ਬੁਰਜਗਿਲ, ਬਲਦੇਵ ਸਿੰਘ ਨਿਹਾਲਗੜ੍ਹ, ਸਤਨਾਮ ਸਿੰਘ ਅਜਨਾਲਾ, ਰਮਿੰਦਰ ਸਿੰਘ ਪਟਿਆਲਾ, ਮਨਜੀਤ ਸਿੰਘ ਧਨੇਰ, ਹਰਮੀਤ ਸਿੰਘ ਕਾਦੀਆਂ, ਬੂਟਾ ਸਿੰਘ ਸ਼ਾਦੀਪੁਰ, ਹਰਭਜਨ ਸਿੰਘ ਬੁੱਟਰ, ਗੁਰਮੀਤ ਸਿੰਘ ਮਹਿਮਾ, ਗੁਰਨਾਮ ਸਿੰਘ ਭੀਖੀ, ਸੁਖਦੇਵ ਸਿੰਘ ਅਰਾਈਆਂਵਾਲਾ, ਨਛੱਤਰ ਸਿੰਘ ਜੈਤੋਂ ਅਤੇ ਹੋਰ ਹਾਜ਼ਰ ਸਨ।

### 23 ਪਾਰਟੀਆਂ ਨੇ ਚੀਫ ...

ਪ੍ਰਕਿਰਿਆ ਅਤੇ ਹੋਰ ਚੋਣ-ਸੰਬੰਧਤ ਮੁੱਦਿਆਂ 'ਤੇ ਭਾਰਤ ਦੇ ਮਾਣਯੋਗ ਚੀਫ਼ ਜਸਟਿਸ ਨੂੰ ਇੱਕ ਸਾਂਝਾ ਪੱਤਰ ਲਿਖਣ ਦਾ ਫੈਸਲਾ ਲਿਆ ਗਿਆ ਸੀ।' ਉਨ੍ਹਾ ਕਿਹਾ ਇਸ ਅਨੁਸਾਰ ਇੱਕ ਸਾਂਝਾ ਪੱਤਰ ਮੰਗਲਵਾਰ ਭਾਰਤ ਦੇ ਮਾਣਯੋਗ ਚੀਫ਼ ਜਸਟਿਸ ਨੂੰ ਭੇਜਿਆ ਗਿਆ ਹੈ।

ਸਾਂਝੇ ਪੱਤਰ 'ਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਟੀ ਐੱਮ ਸੀ ਮੁਖੀ ਮਮਤਾ ਬੈਨਰਜੀ, ਆਰ ਜੇ ਡੀ ਨੇਤਾ ਤੇਜਸਵੀ ਯਾਦਵ, ਸਪਾ ਮੁਖੀ ਅਖਿਲੇਸ਼ ਯਾਦਵ, ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ, ਉਮਰ ਅਬਦੁੱਲਾ ਅਤੇ ਆਜ਼ਾਦ ਨੇਤਾ ਸਿੱਬਲ ਸਮੇਤ ਹੋਰਨਾਂ ਨੇ ਦਸਤਖਤ ਕੀਤੇ ਹਨ। ਟੀ ਐੱਮ ਸੀ ਨੇਤਾ ਡੇਰੇਕ ਓ'ਬ੍ਰਾਇਨ ਨੇ ਕਿਹਾ ਕਿ ਪੱਤਰ 'ਤੇ ਆਮ ਆਦਮੀ ਪਾਰਟੀ ਅਤੇ ਡੀ ਐੱਮ ਕੇ ਨੇ ਵੀ ਦਸਤਖਤ ਕੀਤੇ ਹਨ। ਇਹ ਪੱਤਰ ਸਾਰੇ ਇੰਡੀਆ ਬਲਾਕ ਪਾਰਟੀਆਂ ਦੁਆਰਾ ਇੱਕ ਟੀਮ ਵਰਕ ਹੈ। ਉਨ੍ਹਾ ਕਿਹਾ ਕਿ ਜਦੋਂ ਬਾਕੀ ਸਭ ਕੁਝ ਅਸਫਲ ਹੋ ਜਾਂਦਾ ਹੈ ਤਾਂ ਭਾਰਤੀ ਲੋਕਤੰਤਰ ਨਿਆਂ ਪਾਲਿਕਾ ਵੱਲ ਦੇਖਦਾ ਹੈ। ਪੱਤਰ ਵਿੱਚ ਭਾਰਤੀ ਚੋਣ ਕਮਿਸ਼ਨ ਦੀ ਭੂਮਿਕਾ ਦਾ ਵੀ ਹਵਾਲਾ ਦਿੱਤਾ ਗਿਆ ਹੈ, ਜਿਸ ਵਿੱਚ ਉਦਾਹਰਨਾਂ ਦਿੱਤੀਆਂ ਗਈਆਂ ਹਨ ਕਿ ਐੱਸ ਆਈ ਆਰ ਪ੍ਰਕਿਰਿਆ ਨੇ ਵੱਖ-ਵੱਖ ਰਾਜਾਂ ਵਿੱਚ ਲੋਕਾਂ ਨੂੰ ਕਿਵੇਂ ਪ੍ਰਭਾਵਤ ਕੀਤਾ ਹੈ।

### ਜੇਲ੍ਹ ਨੇ ਮੇਰੀ ...

ਸਹਾਰੇ ਆਪਣਾ ਕੈਰੀਅਰ ਬਣਾਇਆ ਹੈ, ਦੀ ਚੁੱਪੀ ਇਸ ਹਕੂਮਤ ਨੂੰ ਅਸੰਤੁਸ਼ਟਾਂ ਦਾ ਪਿੱਛਾ ਕਰਨ ਲਈ ਸ਼ਿਸ਼ਕਾਰਦੀ ਹੈ।' ਖਾਲਿਦ ਨੇ ਕਿਹਾ ਕਿ ਕਈ ਸਾਲ ਜੇਲ੍ਹ ਵਿੱਚ ਰਹਿਣ ਦੇ ਬਾਵਜੂਦ ਉਸ ਨੇ ਆਪਣਾ ਈਮਾਨ ਨਹੀਂ ਛੱਡਿਆ। 2019 ਵਿੱਚ ਨਾਗਰਿਕਤਾ ਵਿਰੋਧੀ ਕਾਨੂੰਨ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਆਪਣੇ ਸੰਦੇਸ਼ ਨੂੰ ਯਾਦ ਕਰਦੇ ਹੋਏ ਉਸ ਨੇ ਇਸ ਦਰਸ਼ਨ ਨੂੰ ਦੁਹਰਾਇਆ, ਜਿਸ ਨੇ ਉਸ ਦੀ ਸਰਗਰਮੀ ਨੂੰ ਸੇਧ ਦਿੱਤੀ : ਅਸੀਂ ਹਿੰਸਾ ਦਾ ਜਵਾਬ ਹਿੰਸਾ ਨਾਲ ਨਹੀਂ ਦੇਵਾਂਗੇ। ਅਸੀਂ ਨਫਰਤ ਦਾ ਜਵਾਬ ਨਫਰਤ ਨਾਲ ਨਹੀਂ ਦੇਵਾਂਗੇ। ਜੇ ਉਹ ਨਫਰਤ ਫੈਲਾਉਂਦੇ ਹਨ, ਤਾਂ ਅਸੀਂ ਇਸ ਦਾ ਜਵਾਬ ਪਿਆਰ ਨਾਲ ਦੇਵਾਂਗੇ।

### ਜਬੈ ਬਾਣੁ ਲਾਗਿਓ...

ਕਿਰਤੀਆਂ ਦੀਆਂ ਹੱਕੀ ਮੰਗਾਂ ਲਈ ਮਜ਼ਦੂਰਾਂ ਦਾ ਸਾਂਝਾ ਮੋਰਚਾ ਲਗਾਤਾਰ ਸੰਘਰਸ਼ ਦੇ ਪਿੜ ਵਿੱਚ ਹੈ। ਸਰਕਾਰੀ ਪੱਖ ਦੀ ਹਾਲਤ ਇਹ ਹੈ ਕਿ ਮਜ਼ਦੂਰ ਵਰਗ ਦੀਆਂ ਮੰਗਾਂ ਵੱਲ ਜਾਂ ਤਾਂ ਗੰਭੀਰਤਾ ਨਾਲ ਤਵੱਜੋ ਨਹੀਂ ਦਿੱਤੀ ਜਾਂਦੀ ਜਾਂ ਫਿਰ ਸਭ ਤੋਂ ਵੱਧ ਲਿਤਾੜੇ ਹੋਏ ਇਸ ਵਰਗ ਦੀ ਪੀੜ ਦਾ ਕੋਈ ਅਹਿਸਾਸ ਨਹੀਂ ਹੈ।

ਹੱਕੀ ਮੰਗਾਂ ਦੇ ਨਿਪਟਾਰੇ ਲਈ ਉੱਚ ਪੱਧਰੀ ਮੀਟਿੰਗ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਮੰਗ ਕੀਤੀ ਗਈ ਕਿ ਵੀ ਬੀ ਜੀ ਗ੍ਰਾਮਜ਼ ਕਾਨੂੰਨ ਰੱਦ ਕਰਕੇ ਮਨਰੇਗਾ ਨੂੰ ਬਹਾਲ ਕੀਤਾ ਜਾਵੇ। ਕਿਰਤੀਆਂ ਨੂੰ 700 ਰੁਪਏ ਦੀ ਦਿਹਾੜੀ ਨਾਲ ਸਾਰਾ ਸਾਲ ਕੰਮ ਦੇਣਾ ਯਕੀਨੀ ਬਣਾਇਆ ਜਾਵੇ। ਕੰਮ ਦੇ ਅਧਿਕਾਰ ਨੂੰ ਮੌਲਿਕ ਅਧਿਕਾਰਾਂ ਵਿੱਚ ਸ਼ਾਮਲ ਕੀਤਾ ਜਾਵੇ। ਬੁਢਾਪਾ, ਵਿਧਵਾ, ਅੰਗਹੀਣ ਤੇ ਆਸ਼ਰਿਤ ਪੈਨਸ਼ਨ ਘੱਟੋ-ਘੱਟ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇ। ਨਜ਼ੂਲ ਜ਼ਮੀਨਾਂ ਦੇ ਮਾਲਕੀ ਹੱਕ ਮਜ਼ਦੂਰਾਂ ਨੂੰ ਦਿੱਤੇ ਜਾਣ ਅਤੇ ਇਨ੍ਹਾਂ ਉੱਪਰ ਧਨਾਡਾਂ ਦੇ ਕੀਤੇ ਕਬਜ਼ੇ ਹਟਾਏ ਜਾਣ। ਸਾਰੇ ਲੋੜਵੰਦ ਮਜ਼ਦੂਰਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਅਤੇ ਮਕਾਨ ਉਸਾਰੀ ਲਈ ਪੰਜ ਲੱਖ ਰੁਪਏ ਪ੍ਰਤੀ ਪਰਵਾਰ ਗਰਾਂਟ ਦਿੱਤੀ ਜਾਵੇ। ਦਿੱਤੇ ਗਏ ਮੰਗ ਪੱਤਰ ਵਿੱਚ ਹੋਰ ਅਹਿਮ ਮੰਗਾਂ ਦੇ ਨਾਲ ਇਹ ਵੀ ਮੰਗ ਕੀਤੀ ਗਈ ਹੈ ਕਿ ਜਮਹੂਰੀ ਢੰਗ ਨਾਲ ਸੰਘਰਸ਼ ਕਰ ਰਹੇ ਲੋਕਾਂ 'ਤੇ ਪੁਲਸ ਜਬਰ ਬੰਦ ਕੀਤਾ ਜਾਵੇ। ਕਾਰਪੋਰੇਟ ਵਿਕਾਸ ਮਾਡਲ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਮਜ਼ਦੂਰ ਆਗੂਆਂ ਨੇ ਕਿਹਾ ਕਿ ਨਿੱਜੀਕਰਨ, ਸੰਸਾਰੀਕਰਨ ਤੇ ਉਦਾਰੀਕਰਨ ਨੀਤੀਆਂ ਲੋਕਾਂ ਦੀ ਭਲਾਈ ਵਾਲੀਆਂ ਨਹੀਂ ਹਨ।

### ਪੀ ਆਰ ਟੀ ...

ਸਰਕਾਰ ਵੱਲੋਂ ਸੋਧੇ ਟੀ ਏ / ਡੀ ਏ ਰੇਟਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ। ਪਹਿਲੀ ਜਨਵਰੀ 2004 ਤੋਂ ਪਹਿਲਾਂ ਭਰਤੀ ਹੋਏ ਕਰਮਚਾਰੀਆਂ ਨੂੰ ਪੈਨਸ਼ਨ ਸਕੀਮ ਵਿੱਚ ਸ਼ਾਮਲ ਕੀਤਾ ਜਾਵੇ, ਐੱਨ ਪੀ ਐੱਸ ਸਕੀਮ ਲਾਗੂ ਕੀਤੀ ਜਾਵੇ, ਪੇ ਕਮਿਸ਼ਨ ਦੇ ਬਕਾਏ, ਮੈਡੀਕਲ ਬਿੱਲ ਅਤੇ ਹੋਰ ਹਰ ਕਿਸਮ ਦੇ ਬਕਾਏ ਅਦਾ ਕੀਤੇ ਜਾਣ, ਪੰਜਾਬ ਸਰਕਾਰ ਵੱਲ ਮੁਫ਼ਤ ਸਫਰ ਸਹੂਲਤਾਂ ਬਦਲੇ ਬਣਦੇ 700 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦਿੱਤੀ ਜਾਵੇ, ਪੀ ਆਰ ਟੀ ਸੀ ਦੀਆਂ ਮਾਲਕੀ ਦੀਆਂ 400 ਨਵੀਂਆਂ ਬੱਸਾਂ ਪਾਈਆਂ ਜਾਣ, ਵਰਕਰਾਂ ਦੀਆਂ ਬਣਦੀਆਂ ਤਰੱਕੀਆਂ ਬਿਨਾਂ ਦੇਰੀ ਕੀਤੀਆਂ ਜਾਣ। ਸੇਵਾ-ਮੁਕਤ ਕਰਮਚਾਰੀਆਂ ਨੂੰ 2 ਸਾਲ ਬਾਅਦ ਇੱਕ ਬੇਸਿਕ ਪੇਅ ਦੇ ਬਰਾਬਰ ਬਣਦੀ ਯਾਤਰਾ ਭੱਤਾ ਦਿੱਤਾ ਜਾਵੇ ਅਤੇ 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ ਰਹਿ ਗਏ ਸੇਵਾ-ਮੁਕਤ ਕਰਮਚਾਰੀਆਂ ਨੂੰ ਪੈਨਸ਼ਨ ਸਕੀਮ ਦਾ ਲਾਭ ਦਿੱਤਾ ਜਾਵੇ।

# ਟਿਊਬਵੈੱਲਾਂ ਦੀ ਸਪਲਾਈ 'ਚ ਕਟੌਤੀ ਕਾਰਨ ਝੋਨੇ ਸੁੱਕਣੇ ਸ਼ੁਰੂ

## 8 ਘੰਟੇ ਨਿਰੰਤਰ ਸਪਲਾਈ ਲਈ ਨਿਗਰਾਨ ਅਧਿਕਾਰੀ ਨੂੰ ਦਿੱਤਾ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਖੇਤਾਂ ਵਿੱਚ ਝੋਨੇ ਸੁੱਕਣੇ ਸ਼ੁਰੂ ਹੋ ਗਏ ਹਨ, ਕਿਉਂਕੀ ਪਿਛਲੇ ਕਈ ਦਿਨਾਂ ਤੋਂ ਖੇਤਾਂ ਵਾਲੀ ਲਾਈਟ ਦੇ ਲੰਬੇ ਲੰਬੇ ਕੱਟ ਲੱਗ ਰਹੇ ਹਨ, ਜਿਸ ਕਰਕੇ ਇਲਾਕੇ ਵਿੱਚ ਸੋਕੇ ਵਰਗੇ ਹਾਲਾਤ ਹੋ ਗਏ ਹਨ।ਇਸ ਸਬੰਧ ਵਿੱਚ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਮੋਗਾ ਕਮੇਟੀ ਨੇ ਨਿਗਰਾਨ ਅਧਿਕਾਰੀ ਸਿਟੀ ਮੋਗਾ ਬਲਬੀਰ ਸਿੰਘ ਸਰਾਂ ਨੂੰ ਮੰਗ-ਪੱਤਰ ਦਿੱਤਾ ਗਿਆ, ਕਿਉਂਕਿ ਖੇਤਾਂ ਵਾਲੀ ਬਿਜਲੀ 5 ਦਿਨਾਂ ਤੋਂ ਪਾਵਰ ਕੱਟ ਕਾਰਨ ਬੰਦ ਹੈ।ਜ਼ਿਲ੍ਹਾ ਮੀਤ ਪ੍ਰਧਾਨ ਜਸਪਾਲ ਸਿੰਘ ਪੁਰਾਣੇ ਵਾਲਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸਰਕਾਰ ਨੂੰ ਫੈਕਟਰੀ ਖੇਤਰ ਤੇ ਸ਼ਹਿਰੀ ਖੇਤਰ 'ਤੇ ਪਾਵਰ ਕੱਟ ਲਗਾ ਕੇ ਖੇਤਾਂ ਵਾਲੀ ਸਪਲਾਈ ਪੂਰੀ ਦੇਣੀ ਚਾਹੀਦੀ ਹੈ, ਕਿਉਂਕਿ ਇਸ ਸਾਲ ਬਾਰਸ਼ ਵਿੱਚ ਕਾਫੀ ਕਮੀ ਆਈ ਹੈ, ਜੋ ਕਿ 7 ਦਿਨ ਦੇ ਵੱਡੇ ਸੋਕੇ ਤੋਂ ਬਾਅਦ ਝੋਨੇ ਖਰਾਬ ਹੋ ਰਹੇ ਹਨ।ਪ੍ਰੈੱਸ ਸਕੱਤਰ ਤੀਰਥਵਿੰਦਰ ਸਿੰਘ ਘੱਲ ਕਲਾਂ ਨੇ ਦੱਸਿਆ ਕਿ ਜੇਕਰ ਸਰਕਾਰ ਤੇ ਬਿਜਲੀ ਮਹਿਕਮੇ ਵੱਲੋਂ ਇਸ ਮੰਗ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡਾ ਸੰਘਰਸ਼ ਉਲੀਕਿਆ ਜਾਵੇਗਾ।ਇਸ ਮੌਕੇ ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਮੋਹਨ ਸਿੰਘ ਡਾਲਾ, ਅਵਤਾਰ ਸਿੰਘ ਡਾਲਾ, ਊਧਮ ਸਿੰਘ ਬੁੱਘੀਪੁਰਾ ਆਦਿ ਹਾਜ਼ਰ ਸਨ।

# ਹੱਡੀਆਂ ਤੇ ਜੋੜਾਂ ਦੇ ਰੋਗਾਂ ਸੰਬੰਧੀ ਮੁਫ਼ਤ ਮੈਡੀਕਲ ਕੈਂਪ



**ਭਵਾਨੀਗੜ੍ਹ (ਰਾਜ ਖੁਰਮੀ)**-ਪਿੰਡ ਗੁਰਦੁਆਰਾ ਸ੍ਰੀ ਘਨੌੜ ਸਾਹਿਬ (ਪਾਤਸ਼ਾਹੀ ਪਹਿਲੀ, ਛੇਵੀਂ ਤੇ ਨੌਵੀਂ) ਵਿਖੇ ਰਹਿਬਰ ਚੈਰੀਟੇਬਲ ਹਸਪਤਾਲ ਦੇ ਸਹਿਯੋਗ ਨਾਲ ਹੱਡੀਆਂ ਤੇ ਜੋੜਾਂ ਦੇ ਰੋਗਾਂ ਸਬੰਧੀ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਾਇਆ ਗਿਆ।ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇ ਇਸ ਕੈਂਪ ਵਿੱਚ ਇਲਾਕੇ ਦੇ ਸੈਂਕੜੇ ਲੋਕਾਂ ਨੇ ਸਿਹਤ ਸੇਵਾਵਾਂ ਦਾ ਲਾਭ ਉਠਾਇਆ।ਕੈਂਪ ਦੌਰਾਨ ਮਾਹਿਰ ਹੱਡੀ ਰੋਗ ਮਾਹਿਰਾਂ ਨੇ ਗੋਡਿਆਂ, ਮੋਢਿਆਂ, ਚੂਲੇ, ਗਰਦਨ, ਰੀੜ੍ਹ ਦੀ ਹੱਡੀ ਦੇ ਦਰਦ, ਗਠੀਆ ਤੇ ਜੋੜਾਂ ਨਾਲ ਸਬੰਧਤ ਹੋਰ ਬਿਮਾਰੀਆਂ ਦੀ ਜਾਂਚ ਕਰਕੇ ਮਰੀਜ਼ਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਦਿੱਤੀ।ਮਰੀਜ਼ਾਂ ਨੂੰ ਕਸਰਤ, ਸੰਤੁਲਤ ਖੁਰਾਕ ਤੇ ਬਿਮਾਰੀਆਂ ਤੋਂ ਬਚਾਅ ਸਬੰਧੀ ਜਾਣਕਾਰੀ ਵੀ ਦਿੱਤੀ ਗਈ।ਲੋੜਵੰਦ ਮਰੀਜ਼ਾਂ ਲਈ ਵਿਸ਼ੇਸ਼ ਛੂਟ ਤੇ ਇਲਾਜ ਦੀ ਸਹੂਲਤ ਵੀ ਉਪਲਬਧ ਕਰਾਈ ਗਈ।ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨੁਮਾਇੰਦਿਆਂ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਸਿੱਖ ਧਰਮ ਦੀ ਮਹਾਨ ਪਰੰਪਰਾ ਹੈ ਅਤੇ ਇਸੇ ਭਾਵਨਾ ਤਹਿਤ ਸਮੇਂ-ਸਮੇਂ 'ਤੇ ਲੋਕ ਭਲਾਈ ਲਈ ਸਿਹਤ ਕੈਂਪ ਲਾਏ ਜਾਂਦੇ ਹਨ।ਉਨ੍ਹਾਂ ਕੈਂਪ ਨੂੰ ਸਫ਼ਲ ਬਣਾਉਣ ਲਈ ਡਾਕਟਰਾਂ, ਸੇਵਾਦਾਰਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

# ਬਿਜਲੀ ਤੋਂ ਦੁਖੀ ਕਿਸਾਨਾਂ ਵੱਲੋਂ ਬੱਧਨੀ ਕਲਾਂ ਗਰਿੱਡ ਮੂਹਰੇ ਧਰਨਾ



**ਬੱਧਨੀ ਕਲਾਂ (ਲਵਲੀ ਕੁਮਾਰ)**-ਖੇਤੀਬਾੜੀ ਲਈ ਬਿਜਲੀ ਦੀ ਅਣਨਿਯਮਤ ਸਪਲਾਈ ਤੇ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਤੋਂ ਨਾਰਾਜ਼ ਕਿਸਾਨਾਂ ਵੱਲੋਂ ਕੁੱਲ ਹਿੰਦ ਕਿਸਾਨ ਸਭਾ ਤੇ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਬੱਧਨੀ ਕਲਾਂ ਬਿਜਲੀ ਗਰਿੱਡ ਦੇ ਮੂਹਰੇ ਧਰਨਾ ਲਾਇਆ ਗਿਆ।ਧਰਨੇ ਦੌਰਾਨ ਕਿਸਾਨਾਂ ਨੇ ਬਿਜਲੀ ਵਿਭਾਗ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਮੰਗਾਂ ਉਠਾਈਆਂ।ਕਿਸਾਨ ਆਗੂਆਂ ਨੇ ਕਿਹਾ ਕਿ ਖੇਤੀ ਸੀਜ਼ਨ ਦੌਰਾਨ ਵਾਰ-ਵਾਰ ਲੱਗ ਰਹੇ ਬਿਜਲੀ ਕੱਟਾਂ ਕਾਰਨ ਫ਼ਸਲਾਂ ਦੀ ਸਿੰਚਾਈ ਪ੍ਰਭਾਵਤ ਹੋ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਤੇ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਨਿਰਵਿਘਨ ਤੇ ਨਿਰਧਾਰਤ ਸਮੇਂ ਅਨੁਸਾਰ ਬਿਜਲੀ ਸਪਲਾਈ ਦਿੱਤੀ ਜਾਵੇ।ਧਰਨਾਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਰਹੇ।

# ਬਿਜਲੀ ਸਪਲਾਈ 'ਚ ਫੌਰੀ ਸੁਧਾਰ ਨਾ ਹੋਇਆ ਤਾਂ ਹੋਵੇਗਾ ਜ਼ਿਲ੍ਹਾ ਪੱਧਰੀ ਐਕਸ਼ਨ : ਸੰਯੁਕਤ ਕਿਸਾਨ ਮੋਰਚਾ



**ਮਾਨਸਾ (ਆਤਮਾ ਸਿੰਘ ਪਮਾਰ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮਾਨਸਾ ਦੇ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ, ਰਾਮ ਸਿੰਘ ਭੈਣੀ ਬਾਘਾ, ਗੁਰਨਾਮ ਸਿੰਘ ਭੀਖੀ, ਕੁਲਦੀਪ ਸਿੰਘ ਚੱਕ ਅਲੀਸ਼ੇਰ, ਅਮਰੀਕ ਸਿੰਘ ਫਫੜੇ, ਪ੍ਰਸ਼ੋਤਮ ਸਿੰਘ ਗਿੱਲ, ਰੂਪ ਸਿੰਘ ਢਿੱਲੋਂ, ਧੰਨਾ ਮੱਲ ਗੋਇਲ ਆਦਿ ਤੇ ਹੋਰ ਆਗੂਆਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਰਕਾਰ ਤੇ ਪੀ ਐੱਸ ਪੀ ਸੀ ਐੱਲ ਦੇ ਅਧਿਕਾਰੀਆਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬਿਜਲੀ ਦੀ ਸਪਲਾਈ ਵਿੱਚ ਫੌਰੀ ਤੌਰ 'ਤੇ ਸੁਧਾਰ ਨਾ ਕੀਤਾ ਗਿਆ ਤਾਂ ਮੋਰਚਾ ਐਮਰਜੈਂਸੀ ਮੀਟਿੰਗ ਬੁਲਾ ਕੇ ਜ਼ਿਲ੍ਹਾ ਪੱਧਰੀ ਤਿੱਖਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗਾ, ਜਿਸ ਦੀ ਸਮੁੱਚੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਹੋਵੇਗੀ।ਜ਼ਿਕਰਯੋਗ ਹੈ ਕਿ ਇਸ ਸਮੇਂ ਝੋਨੇ ਦੀ ਫ਼ਸ ਦਾ ਸੀਜ਼ਨ ਪੂਰੇ ਜ਼ੋਰਾਂ 'ਤੇ ਹੈ ਤੇ ਕਿਸਾਨਾਂ ਨੂੰ ਸਿੰਚਾਈ ਲਈ ਬਿਜਲੀ ਦੀ ਅਤਿਅੰਤ ਲੋੜ ਹੈ, ਪਰ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਬਿਜਲੀ ਸਪਲਾਈ ਸਪਲਾਈ ਪ੍ਰਭਾਵਿਤ ਹੋਣ ਕਾਰਨ ਕਿਸਾਨ ਬੇਹੱਦ ਚਿੰਤਾ 'ਚ ਹਨ।ਬਿਜਲੀ ਦੇ ਲੰਮੇ-ਲੰਮੇ ਕੱਟਾਂ ਕਾਰਨ ਝੋਨੇ ਦੀ ਲਵਾਈ ਵੀ ਪਛੜ ਰਹੀ ਹੈ।ਉਨ੍ਹਾਂ ਕਿਹਾ ਕਿ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਨਾ ਬਣਾਈ ਗਈ ਤਾਂ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪਵੇਗਾ।ਕਿਸਾਨ ਪਹਿਲਾਂ ਹੀ ਸਰਕਾਰ ਦੀਆਂ ਮਾਰੂ ਨੀਤੀਆਂ ਕਾਰਨ ਆਰਥਿਕ ਮੰਦਹਾਲੀ ਦਾ ਸ਼ਿਕਾਰ ਹਨ, ਉੱਪਰੋਂ ਬਿਜਲੀ ਦੀ ਮਾਰ ਉਨ੍ਹਾਂ ਦੀ ਕਮਰ ਤੋੜ ਦੇਵੇਗੀ।

# ਸਰਕਾਰੀ ਸਕੀਮਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਇਆ ਜਾਵੇ : ਖ਼ਾਲਸਾ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜ਼ਿਲ੍ਹਾ ਵਿਕਾਸ ਤਾਲਮੇਲ ਤੇ ਮੋਨੀਟਰਿੰਗ ਕਮੇਟੀ (ਦਿਸ਼ਾ) ਦੀ ਇੱਕ ਅਹਿਮ ਮੀਟਿੰਗ ਲੋਕ ਸਭਾ ਮੈਂਬਰ ਸ੍. ਸਰਬਜੀਤ ਸਿੰਘ ਖ਼ਾਲਸਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਦੌਰਾਨ ਕੇਂਦਰ ਤੇ ਰਾਜ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ, ਜਿਵੇਂ ਕਿ ਮਗਨਰੇਗਾ, ਜਲ ਜੀਵਨ ਮਿਸ਼ਨ, ਪੀ. ਐੱਮ. ਆਵਾਸ ਯੋਜਨਾ, ਸਵੱਛ ਭਾਰਤ ਮਿਸ਼ਨ ਤੇ ਮਿੱਡ-ਡੇ ਮੀਲ ਸਮੇਤ ਕਈ ਵਿਕਾਸ ਕਾਰਜਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ।ਸੰਸਦ ਮੈਂਬਰ ਨੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨ੍ਹਾਂ ਵਿਕਾਸ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਹਰ ਇੱਕ ਯੋਗ ਨਾਗਰਿਕ ਤੇ ਲੋੜਵੰਦ ਪਰਿਵਾਰ ਤੱਕ ਬਿਨਾਂ ਕਿਸੇ ਪੱਖਪਾਤ ਦੇ ਲਾਜ਼ਮੀ ਤੌਰ 'ਤੇ ਪਹੁੰਚਾਇਆ ਜਾਵੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੰਦੀਪ ਮਲਹੋਤਰਾ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਸਾਰੀਆਂ ਯੋਜਨਾਵਾਂ ਨੂੰ ਇੰਨ-ਬਿੰਨ ਲਾਗੂ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਮੀਟਿੰਗ ਵਿੱਚ ਦਲੇਰ ਸਿੰਘ ਖ਼ਾਲਸਾ, ਸ਼ਿਵਜੀਤ ਸਿੰਘ ਸੰਘਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਵਨ ਕੁਮਾਰ ਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਗੁਰਪ੍ਰੀਤ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਹਾਜ਼ਰ ਸਨ।

# ਕੌਂਸਲਰ ਸਰਬਜੀਤ ਕੌਰ ਦੀ ਅਗਵਾਈ ਹੇਠ ਵਾਰਡ 'ਚ ਵਿਕਾਸ ਕਾਰਜਾਂ ਨੂੰ ਮਿਲੀ ਰ਼ਫਤਾਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨਗਰ ਕੌਂਸਲ ਸੁਨਾਮ ਦੇ ਵਾਰਡ ਨੰਬਰ 19 ਵਿੱਚ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਹਨ।ਵਾਰਡ ਕੌਂਸਲਰ ਮੈਡਮ ਸਰਬਜੀਤ ਕੌਰ ਤੇ ਸਾਬਕਾ ਕੌਂਸਲਰ ਵਿਕਰਮ ਵਿੱਕੀ ਦੀ ਅਗਵਾਈ ਹੇਠ ਵਾਰਡ ਦੇ ਇਲਾਕੇ ਵਿੱਚ ਵੱਖ-ਵੱਖ ਵਿਕਾਸ ਪ੍ਰੋਜੈਕਟਾਂ 'ਤੇ ਕੰਮ ਕੀਤਾ ਜਾ ਰਿਹਾ ਹੈ।ਇਨ੍ਹਾਂ ਵਿਕਾਸ ਕਾਰਜਾਂ ਤਹਿਤ ਗਲੀਆਂ ਤੇ ਨਾਲੀਆਂ ਦੀ ਮੁਰੰਮਤ, ਇੰਟਰਲਾਕਿੰਗ ਟਾਈਲਾਂ ਲਗਾਉਣ, ਸਫ਼ਾਈ ਪ੍ਰਬੰਧ ਨੂੰ ਹੋਰ ਮਜ਼ਬੂਤ ਕਰਨ ਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਲਈ ਕੰਮ ਜਾਰੀ ਹੈ।ਇਨ੍ਹਾਂ ਕਾਰਜਾਂ ਨਾਲ ਵਾਰਡ ਦੇ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੇਗੀ ਤੇ ਇਲਾਕੇ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ।ਕੌਂਸਲਰ ਮੈਡਮ ਸਰਬਜੀਤ ਕੌਰ ਤੇ ਵਿਕਰਮ ਵਿੱਕੀ ਨੇ ਕਿਹਾ ਕਿ ਵਾਰਡ ਦੇ ਹਰ ਹਿੱਸੇ ਦਾ ਬਰਾਬਰ ਵਿਕਾਸ ਕਰਨਾ ਉਨ੍ਹਾਂ ਦੀ ਪਹਿਲ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਦੇ ਹੋਏ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ।ਵਾਰਡ ਵਾਸੀਆਂ ਨੇ ਚੱਲ ਰਹੇ ਵਿਕਾਸ ਕਾਰਜਾਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਨਗਰ ਕੌਂਸਲਰ ਸਰਬਜੀਤ ਕੌਰ ਤੇ ਸਾਬਕਾ ਕੌਂਸਲਰ ਵਿਕਰਮ ਵਿੱਕੀ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

## ਵਿਦੇਸ਼ੀ ਪਿਸਤੌਲ ਤੇ ਹੈਰੋਇਨ ਸਮੇਤ ਨੌਜਵਾਨ ਕਾਬੂ

**10 ਗਰਾਮ ਹੈਰੋਇਨ, ਗਲੋਕ ਪਿਸਤੌਲ, ਪੰਜ ਜ਼ਿੰਦਾ ਰੌਂਦ ਤੇ ਬਿਨਾਂ ਨੰਬਰੀ ਮੋਟਰਸਾਈਕਲ ਬਰਾਮਦ**



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਡੇਰਾ ਬਾਬਾ ਨਾਨਕ ਪੁਲਿਸ ਵੱਲੋਂ ਵਿਦੇਸ਼ੀ ਪਿਸਤੌਲ ਤੇ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕਰਨ ਵਿੱਚ ਵੱਡੀ ਸਫਲਤਾ ਹਾਸਿਲ ਕੀਤੀ ਹੈ। ਫੜੇ ਗਏ ਵਿਅਕਤੀ ਦੀ ਪਹਿਚਾਣ ਬਲਵਿੰਦਰ ਸਿੰਘ ਉਰਫ ਬਿੱਲੀ ਪੁੱਤਰ ਗੁਰਦੀਪ ਸਿੰਘ ਵਾਸੀ ਕਾਹਲਾਂਵਾਲੀ ਡੇਰਾ ਬਾਬਾ ਨਾਨਕ ਵਜੋ ਹੋਈ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਹੋਇਆਂ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਐਸਐਚਓ ਅਸ਼ੋਕ ਕੁਮਾਰ ਨੇ ਦੱਸਿਆ ਕਿ ਸਬ ਇੰਸਪੈਕਟਰ ਕਲਾਸ ਚੰਦਰ ਵੱਲੋਂ ਪੁਲਿਸ ਪਾਰਟੀ ਸਮੇਤ ਪਿੰਡ ਵੈਰੋਕੇ ਵਿਖੇ ਗਸਤ ਕੀਤੀ ਜਾ ਰਹੀ ਸੀ ਜਿਸ ਦੌਰਾਨ ਇੱਕ ਬਿਨਾਂ ਨੰਬਰੀ ਮੋਟਰਸਾਈਕਲ ਤੇ ਸਵਾਰ ਨੌਜਵਾਨ ਦੀ ਤਲਾਸੀ ਲਈ ਗਈ ਤਾਂ ਉਸ ਕੋਲੋਂ ਇੱਕ ਵਿਦੇਸ਼ੀ ਪਿਸਤੌਲ ਗਲੋਕ 30 ਬੋਰ ਪੀ ਐਕਸ 5, ਇੱਕ ਮੈਗਜ਼ੀਨ,5 ਜਿੰਦਾ ਰੌਂਦ,ਬਿਨਾਂ ਨੰਬਰੀ ਮੋਟਰਸਾਈਕਲ ਅਤੇ 10 ਗਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ।ਉਹਨਾਂ ਦੱਸਿਆ ਕਿ ਉਕਤ ਵਿਅਕਤੀ ਦੇ ਖਿਲਾਫ ਪਹਿਲਾਂ ਵੀ ਕਈ ਅਪਰਾਧਕ ਮਾਮਲੇ ਦਰਜ ਹਨ। ਐਸਐਚਓ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਬਲਵਿੰਦਰ ਸਿੰਘ ਉਰਫ ਬਿੱਲੀ ਪੁੱਤਰ ਗੁਰਦੀਪ ਸਿੰਘ ਵਾਸੀ ਕਾਹਲਾਂਵਾਲੀ ਦੇ ਖਿਲਾਫ ਐਨਡੀਪੀਐਸ ਅਤੇ ਨਜਾਇਜ਼ ਅਸਲੇ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਇਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਜਿਸ ਦੌਰਾਨ ਹੋਰ ਵੀ ਕਈ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਤਰਕਸ਼ੀਲ ਸੁਸਾਇਟੀ ਵੱਲੋਂ ਸਿੱਖਿਆ ਦੇ ਭਗਵੇਂਕਰਨ ਦੀ ਫ਼ਿਰਕੂ ਰਾਜਨੀਤੀ ਨੂੰ ਰੱਦ ਕਰਨ ਦੀ ਮੰਗ

**ਅੰਮ੍ਰਿਤਸਰ (ਜਸਸਬੀਰ ਸਿੰਘ ਪੱਟੀ)-** ਤਰਕਸ਼ੀਲ ਸੁਸਾਇਟੀ ਪੰਜਾਬ ਨੇ ਐੱਨਸੀਈਆਰਟੀ ਵੱਲੋਂ ਨੌਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਸੋਧੀ ਹੋਈ ਪੁਸਤਕ 'ਚੋਂ ਫਰਾਂਸੀਸੀ ਅਤੇ ਰੂਸ ਦੇ ਇਨਕਲਾਬ ਅਤੇ ਨਾਜ਼ੀਵਾਦ ਦੇ ਉਭਾਰ ਸਬੰਧੀ ਅਧਿਆਏ ਬਾਹਰ ਕੱਢਣ ਅਤੇ

**● ਸੰਵਿਧਾਨ ਦੀ ਧਾਰਾ 51-ਏ (ਐੱਚ) ਦੀ ਸਿੱਧੀ ਉਲੰਘਣਾ ਕਰ ਰਹੀ ਮੋਦੀ ਸਰਕਾਰ**



ਅੰਧ ਵਿਸ਼ਵਾਸ਼ ਨੂੰ ਬੜ੍ਹਾਵਾ ਦਿੰਦੇ ਪੁਰਾਤਨ ਵੈਦਿਕ ਗ੍ਰੰਥਾਂ ਵਿੱਚ ਦਰਜ ਮਿਥਿਹਾਸਕ ਅਤੇ ਰੂੜੀਵਾਦੀ ਵਿਸ਼ਾ ਵਸਤੂ ਨੂੰ ਸ਼ਾਮਲ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਿੱਖਿਆ ਦੇ ਭਗਵਾਂਕਰਨ ਦੀ ਫ਼ਿਰਕੂ ਰਾਜਨੀਤੀ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਜੋਗਿੰਦਰ ਕੁੱਲੇਵਾਲ, ਸੁਮੀਤ ਅੰਮ੍ਰਿਤਸਰ ਅਤੇ ਮਾਸਟਰ ਸੁਰਜੀਤ ਟਿੱਬਾ ਨੇ ਪ੍ਰਤੀਕਰਮ ਜਾਰੀ ਕਰਦਿਆਂ ਕਿਹਾ ਕਿ ਸਿੱਖਿਆ ਦਾ ਮੁੱਖ ਮਕਸਦ ਵਿਦਿਆਰਥੀਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ, ਖੋਜੀ ਬਿਰਤੀ, ਸਵੈ ਵਿਸ਼ਵਾਸ, ਆਪਸੀ ਮਿਲਵਰਤਨ, ਭਾਈਚਾਰਕ ਸਾਂਝ ਅਤੇ ਆਪਣੇ ਬੁਨਿਆਦੀ ਹੱਕਾਂ ਲਈ ਸੰਘਰਸ਼ ਕਰਨ ਦੀ ਸੋਚ ਵਿਕਸਤ ਕਰਨਾ ਹੈ ਪਰ ਮੋਦੀ ਸਰਕਾਰ ਆਰਐੱਸਐੱਸ-ਭਾਜਪਾ ਦੇ ਰਾਜਸੀ ਤੇ ਫ਼ਿਰਕੂ ਏਜੰਡੇ ਹੇਠ ਇਤਿਹਾਸ ਨੂੰ ਫ਼ਿਰਕੂ ਪੈਂਤੜੇ ਤੋਂ ਤੋੜ ਮਰੋੜ ਕੇ ਵਿਦਿਆਰਥੀਆਂ ਵਿੱਚ ਅੰਧ ਵਿਸ਼ਵਾਸ, ਰੂੜੀਵਾਦ, ਮਿਥਿਹਾਸ, ਫਿਰਕਾਪ੍ਰਸਤੀ, ਜਾਤੀਵਾਦ ਅਤੇ ਅੰਧ ਰਾਸ਼ਟਰਵਾਦ ਦੀ ਪਿਛਾਂਹ ਖਿੱਚੂ ਸੋਚ ਭਰ ਕੇ ਉਨ੍ਹਾਂ ਦੇ ਦਿਮਾਗਾਂ ਨੂੰ ਖੁੰਢਿਆਂ ਕਰ ਰਹੀ ਹੈ ਜਿਸਦਾ ਅਧਿਆਪਕ, ਵਿਦਿਆਰਥੀਆਂ ਅਤੇ ਮਾਪਿਆਂ ਦੀਆਂ ਜੱਥੇਬੰਦੀਆਂ ਨੂੰ ਡਟਵਾਂ ਵਿਰੋਧ ਕਰਨ ਦੀ ਲੋੜ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਭਾਰਤੀ ਸੰਵਿਧਾਨ ਦੀ ਧਾਰਾ 51- ਏ ( ਐੱਚ) ਦੇ ਵਿਗਿਆਨਕ ਦ੍ਰਿਸ਼ਟੀਕੋਣ ਤਹਿਤ ਵਿਦਿਆਰਥੀਆਂ ਨੂੰ ਫਰਾਂਸ, ਰੂਸ, ਚੀਨ ਅਤੇ ਕਿਊਬਾ ਦੇ ਇਨਕਲਾਬਾਂ ਸਮੇਤ ਕੌਮੀ ਤੇ ਕੌਮਾਂਤਰੀ ਪੱਧਰ ਦੇ ਸਾਰੇ ਵਿਸ਼ਿਆਂ ਅਤੇ ਘਟਨਾਵਾਂ ਬਾਰੇ ਜਾਣਨ ਅਤੇ ਸਮਝਣ ਦਾ ਪੂਰਾ ਸੰਵਿਧਾਨਿਕ ਹੱਕ ਹੈ ਜਿਸਤੋਂ ਉਨ੍ਹਾਂ ਨੂੰ ਵਾਂਝਿਆਂ ਨਹੀਂ ਕੀਤਾ ਜਾ ਸਕਦਾ ਅਤੇ ਅਜਿਹਾ ਕਰਨਾ ਵਿਦਿਆਰਥੀਆਂ ਦੀ ਵਿਗਿਆਨਕ ਮਾਨਸਿਕਤਾ ਅਤੇ ਭਵਿੱਖ ਨਾਲ ਬਹੁਤ ਵੱਡਾ ਖਿਲਵਾੜ ਹੈ।ਸੂਬਾ ਕਮੇਟੀ ਆਗੂਆਂ ਮਾਸਟਰ ਸੁਰਜੀਤ ਟਿੱਬਾ, ਜਸਵਿੰਦਰ ਫਗਵਾੜਾ, ਜਸਵੰਤ ਮੁਹਾਲੀ, ਸੁਖਵਿੰਦਰ ਬਾਗਪੁਰ ਅਤੇ ਰਾਮ ਸਵਰਨ ਲੱਖੇਵਾਲੀ ਨੇ ਦੋਸ਼ ਲਾਇਆ ਕਿ ਪਿਛਲੇ ਸਾਲਾਂ ਵਿੱਚ ਵੀ ਮੋਦੀ ਸਰਕਾਰ ਵੱਲੋਂ ਵਿਦਿਆਰਥੀਆਂ ਉਤੇ ਬੋਝ ਘਟਾਉਣ ਦੇ ਬਹਾਨੇ ਕੌਮੀ ਸਿੱਖਿਆ ਨੀਤੀ-2020 ਹੇਠ ਸਿੱਖਿਆ ਦੇ ਭਗਵੇਂਕਰਨ, ਨਿੱਜੀਕਰਨ ਅਤੇ ਵਪਾਰੀਕਰਨ ਤਹਿਤ ਆਪਣੇ ਹਿੰਦੂ ਰਾਸ਼ਟਰ ਦੇ ਫ਼ਿਰਕੂ ਏਜੰਡੇ ਹੇਠ ਵਿਗਿਆਨਕ ਸਿਧਾਂਤਾਂ ਅਤੇ ਸੰਘਰਸ਼ਾਂ ਦੇ ਸ਼ਾਨਾਮੱਤੇ ਇਤਿਹਾਸ ਨੂੰ ਸਿੱਖਿਆ ਸਿਲੇਬਸ 'ਚੋਂ ਮਨਫ਼ੀ ਕਰਕੇ ਡਾਰਵਿਨ ਦੇ ਜੀਵ ਵਿਕਾਸ ਦੇ ਸਿਧਾਂਤ ਸਮੇਤ ਪਿਛਲੇ ਸਮੇਂ ਵਿੱਚ ਐਨ ਸੀ ਈ ਆਰ ਟੀ ਦੇ ਸਿਲੇਬਸ 'ਚੋਂ ਡਾਰਵਿਨ ਦੇ ਜੀਵ ਵਿਕਾਸ ਦੇ ਸਿਧਾਂਤ, ਮਨੁੱਖ ਦੀ ਉਤਪਤੀ, ਜਮਹੂਰੀਅਤ, ਫੈਡਰਲ ਢਾਂਚੇ ਦੀ ਅਹਿਮੀਅਤ, ਧਰਮ ਨਿਰਪੱਖਤਾ, ਅਵਤਾਰ ਪਾਸ਼ ਦੀ ਇਨਕਲਾਬੀ ਕਵਿਤਾ 'ਸਭ ਤੋਂ ਖ਼ਤਰਨਾਕ', ਗੁਜਰਾਤ ਕਤਲੇਆਮ, ਬਾਬਰੀ ਮਸਜਿਦ ਢਾਹੁਣਾ, ਆਰ.ਐੱਸ.ਐੱਸ.ਉਤੇ ਪਾਬੰਦੀ, ਮੁਗ਼ਲ ਕਾਲ ਅਤੇ ਹੋਰਨਾਂ ਲੋਕਪੱਖੀ ਵਿਗਿਆਨਕ ਅਤੇ ਇਤਿਹਾਸਿਕ ਪਾਠਕ੍ਰਮਾਂ ਨੂੰ ਸਿਲੇਬਸ 'ਚੋਂ ਬਾਹਰ ਕੱਢਿਆ ਗਿਆ ਹੈ।

## ਵਜ਼ੀਰ ਭੁੱਲਰ ਤੇ ਦੌਲੋ ਨੰਗਲ ਵਿਖੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ



**ਬਿਆਸ (ਪਰਮਜੀਤ ਸਿੰਘ ਰੱਖੜਾ)** ਭਾਰਤ ਵਿੱਚ ਸਮੇਂ-ਸਮੇਂ 'ਤੇ ਪੋਲੀਓ ਦਿਵਸ ਦੇ ਰੂਪ ਵਿੱਚ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਜਾਂਦੀਆਂ ਹਨ। ਇਸ ਅਭਿਆਨ ਦੇ ਤਹਿਤ ਪਿੰਡ ਵਜ਼ੀਰ ਭੁੱਲਰ ਵਿੱਚ ਗੁਰਦੁਆਰਾ ਬਾਬਾ ਭਾਈ ਭਾਨਾ ਜੀ ਵਿਖੇ ਸਰਬਜੀਤ ਕੌਰ, ਸੁਰੇਸ਼ ਰਾਣੀ, ਜਸਵਿੰਦਰ ਕੌਰ (ਸਾਰੀਆਂ ਆਸ਼ਾ ਵਰਕਰ) ਅਤੇ ਮਨਜੀਤ ਕੌਰ ਆਂਗਣਵਾੜੀ ਵਰਕਰ ਨੇ ਸਾਂਝੇ ਤੌਰ 'ਤੇ ਕੈਂਪ ਲਗਾਇਆ ਅਤੇ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ। ਇਸ ਮੁਹਿੰਮ ਤਹਿਤ ਹੀ ਪਿੰਡ ਦੌਲੋ ਨੰਗਲ ਵਿਖੇ ਸੁਪਰਵਾਈਜ਼ਰ ਬਿਕਰਮਜੀਤ ਸਿੰਘ, ਸੁਖਵਿੰਦਰ ਕੌਰ, ਚਰਨਜੀਤ ਕੌਰ, ਰਣਜੀਤ ਕੌਰ (ਸਾਰੀਆਂ ਆਸ਼ਾ ਵਰਕਰ) ਅਤੇ ਲਖਵਿੰਦਰ ਕੌਰ, ਕੁਲਬੀਰ ਕੌਰ (ਆਂਗਣਵਾੜੀ ਵਰਕਰ) ਨੇ ਛੋਟੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ।

## ਨਵੇਂ ਬਣ ਰਹੇ ਹਸਪਤਾਲ ਦੇ ਨਿਰਮਾਣ ਕਾਰਜਾਂ ਦਾ ਬਲਬੀਰ ਪੰਨੂ ਨੇ ਲਿਆ ਜਾਇਜ਼ਾ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਨਾਸਰਕੇ ਵਿਖੇ ਬਣ ਰਹੀ ਨਵੀਂ ਹਸਪਤਾਲ ਇਮਾਰਤ ਦੇ ਚੱਲ ਰਹੇ ਨਿਰਮਾਣ ਕਾਰਜ ਦਾ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਜੀ ਨੇ ਜਾਇਜ਼ਾ ਲਿਆ। ਇਸ ਦੌਰਾਨ ਕੰਮ ਦੀ ਗੁਣਵੱਤਾ ਅਤੇ ਰਫ਼ਤਾਰ ਦਾ ਨਿਰੀਖਣ ਕੀਤਾ ਗਿਆ ਤਾਂ ਜੋ ਲੋਕਾਂ ਨੂੰ ਜਲਦ ਤੋਂ ਜਲਦ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਇਸ ਇਮਾਰਤ ਦਾ ਕੰਮ ਕੁੱਲ 55 ਲੱਖ ਦੀ ਲਾਗਤ ਦੇ ਨਾਲ ਮੁਕੰਮਲ ਹੋਵੇਗਾ। ਸਾਡਾ ਉਦੇਸ਼ ਹੈ ਕਿ ਪਿੰਡ ਵਾਸੀਆਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਸਿਹਤ ਸੇਵਾਵਾਂ ਉਨ੍ਹਾਂ ਦੇ ਆਪਣੇ ਇਲਾਕੇ ਵਿੱਚ ਹੀ ਉਪਲਬਧ ਹੋਣ। ਵਿਕਾਸ ਕਾਰਜਾਂ ਨੂੰ ਤੇਜ਼ੀ ਅਤੇ ਪਾਰਦਰਸ਼ਿਤਾ ਨਾਲ ਪੂਰਾ ਕਰਨਾ ਸਾਡੀ ਪਹਿਲੀ ਤਰਜੀਹ ਹੈ - ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਇਸ ਮੌਕੇ ਸਰਪੰਚ ਸ਼ਮਸ਼ੇਰ ਸਿੰਘ , ਬਾਬਾ ਮੱਘਰ ਸਿੰਘ, ਗੁਰਮੀਤ ਸਿੰਘ, ਮਾਸਟਰ ਪ੍ਰਕਾਸ਼ ਸਿੰਘ, ਬਲਵਿੰਦਰ ਸਿੰਘ, ਮੈਂਬਰ ਨਿਰਮਲ ਸਿੰਘ,ਗਿਆਨ ਸਿੰਘ, ਕਸ਼ਮੀਰ ਸਿੰਘ, ਅਮਨਸੁਖਪਾਲ ਸਿੰਘ, ਧਨਵੰਤ ਸਿੰਘ, ਬਲਰਾਜ ਸਿੰਘ ਹਾਜ਼ਿਰ ਰਹੇ।

## ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਪੰਜਾਬ ਸਰਕਾਰ ਦੇ ਨਾਂਅ ਦਿੱਤਾ ਮੰਗ ਪੱਤਰ



**ਤਰਨਤਾਰਨ (ਨਵਾਂ ਜ਼ਮਾਨਾ ਸਰਵਿਸ)-** ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾ ਵਾਲਾ ਯਾਦ ਪੱਤਰ ਏਡੀਸੀ ਤਰਨਤਾਰਨ ਰਾਹੀਂ ਪੰਜਾਬ ਸਰਕਾਰ ਨੂੰ ਭੇਜਿਆ ਗਿਆ। ਇਸ ਮੌਕੇ ਇਕੱਠੇ ਹੋਏ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ, ਕੁੱਲ ਹਿੰਦੂ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਹੀਰਾ ਸਿੰਘ ਦਰਾਜਕੇ ਨੇ ਕਿਹਾ ਕਿ ਵੀਬੀਜੀ ਰਾਮ ਜੀ ਕਾਨੂੰਨ ਰੱਦ ਕੀਤਾ ਜਾਵੇ ਅਤੇ ਮਨਰੇਗਾ ਕਾਨੂੰਨ ਮੁੜ ਬਹਾਲ ਕੀਤਾ ਜਾਵੇ । ਇਸ ਅਧੀਨ ਸਾਰੇ ਕਿਰਤੀ ਪਰਿਵਾਰਾਂ ਦੇ ਸਮੁੱਚੇ ਪਰਿਵਾਰ ਦੇ ਜੀਆਂ ਨੂੰ 700 ਰੁਪਏ ਦਿਹਾੜੀ ਨਾਲ ਸਾਰਾ ਸਾਲ ਕੰਮ ਦਿੱਤਾ ਜਾਵੇ, ਬੁਢਾਪਾ ਵਿਧਵਾ, ਅੰਗਹੀਣ, ਆਸ਼ਰਤ ਪੈਨਸ਼ਨ ਘੱਟੋ-ਘੱਟ ਪੰਜ ਹਜ਼ਾਰ ਪ੍ਰਤੀ ਮਹੀਨਾ ਦਿੱਤੀ ਜਾਵੇ ਅਤੇ ਉਮਰ ਦੀ ਹੱਦ ਔਰਤਾਂ ਲਈ 55 ਸਾਲ ਅਤੇ ਮਰਦਾਂ ਦੀ ਉਮਰ 58 ਸਾਲ ਮਿਥੀ ਜਾਵੇ। ਚੋਣ ਵਾਅਦੇ ਅਨੁਸਾਰ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਬਕਾਇਆ ਸਮੇਤ ਦਿੱਤੇ ਜਾਣ ਅਤੇ ਰਹਿੰਦੀਆਂ ਚੋਣ ਗਰੰਟੀਆਂ ਪੂਰੀਆਂ ਕੀਤੀਆਂ ਜਾਣ। ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਸਾਡੀਆਂ ਇਸ ਹੱਕੀ ਤੇ ਵਾਜਿਬ ਮੰਗਾਂ ਵੱਲ ਧਿਆਨ ਦੇ ਕੇ ਫੌਰੀ ਹੱਲ ਕੀਤਾ ਜਾਵੇ। ਜੇਕਰ ਸਾਡੀਆਂ ਇਨ੍ਹਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਵੱਡਾ ਐਕਸ਼ਨ ਕੀਤਾ ਜਾਵੇਗਾ। ਇਸ ਮੌਕੇ ਮੋਰਚੇ ਦੇ ਸੀਨੀਅਰ ਆਗੂ ਬਲਦੇਵ ਸਿੰਘ, ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾ, ਚਾਨਣ ਸਿੰਘ, ਸੰਤੋਖ ਸਿੰਘ ਮੱਖੀ ਕਲਾਂ, ਜਸਬੀਰ ਸਿੰਘ ਵੈਰੋਵਾਲ, ਜੁਗਿੰਦਰ ਸਿੰਘ, ਸਰਵਨ ਸਿੰਘ, ਕੁਲਬੀਰ ਸਿੰਘ, ਸਤਨਾਮ ਸਿੰਘ ਸ਼ੇਰੋਂ ਅਤੇ ਮਨਪ੍ਰੀਤ ਕੌਰ ਸਰਹਾਲੀ ਆਦਿ ਆਗੂ ਹਾਜ਼ਰ ਸਨ।

## ਪੇਂਡੂ ਖੇਤਰ 'ਚ ਬਿਜਲੀ ਦੇ ਵਾਰ ਵਾਰ ਲੰਮੇ ਕੱਟ ਲੱਗਣ ਨਾਲ ਲੋਕ ਪ੍ਰੇਸ਼ਾਨ : ਸੇਖਵਾਂ

**ਗੁਰਦਾਸਪੁਰ (ਜਨਕ ਮਹਾਜਨ)-** ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਘਰੇਲੂ ਅਤੇ ਮੋਟਰਾਂ ਦੀ ਸਪਲਾਈ 8 ਘੰਟੇ ਅਤੇ ਘਰੇਲੂ ਬਿਜਲੀ 24 ਘੰਟੇ ਦਿੱਤੀ ਜਾਵੇਗੀ ਪਰ ਉਸ ਦੇ ਉਲਟ ਇਸ ਵਾਰ ਦਿਹਾਤੀ ਖੇਤਰਾਂ ਵਿਚ ਘਰੇਲੂ ਬਿਜਲੀ ਨਾਮਾਤਰ ਤੋਂ ਇਲਾਵਾ ਮੋਟਰਾਂ ਦੀ ਬਿਜਲੀ ਵੀ 8 ਘੰਟੇ ਦੀ ਬਜਾਏ ਸਿਰਫ਼ 4 ਘੰਟੇ ਬਿਜਲੀ ਦੇ ਕੱਟ ਲਗਣ ਨਾਲ ਮਿਲ ਰਹੀ ਹੈ ਜਿਸ ਨਾਲ ਲੋਕਾਂ ਵਿਚ ਹਾਹਾਕਾਰ ਮਚੀ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਲੇਦਵ ਸਿੰਘ ਸ਼ੇਖਵਾ ਸੀਨੀਅਰ ਮੀਤ ਪ੍ਰਧਾਨ ਪਗੜੀ ਸੰਭਾਲ ਜੱਟਾ ਲਹਿਰ ਪੰਜਾਬ ਨੇ ਦੱਸਿਆ ਕਿ ਇਸ ਵਾਰ ਪੰਜਾਬ ਸਰਕਾਰ ਵਲੋਂ ਬਿਜਲੀ ਦਾਅਵਿਆਂ ਦੀ ਫੂਕ ਨਿਕਲ ਗਈ ਹੈ ਅਤੇ ਲੱਗੀ ਝੋਨੇ ਦੀ ਫ਼ਸਲ ਅਤੇ ਕਮਾਦ ਸੁੱਕ ਰਿਹਾ ਹੈ ਅਤੇ ਕਿਸਾਨਾਂ ਨੂੰ ਪਾਣੀ ਨਾ ਮਿਲਣ ਕਰਕੇ ਕਾਫ਼ੀ ਨੁਕਸਾਨ ਝਲਣਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਬਿਜਲੀ ਬੋਰਡ ਦੇ ਅਧਿਕਾਰੀਆਂ ਦੇ



ਧਿਆਨ ਵਿਚ ਲਿਆਉਣ ਦੇ ਬਾਵਜੂਦ ਵੀ ਇਸ ਮਸਲੇ ਦਾ ਹੱਲ ਨਹੀਂ ਹੋ ਸਕਿਆ।

ਉਨ੍ਹਾਂ ਕਿਹਾ ਕਿ ਜੇਕਰ ਬਿਜਲੀ ਦੀ ਸਪਲਾਈ ਕਿਸਾਨਾਂ ਨੂੰ ਨਿਰੰਤਰ 8 ਘਟੇ ਨਹੀਂ ਮਿਲ ਤਾਂ ਪਗੜੀ ਸੰਭਾਲ ਜੱਟਾ ਲਹਿਰ ਵਲੋਂ ਸਰਕਾਰ ਖ਼ਿਲਾਫ਼ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿਚ ਇਹੋ ਜਿਹੀ ਸਥਿਤੀ ਬਣੀ ਹੋਈ ਹੈ ਘਰੇਲੂ ਬਿਜਲੀ ਨਾ ਮਿਲਣ ਕਰਕੇ ਬੱਚੇ, ਬਜ਼ੁਰਗ ਗਰਮੀ ਨਾਲ ਤੜਫ ਰਹੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਹੈ ਕਿ ਗੁਰਦਾਸਪੁਰ ਦੇ ਦਿਹਾਤੀ ਖੇਤਰਾਂ ਵਿਚ ਬਿਜਲੀ ਦੀ ਸਪਲਾਈ ਨਿਰੰਤਰ ਦੇਣਾ ਯਕੀਨੀ ਬਣਾਇਆ ਜਾਵੇ ਜਿਸ ਨਾਲ ਕਿਸਾਨਾਂ ਦੀ ਫ਼ਸਲਾਂ ਜਿਥੇ ਬਚ ਸਕਣ ਉਥੇ ਹੀ ਆਮ ਲੋਕ ਦੀ ਗਰਮੀ ਤੋਂ ਰਾਹਤ ਮਿਲ ਸਕੇ।

## ਕਲੇਰ ਮਾਂਗਟ 'ਚ ਸ਼ਹੀਦਾਂ ਦੀ ਯਾਦ 'ਚ ਮਨਾਇਆ ਤਿੰਨ ਰੋਜ਼ਾ ਸਾਲਾਨਾ ਜੋੜ ਮੇਲਾ

**ਮਜੀਠਾ (ਸੋਇਮ ਆਨੰਦ)-** ਕਸਬਾ ਮਜੀਠੇ ਦੇ ਪਿੰਡ ਕਲੇਰ ਮਾਂਗਟ ਸਥਿਤ ਇਤਿਹਾਸਕ ਗੁਰਦੁਆਰਾ ਸ਼ਹੀਦ ਬਾਬਾ ਬੇਰੀਵਾਲਾ ਵਿਖੇ ਸ਼ਹੀਦ ਸੰਤ ਬਾਬਾ ਨਿਧਾਨ ਸਿੰਘ ਅਤੇ ਸ਼ਹੀਦ ਸੰਤ ਬਾਬਾ ਦੀਵਾਨ ਸਿੰਘ ਦੀ ਪਾਵਨ ਯਾਦ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਸ਼ਰਧਾ ਭਾਵ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਵਾਸੀਆਂ ਅਤੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਤਿੰਨ ਰੋਜ਼ਾ ਧਾਰਮਿਕ ਸਮਾਗਮ ਦੀ ਆਰੰਭਤਾ ਲੜੀਵਾਰ ਰੱਖੇ ਗਏ ਅੱਠ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਹੋਈ।ਭੋਗ ਤੋਂ ਬਾਅਦ ਵਿਸ਼ਾਲ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਥ ਦੇ ਨਾਮਵਰ ਕੀਰਤਨੀਏ, ਕਥਾਵਾਚਕ, ਕਵੀਸ਼ਰ ਅਤੇ ਢਾਡੀ ਜਥਿਆਂ ਨੇ ਹਾਜ਼ਰੀ ਭਰੀ।ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਅਮਨਦੀਪ ਸਿੰਘ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ।ਉਨ੍ਹਾਂ ਤੋਂ ਇਲਾਵਾ ਗੁਰਦੁਆਰਾ ਰੇਰੂ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਰਬਜੀਤ ਸਿੰਘ, ਪ੍ਰਸਿੱਧ ਕਵੀਸ਼ਰੀ ਜਥੇ ਭਾਈ ਲਖਬੀਰ ਸਿੰਘ ਤੇਜ਼ੀ, ਭਾਈ ਰਣਜੀਤ ਸਿੰਘ ਨੰਗਲ ਪੰਨਵਾਂ, ਬਾਪੂ ਹਰਬੰਸ ਸਿੰਘ ਮੌਜੀ, ਭਾਈ ਅਮਰਜੀਤ ਸਿੰਘ, ਭਾਈ ਲਖਵਿੰਦਰ ਸਿੰਘ ਕੋਮਲ ਦਾਦੂਪੁਰਾ ਅਤੇ ਧਾਰਮਿਕ ਗਾਇਕ



ਭਾਈ ਤਸਬੀਰ ਸਿੰਘ ਤੁਲਸੀ ਨੇ ਸਿੱਖ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਗੁਰਮਤਿ ਵਿਚਾਰਾਂ ਨੂੰ ਆਪਣੀ ਸੁਰੀਲੀ ਆਵਾਜ਼ ਰਾਹੀਂ ਸੰਗਤਾਂ ਤੱਕ ਪਹੁੰਚਾਇਆ।ਗੁਰਦੁਆਰਾ ਪ੍ਰਬੰਧਕਾਂ ਵੱਲੋਂ ਸਾਰੇ ਪੁੱਜੇ ਰਾਗੀ-ਢਾਡੀ ਜਥਿਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।ਮੇਲੇ ਦੌਰਾਨ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਨੌਜਵਾਨ ਸਭਾ ਕਲੇਰ ਮਾਂਗਟ ਵੱਲੋਂ ਵਿਸ਼ੇਸ਼ ਤੌਰ ਤੇ ਚਾਹ-ਪਕੌੜਿਆਂ ਦੇ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ। ਪਿੰਡ ਨੂੰ ਆਉਂਦੇ ਸਾਰੇ ਰਸਤਿਆਂ ਤੇ ਵੀ ਸ਼ਰਧਾਲੂਆਂ ਵੱਲੋਂ ਵੱਖ-ਵੱਖ ਥਾਵਾਂ ਤੇ ਛਬੀਲਾਂ ਅਤੇ ਲੰਗਰ ਲਗਾ ਕੇ ਆਉਣ ਵਾਲੀ ਸੰਗਤ ਦੀ ਸੇਵਾ ਕੀਤੀ ਗਈ, ਜਿਸ ਨਾਲ ਸਾਰਾ ਇਲਾਕਾ ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਇਸ ਧਾਰਮਿਕ ਜੋੜ ਮੇਲੇ ਵਿੱਚ ਹਾਜ਼ਰੀ ਭਰਨ ਲਈ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਸਪੁੱਤਰ ਅਤੇ ਨੌਜਵਾਨ ਆਗੂ ਸਰਪ੍ਰੀਤ ਸਿੰਘ ਗਿੱਲ ਵਿਸ਼ੇਸ਼ ਤੌਰ ਤੇ ਪਹੁੰਚੇ।ਉਨ੍ਹਾਂ ਤੋਂ ਇਲਾਵਾ ਇਲਾਕੇ ਦੀਆਂ ਕਈ ਸਿਆਸੀ, ਧਾਰਮਿਕ ਅਤੇ ਸਮਾਜ ਸੇਵੀ ਸ਼ਖਸੀਅਤਾਂ ਨੇ ਵੀ ਗੁਰੂ ਘਰ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਪ੍ਰਬੰਧਕ ਸੇਵਾਦਾਰਾਂ ਵੱਲੋਂ ਪਹੁੰਚੀਆਂ ਸਾਰੀਆਂ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਦਿੱਤਾ ਗਿਆ।ਸਮੁੱਚੇ ਸਮਾਗਮ ਦੌਰਾਨ ਸਟੇਜ ਸੰਚਾਲਨ ਦੀ ਸੇਵਾ ਜਗਤਾਰ ਸਿੰਘ ਭੁੱਲਰ ਵੱਲੋਂ ਬਾਖੂਬੀ ਨਿਭਾਈ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ, ਪ੍ਰਬੰਧਕ ਮੈਂਬਰ ਅਤੇ ਸੇਵਾਦਾਰ ਹਾਜ਼ਰ ਸਨ।

## ਫੱਤੂਭੀਲਾ 'ਚ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤਹਿਤ ਮਹਿਲਾਵਾਂ ਦੇ ਫਾਰਮ ਭਰੇ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਦਾ ਲਾਭ ਪ੍ਰਾਪਤ ਕਰਨ ਸਬੰਧੀ ਐੱਸ. ਸੀ. ਨੂੰ 1500 ਰੁਪਏ ਅਤੇ ਜਨਰਲ ਦੀਆਂ ਮਹਿਲਾਵਾਂ ਨੂੰ 1000 ਰੁਪਏ ਖਾਤਿਆਂ 'ਚ ਪਾਉਣ ਲਈ ਪਿੰਡ ਫੱਤੂਭੀਲਾ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਮਹਿਲਾਵਾਂ ਨੇ ਆਪਣੇ ਭਰੇ ਹੋਏ ਫਾਰਮਾਂ ਦੀ ਆਨਲਾਈਨ ਰਜਿਸਟਰੇਸ਼ਨ ਕਰਵਾਈ। ਸਰਪੰਚ ਜੋਗਾ ਸਿੰਘ ਫੱਤੂਭੀਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਿਨਾਂ ਕਿਸੇ ਭੇਦ ਭਾਵ ਪਿੰਡ ਦੀ ਹਰ ਇੱਕ ਮਹਿਲਾ ਨੂੰ ਇਹ ਲਾਭ ਪ੍ਰਾਪਤ ਕਰਵਾਉਣਾ ਸਾਡੀ ਜ਼ਿੰਮੇਵਾਰੀ ਹੈ ਅਤੇ ਸਾਡੀ ਕੋਸ਼ਿਸ਼ ਹੈ ਕਿ ਪਿੰਡ ਦੀ ਕੋਈ ਵੀ ਮਹਿਲਾ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤੋਂ ਵਾਂਝੀ ਨਾ ਰਹੇ।ਇਸ ਮੌਕੇ ਮੈਂਬਰ ਬਖਤੌਰ ਸਿੰਘ, ਮੈਂਬਰ ਸ਼ਮਸ਼ੇਰ ਸਿੰਘ, ਮੈਂਬਰ ਜਸਪਾਲ ਸਿੰਘ, ਮੈਂਬਰ ਹਰਜੀਤ ਸਿੰਘ, ਮੈਂਬਰ ਜਸਮੇਰ ਸਿੰਘ, ਮੈਂਬਰ ਬਚਨ ਸਿੰਘ, ਸਪੋਰਟਸ ਪ੍ਰਧਾਨ ਨਵਜੋਤ ਸਿੰਘ, ਮੈਡਮ ਸੰਦੀਪ ਕੌਰ, ਮੈਡਮ ਅਮਨਦੀਪ ਕੌਰ ਆਦਿ ਹਾਜ਼ਰ ਸਨ।

## 'ਏਕ ਸ਼ਾਮ ਸ਼ਿਵ ਦੇ ਨਾਮ' ਸਮਾਗਮ ਨੂੰ ਪੂਰੇ ਉਤਸ਼ਾਹ ਨਾਲ ਵੇਖਣ ਲਈ ਸ਼ੈਰੀ ਕਲਸੀ ਨੇ ਬਟਾਲਾ ਵਾਸੀਆਂ ਦਾ ਕੀਤਾ ਧੰਨਵਾਦ

**ਬਟਾਲਾ (ਡਾਕਟਰ ਮਲਵਿੰਦਰ ਸਿੰਘ, ਤਰਲੋਕ ਬੱਗਾ)** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁਪੱਖੀ ਵਿਕਾਸ ਉਨਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਬੀਤੇ ਕੱਲ੍ਹ ਬਟਾਲਾ ਵਿਖੇ ਏਕ ਸ਼ਾਮ ਸ਼ਿਵ ਦੇ ਨਾਮ ਸਮਾਗਮ ਵਿੱਚ ਬਟਾਲਾ ਵਾਸੀਆਂ ਦਾ ਪੂਰੇ ਉਤਸ਼ਾਹ ਨਾਲ ਵੇਖਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਬਟਾਲਾ ਵਾਸੀਆਂ ਵਲੋਂ ਦਿੱਤੇ ਪਿਆਰ ਲਈ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਨੇ ਪਰਿਵਾਰਾਂ ਸਮੇਤ ਇਸ ਮਹਾਨ ਸਮਾਗਮ ਵਿੱਚ ਸ਼ਿਰਕਤ ਕੀਤੀ। ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਉਹ ਬਟਾਲਾ ਹਲਕੇ ਦੇ ਵਿਕਾਸ ਲਈ ਜਿਹੜੇ ਸੰਕਲਪ ਹਨ ਅਤੇ ਬਟਾਲੇ ਅੰਦਰ ਵਿਕਾਸ



ਕਾਰਜਾਂ ਨੂੰ ਹੋਰ ਤੇਜ਼ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਮਾਨ ਸਰਕਾਰ ਵਲੋਂ ਮਹਿਜ਼ ਚਾਰ ਸਾਲਾਂ ਅੰਦਰ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਹਨ ਅਤੇ ਹਰ ਵਰਗ ਦੀ ਭਲਾਈ ਲਈ ਕਾਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਮੌਜੂਦਾ ਬਜਟ ਵਿੱਚ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕੀਤੀ ਗਈ ਹੈ। ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ।

ਕਰੀਬ 985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ। ਪੰਜਾਬ ਦੇ ਸਰਕਾਰੀ ਸਕੂਲਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ, ਸਮੇਤ ਵੱਖ ਵੱਖ ਰਿਕਾਰਡ ਵਿਕਾਸ ਕਾਰਜ ਕੀਤੇ ਗਏ ਹਨ।

## ਕੈਦੀ ਕੋਲੋਂ ਨਸ਼ੀਲੀਆਂ ਗੋਲੀਆਂ ਬਰਾਮਦ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)-** ਥਾਣਾ ਸਿਟੀ ਗੁਰਦਾਸਪੁਰ ਨੇ ਕੇਂਦਰੀ ਜੇਲ੍ਹ ਗੁਰਦਾਸਪੁਰ 'ਚੋਂ ਇਕ ਕੈਦੀ ਪਾਸੋਂ 12 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਕੇਂਦਰੀ ਜੇਲ੍ਹ ਗੁਰਦਾਸਪੁਰ ਦੇ ਪੱਤਰ ਨੰਬਰ 4949 ਰਾਹੀਂ ਦੱਸਿਆ ਕਿ ਮਿਤੀ 18 ਜੂਨ 2026 ਨੂੰ ਦੁਪਹਿਰ 12 ਵਜੇ ਬੰਦੀ ਅਰਜਨ ਪੁੱਤਰ ਸੁਖਦੇਵ ਜੋ ਜੇਲ੍ਹ ਅੰਦਰ ਕੰਟੀਨ ਤੋਂ ਸਮਾਨ ਲੈਣ ਲਈ ਗਿਆ ਸੀ, ਜਦ ਉਹ ਕੰਟੀਨ ਤੋਂ ਵਾਪਸ ਸਮਾਨ ਲੈ ਕੇ ਆਇਆ ਤਾਂ ਉਸ ਦੀ ਰੈਗੂਲਰ ਜਿਸਮਾਨੀ ਤਲਾਸ਼ੀ ਦੌਰਾਨ ਅੰਡਰ ਗਾਰਮੈਂਟ ਵਿਚੋਂ ਇਕ ਡੱਬੀ ਬਰਾਮਦ ਹੋਈ, ਜਿਸ ਵਿਚੋਂ 12 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ।

ਪੁਲਿਸ ਨੇ ਉਕਤ ਕੈਦੀ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਡਾ. ਨੀਰਜ ਮੋਹਨ ਪੁਰੀ ਨੇ ਸਕੂਲ ਦੇ ਡਾਇਰੈਕਟਰ ਤੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ



**ਪਠਾਨਕੋਟ (ਦਵਿੰਦਰ ਸਿੰਘ)-** ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਵਿੱਚ ਤਜਰਬੇਕਾਰ ਡਾ. ਨੀਰਜ ਮੋਹਨ ਪੁਰੀ ਨੇ ਡਾਇਰੈਕਟਰ ਅਤੇ ਪ੍ਰਿੰਸੀਪਲ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਸਿੱਖਿਆ, ਪ੍ਰਸ਼ਾਸਨ ਅਤੇ ਲੀਡਰਸ਼ਿਪ ਦੇ ਖੇਤਰ ਵਿੱਚ 24 ਸਾਲਾਂ ਦੇ ਵਿਸ਼ਾਲ ਤਜਰਬੇ ਵਾਲੇ ਡਾ. ਪੁਰੀ ਨੂੰ ਦੂਰਅੰਦੇਸ਼ ਮਾਰਗਦਰਸ਼ਕ ਅਤੇ ਕੁਸ਼ਲ ਪ੍ਰਸ਼ਾਸਕ ਵਜੋਂ ਜਾਣਿਆ ਜਾਂਦਾ ਹੈ।ਡਾ. ਪੁਰੀ ਨੇ ਪੀਐਚ.ਡੀ. (ਮੈਨੇਜਮੈਂਟ), ਐੱਮਬੀਏ, ਐੱਮ.ਕਾਮ, ਐੱਮ.ਏ. (ਅਰਥਸ਼ਾਸਤਰ), ਐੱਮ.ਫਿਲ. (ਮੈਨੇਜਮੈਂਟ), ਪੀਜੀਡੀਜੀਸੀ ਅਤੇ ਬੀ.ਐੱਡ. ਵਰਗੀਆਂ ਉੱਚ ਸਿੱਖਿਆ ਸੰਬੰਧੀ ਯੋਗਤਾਵਾਂ ਹਾਸਲ ਕੀਤੀਆਂ ਹਨ।ਉਹ ਸਿੱਖਿਆ ਵਿੱਚ ਉਤਕ੍ਰਿਸ਼ਟਤਾ, ਨੈਤਿਕ ਮੁੱਲਾਂ 'ਤੇ ਆਧਾਰਿਤ ਸਿੱਖਿਆ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਲਈ ਵਿਸ਼ੇਸ਼ ਤੌਰ 'ਤੇ ਜਾਣੇ ਜਾਂਦੇ ਹਨ।ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਵਿਸ਼ਾਲ ਤਜਰਬੇ ਅਤੇ ਪ੍ਰਭਾਵਸ਼ਾਲੀ ਲੀਡਰਸ਼ਿਪ ਤੋਂ ਉਮੀਦ ਕੀਤੀ ਜਾ ਰਹੀ ਹੈ ਕਿ ਖੇਤਰ ਦੇ ਸਕੂਲਾਂ ਨੂੰ ਨਵੀਂ ਦਿਸ਼ਾ ਅਤੇ ਗਤੀ ਮਿਲੇਗੀ।ਅਹੁਦਾ ਸੰਭਾਲਣ ਤੋਂ ਬਾਅਦ ਡਾ. ਪੁਰੀ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇ ਨਾਲ-ਨਾਲ ਨੈਤਿਕ ਮੁੱਲਾਂ, ਨਵੀਂ ਸੋਚ, ਅਨੁਸ਼ਾਸਨ ਅਤੇ ਕਰੁਣਾ ਨਾਲ ਜੋੜਦਿਆਂ ਉਨ੍ਹਾਂ ਨੂੰ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਬਣਾਉਣਾ ਹੈ।ਉਨ੍ਹਾਂ ਨੇ ਭਰੋਸਾ ਜਤਾਇਆ ਕਿ ਸਕੂਲ ਵਿੱਚ ਆਧੁਨਿਕ ਸਿੱਖਿਆ ਪ੍ਰਣਾਲੀ, ਸਕਾਰਾਤਮਕ ਸਿੱਖਣ ਦਾ ਮਾਹੌਲ ਅਤੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇਗੀ।ਸਕੂਲ ਪ੍ਰਬੰਧਨ ਨੇ ਡਾ. ਨੀਰਜ ਮੋਹਨ ਪੁਰੀ ਦਾ ਸਵਾਗਤ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਜੇਐਮਕੇ ਇੰਟਰਨੈਸ਼ਨਲ ਸਕੂਲ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਉਪਲਬਧੀਆਂ ਹਾਸਲ ਕਰੇਗਾ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

## ਖੇਤ ਮਜ਼ਦੂਰਾਂ ਦੀਆਂ ਮੰਗਾਂ ਦੇ ਸਬੰਧ 'ਚ ਡੀਸੀ ਦਫ਼ਤਰ ਅੱਗੇ ਦਿੱਤਾ ਰੋਸ ਧਰਨਾ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) :** ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦਾ ਸਾਂਝਾ ਮੋਰਚਾ ਪੰਜਾਬ ਵੱਲੋਂ ਮੁੱਖ ਮੰਤਰੀ ਦੇ ਨਾਂ




ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਦੇ ਪ੍ਰੋਗਰਾਮ ਤਹਿਤ ਅੰਮ੍ਰਿਤਸਰ ਵਿਚ ਮੰਗ ਪੱਤਰ ਦੇਣ ਤੋਂ ਪਹਿਲਾਂ ਡੀਸੀ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ। ਇਸ ਰੋਸ ਧਰਨੇ ਵਿਚ ਦਿਹਾਤੀ ਮਜ਼ਦੂਰ ਸਭਾ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ, ਖੇਤ ਮਜ਼ਦੂਰ ਸਭਾ ਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਤੇ ਵਰਕਰ ਸ਼ਾਮਿਲ ਹੋਏ। ਇਸ ਮੌਕੇ ਰੋਸ ਧਰਨੇ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੇਂਡੂ ਤੇ ਖੇਤ ਮਜ਼ਦੂਰਾਂ ਦੀਆਂ ਮੰਗਾਂ ਵੱਲ ਉਕਾ ਧਿਆਨ ਨਹੀਂ ਦਿੱਤਾ ਜਾ ਰਿਹਾ। ਆਗੂਆਂ ਨੇ ਮੰਗ ਕੀਤੀ ਕਿ 'ਜੀ ਰਾਮ ਜੀ' ਕਾਨੂੰਨ ਰੱਦ ਕੀਤਾ ਜਾਵ, ਮਨਰੇਗਾ ਮੁੜ ਬਹਾਲ ਕੀਤਾ ਜਾਵੇ ਤੇ ਇਸ ਅਧੀਨ ਸਾਰੇ ਕਿਰਤੀ ਪਰਿਵਾਰਾਂ ਦੇ ਸਮੁੱਚੇ ਜ਼ੀਆਂ ਨੂੰ 700 ਰੁਪਏ ਦਿਹਾੜੀ ਨਾਲ ਸਾਰਾ ਸਾਲ ਕੰਮ ਦਿੱਤਾ ਜਾਵੇ। ਪੇਂਡੂ ਤੇ ਖੇਤ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ ਅਤੇ ਕੰਮ ਦੇ ਅਧਿਕਾਰ ਨੂੰ ਮੌਲਿਕ ਅਧਿਕਾਰਾਂ ਵਿਚ ਸ਼ਾਮਲ ਕੀਤਾ ਜਾਵੇ। ਬੁੱਢਾਪਾ, ਵਿਧਵਾ, ਅੰਗਹੀਣ ਤੇ ਆਸ਼ਰਿਤ ਪੈਨਸ਼ਨ ਘੱਟੋ-ਘੱਟ 5000 ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇ। ਪੰਚਾਇਤੀ ਜ਼ਮੀਨ ਵਿਚੋਂ ਤੀਜਾ ਹਿੱਸਾ ਸਮੁੱਚੇ ਐੱਸ.ਸੀ. ਭਾਈਚਾਰੇ ਨੂੰ ਘੱਟ ਰੇਟ 'ਤੇ ਦੇਣਾ ਯਕੀਨੀ ਬਣਾਇਆ ਜਾਵੇ, ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਤੇ ਥੋੜ੍ਹ ਜ਼ਮੀਨੇ ਕਿਸਾਨਾਂ ਵਿਚ ਮੁਫ਼ਤ ਵੰਡੀਆਂ ਜਾਣ। ਸਾਰੇ ਲੋੜਵੰਦ ਮਜ਼ਦੂਰਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਦਿੱਤੇ ਜਾਣ। ਲਾਲ ਲਕੀਰ ਅੰਦਰਲੇ ਤੇ ਬਾਹਰਲੇ ਥਾਵਾਂ 'ਤੇ ਰਿਹਾਇਸ਼ ਬਣਾ ਕੇ ਬੈਠੇ ਪਰਿਵਾਰਾਂ ਨੂੰ ਮਾਲਕੀ ਹੱਕ ਦਿੱਤੇ ਜਾਣ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਤੇ ਸੂਬਾ ਮੀਤ ਪ੍ਰਧਾਨ ਅਮੀਰਕ ਸਿੰਘ ਦਾਊਦ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਆਗੂਆਂ ਨਿਰਮਲ ਸਿੰਘ ਛੱਜਲਵੱਢੀ, ਗੁਰਨਾਮ ਸਿੰਘ ਭਿੰਡਰ ਤੇ ਜਸਬੀਰ ਝਬਾਲ, ਖੇਤ ਮਜ਼ਦੂਰ ਸਭਾ ਵੱਲੋਂ ਪ੍ਰਕਾਸ਼ ਤੇ ਗੁਰਦੀਪ ਸਿੰਘ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਗੁਰਨਾਮ ਸਿੰਘ ਤਲਵੰਡੀ, ਮੰਗਲ ਸਿੰਘ ਖੁਜਾਲਾ ਤੇ ਗੁਰਦੀਪ ਸਿੰਘ ਗੁਰੂਵਾਲੀ ਨੇ ਸੰਬੋਧਨ ਕੀਤਾ। ਡਿਪਟੀ ਕਮਿਸ਼ਨਰ ਦੀ ਗੈਰ-ਹਾਜ਼ਰੀ ਵਿਚ ਜ਼ਿਲ੍ਹਾ ਮਾਲ ਅਫਸਰ ਨਵਕੀਰਤ ਸਿੰਘ ਰੰਧਾਵਾ ਨੇ ਮੰਗ ਪੱਤਰ ਪ੍ਰਾਪਤ ਕੀਤਾ।

## 'ਲੋਕ ਮਿਲਣੀ' ਰਾਹੀਂ ਆਪ ਸਰਕਾਰ ਤੱਕ ਪਹੁੰਚੀ ਲੋਕਾਂ ਦੀ ਆਵਾਜ਼, ਮਜੀਠਾ 'ਚ ਵਿਕਾਸ ਕਾਰਜ ਜ਼ੋਰਾਂ 'ਤੇ : ਤਲਬੀਰ ਗਿੱਲ

**ਮਜੀਠਾ (ਸੋਇਮ ਆਨੰਦ)** ਪੰਜਾਬ ਸਰਕਾਰ ਦੀ 'ਲੋਕ ਮਿਲਣੀ ਮੁਹਿੰਮ' ਨੂੰ ਜਨਤਾ ਅਤੇ ਪ੍ਰਸ਼ਾਸਨ ਵਿਚਾਲੇ ਸਿੱਧਾ ਸੰਵਾਦ ਦਾ ਸਾਧਨ ਦੱਸਦਿਆਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ

**● ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਪਿੰਡ ਟਰਪਈ ਦੇ ਚਰਚ ਵਿਖੇ ਹੋਈ ਲੋਕ ਮਿਲਣੀ**



ਗਿੱਲ ਨੇ ਕਿਹਾ ਕਿ ਇਸ ਪਹਿਲ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ਤੇ ਹੱਲ ਸੰਭਵ ਹੋ ਰਿਹਾ ਹੈ।ਉਹ ਪਿੰਡ ਟਰਪਈ ਦੇ ਚਰਚ ਵਿਖੇ ਰੱਖੀ ਗਈ ਵੱਡੀ ਇਕੱਤਰਤਾ ਨੂੰ ਸੰਬੋਧਨ ਕਰ ਰਹੇ ਸਨ, ਜਿੱਥੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ 'ਆਪ' ਵਰਕਰ ਪਹੁੰਚੇ ਹੋਏ ਸਨ।ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਸ ਮੁਹਿੰਮ ਰਾਹੀਂ ਆਮ ਲੋਕ ਬਿਨਾਂ ਕਿਸੇ ਵਿਚੋਲੇ ਦੇ ਆਪਣੀਆਂ ਮੁਸ਼ਕਲਾਂ ਸਰਕਾਰ ਤੱਕ ਪਹੁੰਚਾ ਰਹੇ ਹਨ।ਸਰਕਾਰ ਲੋਕਾਂ ਦੇ ਦੁੱਖ-ਦਰਦ ਨੂੰ ਸਮਝਦੀ ਹੈ ਅਤੇ ਹਰ ਸਮੱਸਿਆ ਦੇ ਸਥਾਈ ਹੱਲ ਲਈ ਵਚਨਬੱਧ ਹੈ।ਤਲਬੀਰ ਗਿੱਲ ਨੇ ਦਾਅਵਾ ਕੀਤਾ ਕਿ ਮਜੀਠਾ ਹਲਕੇ ਵਿੱਚ ਵਿਕਾਸ ਦੀ ਰਫ਼ਤਾਰ ਤੇਜ਼ ਹੋਈ ਹੈ।ਸੜਕਾਂ ਦੀ ਮੁਰੰਮਤ, ਨਿਰਵਿਘਨ ਬਿਜਲੀ ਸਪਲਾਈ, ਸਾਫ਼ ਪੀਣ ਵਾਲਾ ਪਾਣੀ ਅਤੇ ਕਿਸਾਨਾਂ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਅੱਗੇ ਕਿਹਾ ਕਿ 'ਆਪ' ਸਰਕਾਰ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ ਹੈ।ਉਨ੍ਹਾਂ ਲੋਕਾਂ ਨੂੰ ਸਰਕਾਰ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਖੇਤੀਬਾੜੀ, ਬੇਰੁਜ਼ਗਾਰੀ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਾ ਸਰਕਾਰ ਦੀ ਤਰਜੀਹ ਹੈ।ਇਨ੍ਹਾਂ ਖੇਤਰਾਂ ਵਿੱਚ ਜ਼ਮੀਨੀ ਪੱਧਰ ਤੇ ਤਬਦੀਲੀ ਦਿਖਾਈ ਦੇ ਰਹੀ ਹੈ।ਗਿੱਲ ਨੇ ਕਿਹਾ ਕਿ ਲੋਕ ਮਿਲਣੀਆਂ ਨੇ ਜਨਤਾ ਵਿੱਚ ਵਿਸ਼ਵਾਸ ਪੈਦਾ ਕੀਤਾ ਹੈ ਕਿ ਉਨ੍ਹਾਂ ਦੀ ਗੱਲ ਸਰਕਾਰ ਗੰਭੀਰਤਾ ਨਾਲ ਸੁਣ ਰਹੀ ਹੈ।ਇਸ ਮੌਕੇ ਪਿੰਡ ਵਾਸੀਆਂ ਨੇ ਤਲਬੀਰ ਗਿੱਲ ਨੂੰ ਆਪਣੀਆਂ ਵੱਖ-ਵੱਖ ਸਮੱਸਿਆਵਾਂ ਤੋਂ ਜਾਣੂ ਕਰਵਾਇਆ, ਜਿਨ੍ਹਾਂ ਦੇ ਜਲਦ ਹੱਲ ਦਾ ਉਨ੍ਹਾਂ ਨੇ ਭਰੋਸਾ ਦਿੱਤਾ। ਇਸ ਇਕੱਤਰਤਾ ਵਿੱਚ ਜਸਕਰਨ ਸਿੰਘ ਨੰਗਲ ਪੰਨਵਾਂ, ਹਰਭੁਪਿੰਦਰ ਸਿੰਘ ਸ਼ਾਹ ਮਜੀਠਾ, ਪਰਮਜੀਤ ਸਿੰਘ ਪੰਮਾ, ਚੇਅਰਮੈਨ ਯਾਦਵਿੰਦਰ ਸਿੰਘ ਪੰਧੇਰ, ਸੁਰਿੰਦਰ ਕੁਮਾਰ ਵਿੱਕੀ, ਮੰਗਲ ਮਸੀਹ, ਦਰਸ਼ਨ ਸਿੰਘ, ਬਲਜਿੰਦਰ ਸਿੰਘ ਟਰਪਈ, ਗੁਰਮੁਖ ਸਿੰਘ, ਗੁਰਦੇਵ ਸਿੰਘ, ਚਮਕੌਰ ਸਿੰਘ, ਸਰਪੰਚ ਸੁਖਚੈਨ ਸਿੰਘ ਭੰਗਵਾਂ, ਬੀਬੀ ਅਮਨਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ ਅਤੇ ਆਮ ਲੋਕ ਹਾਜ਼ਰ ਸਨ।

## ਪੈਸੇ ਦੇ ਲੈਣ ਦੇਣ ਨੂੰ ਲੈ ਕੇ ਕ੍ਰਿਪਾਨ ਮਾਰ ਕੇ ਕੀਤਾ ਜ਼ਖ਼ਮੀ

**ਗੁਰਦਾਸਪੁਰ, (ਜਨਕ ਮਹਾਜਨ)-** ਥਾਣਾ ਸਦਰ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮਨਪ੍ਰੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਕਾਲਾ ਨੰਗਲ ਨੇ ਦੱਸਿਆ ਕਿ 13 ਜੂਨ ਨੂੰ ਉਹ ਆਪਣੀ ਕਾਰ ਨੰਬਰ ਪੀ.ਬੀ.06.ਬੀ.ਡੀ.5454 ਮਾਰਕਾ ਸਵਿਫਟ 'ਤੇ ਸਵਾਰ ਹੋ ਕੇ ਸ਼ਹਿਰ ਗੁਰਦਾਸਪੁਰ ਨੂੰ ਨਿੱਜੀ ਕੰਮ ਲਈ ਜਾ ਰਿਹਾ ਸੀ ਕਿ ਕਰੀਬ 11.30 ਵਜੇ ਜਦ ਉਹ ਚਰਨਜੀਤ ਸਿੰਘ, ਅਜੀਤ ਸਿੰਘ ਵਗੈਰਾ ਵਾਸੀ ਹੇਮਰਾਜਪੁਰ ਦੇ ਡੇਰੇ ਨਜ਼ਦੀਕ ਪੁੱਜਾ ਤਾਂ ਸਾਹਮਣੇ ਤੋਂ ਸਰਜਨਜੀਤ ਸਿੰਘ ਇਨੋਵਾ ਕਾਰ ਨੰਬਰੀ ਪੀ.ਬੀ..06.ਬੀ.ਡੀ..5454 'ਤੇ ਸਵਾਰ ਹੋ ਕੇ ਆਇਆ ਜਿਸ ਨੇ ਜਾਣ ਬੁੱਝ ਕੇ ਆਪਣੀ ਕਾਰ ਮੇਰੀ ਕਾਰ ਵਿਚ ਮਾਰ ਦਿੱਤੀ ਅਤੇ ਪੱਥਰ ਚੁੱਕ ਕੇ ਕਾਰ ਦੀ ਡਰਾਈਵਰ ਵਾਲੀ ਸਾਈਡ ਸ਼ੀਸ਼ਾ ਤੋੜ ਦਿੱਤਾ ਅਤੇ ਆਪਣੀ ਕਾਰ ਵਿੱਚੋਂ ਕ੍ਰਿਪਾਨ ਕੱਢ ਕੇ ਮੇਰੇ 'ਤੇ ਵਾਰ ਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ ਅਤੇ ਧਮਕੀਆਂ ਦਿੰਦਾ ਹੋਇਆ ਮੌਕੇ ਤੋਂ ਭੱਜ ਗਿਆ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਕਥਿਤ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ। ਘਟਨਾ ਦੀ ਵਜ੍ਹਾ ਰੰਜਿਸ਼ ਪੈਸੇ ਦਾ ਲੈਣ ਦੇਣ ਦੱਸੀ ਜਾ ਰਹੀ ਹੈ।

## ਪਿੰਡ ਹਰਿਆਲ ਦੀ ਲਿੰਕ ਸੜਕ ਦੀ ਖਸਤਾ ਹਾਲਤ ਨੂੰ ਦੇਖ ਕੇ ਰੋਣਾ ਆਉਂਦੈ

**ਪਠਾਨਕੋਟ, (ਦਵਿੰਦਰ ਸਿੰਘ)** ਪਠਾਨਕੋਟ ਦੇ ਪਿੰਡ ਹਰਿਆਲ ਦੀ ਲਿੰਕ ਸੜਕ ਦੀ ਖਸਤਾ ਹਾਲਤ ਹੈ।ਇਹ ਲਿੰਕ ਸੜਕ ਪਿੰਡ ਹਰਿਆਲ, ਤ੍ਰੇਹਟੀ, ਹਾਰਾ, ਨਾਰਾਇਣਪੁਰ, ਚੱਕੜ ਅਤੇ ਸੁਰਾਲ ਸਮੇਤ ਕਈ ਪਿੰਡਾਂ ਨੂੰ ਮੁੱਖ ਹਾਈਵੇ ਨਾਲ ਜੋੜਦੀ ਹੈ। ਸੜਕ ਦੀ ਇਹ ਹਾਲਤ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਗਏ ਵਿਕਾਸ ਦੇ ਦਾਅਵਿਆਂ ਦੀ ਅਸਲ ਤਸਵੀਰ ਪੇਸ਼ ਕਰਦੀ ਹੈ।ਲੋਕਾਂ ਵਿੱਚ ਇਹ ਚਰਚਾ ਹੈ ਕਿ ਜੇਕਰ ਸਰਕਾਰੀ ਦਾਅਵਿਆਂ ਮੁਤਾਬਕ ਹਜ਼ਾਰਾਂ ਕਿਲੋਮੀਟਰ ਸੜਕਾਂ ਬਣ ਚੁੱਕੀਆਂ ਹਨ, ਤਾਂ ਇਸ ਮਹੱਤਵਪੂਰਨ ਸੜਕ ਦੀ ਅਜੇ ਤੱਕ ਮੁਰੰਮਤ ਕਿਉਂ ਨਹੀਂ ਕੀਤੀ ਗਈ।ਰਾਸ਼ਟਰੀ ਭਗਵਾਂ ਸੈਨਾ ਸੰਗਠਨ ਦੇ ਰਾਸ਼ਟਰੀ ਯੁਵਾ ਪ੍ਰਧਾਨ ਸੌਰਭ ਗੁਪਤਾ ਅਤੇ ਵਿਜੀਲੈਂਸ ਐਂਡ ਜਸਟਿਸ ਵਿੰਗ ਦੇ ਚੇਅਰਮੈਨ ਪਵਨ ਕੁਮਾਰ ਸ਼ਰਮਾ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਬਾਰਿਸ਼ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਇਸ ਸੜਕ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਤਾਂ ਜੋ ਕਿਸੇ



ਵੀ ਵੱਡੇ ਹਾਦਸੇ ਤੋਂ ਬਚਿਆ ਜਾ ਸਕੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਪਿੰਡ ਦੇ ਸਰਪੰਚ, ਪੰਚ ਅਤੇ ਕਮੇਟੀ ਮੈਂਬਰ ਜਨਤਾ ਨੂੰ ਦੱਸਣ ਕਿ ਇਸ ਸੜਕ ਦੀ ਮੁਰੰਮਤ ਜਾਂ ਨਿਰਮਾਣ ਲਈ ਉਨ੍ਹਾਂ ਨੇ ਹੁਣ ਤੱਕ ਕੀ-ਕੀ ਯਤਨ ਕੀਤੇ ਹਨ।

ਜੇਕਰ ਇਸ ਸਬੰਧੀ ਪ੍ਰਸ਼ਾਸਨ ਨੂੰ ਕੋਈ ਮੰਗ ਪੱਤਰ ਜਾਂ ਹੋਰ ਪੱਤਰ ਭੇਜਿਆ ਗਿਆ ਹੈ, ਤਾਂ ਉਸ ਨੂੰ ਵੀ ਜਨਤਕ ਕੀਤਾ ਜਾਵੇ ਤਾਂ ਜੋ ਪਿੰਡ ਦੀ ਜਨਤਾ ਨੂੰ ਇਹ ਪਤਾ ਲੱਗ ਸਕੇ ਕਿ ਪੰਚ, ਸਰਪੰਚ ਅਤੇ ਕਮੇਟੀ ਮੈਂਬਰਾਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦੀ ਕਿੰਨੀ ਚਿੰਤਾ ਹੈ।

## ਚਮਾਸਿਆਂ ਦੇ ਦਿਨਾਂ 'ਚ ਬਿਜਲੀ ਦੇ ਲੰਮੇ ਕੱਟਾਂ ਨੇ ਕੱਢੇ ਲੋਕਾਂ ਦੇ ਵੱਟ

**ਫ਼ਤਿਹਗੜ੍ਹ ਚੂੜੀਆਂ (ਜਸਦੇਵ ਮਾਨ)-** ਪੰਜਾਬ ਵਿੱਚ ਇਸ ਵੇਲੇ ਅੱਤ ਦੀ ਗਰਮੀ ਅਤੇ ਚਮਾਸਿਆਂ ਦੇ ਚੱਲਦਿਆਂ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।ਇਸ ਮੁਸ਼ਕਿਲ ਦੌਰ ਵਿੱਚ ਬਿਜਲੀ ਦੀ ਨਾਕਸ ਸਪਲਾਈ ਨੇ ਲੋਕਾਂ ਦੇ ਨੱਕ 'ਚ ਦਮ ਕਰ ਰੱਖਿਆ ਹੈ।ਸੂਬੇ ਦੇ ਵੱਖ-ਵੱਖ ਹਿੱਸਿਆਂ ਖਾਸ ਕਰਕੇ ਪੇਂਡੂ ਅਤੇ ਅਰਧ-ਸ਼ਹਿਰੀ ਇਲਾਕਿਆਂ ਵਿੱਚ ਦਿਨ-ਰਾਤ ਬਿਜਲੀ ਦੇ ਲੰਮੇ-ਲੰਮੇ ਕੱਟ ਲੱਗ ਰਹੇ ਹਨ, ਜਿਸ ਕਾਰਨ ਲੋਕਾਂ ਦਾ ਜਿਊਣਾ ਮੁਹਾਲ ਹੋ ਗਿਆ ਹੈ।ਜੇਕਰ ਇਸ ਬਾਰੇ ਸਥਾਨਿਕ ਬਿਜਲੀ ਅਧਿਕਾਰੀਆਂ ਨੂੰ ਪੁੱਛੀਏ ਤਾਂ ਉਹ ਆਖ ਦਿੰਦੇ ਹਨ ਕੇ ਇਹ ਕੱਟ ਪੀ. ਸੀ. ਪਟਿਆਲਾ ਦੇ ਹੁਕਮਾਂ ਨਾਲ ਲੱਗ ਰਹੇ ਹਨ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਕਈ ਘੰਟਿਆਂ ਦੇ ਕੱਟ ਤੋਂ ਬਾਅਦ ਬਿਜਲੀ ਆਉਂਦੀ ਵੀ ਹੈ, ਤਾਂ ਉਹ ਜ਼ਿਆਦਾ ਦੇਰ ਟਿਕਦੀ ਨਹੀਂ।ਸਿਸਟਮ ਤੇ ਓਵਰਲੋਡ ਅਤੇ ਤਾਰਾਂ, ਟਰਾਂਸਫਾਰਮਰਾਂ ਦੀ ਮਾੜੀ ਹਾਲਤ ਕਾਰਨ ਕਿਤੇ ਨਾ ਕਿਤੇ ਪਟਾਕਾ ਬੋਲ ਜਾਂਦਾ ਹੈ।ਇਸ ਨਾਲ ਨਾ ਸਿਰਫ਼ ਸਪਲਾਈ ਦੁਬਾਰਾ ਠੱਪ ਹੋ ਜਾਂਦੀ ਹੈ, ਬਲਕਿ ਲੋ-ਵੋਲਟੇਜ ਅਤੇ



ਅਚਾਨਕ ਵੋਲਟੇਜ ਵਧਣ-ਘਟਣ ਕਰਕੇ ਲੋਕਾਂ ਦੇ ਘਰਾਂ ਦੇ ਮਹਿੰਗੇ ਇਲੈਕਟ੍ਰਾਨਿਕ ਉਪਕਰਨ ਏ.ਸੀ, ਫਰਿੱਜ ਅਤੇ ਕੂਲਰ ਆਦਿ ਸੜ ਰਹੇ ਹਨ।ਇੱਕ ਪਾਸੇ ਸੂਬਾ ਸਰਕਾਰ ਅਤੇ ਪਾਵਰਕਾਮ ਵੱਲੋਂ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ ਕਿ ਬਿਜਲੀ ਦੀ ਕੋਈ ਕਮੀ ਨਹੀਂ ਹੈ ਅਤੇ ਸਰਕਾਰ ਵੱਲੋਂ ਨਵੇਂ ਥਰਮਲ ਪਲਾਂਟ ਖ਼ਰੀਦ ਕੇ ਸੂਬੇ ਨੂੰ ਬਿਜਲੀ ਸਰਪਲੱਸ ਬਣਾਉਣ ਦੇ ਉਪਾਲੇ ਕੀਤੇ ਜਾ ਰਹੇ ਹਨ। ਦੂਜੇ ਪਾਸੇ, ਜ਼ਮੀਨੀ ਹਕੀਕਤ ਬਿਲਕੁਲ ਇਸ ਦੇ ਉਲਟ ਹੈ। ਆਮ ਜਨਤਾ ਪੁੱਛ ਰਹੀ ਹੈ ਕਿ ਜੇਕਰ ਸਰਕਾਰ ਨਵੇਂ ਥਰਮਲ ਪਲਾਂਟ ਖ਼ਰੀਦ ਰਹੀ ਹੈ, ਤਾਂ ਫਿਰ ਉਹ ਬਿਜਲੀ ਜਾ ਕਿੱਥੇ ਰਹੀ ਹੈ? ਕਿਉਂਕਿ ਖਪਤਕਾਰਾਂ ਨੂੰ ਤਾਂ ਬਿਜਲੀ ਲੱਭਿਆਂ ਵੀ ਨਹੀਂ ਲੱਭ ਰਹੀ।ਬਿਜਲੀ ਦੇ ਇਸ ਸੰਕਟ ਨੇ ਨਾ ਸਿਰਫ਼ ਘਰੇਲੂ ਖਪਤਕਾਰਾਂ ਨੂੰ ਪ੍ਰੇਸ਼ਾਨ ਕੀਤਾ ਹੈ, ਬਲਕਿ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਅਤੇ ਛੋਟੇ ਕਾਰੋਬਾਰੀਆਂ ਦਾ ਵੀ ਲਕੜਤੋੜ ਕੇ ਰੱਖ ਦਿੱਤਾ ਹੈ।ਵਪਾਰੀਆਂ ਦਾ ਕਹਿਣਾ ਹੈ ਕਿ ਬਿਜਲੀ ਨਾ ਹੋਣ ਕਾਰਨ ਕੰਮ-ਧੰਦੇ ਠੱਪ ਪਏ ਹਨ ਅਤੇ ਜਨਰੇਟਰ ਚਲਾਉਣ ਕਾਰਨ ਲਾਗਤ ਦਾ ਖਰਚਾ ਦੁੱਗਣਾ ਹੋ ਗਿਆ ਹੈ।ਲੋਕਾਂ ਦਾ ਕਹਿਣਾ ਹੈ ਕਿ ਸਾਨੂੰ ਕਾਗਜ਼ੀ ਦਾਅਵੇ ਜਾਂ ਬਿਆਨਬਾਜ਼ੀ ਨਹੀਂ, ਬਲਕਿ ਨਿਰਵਿਘਨ ਬਿਜਲੀ ਸਪਲਾਈ ਚਾਹੀਦੀ ਹੈ। ਸਰਕਾਰ ਨੂੰ ਤੁਰੰਤ ਬੁਨਿਆਦੀ ਢਾਂਚੇ ਨੂੰ ਸੁਧਾਰਨਾ ਚਾਹੀਦਾ ਹੈ ਤਾਂ ਜੋ ਆਏ ਦਿਨ ਹੁੰਦੇ ਤਕਨੀਕੀ ਨੁਕਸਾਂ ਤੋਂ ਨਿਜਾਤ ਮਿਲ ਸਕੇ। ਜੇਕਰ ਆਉਣ ਵਾਲੇ ਦਿਨਾਂ ਵਿੱਚ ਪਾਵਰਕਾਮ ਨੇ ਸਪਲਾਈ ਵਿੱਚ ਸੁਧਾਰ ਨਾ ਕੀਤਾ, ਤਾਂ ਲੋਕਾਂ ਵੱਲੋਂ ਤਿੱਖੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ ਅਤੇ ਇਸਦਾ ਅਸਰ ਆਉਣ ਵਾਲਿਆ ਚੋਣਾ ਤੇ ਵੀ ਪਵੇਗਾ।

## ਸਵਿੰਦਰਪਾਲ ਝਬਾਲੀਆ ਨਮਿਤ ਸ਼ਰਧਾਂਜਲੀ ਸਮਾਗਮ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)-** ਪੰਜਾਬ ਜਮਹੂਰੀ ਅਧਿਕਾਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਯਸ਼ਪਾਲ ਝਬਾਲ ਅਤੇ ਗਿਆਨੀ ਰਾਜਪਾਲ ਸਿੰਘ ਝਬਾਲ ਦੇ



ਛੋਟੇ ਭਰਾ, ਸਾਬਕਾ ਸਰਪੰਚ ਨਰਿੰਦਰ ਪੱਪਾ ਝਬਾਲ ਦੇ ਚਾਚਾ ਅਤੇ ਰਾਜਵਿੰਦਰ ਵਿਪਲੂ ਤੇ ਕੰਵਰ ਬਿਕਰਮ ਝਬਾਲ ਦੇ ਪਿਤਾ ਸਵਿੰਦਰਪਾਲ ਛਿੰਦ ਝਬਾਲੀਆ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਸੀ।ਉਨ੍ਹਾਂ ਨਮਿਤ ਅੰਤਿਮ ਰਸਮ ਤੇ ਸ਼ਰਧਾਂਜਲੀ ਸਮਾਗਮ ਰਾਧਾ ਕ੍ਰਿਸ਼ਨ ਮੰਦਰ, ਰਣਜੀਤ ਐਵੀਨਿਊ ਵਿਖੇ ਹੋਇਆ।ਇਸ ਮੌਕੇ ਵੱਖ-ਵੱਖ ਸਿਆਸੀ, ਸਮਾਜਿਕ ਤੇ ਕਿਰਤੀ ਜਥੇਬੰਦੀਆਂ ਦੇ ਆਗੂਆਂ ਨੇ ਪਹੁੰਚ ਕੇ ਸਵਿੰਦਰਪਾਲ ਝਬਾਲੀਆ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਟੈਲੀਕਾਮ ਕਰਮਚਾਰੀ ਤੇ ਪੈਨਸ਼ਨ ਯੂਨੀਅਨ ਦੇ ਆਗੂ ਇਕਬਾਲ ਸਿੰਘ ਢਿੱਲੋਂ, ਕਾਮਰੇਡ ਜਸਬੀਰ ਸਿੰਘ ਝਬਾਲ, ਦਵਿੰਦਰ ਸੋਹਲ, ਵਿਧਾਇਕ ਡਾ. ਜਸਬੀਰ ਸਿੰਘ, ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਜਮਹੂਰੀ ਅਧਿਕਾਰ ਸਭਾ ਦੇ ਡਾ. ਪਰਮਿੰਦਰ ਸਿੰਘ, ਭੁਪਿੰਦਰ ਸਿੰਘ ਸੰਧੂ, ਕਾਮਰੇਡ ਸੁੱਚਾ ਸਿੰਘ, ਜਗਤਾਰ ਸਿੰਘ ਝਬਾਲ, ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਝਬਾਲ, ਦਵਿੰਦਰ ਕੁਮਾਰ ਸੋਹਲ, ਧਰਮੀ ਫੌਜੀ ਬਲਦੇਵ ਸਿੰਘ ਭੁੱਚਰ, ਐਡ ਜੇ. ਐਸ. ਢਿੱਲੋਂ, ਅਸ਼ੋਕ ਕੁਮਾਰ ਸੋਹਲ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ, ਆੜ੍ਹਤੀ ਸੁਖਰਾਜ ਸਿੰਘ ਝਬਾਲ, ਐਡਵੋਕੇਟ ਇਕਬਾਲ ਸਿੰਘ ਝਬਾਲ, ਪੂਰਨ ਸਿੰਘ ਝਬਾਲ, ਮਨਜਿੰਦਰ ਸਿੰਘ ਭੋਜੀਆਂ, ਜਥੇਦਾਰ ਬਾਬਾ ਭੋਲਾ ਸਿੰਘ ਸੇਵਾਦਾਰ ਗੁਰਦੁਆਰਾ ਸੰਤ ਨਿਵਾਸ, ਮਾਸਟਰ ਪ੍ਰਿਤਪਾਲ ਸਿੰਘ, ਚੇਅਰਮੈਨ ਹਰਵੰਤ ਸਿੰਘ ਝਬਾਲ, ਇੰਸ ਦਵਿੰਦਰ ਕੁਮਾਰ, ਮਾਸਟਰ ਜਸਪਾਲ ਸਿੰਘ, ਸਰਪੰਚ ਗੁਰਚਰਨ ਸਿੰਘ ਖੈਰਦੀਨ, ਮਾਸਟਰ ਮੁਖਤਾਰ ਸਿੰਘ ਝਬਾਲ, ਸਰਬਜੀਤ ਸਿੰਘ ਪੱਪੂ, ਪ੍ਰਧਾਨ ਗੁਰਵਿੰਦਰ ਸਿੰਘ, ਮਾਸਟਰ ਅਵਤਾਰ ਸਿੰਘ, ਸੁਖਦੇਵ ਸਿੰਘ ਆਦਿ ਸ਼ਾਮਲ ਸਨ।

ਨਵਾਂ ਜ਼ਮਾਨਾ
ਬੁੱਧਵਾਰ, 1 ਜੁਲਾਈ 2026

# ਐੱਸ ਆਈ ਆਰ ਦਾ ਅਸਰ

*ਜਦੋਂ ਭਾਰਤ ਦੇ ਚੋਣ ਕਮਿਸ਼ਨ ਨੇ 24 ਜੂਨ, 2025 ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦਾ ਐਲਾਨ ਕੀਤਾ ਤਾਂ ਇਸ ਨੇ ਕਿਹਾ ਕਿ ਇਹ ਅਭਿਆਸ ਕਈ ਕਾਰਨਾਂ ਕਰਕੇ ਜ਼ਰੂਰੀ ਹੋ ਗਿਆ ਸੀ। ਬਿਹਾਰ ਵਿੱਚ ਐੱਸ ਆਈ ਆਰ ਦੇ ਪਾਇਲਟ ਪੜਾਅ ਦੇ ਪੂਰਾ ਹੋਣ ਤੋਂ ਕੁਝ ਦਿਨ ਬਾਅਦ 5 ਅਕਤੂਬਰ ਨੂੰ ਪਟਨਾ ਵਿੱਚ ਪ੍ਰੈੱਸ ਕਾਨਫਰੰਸ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਵੋਟਰ ਸੂਚੀਆਂ ਵਿੱਚ ਪਾਏ ਗਏ ਵਿਦੇਸ਼ੀ 'ਗੈਰ-ਕਾਨੂੰਨੀ ਪ੍ਰਵਾਸੀਆਂ' ਦੀ ਗਿਣਤੀ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ। ਹਾਲਾਂਕਿ ਉਸੇ ਮਹੀਨੇ, ਜਦੋਂ ਕਮਿਸ਼ਨ ਨੇ 12 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਐੱਸ ਆਈ ਆਰ ਦੀ ਸ਼ੁਰੂਆਤ ਦਾ ਐਲਾਨ ਕੀਤਾ ਤਾਂ ਇਸ ਨੇ ਦੁਬਾਰਾ ਕਿਹਾ ਕਿ ਵੋਟਰ ਸੂਚੀਆਂ ਵਿੱਚ ਵਿਦੇਸ਼ੀਆਂ ਨੂੰ ਗਲਤ ਤਰੀਕੇ ਨਾਲ ਸ਼ਾਮਲ ਕਰਨ ਵਰਗੀਆਂ ਸਮੱਸਿਆਵਾਂ ਮੌਜੂਦ ਸਨ। 27 ਅਕਤੂਬਰ ਨੂੰ ਮੁੱਖ ਚੋਣ ਕਮਿਸ਼ਨਰ ਨੇ ਕਿਹਾ ਕਿ ਪਿਛਲੇ ਦੋ ਦਹਾਕਿਆਂ ਦੌਰਾਨ ਵੋਟਰ ਸੂਚੀਆਂ ਵਿੱਚ ਕਈ ਬਦਲਾਅ ਹੋਏ ਹਨ। ਵਾਰ-ਵਾਰ ਪ੍ਰਵਾਸ ਦੇ ਕਾਰਨ, ਬਹੁਤ ਸਾਰੇ ਵੋਟਰ ਇੱਕ ਤੋਂ ਵੱਧ ਥਾਵਾਂ 'ਤੇ ਰਜਿਸਟਰਡ ਹੋਏ ਹਨ, ਮ੍ਰਿਤਕ ਵੋਟਰਾਂ ਦੇ ਨਾਂਅ ਨਹੀਂ ਹਟਾਏ ਗਏ, ਜਾਂ ਵਿਦੇਸ਼ੀ ਲੋਕਾਂ ਨੂੰ ਵੋਟਰ ਸੂਚੀ ਵਿੱਚ ਗਲਤ ਢੰਗ ਨਾਲ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਕਾਰਨਾਂ ਕਰਕੇ, ਚੋਣ ਕਮਿਸ਼ਨ ਨੇ ਦੇਸ਼ ਭਰ ਵਿੱਚ ਪੜਾਅਵਾਰ ਐੱਸ ਆਈ ਆਰ ਕਰਨ ਦਾ ਫੈਸਲਾ ਕੀਤਾ ਹੈ। ਇਸ ਦੇ ਬਾਵਜੂਦ ਕਮਿਸ਼ਨ ਹੁਣ ਤੱਕ ਇਹ ਨਹੀਂ ਦੱਸ ਸਕਿਆ ਕਿ ਵੋਟਰ ਸੂਚੀ ਵਿੱਚ ਕਿੰਨੇ ਵਿਦੇਸ਼ੀ ਪਾਏ ਗਏ ਹਨ।*

*ਇਨ੍ਹਾਂ 13 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 5 ਕਰੋੜ ਤੋਂ ਵੱਧ ਵੋਟਰਾਂ ਨੂੰ ਵੋਟਰ ਸੂਚੀਆਂ ਤੋਂ ਹਟਾ ਦਿੱਤਾ ਗਿਆ। ਇਕੱਲੇ ਪੱਛਮੀ ਬੰਗਾਲ ਵਿੱਚ ਲੱਗਭੱਗ 27 ਲੱਖ ਵੋਟਰ ਅਪ੍ਰੈਲ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾਉਣ ਦੇ ਅਯੋਗ ਕਰਾਰ ਦੇ ਦਿੱਤੇ ਗਏ ਅਤੇ ਉਹ ਅਜੇ ਵੀ ਆਪਣੀਆਂ ਅਪੀਲਾਂ 'ਤੇ ਟ੍ਰਿਬਿਊਨਲ ਦੇ ਫੈਸਲਿਆਂ ਦੀ ਉਡੀਕ ਕਰ ਰਹੇ ਹਨ। ਜਦੋਂ ਤੋਂ ਐੱਸ ਆਈ ਆਰ ਪੇਸ਼ ਕੀਤੀ ਗਈ ਹੈ, ਭਾਜਪਾ ਨੇ ਵੋਟਰ ਸੂਚੀ ਸੋਧ ਨੂੰ ਕਥਿਤ ਗੈਰ-ਕਾਨੂੰਨੀ ਪ੍ਰਵਾਸੀਆਂ ਦੇ ਮੁੱਦੇ ਨੂੰ ਸਿਆਸੀ ਤੌਰ 'ਤੇ ਅੱਗੇ ਵਧਾਉਣ ਦੇ ਸਾਧਨ ਵਜੋਂ ਵਰਤਿਆ ਹੈ। ਚੋਣ ਰੈਲੀਆਂ ਤੋਂ ਲੈ ਕੇ ਸੰਸਦ ਤੱਕ ਭਾਜਪਾ ਸਰਕਾਰ ਨੇ ਇਸ ਪ੍ਰਕਿਰਿਆ ਦਾ ਬਚਾਅ ਕਰਦੇ ਹੋਏ ਕਿਹਾ ਕਿ ਲੱਖਾਂ ਵੋਟਰਾਂ ਤੋਂ ਨਾਗਰਿਕਤਾ ਦੇ ਦਸਤਾਵੇਜ਼ੀ ਸਬੂਤ ਦੀ ਮੰਗ ਕਰਨਾ ਉਸ ਦੀ 'ਡਿਟੈਕਟ, ਡਿਲੀਟ ਅਤੇ ਡਿਪੋਰਟ' ਨੀਤੀ ਦਾ ਹਿੱਸਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਐੱਸ ਆਈ ਆਰ ਦੇ ਨਤੀਜੇ ਵਜੋਂ ਸਿਰਫ ਉਨ੍ਹਾਂ ਵੋਟਰਾਂ ਦੇ ਨਾਂਅ ਹਟਾਏ ਗਏ ਹਨ, ਜੋ ਭਾਰਤੀ ਨਾਗਰਿਕ ਨਹੀਂ ਸਨ।*

*ਜਿਨ੍ਹਾਂ ਲੋਕਾਂ ਦੇ ਨਾਂਅ ਵੋਟਰ ਸੂਚੀਆਂ ਤੋਂ ਹਟਾ ਦਿੱਤੇ ਗਏ ਹਨ, ਉਨ੍ਹਾਂ ਨੂੰ ਪੱਛਮੀ ਬੰਗਾਲ ਅਤੇ ਬਿਹਾਰ ਵਿੱਚ ਭਾਜਪਾ ਦੇ ਨਵੇਂ ਮੁੱਖ ਮੰਤਰੀਆਂ ਵੱਲੋਂ ਭਲਾਈ ਯੋਜਨਾਵਾਂ ਦੇ ਲਾਭਾਂ ਤੋਂ ਵੀ ਵਾਂਝਾ ਕੀਤਾ ਜਾ ਰਿਹਾ ਹੈ। ਪੱਛਮੀ ਬੰਗਾਲ ਸਰਕਾਰ ਨੇ ਐਲਾਨ ਕੀਤਾ ਹੈ ਕਿ ਅੰਨਪੂਰਨਾ ਯੋਜਨਾ, ਜਿਸ ਤਹਿਤ ਔਰਤਾਂ ਨੂੰ ਨਕਦ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ, ਦਾ ਲਾਭ ਹੁਣ ਐੱਸ ਆਈ ਆਰ ਤੋਂ ਹਟਾਏ ਗਏ ਲੋਕਾਂ ਨੂੰ ਨਹੀਂ ਮਿਲੇਗਾ। ਇਸ ਮਹੀਨੇ ਸਰਕਾਰ ਨੇ ਜਨਤਕ ਵੰਡ ਪ੍ਰਣਾਲੀ ਦੇ ਅਯੋਗ ਲਾਭਪਾਤਰੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਹਟਾਉਣ ਲਈ ਇੱਕ ਰਾਜ ਵਿਆਪੀ ਤਸਦੀਕ ਮੁਹਿੰਮ ਵੀ ਸ਼ੁਰੂ ਕੀਤੀ, ਜੋ ਐੱਸ ਆਈ ਆਰ ਨਾਲ ਜੁੜੀ ਹੋਈ ਹੈ। ਬਿਹਾਰ ਦੇ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਅਪ੍ਰੈਲ ਵਿੱਚ ਕਿਹਾ ਸੀ ਕਿ ਐੱਸ ਆਈ ਆਰ ਤੋਂ ਬਾਅਦ 22 ਲੱਖ ਰਾਸ਼ਨ ਕਾਰਡ ਪਹਿਲਾਂ ਹੀ ਰੱਦ ਕੀਤੇ ਜਾ ਚੁੱਕੇ ਹਨ। ਰਾਜ ਸਰਕਾਰਾਂ ਇਹ ਕਦਮ ਅਜਿਹੇ ਸਮੇਂ ਚੁੱਕ ਰਹੀਆਂ ਹਨ ਜਦੋਂ ਸੁਪਰੀਮ ਕੋਰਟ ਨੇ ਪਿਛਲੇ ਮਹੀਨੇ ਐੱਸ ਆਈ ਆਰ ਨੂੰ ਪ੍ਰਮਾਣਤ ਕਰਦੇ ਹੋਏ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ ਚੋਣ ਕਮਿਸ਼ਨ ਦੇ ਫੈਸਲੇ ਦਾ ਪ੍ਰਭਾਵ ਸਿਰਫ ਵੋਟਰ ਸੂਚੀ ਵਿੱਚ ਨਾਵਾਂ ਨੂੰ ਸ਼ਾਮਲ ਕਰਨ ਜਾਂ ਹਟਾਉਣ ਤੱਕ ਸੀਮਤ ਹੈ। ਇਹ ਵਿਅਕਤੀ ਦੇ ਨਾਗਰਿਕਤਾ ਦੇ ਦਾਅਵੇ ਨੂੰ ਖਤਮ ਨਹੀਂ ਕਰਦਾ। ਵੋਟਰ ਸੂਚੀਆਂ ਵਿੱਚੋਂ ਬਾਹਰ ਹੋਏ ਲੋਕਾਂ ਦੇ ਨਾਂਅ ਕਦੋਂ ਬਹਾਲ ਹੋਣਗੇ, ਇਹ ਤਰੀਕ ਦੱਸਣੀ ਅਸੰਭਵ ਜਾਪਦੀ ਹੈ, ਪਰ ਇਹ ਲੋਕ ਸਰਕਾਰੀ ਯੋਜਨਾਵਾਂ ਤੋਂ ਵੀ ਬਾਹਰ ਹੋ ਗਏ ਹਨ। ਇਹ ਗੱਲ ਦੇਖਣ ਵਾਲੀ ਹੋਵੇਗੀ ਕਿ ਪੰਜਾਬ ਸਰਕਾਰ ਤੇ ਇੱਥੋਂ ਦੀਆਂ ਪਾਰਟੀਆਂ ਐੱਸ ਆਈ ਆਰ ਦੌਰਾਨ ਕਿੰਨੇ ਲੋਕਾਂ ਦੇ ਵੋਟ ਦੇ ਅਧਿਕਾਰ ਦੀ ਰਾਖੀ ਕਰ ਪਾਉਂਦੀਆਂ ਹਨ।*

## ਕੀ ਪੰਜਾਬ 'ਚ ਅਕਾਲੀ ਦਲ ਖੇਤਰੀ ਪਾਰਟੀ ਵਜੋਂ ਮੁੜ ਉੱਭਰੇਗਾ



ਗੁਰਮੀਤ ਸਿੰਘ ਪਲਾਹੀ

ਦੇਸ਼ ਵਿੱਚ ਐਮਰਜੈਂਸੀ ਦੀ 51ਵੀਂ ਵਰ੍ਹੇਗੰਢ ਮੌਕੇ ਸਭ ਤੋਂ ਵੱਡੀ ਭੂਮਿਕਾ ਨਿਭਾਉਣ ਵਾਲੇ ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਵਾਸੀਆਂ ਨਾਲ ਐਮਰਜੈਂਸੀ ਸਮੇਂ ਦੌਰਾਨ ਹੋਈਆਂ ਜ਼ਿਆਦਤੀਆਂ ਨੂੰ ਸਾਂਝਾ ਨਹੀਂ ਕੀਤਾ। ਯਾਦ ਰਹੇ ਪੰਜਾਬੀਆਂ ਨੇ ਐਮਰਜੈਂਸੀ ਦੇ ਦੌਰ 'ਚ ਸਭ ਤੋਂ ਵੱਧ ਕਸ਼ਟ ਭੋਗਿਆ ਸੀ। ਦੇਸ਼ ਭਰ 'ਚ ਵਿਰੋਧੀ ਧਿਰਾਂ ਨੇ ਐਮਰਜੈਂਸੀ ਦੇ ਕਾਲੇ ਦੌਰ ਨੂੰ ਖ਼ੂਬ ਪ੍ਰਚਾਰਿਆ ਅਤੇ ਕਾਂਗਰਸ ਖ਼ਿਲਾਫ਼ ਪ੍ਰਚਾਰ ਕਰਕੇ ਸਿਆਸੀ ਲਾਹਾ ਲੈਣ ਦਾ ਯਤਨ ਕੀਤਾ, ਪਰ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਨੇਤਾ ਸਿਰਫ਼ ਇੱਕ ਬਿਆਨ ਦੇ ਕੇ ਚੁੱਪੀ ਸਾਧੀ ਬੈਠੇ ਰਹੇ, ਆਖ਼ਿਰ ਕਿਉਂ?

ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਲੱਗਭੱਗ ਇੱਕ ਸਦੀ ਪੁਰਾਣਾ ਹੈ। ਇਹ ਸਿਰਫ਼ ਇੱਕ ਸਿਆਸੀ ਪਾਰਟੀ ਨਹੀਂ, ਬਲਕਿ ਪੰਜਾਬ, ਪੰਜਾਬੀਅਤ ਅਤੇ ਸਿੱਖ ਪੰਥ ਦੇ ਹੱਕਾਂ ਦੀ ਰਾਖੀ ਲਈ ਹੋਂਦ ਵਿੱਚ ਆਈ ਇੱਕ ਅਜਿਹੀ ਲਹਿਰ ਸੀ, ਜਿਸ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਸਮਾਜਿਕ ਅਤੇ ਸੂਬਾਈ ਹੱਕਾਂ ਦੀ ਲੜਾਈ ਵਿੱਚ ਹਮੇਸ਼ਾ ਮੋਹਰੀ ਰੋਲ ਅਦਾ ਕੀਤਾ। ਕਦੇ ਇਹ ਪੰਜਾਬ ਖੇਤਰ ਦੀ ਤਰਜਮਾਨੀ ਕਰਨ ਵਾਲੀ ਪੰਜਾਬ ਦੀ ਵੱਡੀ ਸਿਆਸੀ ਧਿਰ ਸੀ, ਪਰ ਅੱਜ ਇਹ ਪਾਰਟੀ ਬਿਖਰੀ ਹੋਈ ਹੈ। ਫੁੱਟ ਦਾ ਸ਼ਿਕਾਰ ਹੈ। ਕੀ ਇਹ ਸਵਾਰਥ ਸਿੱਧੀ ਦਾ ਨਤੀਜਾ ਨਹੀਂ ਹੈ?

ਅਕਾਲੀ ਦਲ ਦੀ ਪਛਾਣ ਹਮੇਸ਼ਾ ਜ਼ੁਲਮ ਅਤੇ ਬੇਇਨਸਾਫ਼ੀ ਖ਼ਿਲਾਫ਼ ਡਟਣ ਵਾਲੀ ਪਾਰਟੀ ਵਜੋਂ ਰਹੀ ਹੈ। ਜਦੋਂ 1975 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਦੇਸ਼ ਵਿੱਚ ਐਮਰਜੈਂਸੀ ਲਗਾਈ, ਵਿਰੋਧੀ ਧਿਰ ਦੇ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਅਤੇ ਪ੍ਰੈੱਸ 'ਤੇ ਪਾਬੰਦੀਆਂ ਲਗਾ ਦਿੱਤੀਆਂ, ਤਾਂ ਉਹ ਸ਼੍ਰੋਮਣੀ ਅਕਾਲੀ ਦਲ ਹੀ ਸੀ, ਜਿਸ ਨੇ ਸਭ ਤੋਂ ਵੱਡੇ ਪੱਧਰ 'ਤੇ ਇਸ ਤਾਨਾਸ਼ਾਹੀ ਦਾ ਵਿਰੋਧ ਕੀਤਾ। ਮਰਹੂਮ ਪ੍ਰਕਾਸ਼ ਸਿੰਘ ਬਾਦਲ ਸਮੇਤ ਕਈ ਵੱਡੇ ਅਕਾਲੀ ਆਗੂਆਂ, ਵਰਕਰਾਂ ਨੇ ਲੰਮਾ ਸਮਾਂ ਜੇਲ੍ਹਾਂ ਕੱਟੀਆਂ। ਜਾਪਦਾ ਹੈ ਇਹਨਾਂ ਕੁਰਬਾਨੀਆਂ ਨੂੰ ਨੇਤਾਵਾਂ ਨੇ ਪੈਰਾਂ 'ਚ ਰੋਲ ਕੇ ਰੱਖ ਦਿੱਤਾ ਹੈ!

ਅਕਾਲੀ ਦਲ ਦੇ ਮੌਜੂਦਾ ਕਿਰਦਾਰ ਵੱਲ ਝਾਤ ਮਾਰਦਿਆਂ ਤਾਂ ਬੜੇ ਦੁੱਖ ਨਾਲ ਕਹਿਣਾ ਪੈਂਦਾ ਹੈ ਕਿ ਇਹ ਪਾਰਟੀ ਆਪਣੇ ਹੀ ਸ਼ਾਨਦਾਰ ਇਤਿਹਾਸ ਨੂੰ ਪੂਰੀ ਤਰ੍ਹਾਂ ਵਿਸਾਰ ਚੁੱਕੀ ਹੈ। ਇੱਥੇ ਤਿੰਨ ਅਜਿਹੀਆਂ ਵੱਡੀਆਂ ਗੱਲਾਂ ਹਨ, ਜਿਨ੍ਹਾਂ 'ਤੇ ਅਕਾਲੀ ਦਲ ਦੀ ਚੁੱਪੀ ਪੰਜਾਬੀਆਂ ਦੇ ਹਿਰਦੇ ਵਲੂੰਧਰਦੀ ਹੈ:

ਪਹਿਲੀ ਇਹ ਕਿ ਐਮਰਜੈਂਸੀ ਦੀਆਂ ਜ਼ਿਆਦਤੀਆਂ ਨੂੰ ਇਹ ਪਾਰਟੀ ਭੁੱਲ ਚੁੱਕੀ ਹੈ, ਜਿਸ ਤਾਨਾਸ਼ਾਹੀ ਖ਼ਿਲਾਫ਼ ਅਕਾਲੀ ਦਲ ਨੇ ਸਭ ਤੋਂ ਵੱਡਾ ਮੋਰਚਾ ਲਾਇਆ ਸੀ, ਅੱਜ ਦੀ ਲੀਡਰਸ਼ਿਪ ਐਮਰਜੈਂਸੀ ਦੌਰਾਨ ਹੋਈਆਂ ਉਨ੍ਹਾਂ ਭਿਆਨਕ ਜ਼ਿਆਦਤੀਆਂ ਅਤੇ ਆਪਣੇ ਆਗੂਆਂ ਦੇ ਸੰਘਰਸ਼ ਨੂੰ ਪੂਰੀ ਤਰ੍ਹਾਂ ਵਿਸਾਰ ਬੈਠੀ ਹੈ।

ਦੂਜਾ ਇਹ ਪਾਰਟੀ ਸੂਬਿਆਂ ਦੇ ਵੱਧ ਅਧਿਕਾਰਾਂ ਅਤੇ ਆਨੰਦਪੁਰ ਮਤੇ ਤੋਂ ਕਿਨਾਰਾ ਕਰੀ ਬੈਠੀ ਹੈ। ਭਾਰਤ ਦੇ ਸੰਘੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਰਾਜਾਂ ਨੂੰ ਵੱਧ ਸਵੈ-ਖ਼ੁਦਮੁਖਤਿਆਰੀ (ਅਧਿਕਾਰ) ਦਿਵਾਉਣ ਲਈ ਅਕਾਲੀ ਦਲ ਨੇ ਇਤਿਹਾਸਕ 'ਆਨੰਦਪੁਰ ਸਾਹਿਬ ਦਾ ਮਤਾ' ਪਾਸ ਕੀਤਾ ਸੀ, ਪਰ ਅੱਜ ਅਕਾਲੀ ਦਲ ਇਸ ਮਤੇ ਨੂੰ ਅੱਗੇ ਲਿਆਉਣ ਤੋਂ ਪੂਰੀ ਤਰ੍ਹਾਂ ਪਿੱਛੇ ਹਟ ਗਿਆ ਹੈ ਅਤੇ ਕੇਂਦਰੀਕਰਨ ਦੀ ਸਿਆਸਤ ਅੱਗੇ ਗੋਡੇ ਟੇਕ ਚੁੱਕਾ ਹੈ।

ਤੀਜਾ ਇਸ ਪਾਰਟੀ ਵੱਲੋਂ ਪੰਜਾਬ ਦੇ ਪਾਣੀਆਂ ਅਤੇ ਹੋਰ ਮੰਗਾਂ ਪ੍ਰਤੀ ਇਹ ਮੋਰਚਾ ਲਾਉਣ ਦੇ ਆਪਣੇ ਸੁਭਾਅ ਨੂੰ ਭੁੱਲ ਚੁੱਕੀ ਹੈ। ਪੰਜਾਬ ਦੇ ਪਾਣੀਆਂ ਦੀ ਲੁੱਟ, ਚੰਡੀਗੜ੍ਹ ਦੀ ਵਾਪਸੀ ਅਤੇ ਪੰਜਾਬੀ ਬੋਲਦੇ ਇਲਾਕਿਆਂ ਦੇ ਮਸਲੇ ਪੰਜਾਬ ਦੀ ਹੋਂਦ ਦੀ ਲੜਾਈ ਹਨ। ਅਤੀਤ ਵਿੱਚ ਇਨ੍ਹਾਂ ਮੁੱਦਿਆਂ 'ਤੇ ਜੇਲ੍ਹਾਂ ਭਰਨ ਵਾਲਾ ਅਕਾਲੀ ਦਲ ਅੱਜ ਇਨ੍ਹਾਂ ਗੰਭੀਰ ਮਸਲਿਆਂ 'ਤੇ ਮੁੜ ਕੋਈ ਮੋਰਚਾ ਲਾਉਣ ਜਾਂ ਸੰਘਰਸ਼ ਵਿੱਢਣ ਦੀ ਹਿੰਮਤ ਨਹੀਂ ਦਿਖਾ ਰਿਹਾ। ਯਾਦ ਰਹੇ ਇਹ ਅਕਾਲੀ ਦਲ ਹੀ ਸੀ, ਜਿਸ ਨੇ ਪੰਜਾਬੀ ਸੂਬੇ ਦਾ ਇਤਿਹਾਸਕ ਮੋਰਚਾ ਲਗਾਇਆ। ਵੱਡੀਆਂ ਕੁਰਬਾਨੀਆਂ ਕੀਤੀਆਂ। ਪੰਜਾਬ ਦੇ ਲੋਕਾਂ ਦਾ ਦਿਲ ਜਿੱਤਿਆ, ਪਰ ਅੱਜ ਅਕਾਲੀ ਦਲ ਕੀ ਪੰਜਾਬ ਦੀ ਵੱਡੀ ਸਿਆਸੀ ਧਿਰ ਵਜੋਂ ਆਪਣੀ ਹੋਂਦ ਗੁਆ ਰਹੀ ਹੈ?

ਅਕਾਲੀ ਦਲ ਦੇ ਪਤਨ ਅਤੇ ਮੌਜੂਦਾ ਸੰਕਟ ਦਾ ਇੱਕ ਵੱਡਾ ਕਾਰਨ ਧਾਰਮਿਕ ਸੰਸਥਾਵਾਂ ਦੀ ਸਿਆਸੀ ਹਿੱਤਾਂ ਲਈ ਵਰਤੋਂ ਕਰਨਾ ਮੰਨਿਆ ਜਾ ਰਿਹਾ ਹੈ। ਅੱਜ ਜਦੋਂ ਪਾਰਟੀ ਸਿਆਸੀ ਤੌਰ 'ਤੇ ਹਾਸ਼ੀਏ 'ਤੇ ਹੈ, ਤਾਂ ਇਸ 'ਤੇ ਲਗਾਤਾਰ ਇਹ ਦੋਸ਼ ਲੱਗ ਰਹੇ ਹਨ ਕਿ ਇਹ ਆਪਣੀ ਡੁੱਬਦੀ ਬੇੜੀ ਨੂੰ ਬਚਾਉਣ ਲਈ ਮੁੜ ਸਿੱਖ ਜਜ਼ਬਾਤ ਅਤੇ ਧਾਰਮਿਕ ਮੰਚਾਂ ਦਾ ਸਹਾਰਾ ਲੈ ਰਹੀ ਹੈ। ਹੁਣੇ ਜਿਹੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ 'ਪੰਥ ਦੋਖੀ' ਕਰਾਰ ਦਿੱਤੇ ਜਾਣ ਦਾ ਜੋ ਹੁਕਮਨਾਮਾ ਸਾਹਮਣੇ ਆਇਆ ਹੈ, ਉਸ ਪਿੱਛੇ ਵੀ ਅਕਾਲੀ ਦਲ ਦੀ ਬੈਕ ਸਟੇਜ ਸਿਆਸਤ ਹੋਣ ਦੇ ਗੰਭੀਰ ਦੋਸ਼ ਲੱਗ ਰਹੇ ਹਨ।

ਪੰਜਾਬ ਦੀ ਸਿਆਸੀ ਕਚਹਿਰੀ ਵਿੱਚ ਇਹ ਚਰਚਾ ਆਮ ਹੈ ਕਿ ਅਕਾਲੀ ਦਲ ਇਸ ਹੁਕਮਨਾਮੇ ਦੀ ਖੁੱਲ੍ਹ ਕੇ ਪਿੱਠ ਪੂਰ ਰਿਹਾ ਹੈ, ਤਾਂ ਜੋ ਮੌਜੂਦਾ 'ਆਪ' ਸਰਕਾਰ ਦੇ ਖ਼ਿਲਾਫ਼ ਪੰਥਕ ਸਫ਼ਾਂ ਵਿੱਚ ਗੁੱਸਾ ਪੈਦਾ ਕੀਤਾ ਜਾ ਸਕੇ, ਪਰ ਸਵਾਲ ਇਹ ਉੱਠਦਾ ਹੈ ਕਿ ਕੀ ਅਜਿਹੀ ਧਾਰਮਿਕ ਪੈਂਤੜੇਬਾਜ਼ੀ ਅਕਾਲੀ ਦਲ ਨੂੰ ਮੁੜ ਸੁਰਜੀਤ ਕਰ ਸਕੇਗੀ? ਇਤਿਹਾਸ ਗਵਾਹ ਹੈ ਕਿ ਜਦੋਂ ਵੀ ਸਿਆਸੀ ਪਾਰਟੀਆਂ ਨੇ ਸਰਵਉੱਚ ਧਾਰਮਿਕ ਸੰਸਥਾਵਾਂ ਨੂੰ ਆਪਣੇ ਨਿੱਜੀ ਜਾਂ ਜਥੇਬੰਦਕ ਲਾਹੇ ਲਈ ਵਰਤਣ ਦੀ ਕੋਸ਼ਿਸ਼ ਕੀਤੀ ਹੈ, ਉਸ ਨਾਲ ਸੰਸਥਾਵਾਂ ਦੀ ਮਰਿਆਦਾ ਨੂੰ ਵੀ ਢਾਹ ਲੱਗੀ ਹੈ ਅਤੇ ਲੋਕਾਂ ਵਿੱਚ ਉਸ ਪਾਰਟੀ ਦਾ ਅਕਸ ਹੋਰ ਖ਼ਰਾਬ ਹੋਇਆ ਹੈ।

ਅੱਜ ਦੀ ਰਾਜਨੀਤੀ ਦਾ ਸਭ ਤੋਂ ਦੁਖਦਾਈ ਪਹਿਲੂ ਇਹ ਹੈ ਕਿ ਨੇਤਾ ਲੋਕ ਆਪਣੀ ਨੈਤਿਕਤਾ ਪੂਰੀ ਤਰ੍ਹਾਂ ਗੁਆ ਚੁੱਕੇ ਹਨ। ਅਸਲ ਮਾਇਨਿਆਂ ਵਿੱਚ ਕਿਸੇ ਸਿਆਸੀ ਪਾਰਟੀ ਦਾ ਮੈਂਬਰ ਹੋਣਾ ਉਸ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਪ੍ਰਤੀ ਵਫ਼ਾਦਾਰੀ ਦਾ ਪ੍ਰਤੀਕ ਹੁੰਦਾ ਹੈ। ਇੱਕ ਸੁਚੱਜੇ ਲੋਕਤੰਤਰ ਵਿੱਚ ਪਾਰਟੀਆਂ ਦੀਆਂ ਨੀਤੀਆਂ ਬੜੀਆਂ ਸਪੱਸ਼ਟ ਹੁੰਦੀਆਂ ਹਨ ਅਤੇ ਜਿਹੜੇ ਵਰਕਰ ਜਾਂ ਆਗੂ ਇਸ ਦੇ ਮੈਂਬਰ ਬਣਦੇ ਹਨ, ਉਹ ਉਨ੍ਹਾਂ ਨੀਤੀਆਂ ਦੀ ਪਹਿਰੇਦਾਰੀ ਲਈ ਆਪਣਾ ਜੀਵਨ ਲਗਾ ਦਿੰਦੇ ਹਨ, ਪਰ ਹੁਣ ਸਮਾਂ ਬਿਲਕੁਲ ਬਦਲ ਚੁੱਕਾ ਹੈ, ਅੱਜ ਸਿਧਾਂਤ ਅਤੇ ਵਫ਼ਾਦਾਰੀ ਮਹਿਜ਼ ਕਿਤਾਬੀ ਗੱਲਾਂ ਰਹਿ ਗਈਆਂ ਹਨ। ਅਕਾਲੀ ਦਲ ਵੀ ਇਸ ਦੁਖਾਂਤ ਦਾ ਸ਼ਿਕਾਰ ਹੈ!

ਜਿੱਥੇ ਵੀ ਕਿਸੇ ਨੇਤਾ ਨੂੰ ਸੱਤਾ ਜਾਂ ਕੁਰਸੀ ਦੀ ਚਮਕ ਦਿਸਦੀ ਹੈ, ਉਹ ਉਸੇ ਹਿਸਾਬ ਨਾਲ ਬਿਨਾਂ ਕਿਸੇ ਸ਼ਰਮ ਦੇ ਆਪਣੀ ਪਾਰਟੀ ਬਦਲ ਲੈਂਦਾ ਹੈ। ਪੰਜਾਬ ਵਿੱਚ ਅੱਜ 'ਆਇਆ ਰਾਮ, ਗਿਆ ਰਾਮ' ਦੀ ਇਹ ਸਿਆਸਤ ਸਿਖਰਾਂ 'ਤੇ ਹੈ।

ਇਸ ਸਿਆਸੀ ਖਿੱਚੋਤਾਣ ਦੇ ਦਰਮਿਆਨ ਪੰਜਾਬ ਦੇ ਅਸਲ ਬੁਨਿਆਦੀ ਮਸਲੇ ਹਾਸ਼ੀਏ 'ਤੇ ਚਲੇ ਗਏ ਹਨ। ਅੱਜ ਪੰਜਾਬ ਵਿੱਚ ਬੇਰੁਜ਼ਗਾਰੀ ਬਹੁਤ ਜ਼ਿਆਦਾ ਵਧ ਚੁੱਕੀ ਹੈ, ਜਿਸ ਕਾਰਨ ਸਾਡੀ ਸਭ ਤੋਂ ਵੱਡੀ ਤਾਕਤ-ਸਾਡੀ ਨੌਜਵਾਨੀ-ਭਵਿੱਖ ਦੇ ਧੁੰਦਲੇਪਣ ਤੋਂ ਡਰਦੀ ਹੋਈ ਧੜਾਧੜ ਵਿਦੇਸ਼ਾਂ ਨੂੰ ਭੱਜ ਰਹੀ ਹੈ। ਪੰਜਾਬ ਦੇ ਘਰ ਖਾਲੀ ਹੋ ਰਹੇ ਹਨ ਅਤੇ ਬਜ਼ੁਰਗ ਇਕੱਲੇ ਰਹਿ ਗਏ ਹਨ। ਦੂਜੇ ਪਾਸੇ, ਜਿਹੜੀ ਨੌਜਵਾਨੀ ਇੱਥੇ ਰਹਿ ਗਈ ਹੈ, ਉਸ ਨੂੰ ਨਸ਼ਿਆਂ ਦਾ ਪ੍ਰਕੋਪ ਲਗਾਤਾਰ ਆਪਣੀ ਗ੍ਰਿਫ਼ਤ ਵਿੱਚ ਲੈ ਰਿਹਾ ਹੈ। ਨਸ਼ਿਆਂ ਦਾ ਇਹ ਕੋਹੜ ਪੰਜਾਬ ਦੀਆਂ ਜੜ੍ਹਾਂ ਨੂੰ ਰੋਜ਼ਾਨਾ ਖੋਖਲਾ ਕਰ ਰਿਹਾ ਹੈ। ਆਮ ਪੰਜਾਬੀ ਅੱਜ ਇਹ ਸਵਾਲ ਪੁੱਛ ਰਿਹਾ ਹੈ ਕਿ ਕੀ ਅਕਾਲੀ ਦਲ ਕੋਲ ਇਨ੍ਹਾਂ ਭਖਦੇ ਮਸਲਿਆਂ ਲਈ ਕੋਈ ਠੋਸ ਅਤੇ ਸਪੱਸ਼ਟ ਏਜੰਡਾ ਹੈ ਜਾਂ ਫਿਰ ਉਹ ਸਿਰਫ਼ ਧਾਰਮਿਕ ਫ਼ਤਵਿਆਂ ਦੇ ਓਹਲੇ ਆਪਣੀ ਸਿਆਸੀ ਹੋਂਦ ਬਚਾਉਣ ਦੀ ਤਾਕ ਵਿੱਚ ਹੈ?

ਅਕਾਲੀ ਦਲ ਨੂੰ ਸਭ ਤੋਂ ਵੱਡਾ ਨੁਕਸਾਨ ਭਾਰਤੀ ਜਨਤਾ ਪਾਰਟੀ ਨਾਲ ਲੰਮੀ ਸਿਆਸੀ ਭਾਈਵਾਲੀ ਕਾਰਨ ਹੋਇਆ ਹੈ। ਭਾਜਪਾ ਵੱਲੋਂ ਦੇਸ਼ ਭਰ ਵਿੱਚ 'ਸਾਮ, ਦਾਮ, ਦੰਡ, ਭੇਦ' ਦੀ ਨੀਤੀ ਤਹਿਤ ਖੇਤਰੀ ਪਾਰਟੀਆਂ ਨੂੰ ਹੌਲੀ-ਹੌਲੀ ਖ਼ਤਮ ਜਾਂ ਕਮਜ਼ੋਰ ਕਰਨ ਦੀ ਖੇਡ ਖੇਡੀ ਜਾ ਰਹੀ ਹੈ ਅਤੇ ਅਕਾਲੀ ਦਲ ਵੀ ਇਸੇ ਦਾ ਸ਼ਿਕਾਰ ਹੋਇਆ ਹੈ। ਕੀ ਅਕਾਲੀ ਦਲ ਦੀ ਲੀਡਰਸ਼ਿਪ ਇਹ ਸਮਝ ਨਹੀਂ ਰਹੀ?

ਕੇਂਦਰ ਵੱਲੋਂ ਸੂਬਾਈ ਤਾਕਤਾਂ ਨੂੰ ਦਬਾਉਣ ਦੀ ਇਹ ਖੇਡ ਨਵੀਂ ਨਹੀਂ ਹੈ। ਕਾਂਗਰਸ ਵੀ ਪਹਿਲਾਂ ਇਸ ਖੇਡ ਵਿੱਚ ਉਸਤਾਦ ਰਹੀ ਹੈ, ਜਿਸ ਨੇ ਸੰਵਿਧਾਨ ਦੀ ਧਾਰਾ 356 ਦਾ ਮਨਮਾਨਾ ਇਸਤੇਮਾਲ ਕਰਕੇ ਕਈ ਵਾਰ ਪੰਜਾਬ ਦੀਆਂ ਚੁਣੀਆਂ ਹੋਈਆਂ ਸਰਕਾਰਾਂ ਨੂੰ ਡੇਗਿਆ ਸੀ, ਪਰ ਦੁੱਖ ਦੀ ਗੱਲ ਇਹ ਹੈ ਕਿ ਅਕਾਲੀ ਦਲ ਨੇ ਭਾਜਪਾ ਨਾਲ ਸੱਤਾ ਵਿੱਚ ਹੁੰਦਿਆਂ ਵੀ ਪੰਜਾਬ ਦੇ ਪੱਕੇ ਮਸਲੇ ਹੱਲ ਕਰਵਾਉਣ ਦੀ ਬਜਾਏ ਆਪਣੀ ਕੁਰਸੀ ਨੂੰ ਹੀ ਤਰਜੀਹ ਦਿੱਤੀ। ਭਾਵੇਂ ਕਿ ਮਜਬੂਰਨ ਕਿਸਾਨ ਅੰਦੋਲਨ ਵੇਲੇ ਉਸ ਵੱਲੋਂ ਇਹ ਭਾਈਵਾਲੀ ਛੱਡ ਦਿੱਤੀ ਗਈ।

ਦੇਸ਼ ਦੀ ਆਜ਼ਾਦੀ ਤੋਂ ਬਾਅਦ ਹੀ ਪੰਜਾਬ ਦੇ ਨਾਲ ਕੇਂਦਰ ਸਰਕਾਰਾਂ ਵੱਲੋਂ ਲਗਾਤਾਰ ਬੜੇ ਲੰਮੇ ਸਮੇਂ ਤੋਂ ਵਿਤਕਰੇ ਹੁੰਦੇ ਆ ਰਹੇ ਹਨ। ਚਾਹੇ ਉਹ ਪੰਜਾਬ ਦੇ ਪਾਣੀਆਂ ਦੀ ਬੇਇਨਸਾਫ਼ੀ ਹੋਵੇ, ਰਾਜਧਾਨੀ ਚੰਡੀਗੜ੍ਹ ਦਾ ਮਸਲਾ ਹੋਵੇ, ਜਾਂ ਫਿਰ ਪੰਜਾਬੀ ਬੋਲਦੇ ਇਲਾਕਿਆਂ ਨੂੰ ਸੂਬੇ ਤੋਂ ਬਾਹਰ ਰੱਖਣ ਦੀ ਸਾਜ਼ਿਸ਼-ਪੰਜਾਬ ਨੇ ਹਮੇਸ਼ਾ ਕੇਂਦਰੀਕਰਨ ਦੀ ਮਾਰ ਝੱਲੀ ਹੈ। ਇਨ੍ਹਾਂ ਇਤਿਹਾਸਕ ਵਿਤਕਰਿਆਂ ਨੂੰ ਦੂਰ ਕਰਨ ਲਈ ਪੰਜਾਬ ਨੂੰ ਅੱਜ ਕਿਸੇ ਦਿੱਲੀ-ਪ੍ਰੇਰਿਤ ਪਾਰਟੀ ਦੀ ਨਹੀਂ, ਬਲਕਿ ਇੱਕ ਅਜਿਹੀ ਮਜ਼ਬੂਤ ਅਤੇ ਸੱਚੀ ਖੇਤਰੀ ਪਾਰਟੀ ਦੀ ਅਤਿਅੰਤ ਲੋੜ ਹੈ, ਜੋ ਬਿਨਾਂ ਕਿਸੇ ਡਰ ਦੇ 'ਪੰਜਾਬ, ਪੰਜਾਬੀ ਅਤੇ ਪੰਜਾਬੀਅਤ' ਦੀ ਅਸਲ ਰਾਖੀ ਕਰ ਸਕੇ। ਪੰਜਾਬ ਦੇ ਲੋਕ ਇੱਕ ਅਜਿਹੀ ਲੀਡਰਸ਼ਿਪ ਚਾਹੁੰਦੇ ਹਨ, ਜੋ ਪੰਜਾਬ ਖੇਤਰ ਦੇ ਸਥਾਨਕ ਮਸਲਿਆਂ ਨੂੰ ਹੱਲ ਕਰਨ ਲਈ ਹਿੱਕ ਤਾਣ ਕੇ ਖੜ੍ਹੇ ਅਤੇ ਕੇਂਦਰ ਅੱਗੇ ਗੋਡੇ ਟੇਕਣ ਦੀ ਬਜਾਏ ਪੰਜਾਬ ਦੇ ਹੱਕਾਂ ਲਈ ਯਤਨ ਕਰੇ।

ਅੱਜ ਜਦੋਂ ਕਿ ਚੋਣਾਂ ਦੇ ਦਿਨ ਆ ਚੁੱਕੇ ਨੇ, ਪੰਜਾਬ ਦੇ ਲੋਕਾਂ ਵਿੱਚ ਇਸ ਨਿਰਾਸ਼ਾ ਦੇ ਦੌਰ ਦਰਮਿਆਨ ਅਕਾਲੀ ਦਲ ਦਾ ਆਪਣਾ ਸਟੈਂਡ ਬਿਲਕੁਲ ਸਾਫ਼ ਨਹੀਂ ਹੈ। ਪਾਰਟੀ ਨੂੰ ਪੰਜਾਬ ਦੀ ਕਚਹਿਰੀ ਵਿੱਚ ਇਹ ਸਪੱਸ਼ਟ ਕਰਨਾ ਪਵੇਗਾ ਕਿ ਉਸ ਦਾ ਪੰਜਾਬ ਦੇ ਖੇਤਰ ਅਤੇ ਇੱਥੋਂ ਦੇ ਲੋਕਾਂ ਪ੍ਰਤੀ ਅਸਲ ਸਟੈਂਡ ਕੀ ਹੈ? ਕੀ ਉਹ ਸਿਰਫ਼ ਵੋਟਾਂ ਦੀ ਸਿਆਸਤ ਤੱਕ ਸੀਮਤ ਰਹੇਗੀ ਜਾਂ ਫਿਰ ਪੰਜਾਬ ਦੇ ਲਤਾੜੇ ਜਾ ਚੁੱਕੇ ਹੱਕਾਂ ਲਈ ਸੱਚਮੁੱਚ ਲੜਨ ਵਾਸਤੇ ਤਿਆਰ ਹੈ? ਪੰਜਾਬ ਪਿਛਲੇ ਲੰਮੇ ਸਮੇਂ ਤੋਂ ਸਿਆਸੀ ਅਤੇ ਆਰਥਿਕ ਤੌਰ 'ਤੇ ਬਹੁਤ ਬੁਰੀ ਤਰ੍ਹਾਂ ਲਤਾੜਿਆ ਜਾ ਚੁੱਕਾ ਹੈ।

ਹੁਣ ਦੇਖਣਾ ਇਹ ਹੋਵੇਗਾ ਕਿ ਕੀ ਸ਼੍ਰੋਮਣੀ ਅਕਾਲੀ ਦਲ ਜਾਂ ਇਸ ਦੇ ਵੱਖ-ਵੱਖ ਧੜੇ ਚੋਣਾਂ ਦੇ ਇਸ ਨਾਜ਼ੁਕ ਮੋੜ 'ਤੇ ਪੰਜਾਬ ਨੂੰ ਮਜ਼ਬੂਤ ਅਗਵਾਈ ਦੇ ਸਕਣਗੇ? ਕੀ ਉਹ ਆਪਣੀਆਂ ਇਤਿਹਾਸਕ ਭੁੱਲਾਂ ਨੂੰ ਸੁਧਾਰ ਕੇ ਲੋਕਾਂ ਵਿੱਚ ਆਪਣਾ ਗੁਆਚਿਆ ਹੋਇਆ ਵਿਸ਼ਵਾਸ ਮੁੜ ਬਣਾ ਸਕਣਗੇ?

ਸ਼੍ਰੋਮਣੀ ਅਕਾਲੀ ਦਲ ਦਾ ਮੁੜ ਉਭਾਰ ਤਾਂ ਹੀ ਸੰਭਵ ਹੈ, ਜੇਕਰ ਇਹ ਨਿੱਜੀ ਹਿੱਤਾਂ, ਧੜੇਬੰਦੀਆਂ, ਮੌਕਾਪ੍ਰਸਤ ਸਿਆਸਤ ਅਤੇ ਧਾਰਮਿਕ ਸੰਸਥਾਵਾਂ ਦੀ ਸਿਆਸੀ ਵਰਤੋਂ ਦੇ ਦੋਸ਼ਾਂ ਤੋਂ ਉੱਪਰ ਉੱਠ ਕੇ ਚੋਣਾਂ ਦੇ ਮੌਜੂਦਾ ਦੌਰ ਵਿੱਚ ਪੰਜਾਬ ਦੇ ਲੋਕਾਂ ਸਾਹਮਣੇ ਆਪਣੀ ਨੀਤੀ ਸਪੱਸ਼ਟ ਕਰੇ। ਇਸ ਨੂੰ ਮੁੜ ਤੋਂ ਪੰਜਾਬ, ਪੰਜਾਬੀਅਤ, ਪਾਣੀਆਂ ਦੇ ਹੱਕ, ਨੌਜਵਾਨੀ ਦੇ ਰੁਜ਼ਗਾਰ ਅਤੇ ਆਨੰਦਪੁਰ ਸਾਹਿਬ ਦੇ ਮਤੇ ਦੀ ਅਸਲ ਪਹਿਰੇਦਾਰ ਬਣ ਕੇ ਮੈਦਾਨ ਵਿੱਚ ਨਿਤਰਨਾ ਪਵੇਗਾ।

**# ਸੰਪਰਕ : 98158-02070**

## ਰਾਮ ਦੇ ਨਾਂਅ 'ਤੇ ਮਚੀ ਹੋਈ ਹੈ ਲੁੱਟ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਸ਼੍ਰੋਮਣੀ ਭਗਤ ਕਬੀਰ ਜੀ ਦਾ ਇਕ ਦੋਹਾ ਹੈ: "ਰਾਮ ਨਾਮ ਕੀ ਲੂਟ ਹੈ,ਲੂਟ ਸਕੇ ਤੋ ਲੂਟ। ਫਿਰ ਪਾਛੇ ਪਛਤਾਏਗਾ ਜਬ ਪ੍ਰਾਣ ਜਾਏਂਗੇ ਛੂਟ॥" ਇਹ ਦੋਹਾ ਇਸ ਸੰਸਾਰ ਦੇ ਜੀਵਾਂ ਨੂੰ ਦੁਨਿਆਵੀ ਧਨ-ਪਦਾਰਥ ਕਮਾਉਣ ਦੀ ਥਾਂ ਰਾਮ ਦਾ ਨਾਂਅ ਭਾਵ ਪਰਮਾਤਮਾ ਦਾ ਨਾਂਅ ਜਪਣ ਅਤੇ ਨੇਕ ਕਰਮ ਕਰਨ ਦੀ ਸਿੱਖਿਆ ਦਿੰਦਾ ਹੈ, ਪਰ ਅੱਜ ਜਦੋਂ ਉੱਤਰ ਪ੍ਰਦੇਸ਼ ਦੀ ਪਾਵਨ ਨਗਰੀ ਕਹੇ ਜਾਂਦੇ ਅਯੁੱਧਿਆ ਵਿਖੇ ਸਥਿਤ 'ਰਾਮ ਮੰਦਰ' ਦੇ ਵਰਤਮਾਨ ਪ੍ਰਸੰਗ ਨੂੰ ਵੇਖਿਆ ਜਾਵੇ ਤਾਂ ਨਜ਼ਰ ਆਉਂਦਾ ਹੈ ਕਿ ਇਸ ਪਵਿੱਤਰ ਸਥਾਨ 'ਤੇ 'ਰਾਮ ਨਾਮ ਕੀ ਲੂਟ' ਨਹੀਂ ਸਗੋਂ ਰਾਮ ਦੇ ਨਾਮ 'ਤੇ ਚੜ੍ਹੇ ਕਰੋੜਾਂ ਰੁਪਏ ਦੇ 'ਚੜ੍ਹਾਵੇ ਦੀ ਲੂਟ' ਭਾਵ ਲੁੱਟ ਦੇ ਚਰਚੇ ਦੇਸ਼ ਭਰ ਵਿੱਚ ਹਨ। ਹੈਰਾਨੀ ਦੀ ਗੱਲ ਹੈ ਕਿ ਸ੍ਰੀ ਰਾਮ ਚੰਦਰ ਦੀ ਜਨਮ ਭੂਮੀ ਹੋਣ ਨਾਲ ਸੰਬੰਧਤ ਤੇ ਕਈ ਦਹਾਕਿਆਂ ਤੱਕ ਸੁਪਰੀਮ ਕੋਰਟ ਵਿੱਚ ਕੇਸ ਚੱਲਣ ਤੋਂ ਬਾਅਦ ਬਣੇ ਜਿਸ ਮੰਦਰ ਦਾ ਉਦਘਾਟਨ ਖ਼ੁਦ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੀਤਾ ਸੀ,ਅੱਜ ਉਹ ਆਪ ਇਸ ਘੁਟਾਲੇ ਬਾਰੇ ਪੂਰੀ ਤਰ੍ਹਾਂ ਖ਼ਾਮੋਸ਼ ਹਨ।

ਸੰਨ 1992 ਵਿੱਚ ਭਾਜਪਾ, ਸ਼ਿਵ ਸੈਨਾ, ਵਿਸ਼ਵ ਹਿੰਦੂ ਪਰਿਸ਼ਦ ਅਤੇ ਬਜਰੰਗ ਦਲ ਦੇ ਕਾਰਜਕਰਤਾਵਾਂ ਨੇ ਸਾਂਝੇ ਤੌਰ 'ਤੇ ਹੱਲਾ ਬੋਲ ਕੇ ਬਾਬਰੀ ਮਸਜਿਦ ਦੇ ਢਾਂਚੇ ਨੂੰ ਢਾਹ ਦਿੱਤਾ ਸੀ। ਬਾਬਰੀ ਮਸਜਿਦ ਢਾਹੁਣ ਦੇ ਬਾਅਦ ਵੀ 'ਰਾਮ ਮੰਦਰ-ਬਾਬਰੀ ਮਸਜਿਦ' ਵਿਵਾਦ ਹੱਲ ਨਹੀਂ ਸੀ ਹੋਇਆ ਤੇ ਫਿਰ ਸੁਪਰੀਮ ਕੋਰਟ ਵੱਲੋਂ ਸੁਣਾਏ ਗਏ ਅਤੇ ਮੁਸਲਿਮ ਪੱਖ ਵੱਲੋਂ ਵੀ ਸਵੀਕਾਰ ਕਰ ਲਏ ਗਏ ਫ਼ੈਸਲੇ ਤੋਂ ਬਾਅਦ ਸੰਬੰਧਤ ਸਥਾਨ 'ਤੇ ਰਾਮ ਮੰਦਰ ਦੇ ਨਿਰਮਾਣ ਦਾ ਕਾਰਜ ਸ਼ੁਰੂ ਕਰ ਦਿੱਤਾ ਗਿਆ ਸੀ। ਦੁੱਖ ਦੀ ਗੱਲ ਇਹ ਰਹੀ ਕਿ ਇਸ ਮੰਦਰ ਦਾ ਨਿਰਮਾਣ ਆਰੰਭ ਵਿੱਚ ਹੀ ਵਿਵਾਦਾਂ ਦੇ ਘੇਰੇ ਵਿੱਚ ਆ ਗਿਆ ਸੀ। ਸਭ ਤੋਂ ਪਹਿਲਾਂ ਤਾਂ ਉੱਤਰ ਪ੍ਰਦੇਸ਼ ਦੀ ਸਮਾਜਵਾਦੀ ਪਾਰਟੀ ਅਤੇ ਦਿੱਲੀ ਦੀ ਆਮ ਆਦਮੀ ਪਾਰਟੀ ਨੇ ਸਰੇਆਮ ਇਲਜ਼ਾਮ ਲਗਾਇਆ ਸੀ ਕਿ ਕੁਝ ਪ੍ਰਭਾਵਸ਼ਾਲੀ ਭਾਜਪਾਈ ਆਗੂਆਂ ਨੇ ਮੰਦਰ ਦੇ ਨਿਰਮਾਣ ਹਿਤ ਲੋੜੀਂਦਾ ਜ਼ਮੀਨ ਦਾ ਇੱਕ ਟੁਕੜਾ 2 ਕਰੋੜ ਰੁਪਏ ਵਿੱਚ ਖ਼ਰੀਦ ਕੇ 15 ਮਿੰਟ ਬਾਅਦ ਹੀ 18 ਕਰੋੜ ਰੁਪਏ ਦੀ ਕੀਮਤ ਲਗਾ ਕੇ ਸ੍ਰੀ ਰਾਮ ਮੰਦਰ ਟਰੱਸਟ ਨੂੰ ਵੇਚ ਦਿੱਤਾ ਸੀ ਤੇ ਸਿੱਧਾ-ਸਿੱਧਾ 16 ਕਰੋੜ ਰੁਪਏ ਦਾ ਹੇਰ-ਫ਼ੇਰ ਕੀਤਾ ਸੀ। ਫਿਰ ਮੰਦਰ ਦਾ ਉਦਘਾਟਨ ਹੋਣ ਤੋਂ ਬਾਅਦ ਬਰਸਾਤ ਦੇ ਦਿਨਾਂ ਵਿਚ ਮੰਦਰ ਦੀ ਛੱਤ ਚੋਣ ਦਾ ਮਾਮਲਾ ਸਾਹਮਣੇ ਆਇਆ ਸੀ ਤਾਂ ਮੰਦਿਰ ਦੇ ਨਿਰਮਾਣ ਵਿੱਚ ਹੇਰਾਫ਼ੇਰੀ ਕਰਕੇ ਮਾੜਾ ਮਟੀਰੀਅਲ ਵਰਤੇ ਜਾਣ ਦੀ ਚਰਚਾ ਵੀ ਉਡੀ ਸੀ।

ਹੁਣ ਮੰਦਰ ਟਰੱਸਟ ਦੇ ਚੇਅਰਮੈਨ ਅਤੇ ਪ੍ਰਧਾਨ ਮੰਤਰੀ ਦੇ ਕਰੀਬੀ ਅਫ਼ਸਰ ਰਹੇ ਨ੍ਰਿਪੇਂਦਰ ਮਿਸ਼ਰਾ ਨੇ ਮੰਦਰ ਦੇ ਚੜ੍ਹਾਵੇ ਵਿੱਚ ਲੁੱਟ ਦਾ ਮਾਮਲਾ ਸਾਹਮਣੇ ਆਉਣ 'ਤੇ ਖ਼ੁਦ ਮੀਡੀਆ ਸਾਹਮਣੇ ਇੰਕਸ਼ਾਫ਼ ਕੀਤਾ ਹੈ ਕਿ ਦਾਨ ਦੇ ਪੈਸੇ ਅਤੇ ਗਹਿਣਿਆਂ ਦੀ ਲੁੱਟ ਹੋਈ ਹੈ। ਹਿੰਦੀ ਦੇ ਇਕ ਵੱਡੇ ਅਖ਼ਬਾਰ ਨੇ ਦਾਅਵਾ ਕੀਤਾ ਹੈ ਕਿ ਤਕਰੀਬਨ 200 ਕਰੋੜ ਰੁਪਏ ਦੇ ਦਾਨ ਰਾਸ਼ੀ ਦੀ ਲੁੱਟ ਹੋਈ ਹੈ। ਹੈਰਾਨੀ ਦੀ ਗੱਲ ਹੈ ਕਿ ਉਤਰ ਪ੍ਰਦੇਸ਼ ਦੇ ਮੁੱਖ ਮੰਤਰੀ ਅਤੇ ਕੱਟੜ ਰਾਮ ਭਗਤ ਯੋਗੀ ਆਦਿੱਤਿਆ ਨਾਥ ਨੇ ਉਕਤ ਮਾਮਲੇ ਦੀ ਜਾਂਚ ਲਈ 'ਐਸ ਆਈ ਟੀ' ਤਾਂ ਗਠਿਤ ਕਰ ਦਿੱਤੀ, ਪਰ ਥਾਣੇ ਵਿੱਚ 'ਐੱਫ਼ ਆਈ ਆਰ' ਤੱਕ ਦਰਜ ਹੀ ਨਹੀਂ ਕਰਵਾਈ। ਅਸਲ ਵਿੱਚ ਦੋਸ਼ੀ ਸਮਝੇ ਜਾਂਦੇ ਸਾਰੇ ਲੋਕ ਭਾਜਪਾ ਜਾਂ ਹਿੰਦੂਵਾਦੀ ਸੰਗਠਨਾਂ ਦੇ ਅਹੁਦੇਦਾਰ ਹਨ, ਇਸ ਲਈ ਸਰਕਾਰ ਉਨ੍ਹਾਂ ਨੂੰ ਬਚਾਉਣ ਲਈ ਐੱਫ਼ ਆਈ ਆਰ ਹੀ ਦਰਜ ਨਹੀਂ ਕਰ ਰਹੀ ਹੈ ਤੇ ਇਹ ਇਤਿਹਾਸ ਦਾ ਪਹਿਲਾ ਮਾਮਲਾ ਹੈ ਜਿਸ ਵਿੱਚ ਪੁਲਿਸ ਬਿਨਾ ਐਫ਼ ਆਈ.ਆਰ. ਤੋਂ ਹੀ ਪੂਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ।

ਹੁਣ ਤੱਕ ਪ੍ਰਾਪਤ ਵੱਖ-ਵੱਖ ਰਿਪੋਰਟਾਂ ਅਨੁਸਾਰ ਮੰਦਰ ਦੇ ਅੰਦਰ ਹੋਏ ਦਾਨ ਦੇ ਇਸ ਘੁਟਾਲੇ ਦੀਆਂ ਕਈ ਪਰਤਾਂ ਹਨ। ਮੰਦਰ ਟਰੱਸਟ ਦੇ ਚੰਪਤ ਰਾਏ ਨਾਮਕ ਪ੍ਰਭਾਵਸ਼ਾਲੀ ਵਿਅਕਤੀ ਅਤੇ ਉਨ੍ਹਾ ਦੇ ਸਹਾਇਕ ਟਿੰਨੂ ਕੋਲੋਂ ਕਰੋੜਾਂ ਰੁਪਏ ਤੋਂ ਵੱਧ ਦੀ ਨਕਦੀ, ਜ਼ੇਵਰ ਜਾਂ ਜ਼ਮੀਨ-ਜਾਇਦਾਦ ਆਏ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਇਸੇ ਤਰ੍ਹਾਂ ਹੀ ਮੰਦਰ ਦੇ ਕਈ ਪੁਜਾਰੀਆਂ ਅਤੇ ਟਰੱਸਟ ਦੇ ਅਹੁਦੇਦਾਰਾਂ ਦੇ ਬੈਂਕ ਖਾਤਿਆਂ ਵਿੱਚ ਮੌਜੂਦ ਜਮ੍ਹਾਂ-ਰਾਸ਼ੀ ਵਿੱਚ ਬੀਤੇ ਇਕ -ਦੋ ਵਰ੍ਹਿਆਂ ਵਿੱਚ ਹੈਰਾਨੀਜਨਕ ਵਾਧਾ ਦਰਜ ਕੀਤਾ ਗਿਆ ਹੈ। ਪਤਾ ਲੱਗਾ ਹੈ ਕਿ ਦਾਨ ਪੇਟੀਆਂ ਵਿੱਚ ਸ਼ਰਧਾਲੂ ਅਕਸਰ ਹੀ ਸ਼ਰਧਾਵੱਸ ਰੁਪਿਆਂ ਦੇ ਨਾਲ-ਨਾਲ ਛੋਟੇ ਗਹਿਣੇ ਵੀ ਪਾ ਦਿੰਦੇ ਸਨ, ਜਿਨ੍ਹਾਂ ਨੂੰ ਦਾਨ ਪੇਟੀ ਦੇ ਦਾਨ ਦੀ ਗਿਣਤੀ ਸਮੇਂ ਗਿਣਤੀਕਾਰ ਆਪਣੀਆਂ ਜੇਬਾਂ ਵਿੱਚ ਪਾ ਲੈਂਦੇ ਸਨ ਤੇ ਘਰਾਂ ਨੂੰ ਲੈ ਜਾਂਦੇ ਸਨ। ਵੱਡੀ ਮਾਤਰਾ ਵਿੱਚ ਚਾਂਦੀ ਦਾਨ ਕਰਨ ਵਾਲੇ ਦਾਨੀ ਹੁਣ ਸਾਹਮਣੇ ਆਏ ਹਨ, ਪਰ ਉਨ੍ਹਾਂ ਵੱਲੋਂ ਦਾਨ ਕੀਤੀ ਗਈ ਚਾਂਦੀ ਦੀ ਮਾਤਰਾ ਦੇ ਬਰਾਬਰ ਚਾਂਦੀ ਮੰਦਰ ਦੇ ਖ਼ਜ਼ਾਨੇ ਅੰਦਰ ਮੌਜੂਦ ਨਹੀਂ ਹੈ। ਉਂਜ ਜਾਂਚ ਕਰ ਰਹੀ ਐੱਸ ਆਈ ਟੀ ਨੇ ਹੁਣ ਮੰਦਿਰ ਟਰੱਸਟ ਨਾਲ ਜੁੜੇ ਕੁਝ ਪ੍ਰਭਾਵਸ਼ਾਲੀ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਵਾਉਣ ਦੀ ਸਿਫ਼ਾਰਸ਼ ਕੀਤੀ ਹੈ।

ਕੁਝ ਸੂਝਵਾਨ ਲੋਕਾਂ ਨੇ ਸਵਾਲ ਉਠਾਇਆ ਹੈ ਕਿ ਰਾਮ ਮੰਦਰ ਟਰੱਸਟ ਦੁਆਰਾ ਦਿੱਤੇ ਜਾਂਦੇ ਅੰਕੜਿਆਂ ਅਨੁਸਾਰ ਹਰ ਰੋਜ਼ ਇਥੇ ਆਉਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਲੱਖਾਂ ਵਿੱਚ ਹੈ ਤੇ ਵਿਸ਼ੇਸ਼ ਦਿਨਾਂ ਵਿੱਚ ਤਾਂ ਸ਼ਰਧਾਲੂਆਂ ਦੀ ਗਿਣਤੀ ਦਾ ਅੰਕੜਾ ਹੋਰ ਵੱਡਾ ਹੋ ਜਾਂਦਾ ਹੈ, ਪਰ ਜੇਕਰ ਮੰਦਰ ਵਿੱਚ ਪ੍ਰਾਪਤ ਰੋਜ਼ਾਨਾ ਦੇ ਚੜ੍ਹਾਵੇ ਦੀ ਜੇਕਰ ਗੱਲ ਕੀਤੀ ਜਾਵੇ ਤਾਂ ਉਸ ਦੀ ਔਸਤ ਪ੍ਰਤੀ ਵਿਅਕਤੀ ਪੰਜ ਰੁਪਏ ਤੋਂ ਵੀ ਘੱਟ ਬਣਦੀ ਹੈ, ਜੋ ਕਿ ਨਾਮੰਨਣਯੋਗ ਹੈ, ਕਿਉਂਕਿ ਭਗਵਾਨ ਰਾਮ ਪ੍ਰਤੀ ਅਥਾਹ ਸ਼ਰਧਾ ਲੈ ਕੇ ਦੂਰੋਂ-ਨੇੜਿਉਂ ਇਥੇ ਆਉਣ ਵਾਲਾ ਹਰ ਸ਼ਰਧਾਲੂ ਪੰਜ ਰੁਪਏ ਤੋਂ ਕਿਧਰੇ ਜ਼ਿਆਦਾ ਪੈਸਿਆਂ ਦਾ ਚੜ੍ਹਾਵਾ ਚੜ੍ਹਾਉਂਦਾ ਹੈ। ਹੈਰਾਨੀ ਤੇ ਦੁੱਖ ਦੀ ਗੱਲ ਹੈ ਕਿ ਹੁਣ ਇਨ੍ਹਾਂ ਅੰਕੜਿਆਂ ਦਾ ਰੌਲਾ ਪੈ ਜਾਣ 'ਤੇ ਮੰਦਰ ਦੀ ਪ੍ਰਬੰਧਕ ਕਮੇਟੀ ਨੇ ਰੋਜ਼ਾਨਾ ਆਉਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਘਟਾ ਕੇ ਵਿਖਾਉਣੀ ਸ਼ੁਰੂ ਕਰ ਦਿੱਤੀ ਹੈ।

ਕੁੱਲ ਮਿਲਾ ਕੇ ਇਹ ਗੱਲ ਸਾਹਮਣੇ ਆ ਰਹੀ ਹੈ ਕਿ ਮੰਦਰ ਟਰੱਸਟ ਨਾਲ ਜੁੜੇ ਅਧਿਕਤਰ ਅਹੁਦੇਦਾਰ ਤੇ ਪੁਜਾਰੀ, ਦਾਨ ਦੇ ਪੈਸੇ ਨੂੰ ਲੁੱਟਣ 'ਤੇ ਲੱਗੇ ਹੋਏ ਸਨ। ਸ਼ਰਧਾਲੂ ਵਿਚਾਰੇ ਸ਼ਰਧਾਵੱਸ ਹੋ ਕੇ ਕਰੋੜਾਂ ਰੁਪਏ ਦਾ ਚੜ੍ਹਾਵਾ ਹਰ ਰੋਜ਼ ਚੜ੍ਹਾਉਂਦੇ ਹਨ, ਪਰ ਕਥਿਤ ਰਾਮ ਭਗਤ ਪੁਜਾਰੀ ਟੋਲਾ ਉਸ ਪੈਸੇ ਨੂੰ ਹੜੱਪ ਕਰੀ ਜਾ ਰਿਹਾ ਹੈ। ਐਨੇ ਵੱਡੇ ਅਤੇ ਘਟੀਆ ਕਾਂਡ ਦਾ ਇਸ ਪਵਿੱਤਰ ਸਥਾਨ 'ਤੇ ਵਾਪਰ ਜਾਣਾ ਜਿੰਨਾ ਸ਼ਰਮਨਾਕ ਹੈ, ਓਨਾ ਹੀ ਸ਼ਰਮਨਾਕ ਪ੍ਰਧਾਨ ਮੰਤਰੀ ਦਾ ਇਸ ਮਾਮਲੇ ਬਾਰੇ ਕੁਝ ਨਾ ਬੋਲਣਾ ਵੀ ਹੈ। ਕਥਿਤ ਤੌਰ 'ਤੇ ਦੋ ਸੌ ਕਰੋੜ ਰੁਪਏ ਦਾ ਘੁਟਾਲਾ ਦੱਸੇ ਜਾਂਦੇ ਕਾਂਡ ਵਿੱਚ ਹੁਣ ਤੱਕ ਵੱਖ-ਵੱਖ ਵਿਅਕਤੀਆਂ ਤੋਂ ਦੋ ਕਰੋੜ ਰੁਪਏ ਤੋਂ ਵੱਧ ਦੀ ਬਰਾਮਦਗੀ ਸਾਹਮਣੇ ਆ ਚੁੱਕੀ ਹੈ ਪਰ ਕਿਉਂਕਿ ਇਹ ਸਾਰੇ ਲੋਕ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਸੱਤਾਧਾਰੀ ਭਾਜਪਾ ਜਾਂ ਹਿੰਦੂਵਾਦੀ ਸੰਗਠਨਾਂ ਨਾਲ ਜੁੜੇ ਹੋਏ ਹਨ, ਇਸ ਲਈ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਚੰਦ ਕੁ ਛੋਟੀਆਂ-ਮੋਟੀਆਂ ਮੱਛੀਆਂ ਫੜ ਕੇ ਇਸ ਮਾਮਲੇ ਨਾਲ ਜੁੜੇ ਵੱਡੇ ਮਗਰਮੱਛਾਂ ਨੂੰ ਜ਼ਰੂਰ ਬਚਾਅ ਲਿਆ ਜਾਵੇਗਾ।

**# ਸੰਪਰਕ : 97816-46008**

## ਅੰਮ੍ਰਿਤ ਮੰਨਿਆ ਜਾਂਦਾ ਦੁੱਧ ਵੀ ਜ਼ਹਿਰ ਬਣ ਗਿਆ



ਡਾ. ਕ੍ਰਿਸ਼ਨ ਲਾਲ

ਆਯੁਰਵੈਦਿਕ ਚਕਿਤਸਾ ਪ੍ਰਣਾਲੀ ਦੇ ਜਨਮਦਾਤਾ ਵੈਦ ਧਨੰਤਰ ਨੇ ਆਪਣੇ ਗ੍ਰੰਥ ਵਿਚ ਦੁੱਧ ਨੂੰ ਸੰਪੂਰਨ ਪੌਸ਼ਟਿਕ ਖੁਰਾਕ ਮੰਨ ਕੇ ਅੰਮ੍ਰਿਤ ਲਿਖਿਆ ਹੈ। ਐਲੋਪੈਥੀ ਚਕਿਤਸਾ ਪ੍ਰਣਾਲੀ ਦੇ ਪਿਤਾਮਾ ਨੇ ਦੁੱਧ ਨੂੰ 'ਇਲਿਕਸਰ' ਕਿਹਾ ਹੈ, ਜਿਸ ਦਾ ਪੰਜਾਬੀ ਭਾਸ਼ਾ ਵਿਚ ਅਰਥ ਵੀ ਸੰਜੀਵਨੀ ਜਾਂ ਅੰਮ੍ਰਿਤ ਹੈ। ਇਥੋਂ ਤੱਕ ਕਿ ਵੇਦਾਂ ਵਿਚ ਵੀ ਦੁੱਧ ਨੂੰ 'ਤੇਰ੍ਹਵੇਂ ਰਤਨ' ਨਾਲ ਸਤਿਕਾਰਿਆ ਗਿਆ ਹੈ, ਕਿਉਂਕਿ ਇਸ ਵਿੱਚ ਪ੍ਰੋਟੀਨ, ਕੈਲਸ਼ੀਅਮ, ਵਿਟਾਮਨ ਤੇ ਖਣਿਜ ਲੱਭੇ ਜਾਂਦੇ ਹਨ, ਜੋ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਉਮਰ ਦੇ ਵਿਅਕਤੀਆਂ ਲਈ ਲਾਭਕਾਰੀ ਹਨ, ਪਰ ਅੱਜਕੱਲ੍ਹ ਇਹ ਪਵਿੱਤਰ ਖੁਰਾਕ ਮਿਲਾਵਟ ਦੇ ਜਾਲ ਵਿੱਚ ਫਸ ਚੁੱਕੀ ਹੈ। ਦੁੱਧ ਦੀ ਸ਼ੁੱਧਤਾ ਘਟਦੀ ਜਾ ਰਹੀ ਹੈ ਅਤੇ ਇਹ ਲੋਕਾਂ ਦੀ ਸਿਹਤ ਲਈ ਇੱਕ ਵੱਡਾ ਖ਼ਤਰਾ ਬਣ ਗਿਆ ਹੈ।

'ਫੂਡ ਅਡਲਟ੍ਰੇਸ਼ਨ ਕੰਟਰੋਲ ਬੋਰਡ' ਦੇ ਮਾਹਰ ਡਾਕਟਰਾਂ ਦੀ ਰਿਪੋਰਟ ਅਨੁਸਾਰ ਕਿਸੇ ਦੁਧਾਰੂ ਪਸ਼ੂ ਦੇ ਤਾਜ਼ਾ ਦੁੱਧ ਵਿਚ ਔਸਤਨ 0.003 ਪੀ ਪੀ ਐੱਮ. ਖ਼ਤਰਨਾਕ ਰਸਾਇਣਕ ਪਦਾਰਥ ਮੌਜੂਦ ਹੁੰਦੇ ਹਨ। ਇਨ੍ਹਾਂ ਸਾਰੇ ਜ਼ਹਿਰਾਂ ਦਾ ਮੂਲ-ਸਰੋਤ ਅਸਲ ਵਿਚ ਦੁਧਾਰੂ ਪਸ਼ੂਆਂ ਨੂੰ ਖੁਆਏ ਜਾਣ ਵਾਲੇ ਪੱਠੇ ਹਨ, ਜਿਹੜੇ ਰਸਾਇਣਕ ਖਾਦਾਂ, ਕੀਟ-ਨਾਸ਼ਕਾਂ, ਉਲੀ ਨਾਸ਼ਕਾਂ ਅਤੇ ਨਦੀਨ-ਨਾਸ਼ਕਾਂ ਦੀ ਵਰਤੋਂ ਕਰਕੇ ਪੈਦਾ ਕੀਤੇ ਜਾਂਦੇ ਹਨ। ਇਨ੍ਹਾਂ ਰਸਾਇਣਕ ਦਵਾਈਆਂ ਅਤੇ 'ਮਾਈਕੋਟੋਕਸਿਨਜ਼' ਦੇ ਤੱਤ ਪਸ਼ੂ ਦੇ ਦੁੱਧ ਵਿਚ ਚਲੇ ਜਾਂਦੇ ਹਨ। ਅਜਿਹਾ ਪੀਣ ਨਾਲ ਕੈਂਸਰ ਸਮੇਤ ਕਈ ਭਿਆਨਕ ਰੋਗ ਪੈਦਾ ਹੁੰਦੇ ਹਨ।

ਭਾਰਤ ਦੇਸ਼ ਵਿਚ ਬਣਾਉਟੀ ਦੁੱਧ ਨੂੰ ਤਿਆਰ ਕਰਨ ਵਾਲੀਆਂ ਡੇਅਰੀਆਂ ਫੜੀਆਂ ਜਾਣ ਦੀ ਖ਼ਬਰ ਲੂੰ-ਕੰਡੇ ਖੜ੍ਹੇ ਕਰਨ ਵਾਲੀ ਹੈ। ਇਸ ਨੂੰ ਤਿਆਰ ਕਰਨ ਲਈ ਰਿਫਾਇੰਡ ਤੇਲ, ਯੂਰੀਆ ਖਾਦ, ਐਸਟਰਜ, ਦਾਣਾ ਖੰਡ, ਸ਼ੈਂਪੂ, ਕਾਸਟਿਕ ਸੋਡਾ, 'ਹਾਈਡਰੋਜਨ ਪਰ ਆਕਸਾਈਡ', 'ਸੋਡੀਅਮ ਸਲਫੇਟ' ਅਤੇ ਡਿਟਰਜੈਂਟ ਦਾ ਇਸਤੇਮਾਲ ਕੀਤਾ ਜਾਂਦਾ ਹੈ। ਦੁੱਧ ਵਿੱਚ ਸਟਾਰਚ ਗਾੜ੍ਹਾਪਣ ਵਧਾਉਣ ਲਈ ਵਰਤੀ ਜਾਂਦੀ ਹੈ, ਯੂਰੀਆ ਪ੍ਰੋਟੀਨ ਦੀ ਮਾਤਰਾ ਵਧਾਉਣ ਲਈ, ਪਰ ਇਹ ਕਿਡਨੀ ਲਈ ਬਹੁਤ ਹਾਨੀਕਾਰਕ ਹੈ, ਫਾਰਮਾਲਿਨ ਦੁੱਧ ਨੂੰ ਖਰਾਬ ਹੋਣ ਤੋਂ ਬਚਾਉਣ ਲਈ ਮਿਲਾਇਆ ਜਾਂਦਾ ਹੈ, ਜੋ ਇਕ ਜ਼ਹਿਰੀਲਾ ਰਸਾਇਣ ਹੈ, ਡਿਟਰਜੈਂਟ ਅਤੇ ਸੋਡਾ ਦੁੱਧ ਦੀ ਚਰਬੀ ਤੇ ਗਾੜ੍ਹਾਪਣ ਬਣਾਈ ਰੱਖਣ ਲਈ, ਪਰ ਇਹ ਪੇਟ ਅਤੇ ਜਿਗਰ ਲਈ ਖ਼ਤਰਨਾਕ ਰਸਾਇਣ ਹਨ। ਇਸ ਦਾ ਮਿਸ਼ਰਣ ਬਣਾ ਕੇ ਵਾਸ਼ਿੰਗ ਮਸ਼ੀਨ ਨਾਲ ਘੋਲ ਲਿਆ ਜਾਂਦਾ ਹੈ ਅਤੇ ਉਸ ਵਿਚ ਸ਼ੁੱਧ ਦੁੱਧ ਮਿਲਾ ਦਿੱਤਾ ਜਾਂਦਾ ਹੈ। ਸ਼ਹਿਰੀ ਖੇਤਰਾਂ ਵਿੱਚ ਦੁੱਧ ਦੀ ਮੰਗ ਬਹੁਤ ਵਧ ਗਈ ਹੈ, ਜਿਸ ਕਾਰਨ ਸਪਲਾਈ ਪੂਰੀ ਕਰਨ ਲਈ ਗਲਤ ਤਰੀਕੇ ਵਰਤੇ ਜਾਂਦੇ ਹਨ। ਬਣਾਉਟੀ ਦੁੱਧ ਮਾਂ ਦੇ ਗਰਭ ਵਿਚ ਪਲ ਰਹੇ ਬੱਚੇ ਨੂੰ ਮਾਨਸਿਕ ਅਤੇ ਜਿਸਮਾਨੀ ਪੱਖੋਂ ਨਕਾਰਾ ਬਣਾ ਸਕਦਾ ਹੈ। ਇਸ ਦਾ ਜ਼ਹਿਰ ਭਰੂਣ ਵਿਚ ਟਿਸ਼ੂਆਂ ਵਾਧੇ ਲਈ ਲੋੜੀਂਦੇ ਐਮੀਨੋ ਐਸਿਡਾਂ ਨੂੰ ਨਸ਼ਟ ਕਰ ਦਿੰਦਾ ਹੈ। ਨਤੀਜੇ ਵਜੋਂ ਬੱਚੇ ਦਿਮਾਗ ਪੱਖੋਂ ਅਪੰਗ ਪੈਦਾ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ। ਬੱਚਿਆਂ ਦੇ ਵਿਕਾਸ ਵਿੱਚ ਰੁਕਾਵਟ ਜਿਵੇਂ ਹੱਡੀਆਂ ਦੀ ਕਮਜ਼ੋਰੀ ਅਤੇ ਦਿਮਾਗੀ ਵਿਕਾਸ 'ਚ ਘਾਟ ਪੈਦਾ ਹੋ ਜਾਂਦੀ ਹੈ। ਬਾਲਗਾਂ ਵਿੱਚ ਕਿਡਨੀ ਫੇਲ੍ਹ ਹੋਣਾ, ਜਿਗਰ ਦੀ ਬਿਮਾਰੀ, ਪੇਟ ਦਰਦ, ਉਲਟੀਆਂ ਅਤੇ ਹਾਰਟ ਦੀਆਂ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਬਜ਼ੁਰਗਾਂ ਵਿਚ ਪਚਣ-ਤੰਤਰ ਦੀ ਕਮਜ਼ੋਰੀ, ਬਲੱਡ ਪ੍ਰੈਸ਼ਰ ਤੇ ਡਾਇਬਟੀਜ਼ ਦੀ ਸਮੱਸਿਆ ਵਧ ਜਾਂਦੀ ਹੈ।

ਡੇਅਰੀਆਂ ਵਾਲੇ ਆਕਸੀਟਾਸਿਨ ਦੇ ਟੀਕੇ ਆਮ ਹੀ ਸਵੇਰੇ-ਸ਼ਾਮ ਗਾਵਾਂ-ਮੱਝਾਂ ਨੂੰ ਲਗਾ ਕੇ ਵੱਧ ਦੁੱਧ ਪ੍ਰਾਪਤ ਕਰ ਰਹੇ ਹਨ। ਇਸ ਟੀਕੇ ਨਾਲ ਆਕਸੀਟੋਸਿਨ ਦਾ ਅਸਰ ਦੁੱਧ ਵਿਚ ਆ ਜਾਂਦਾ ਹੈ, ਜੋ ਦੁੱਧ ਨੂੰ ਉਬਾਲ ਕੇ ਪੀਣ ਨਾਲ ਵੀ ਖ਼ਤਮ ਨਹੀਂ ਹੁੰਦਾ। ਅਜਿਹੇ ਦੁੱਧ ਨੂੰ ਪੀਣ ਨਾਲ ਸਰੀਰ ਵਿਚ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ ਘਟ ਜਾਂਦੀ ਹੈ, ਛੋਟੀ ਉਮਰ ਦੀਆਂ ਲੜਕੀਆਂ ਵਿਚ ਸਰੀਰਕ ਉਭਾਰ ਜਲਦੀ ਹੁੰਦਾ ਹੈ ਅਤੇ ਉਹ ਉਮਰ ਤੋਂ ਪਹਿਲਾਂ ਹੀ ਜਵਾਨ ਦਿੱਸਣ ਲੱਗ ਜਾਂਦੀਆਂ ਹਨ, ਔਰਤਾਂ ਵਿਚ ਵੱਡੇ ਅਪ੍ਰੇਸ਼ਨ ਨਾਲ ਬੱਚੇ ਪੈਦਾ ਕਰਨੇ ਪੈਂਦੇ ਹਨ, ਮੂੰਹ ਅਤੇ ਸਰੀਰ 'ਤੇ ਅਣਚਾਹੇ ਵਾਲ ਉਗਣ ਲੱਗ ਜਾਂਦੇ ਹਨ, ਮਨੁੱਖਾਂ ਵਿਚ ਨਾਮਰਦੀ, ਔਰਤਾਂ ਵਿਚ ਬਾਂਝਪਣ, ਗਰਭਪਾਤ, ਖ਼ੂਨ ਦਾ ਵਗਣਾ ਅਤੇ ਛਾਤੀ ਦਾ ਕੈਂਸਰ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ।

ਭਾਰਤ ਦੀ ਐੱਫ ਐੱਸ ਐਸ ਏ ਆਈ ਦੀ 2024 ਦੀ ਰਿਪੋਰਟ ਮੁਤਾਬਕ ਦੇਸ਼ ਦੇ 68 ਫੀਸਦੀ ਤੋਂ ਵੱਧ ਦੁੱਧ ਦੇ ਨਮੂਨੇ ਸ਼ੁੱਧ ਨਹੀਂ ਮਿਲੇ। ਪੰਜਾਬ ਵਿੱਚ 2025 ਦੀ ਸ਼ੁਰੂਆਤ ਤੱਕ ਲਗਭਗ 37 ਫੀਸਦੀ ਦੁੱਧ ਦੇ ਨਮੂਨੇ ਮਿਲਾਵਟੀ ਪਾਏ ਗਏ ਹਨ। ਵਿਸ਼ਵ ਸਿਹਤ ਸੰਗਠਨ ਅਨੁਸਾਰ ਹਰ ਸਾਲ ਲਗਭਗ 1.5 ਲੱਖ ਮੌਤਾਂ ਦੁੱਧ ਅਤੇ ਦੁੱਧ ਉਤਪਾਦਾਂ ਵਿੱਚ ਮਿਲਾਵਟ ਕਾਰਨ ਹੋ ਰਹੀਆਂ ਹਨ। ਪੰਜਾਬ ਵਿੱਚ ਇੱਕ ਵੱਡੀ ਜਾਂਚ ਵਿਚ ਪਤਾ ਲੱਗਾ ਕਿ 2022-23 ਵਿੱਚ ਇਕੱਠੇ ਕੀਤੇ ਗਏ 1,400 ਦੁੱਧ ਦੇ ਨਮੂਨੇ ਵਿੱਚੋਂ 497 ਨਮੂਨੇ ਫੂਡ ਸੇਫਟੀ ਚੈੱਕਾਂ 'ਤੇ ਪੂਰੇ ਨਹੀਂ ਪਾਏ ਗਏ, ਜਿਨ੍ਹਾਂ ਵਿੱਚ ਵੈਜੀਟੇਬਲ ਤੇ ਹੋਰ ਘਟੀਆ ਚਰਬੀ ਮਿਲੀ ਹੋਈ ਸੀ। ਦੁੱਧ ਉਤਪਾਦਾਂ ਵਿਚ ਜਿਵੇਂ ਖੋਆ, ਪਨੀਰ ਆਦਿ ਵਿਚ ਵੀ ਮਿਲਾਵਟ ਦੇ ਮਾਮਲੇ ਪਾਏ ਗਏ ਹਨ, ਜਿਵੇਂ ਰਿਫਾਇੰਡ ਤੇਲ, ਡਿਟਰਜੈਂਟ, ਤੇਜ਼ਾਬ ਅਤੇ ਗੁਲੂਕੋਜ਼ ਆਦਿ। ਮਹਾਰਾਸ਼ਟਰ ਵਿਚ ਐੱਫ ਡੀ ਏ ਨੇ 30,400 ਲੀਟਰ ਦੁੱਧ ਲੂਣ ਗੰਦਗੀ ਦੋਸ਼ 'ਤੇ ਨਕਾਰ ਦਿੱਤਾ।

ਦੁੱਧ ਵਿਚ ਮਿਲਾਵਟ ਨੂੰ ਰੋਕਣ ਲਈ ਸਰਕਾਰੀ ਨਿਗਰਾਨੀ ਮਜ਼ਬੂਤ ਕਰਨੀ ਚਾਹੀਦੀ ਹੈ। ਦੁੱਧ ਖਰੀਦਣ ਸਮੇਂ ਸਿਰਫ਼ ਭਰੋਸੇਯੋਗ ਬ੍ਰਾਂਡ ਜਾਂ ਸਰਕਾਰੀ ਦੁੱਧ ਘਰਾਂ ਤੋਂ ਹੀ ਲੈਣਾ ਚਾਹੀਦਾ ਹੈ। ਮਿਲਾਵਟ ਦੀ ਪਛਾਣ ਲਈ ਘਰ ਵਿੱਚ ਦੁੱਧ ਦੀ ਜਾਂਚ ਦੇ ਛੋਟੇ ਕਿਟ ਵਰਤਣੇ ਚਾਹੀਦੇ ਹਨ। ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣੀਆਂ ਚਾਹੀਦੀਆਂ ਹਨ। ਦੁੱਧ ਵਿੱਚ ਮਿਲਾਵਟ ਸਿਰਫ਼ ਇਕ ਖਾਦ ਸੁਰੱਖਿਆ ਦਾ ਮਾਮਲਾ ਨਹੀਂ, ਇਹ ਲੋਕਾਂ ਦੀ ਜ਼ਿੰਦਗੀ ਨਾਲ ਖੇਡ ਹੈ। ਜੇਕਰ ਸਮਾਜ, ਸਰਕਾਰ ਅਤੇ ਉਪਭੋਗਤਾ ਇਕੱਠੇ ਹੋ ਕੇ ਇਸ ਖ਼ਤਰਨਾਕ ਪ੍ਰਵਿਰਤੀ ਨੂੰ ਰੋਕਣ ਲਈ ਕਦਮ ਚੁੱਕਣ ਤਾਂ ਹੀ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਸ਼ੁੱਧ ਤੇ ਸਿਹਤਮੰਦ ਭਵਿੱਖ ਦੇ ਸਕਦੇ ਹਾਂ।

**# ਸੰਪਰਕ : 62831-16797**

## ਕੁੱਤਿਆਂ ਦੀ ਸਮੱਸਿਆ ਲਈ ਸੁਪਰੀਮ ਕੋਰਟ ਦੀ ਸਖਤੀ

ਸੁਖਪਾਲ ਸਿੰਘ ਗਿੱਲ

7 ਨਵੰਬਰ 2025 ਦੇ ਆਪਣੇ ਹੁਕਮ ਨੂੰ ਜਾਇਜ਼ ਠਹਿਰਾਉਂਦਿਆਂ ਮਾਨਯੋਗ ਸੁਪਰੀਮ ਕੋਰਟ ਨੇ ਕਿਹਾ ਹੈ ਕਿ ਮਨੁੱਖੀ ਜਾਨਾਂ ਕੀਮਤੀ ਅਤੇ ਪਹਿਲਾਂ ਹਨ। ਇਨ੍ਹਾਂ ਨੂੰ ਕੁੱਤਿਆਂ ਦੀ ਆੜ ਹੇਠ ਨਹੀਂ ਰੱਖਿਆ ਜਾ ਸਕਦਾ। ਨਿੱਤ ਦਿਨ ਅਖਬਾਰ ਦੀਆਂ ਸੁਰਖੀਆਂ ਕੁੱਤਿਆਂ ਦੇ ਕੱਟਣ ਦੀਆਂ ਹੁੰਦੀਆਂ ਹਨ। ਇਹਨਾਂ ਪਿੱਛੇ ਵੱਡਾ ਕਾਰਨ ਇਹ ਹੈ ਕਿ ਕੁੱਤੇ ਅਵਾਰਾ ਕਿਉਂ ਹੁੰਦੇ ਹਨ? ਇਹ ਹੈ ਕਿ ਇਹਨਾਂ ਬਾਰੇ ਸਾਡੇ ਮੁਲਕ ਵਿੱਚ ਕੋਈ ਖਾਸ ਨੀਤੀ ਨਹੀਂ ਹੈ, ਜੇ ਨੀਤੀ ਬਣਦੀ ਹੈ ਤਾਂ ਧਾਰਮਿਕ ਤੇ ਪਾਪ ਪੁੰਨ ਦੇ ਫਲਸਫੇ ਵਿੱਚ ਫਸ ਜਾਂਦੀ ਹੈ। ਮਨੁੱਖ ਤੋਂ ਬਾਅਦ ਹਰ ਸਾਹ ਵਾਲੀ ਚੀਜ਼ ਨੂੰ ਜੀਉਣ ਦਾ ਅਧਿਕਾਰ ਹੈ, ਪਰ ਭੱਠ ਪਿਆ ਸੋਨਾ ਜਿਹੜਾ ਕੰਨਾਂ ਨੂੰ ਖਾਵੇ। ਸਾਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਮਨੁੱਖ, ਮਨੁੱਖ ਹੈ, ਕੁੱਤਾ, ਕੁੱਤਾ ਹੈ। ਹੈਰਾਨੀ ਹੁੰਦੀ ਹੈ ਜਦ ਸੋਸ਼ਲ ਮੀਡੀਆ 'ਤੇ ਕੁੱਤਿਆਂ ਨਾਲ ਨਿਵੇਕਲੀ ਕਿਸਮ ਦੀਆਂ ਹਰਕਤਾਂ ਕੀਤੀਆਂ ਜਾਂਦੀਆਂ ਹਨ, ਜੋ ਘਟਨਾਵਾਂ ਬਣ ਜਾਂਦੀਆਂ ਹਨ।

ਭਾਰਤ 'ਚ 6 ਕਰੋੜ ਦੇ ਲੱਗਭੱਗ ਅਵਾਰਾ ਕੁੱਤੇ ਹਨ। ਭਾਰਤ 'ਚ ਹਰ ਸਾਲ 2 ਕਰੋੜ ਲੋਕ ਜਾਨਵਰਾਂ ਦੀ ਹਿੰਸਾ ਵਿੱਚ ਗ੍ਰਸਤ ਹੁੰਦੇ ਹਨ, ਜਿਨ੍ਹਾਂ ਵਿੱਚ 92 ਫੀਸਦੀ ਕੁੱਤਿਆਂ ਰਾਹੀਂ ਹੁੰਦੇ ਹਨ। ਸੰਸਾਰ ਸਿਹਤ ਸੰਸਥਾ ਅਨੁਸਾਰ ਹਲਕਾਅ ਕਾਰਨ ਦੁਨੀਆ ਦੀਆਂ ਕੁਲ ਮੌਤਾਂ ਵਿੱਚੋਂ 36 ਫੀਸਦੀ ਮੌਤਾਂ ਭਾਰਤ ਵਿੱਚ ਹੁੰਦੀਆਂ ਹਨ। 2018 ਵਿੱਚ ਲੁਧਿਆਣਾ ਵਿੱਚ 15324, ਜਲੰਧਰ ਵਿੱਚ 9839 ਅਤੇ ਹੁਸ਼ਿਆਰਪੁਰ ਵਿੱਚ 9260 ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਹੋਈਆਂ ਸਨ। ਅੰਮ੍ਰਿਤਸਰ ਜ਼ਿਲ੍ਹੇ ਵਿੱਚ 1 ਜਨਵਰੀ 2025 ਤੋਂ ਜੂਨ 2025 ਤੱਕ 24601 ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਹੋਈਆਂ।ਭਾਰਤ 'ਚ ਹਲਕਾਅ ਕਾਰਨ 2023 ਵਿੱਚ 50 ਮੌਤਾਂ ਅਤੇ 2024 ਵਿੱਚ 54 ਮੌਤਾਂ ਹੋਈਆਂ ਸਨ। ਦਿੱਲੀ ਵਿੱਚ ਪਿਛਲੇ ਦਿਨੀਂ ਹਲਕਾਅ ਕਾਰਨ ਇੱਕ ਵਿਦਿਆਰਥੀ ਦੀ ਮੌਤ ਹੋਈ ਸੀ।

ਭਾਰਤ 'ਚ ਪਸ਼ੂ ਜਨਮ ਨਿਯੰਤਰਣ ਨਿਯਮ 2023 ਅਵਾਰਾ ਪਸ਼ੂਆਂ ਦੇ ਪ੍ਰਬੰਧਨ ਲਈ ਲਾਗੂ ਕੀਤੇ ਗਏ ਹਨ। ਇਸੇ ਤਹਿਤ ਅਵਾਰਾ ਕੁੱਤਿਆਂ ਦੀ ਗਿਣਤੀ ਕੰਟਰੋਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ ਸਨ, ਪਰ ਮਾਨਯੋਗ ਸੁਪਰੀਮ ਕੋਰਟ ਨੇ ਇਸ ਨੂੰ ਬੇਤੁਕਾ ਕਰਾਰ ਦਿੱਤਾ ਹੈ। ਵੱਖ-ਵੱਖ ਦੇਸ਼ਾਂ ਵਿੱਚ ਕੁੱਤਿਆਂ ਦੀ ਸਾਂਭ-ਸੰਭਾਲ ਲਈ ਵੱਖ-ਵੱਖ ਨਿਯਮ ਹਨ। ਇੰਗਲੈਂਡ ਵਿੱਚ ਸਥਾਨਕ ਪ੍ਰਸ਼ਾਸਨ ਅਵਾਰਾ ਕੁੱਤਿਆਂ ਦੀ ਸੰਭਾਲ ਕਰਦਾ ਹੈ। ਵੱਖ-ਵੱਖ ਦੇਸ਼ਾਂ ਵਿੱਚ ਕੁੱਤਿਆਂ ਦੇ ਮਾਈਕਰੋ ਚਿੱਪਾਂ ਵੀ ਲਗਾਈਆਂ ਗਈਆਂ ਤਾਂ ਜੋ ਕੁੱਤੇ ਦੀ ਪਛਾਣ ਹੋ ਸਕੇ। ਦੂਜੇ ਪਾਸੇ ਕੁੱਤੇ ਮਨੁੱਖ ਦੇ ਸਾਥੀ ਅਤੇ ਵਫ਼ਾਦਾਰ ਵੀ ਹੁੰਦੇ ਹਨ, ਪਾਲਤੂ ਕੁੱਤਿਆਂ ਨੂੰ ਭੋਜਨ ਮਿਲਦਾ ਹੈ, ਪਰ ਆਜ਼ਾਦੀ ਅਤੇ ਜੈਵਿਕ ਲੋੜਾਂ ਪੂਰੀਆਂ ਨਾ ਹੋਣ ਕਾਰਨ ਇਹ ਵੀ ਹਿੰਸਾ ਕਰਦੇ ਹਨ। ਇਹਨਾ ਪਾਲਤੂ ਕੁੱਤਿਆਂ ਦੇ ਸ਼ੌਕੀਆਂ ਲਈ ਵੀ ਸਖਤ ਨਿਯਮ ਅਤੇ ਜ਼ਿੰਮੇਵਾਰੀ ਬਣੇ, ਜਦਕਿ ਅਵਾਰਾ ਕੁੱਤੇ ਆਜ਼ਾਦੀ ਅਤੇ ਜੈਵਿਕ ਲੋੜਾਂ ਪੂਰੀਆਂ ਕਰਦੇ ਹਨ, ਪਰ ਭੋਜਨ ਨਾ ਮਿਲਣ ਕਾਰਨ ਇਹ ਵੀ ਹਿੰਸਾ ਕਰਦੇ ਹਨ।ਅਵਾਰਾ ਕੁੱਤੇ ਦੁਰਘਟਨਾਵਾਂ ਵੀ ਕਰਾਉਂਦੇ ਹਨ। ਸਕੂਟਰ-ਮੋਟਰਸਾਈਕਲਾਂ ਵਿੱਚ ਵੱਜਦੇ ਹਨ। ਜਦੋਂ ਕੋਈ ਵਾਹਨ ਲੰਘਦਾ ਹੈ ਤਾਂ ਉਸ ਦੇ ਅੱਗੇ-ਪਿੱਛੇ ਦੌੜਦੇ ਹਨ ਤਾਂ ਵੀ ਘਟਨਾਵਾਂ ਨੂੰ ਜਨਮ ਮਿਲਦਾ ਹੈ। ਕੁੱਤੇ ਦੀ ਸਰੀਰਕ ਭਾਸ਼ਾ ਸਮਝਣੀ ਵੀ ਚਾਹੀਦੀ ਹੈ। ਅਵਾਰਾ ਕੁੱਤਿਆਂ ਦੀ ਸਾਂਭ-ਸੰਭਾਲ ਹਿੱਤ ਇੱਕ ਵਿਸਥਾਰਤ ਨੀਤੀ ਦੀ ਲੋੜ ਹੈ ਤਾਂ ਜੋ ਕੁੱਤਿਆਂ ਦੀ ਵਜ੍ਹਾ ਕਰਕੇ ਹੁੰਦੀਆਂ ਘਟਨਾਵਾਂ ਨੂੰ ਰੋਕਣ ਲਈ ਵੱਡੀ ਰਾਹਤ ਮਿਲੇ। ਇਸ ਨਾਲ ਹੀ ਕੁੱਤਿਆਂ ਨਾਲ ਹੁੰਦੀਆਂ ਘਟਨਾਵਾਂ ਤੋਂ ਬਚਿਆ ਜਾ ਸਕਦਾ ਹੈ। ਸੁਪਰੀਮ ਕੋਰਟ ਦਾ ਸਾਰੀਆਂ ਅਟਕਲਾਂ 'ਤੇ ਵਿਰਾਮ ਲਾ ਕੇ ਮਨੁੱਖ ਦੀ ਜਾਨ ਨੂੰ ਬਚਾਉਣ ਦਾ ਹੁਕਮ ਕਾਬਲੇ-ਤਰੀਫ਼ ਹੈ।

**# ਸੰਪਰਕ : 98781-11445**

# ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਨਵੀਆਂ ਪਾਈਪ ਲਾਈਨਾਂ ਵਿਛਣਗੀਆਂ : ਭਗਵੰਤ ਮਾਨ

## ਮੁੱਖ ਮੰਤਰੀ ਨੇ 'ਲੋਕ ਮਿਲਣੀ' 'ਚ ਕਈ ਸਹੂਲਤਾਂ ਦਾ ਕੀਤਾ ਐਲਾਨ



**ਮੋਗਾ (ਇਕਬਾਲ ਸਿੰਘ ਖਹਿਰਾ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਪੰਜਾਬ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਸਰਕਾਰ ਇਸ ਸਾਲ ਦੇ ਅੰਤ ਤੱਕ 7,000 ਕਿਲੋਮੀਟਰ ਹੋਰ ਪਾਈਪਲਾਈਨਾਂ ਵਿਛਾਏਗੀ।ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 14,000 ਕਿਲੋਮੀਟਰ ਪਾਈਪਲਾਈਨਾਂ ਪਹਿਲਾਂ ਹੀ ਵਿਛਾਈਆਂ ਜਾ ਚੁੱਕੀਆਂ ਹਨ, ਜੋ ਕੈਨੇਡਾ ਤੋਂ ਮੋਗਾ ਤੱਕ ਦੀ ਦੂਰੀ ਦੇ ਬਰਾਬਰ ਹਨ।ਉਨ੍ਹਾਂ ਕਿਹਾ ਕਿ ਸਰਕਾਰ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵਾਟਰ ਰੀਚਾਰਜ ਪੁਆਇੰਟ ਵੀ ਬਣਾ ਰਹੀ ਹੈ।ਮੋਗਾ ਦੇ ਪਿੰਡ ਭਲੂਰ ਵਿਖੇ ਇੱਕ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਲਗਭਗ 80 ਫੀਸਦ ਖੇਤੀਬਾੜੀਯੋਗ ਜ਼ਮੀਨ ਤੱਕ ਨਹਿਰੀ ਪਾਣੀ ਪਹੁੰਚਾਉਣਾ ਯਕੀਨੀ ਬਣਾਇਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਵੱਲੋਂ ਨਕਾਰੀਆਂ ਗਈਆਂ ਪਾਰਟੀਆਂ ਪੰਜਾਬ ਸਰਕਾਰ ਖ਼ਿਲਾਫ਼ ਇਸ ਲਈ ਇੱਕਜੁੱਟ ਹੋ ਗਈਆਂ ਹਨ, ਕਿਉਂਕਿ ਉਹ ਉਨ੍ਹਾਂ ਦੀ ਸਰਕਾਰ ਦੇ ਕੰਮਾਂ ਦਾ ਮੁਕਾਬਲਾ ਨਹੀਂ ਕਰ ਸਕਦੀਆਂ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਰਾਜ ਦੌਰਾਨ ਸੂਬੇ ਨੂੰ ਲੁੱਟਣ ਵਾਲਿਆਂ ਨੂੰ ਕਦੇ ਵੀ ਮੁੜ ਸੱਤਾ ਵਿੱਚ ਨਹੀਂ ਆਉਣ ਦੇਣਗੇ।

ਲੋਕ ਮਿਲਣੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿੰਚਾਈ ਤੇ ਬੇਅਦਬੀ ਦੇ ਮੁੱਦੇ 'ਤੇ ਅਕਾਲੀਆਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਅਕਾਲੀਆਂ, ਖਾਸ ਕਰਕੇ ਬਾਦਲਾਂ ਨੂੰ ਕਦੇ ਇਹ ਪਤਾ ਹੀ ਨਹੀਂ ਸੀ ਕਿ ਇੱਕ ਆਮ ਕਿਸਾਨ ਲਈ ਨਹਿਰੀ ਪਾਣੀ ਦੇ ਕੀ ਮਾਅਨੇ ਹਨ, ਕਿਉਂਕਿ ਖਾਲ ਸਿਰਫ਼ ਉਨ੍ਹਾਂ ਦੇ ਆਪਣੇ ਖੇਤਾਂ ਵਿੱਚ ਹੀ ਖ਼ਤਮ ਹੁੰਦੇ ਸਨ।ਜਦੋਂ ਉਹ ਸੱਤਾ ਵਿੱਚ ਸਨ ਤਾਂ ਉਹ ਅਜਿਹਾ ਕਾਨੂੰਨ ਬਣਾਉਣ ਲਈ ਕਦੇ ਵੀ ਗੰਭੀਰ ਨਹੀਂ ਸਨ।ਸਚਾਈ ਇਹ ਹੈ ਕਿ ਉਨ੍ਹਾਂ ਦੀ ਨੀਅਤ ਵਿੱਚ ਖੋਟ ਸੀ।ਅਕਾਲੀਆਂ ਨੇ ਆਪਣੇ ਸਿਆਸੀ ਹਿੱਤਾਂ ਲਈ ਬੇਅਦਬੀ ਦੀਆਂ ਘਟਨਾਵਾਂ ਹੋਣ ਦਿੱਤੀਆਂ।

ਅਕਾਲੀ ਦਲ ਹੁਣ ਸਿਰਫ਼ 'ਨਨਾਣ-ਭਰਜਾਈ' ਦੀ ਪਾਰਟੀ ਬਣ ਕੇ ਰਹਿ ਗਿਆ ਹੈ, ਕਿਉਂਕਿ ਨਨਾਣ ਐੱਮ.ਪੀ. ਹੈ ਤੇ ਭਰਜਾਈ ਪੰਜਾਬ ਵਿਧਾਨ ਸਭਾ ਵਿੱਚ ਐੱਮ.ਐੱਲ.ਏ. ਹੈ।ਸੂਬੇ ਭਰ ਵਿੱਚੋਂ ਮਿਲ ਰਹੇ ਜਨਤਕ ਹੁੰਗਾਰੇ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸੰਗਤ ਸੂਝਵਾਨ ਹੈ ਤੇ ਲੋਕ ਹੀ ਸਰਵਉੱਚ ਹਨ।ਇਹ ਲੋਕ ਹੰਕਾਰ ਵਿੱਚ ਆ ਕੇ ਇਹ ਕੰਮ ਕਰ ਰਹੇ ਹਨ, ਕਿਉਂਕਿ ਉਨ੍ਹਾਂ ਕੋਲ ਮੇਰੇ ਖ਼ਿਲਾਫ਼ ਕੋਈ ਅਸਲ ਮੁੱਦਾ ਨਹੀਂ ਬਚਿਆ।ਜਦੋਂ ਵੀ ਮੈਂ ਪਿੰਡਾਂ, ਸਮਾਜਿਕ ਇਕੱਠਾਂ ਤੇ ਜਨਤਕ ਮੀਟਿੰਗਾਂ ਵਿੱਚ ਜਾਂਦਾ ਹਾਂ ਤਾਂ ਭਾਰੀ ਇਕੱਠ ਹੁੰਦਾ ਹੈ।ਵਿਰੋਧੀ ਧਿਰ ਇਸ ਭੀੜ ਨੂੰ ਬਰਦਾਸ਼ਤ ਨਹੀਂ ਕਰ ਸਕਦੀ, ਕਿਉਂਕਿ ਉਹ ਖ਼ੁਦ ਅਜਿਹੀ ਜਨਤਕ ਹਮਾਇਤ ਹਾਸਲ ਨਹੀਂ ਕਰ ਸਕਦੇ।ਇਸ ਤੋਂ ਬੁਖਲਾ ਕੇ ਰਵਾਇਤੀ ਪਾਰਟੀਆਂ ਮੇਰੇ 'ਤੇ ਬੇਬੁਨਿਆਦ ਦੋਸ਼ ਲਾ ਕੇ ਬਹੁਤ ਘਟੀਆ ਪੱਧਰ 'ਤੇ ਉੱਤਰ ਰਹੀਆਂ ਹਨ, ਜਿਸ ਨੂੰ ਲੋਕ ਬਰਦਾਸ਼ਤ ਨਹੀਂ ਕਰਨਗੇ।

# ਮਜ਼ਦੂਰ ਜਥੇਬੰਦੀਆਂ ਵੱਲੋਂ ਡੀ ਸੀ ਰਾਹੀਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**
ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੂਬਾ ਪੱਧਰੀ ਸੱਦੇ 'ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ, ਦਿਹਾਤੀ ਮਜ਼ਦੂਰ ਸਭਾ ਤੇ ਖੇਤ ਮਜ਼ਦੂਰ ਸਭਾ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਂ ਮੰਗ ਪੱਤਰ ਸੌਂਪਿਆ ਗਿਆ।ਖੰਡਾ ਪਾਰਕ ਵਿਖੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਬਾਜ਼ ਸਿੰਘ ਭੁੱਟੀਵਾਲਾ, ਹਰਜੀਤ ਮਦਰੱਸਾ, ਨਾਨਕ ਚੰਦ ਬਜਾਜ ਤੇ ਕਰਮਜੀਤ ਕੌਰ ਲੱਕੜਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਦਸੰਬਰ 2025 ਵਿੱਚ ਵਿਧਾਨ ਸਭਾ ਅੰਦਰ ਕੇਂਦਰ ਸਰਕਾਰ ਦੀ ਨਵੀਂ ਮਨਰੇਗਾ ਯੋਜਨਾ ਦਾ ਵਿਰੋਧ ਕਰਨ ਦਾ ਮਤਾ ਪਾਸ ਕੀਤਾ ਸੀ, ਪਰ ਹੁਣ ਉਸੇ ਯੋਜਨਾ ਨੂੰ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਮਜ਼ਦੂਰ ਵਿਰੋਧੀ ਰਵੱਈਆ ਅਪਣਾਇਆ ਹੈ।ਆਗੂਆਂ ਨੇ ਕਿਹਾ ਕਿ ਉਹ ਲੰਬੇ ਸਮੇਂ ਤੋਂ ਮਨਰੇਗਾ ਤਹਿਤ ਪੂਰੇ ਸਾਲ ਰੁਜ਼ਗਾਰ, ਘੱਟੋ-ਘੱਟ 700 ਰੁਪਏ ਦਿਹਾੜੀ, ਔਰਤਾਂ ਨੂੰ ਚੋਣਾਵੀ ਗਰੰਟੀਆਂ ਅਨੁਸਾਰ ਬਕਾਇਆ ਸਮੇਤ ਰਾਸ਼ੀ, ਵਿਧਵਾ, ਬੁਢਾਪਾ ਤੇ ਦਿਵਿਆਂਗ ਪੈਨਸ਼ਨ 5,000 ਰੁਪਏ ਕਰਨ, ਚਾਰ ਲੇਬਰ ਕੋਡ ਰੱਦ ਕਰਨ, ਬੇਜ਼ਮੀਨੇ ਮਜ਼ਦੂਰਾਂ ਨੂੰ ਜ਼ਮੀਨ ਤੇ ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਵਰਗੀਆਂ ਮੰਗਾਂ ਕਰ ਰਹੇ ਹਨ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਤਰਸੇਮ ਸਿੰਘ ਖੁੰਡੇ ਹਲਾਲ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਵੀ ਪਿਛਲੀਆਂ ਸਰਕਾਰਾਂ ਵਾਂਗ ਮਜ਼ਦੂਰਾਂ ਦੀਆਂ ਮੰਗਾਂ ਨੂੰ ਅਣਦੇਖਾ ਕਰ ਰਹੀ ਹੈ ਤੇ ਹੱਕਾਂ ਲਈ ਸੰਘਰਸ਼ ਕਰਨ ਵਾਲਿਆਂ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਯੂਨੀਅਨ ਆਗੂਆਂ ਨੇ ਜਸਵਿੰਦਰ ਸਿੰਘ ਸੰਗੂਧੌਣ, ਜਗਜੀਤ ਸਿੰਘ ਜੱਸੇਆਣਾ, ਤੋਤਾ ਸਿੰਘ ਸ਼ੇਰੇਵਾਲਾ ਤੇ ਬਲਰਾਜ ਸਿੰਘ ਨੇ ਕੇਂਦਰ ਸਰਕਾਰ ਵੱਲੋਂ ਪੈਟਰੋਲ, ਡੀਜ਼ਲ, ਰਸੋਈ ਗੈਸ ਤੇ ਹੋਰ ਜ਼ਰੂਰੀ ਵਸਤਾਂ ਦੀਆਂ ਵਧਦੀਆਂ ਕੀਮਤਾਂ ਦੀ ਵੀ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਜੰਗੀ ਹਾਲਾਤਾਂ ਦਾ ਬਹਾਨਾ ਬਣਾ ਕੇ ਆਮ ਲੋਕਾਂ 'ਤੇ ਮਹਿੰਗਾਈ ਦਾ ਬੋਝ ਪਾਇਆ ਜਾ ਰਿਹਾ ਹੈ।ਆਗੂਆਂ ਨੇ ਐਲਾਨ ਕੀਤਾ ਕਿ 2 ਜੁਲਾਈ ਨੂੰ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ ਤੇ ਮਜ਼ਦੂਰਾਂ ਦੀਆਂ ਮੰਗਾਂ ਮਨਵਾਉਣ ਲਈ ਪੰਜਾਬ ਪੱਧਰ 'ਤੇ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ।ਇਸ ਮੌਕੇ ਜਸਵਿੰਦਰ ਸਿੰਘ ਸੰਗੂਧੌਣ, ਜਗਜੀਤ ਸਿੰਘ ਜੱਸੇਆਣਾ, ਤੋਤਾ ਸਿੰਘ ਸ਼ੇਰੇਵਾਲਾ, ਬਲਰਾਜ ਸਿੰਘ, ਪ੍ਰੀਤਮ ਸਿੰਘ, ਰੌਣਕ ਰਾਮ, ਅਮਰਜੀਤ ਕੌਰ ਸਮੇਤ ਹੋਰ ਆਗੂ ਹਾਜ਼ਰ ਸਨ।

# ਬੀ ਕੇ ਯੂ (ਰਾਜੇਵਾਲ) ਵੱਲੋਂ ਮਾੜੀ ਬਿਜਲੀ ਸਪਲਾਈ ਵਿਰੁੱਧ ਘੁਲਾਲ 'ਚ ਧਰਨਾ



**ਸਮਰਾਲਾ (ਸੁਰਜੀਤ ਸਿੰਘ)**
ਪੰਜਾਬ ਦੇ ਮੁੱਖ ਮੰਤਰੀ ਨੇ ਸੱਤਾ ਸੰਭਾਲਣ ਮੌਕੇ ਕਿਸਾਨਾਂ ਦਾ ਵਾਅਦਾ ਕੀਤਾ ਸੀ ਕਿ ਪੰਜਾਬ ਕੋਲ ਵਾਧੂ ਬਿਜਲੀ ਹੈ, ਇਸ ਲਈ ਪੰਜਾਬ ਦੇ ਆਮ ਲੋਕਾਂ ਤੇ ਖੇਤਾਂ ਵਿੱਚ ਕਿਸਾਨਾਂ ਨੂੰ ਬਿਜਲੀ ਸਪਲਾਈ ਦੀ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਮਿਲੇਗੀ, ਪ੍ਰੰਤੂ ਮੁੱਖ ਮੰਤਰੀ ਵੱਲੋਂ ਕੀਤੇ ਝੂਠੇ ਸਿਆਸੀ ਵਾਅਦਿਆਂ ਦੀ ਫੂਕ ਨਿਕਲ ਚੁੱਕੀ ਹੈ, ਪੰਜਾਬ ਦੇ ਲੋਕ ਲੰਬੇ ਲੰਬੇ ਬਿਜਲੀ ਕੱਟਾਂ ਦਾ ਸਾਹਮਣਾ ਕਰਕੇ, ਅੱਤ ਦੀ ਗਰਮੀ ਵਿੱਚ ਸੜ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ ਦੀ ਅਗਵਾਈ ਹੇਠ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਸਬ ਡਵੀਜ਼ਨ ਘੁਲਾਲ ਵਿਖੇ ਐਕਸੀਅਨ ਦੇ ਦਫਤਰ ਅੱਗੇ ਯੂਨੀਅਨ ਵੱਲੋਂ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਲੱਗ ਰਹੇ ਲੰਬੇ ਕੱਟਾਂ ਦੇ ਵਿਰੋਧ ਵਿੱਚ ਲਗਾਏ ਧਰਨੇ ਨੂੰ ਸੰਬੋਧਨ ਕਰਦੇ ਹੋਏ।ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੀ ਸੀਜਨ ਪੂਰੇ ਜ਼ੋਰ ਤੇ ਹੋਣ ਕਾਰਨ ਕਿਸਾਨਾਂ ਨੂੰ ਰੋਜ਼ਾਨਾ ਘੱਟੋ-ਘੱਟ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦੀ ਬਹੁਤ ਜ਼ਰੂਰਤ ਹੈ, ਪ੍ਰੰਤੂ ਮੌਜੂਦਾ ਸਰਕਾਰ ਨੇ ਕਿਸਾਨਾਂ ਨੂੰ 8 ਘੰਟੇ ਬਿਜਲੀ ਸਪਲਾਈ ਤਾਂ ਕੀ ਦੇਣੀ ਹੈ, ਸਗੋਂ ਘਰਾਂ ਨੂੰ ਮਿਲ ਰਹੀ 24 ਘੰਟੇ ਬਿਜਲੀ ਸਪਲਾਈ ਨੂੰ ਵੀ ਲੰਬੇ ਲੰਬੇ ਕੱਟ ਲਗਾਏ ਜਾ ਰਹੇ ਹਨ, ਜਿਸ ਕਾਰਨ ਅੱਤ ਦੀ ਪੈ ਰਹੀ ਗਰਮੀ ਕਾਰਨ ਲੋਕ ਬਹੁਤ ਪ੍ਰੇਸ਼ਾਨ ਹਨ। ਇਸ ਮੌਕੇ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਪੂਰਬਾ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਦੌਰਾਨ ਲੱਗ ਰਹੇ ਵੱਡੇ ਵੱਡੇ ਬਿਜਲੀ ਕੱਟਾਂ ਨੇ ਕਿਸਾਨਾਂ ਦੀ ਆਰਥਿਕਤਾ ਨੂੰ ਕਾਫੀ ਖੋਰਾ ਲਾਇਆ ਹੈ, ਬਿਜਲੀ ਨਾ ਆਉਣ ਕਾਰਨ ਮਹਿੰਗੇ ਭਾਅ ਡੀਜ਼ਲ ਬਾਲ ਕੇ ਝੋਨਾ ਪਾਲਣਾ ਪੈ ਰਿਹਾ। ਧਰਨੇ ਦੌਰਾਨ ਯੂਨੀਅਨ ਵੱਲੋਂ ਲੱਗ ਰਹੇ ਬਿਜਲੀ ਕੱਟਾਂ ਸਬੰਧੀ ਐਕਸੀਅਨ ਕੰਵਲਪ੍ਰੀਤ ਸਿੰਘ ਸਿੱਧੂ ਨੂੰ ਨਿਰਵਿਘਨ ਬਿਜਲੀ ਸਪਲਾਈ ਸਬੰਧੀ ਮੰਗ ਪੱਤਰ ਦਿੱਤਾ ਗਿਆ।

ਮੰਗ ਪੱਤਰ ਪ੍ਰਾਪਤ ਕਰਕੇ ਐਕਸੀਅਨ ਨੇ ਭਰੋਸਾ ਦਿਵਾਇਆ ਕਿ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਭੇਜ ਕੇ ਜਲਦੀ ਹੀ ਉਨ੍ਹਾਂ ਦੇ ਮਸਲੇ ਦਾ ਹੱਲ ਕੀਤਾ ਜਾਵੇਗਾ।ਧਰਨੇ ਮੌਕੇ ਉਪਰੋਕਤ ਤੋਂ ਇਲਾਵਾ ਕਰਮਜੀਤ ਸਿੰਘ, ਜੁਗਰਾਜ ਸਿੰਘ ਰਾਜਾ ਬਲਾਕ ਪ੍ਰਧਾਨ ਮਾਂਗਟ, ਕਰਮਜੀਤ ਸਿੰਘ ਬਲਾਕ ਮਾਛੀਵਾੜਾ ਸਾਹਿਬਠ ਮਾਛੀਵਾੜਾ ਸਾਹਿਬ, ਗੁਰਪ੍ਰੀਤ ਸਿੰਘ ਉਰਨਾ ਸਟੇਜ ਸੈਕਟਰੀ, ਜਗਦੇਵ ਸਿੰਘ ਮੁੱਤੋਂ, ਬਲਿਹਾਰ ਦੀਵਾਲਾ, ਘੋਲੀ ਬਾਬਾ ਦੀਵਾਲਾ, ਮਨਮੋਹਣ ਸਿੰਘ ਉਟਾਲਾਂ, ਬਿੱਲੂ ਉਟਾਲਾ, ਰਣਜੀਤ ਸਿੰਘ ਕਾਹਲੋਂ, ਮੁਖਤਿਆਰ ਸਿੰਘ ਸਰਵਰਪੁਰ, ਗੁਰਦੀਪ ਸਿੰਘ, ਅਮਨਦੀਪ ਸਿੰਘ ਸਰਪੰਚ, ਸੁਖਦਰਸ਼ਨ ਸਿੰਘ ਭੱਟੀਆ, ਜਸਵੀਰ ਸਿੰਘ ਗੜੀ, ਜਸਵਿੰਦਰ ਸਿੰਘ ਮੇਹਲੋਂ, ਪਰਮਜੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਯੂਨੀਅਨ ਦੇ ਵਰਕਰ ਹਾਜ਼ਰ ਸਨ।

# ਪੱਤਰਕਾਰ ਬਲਦੇਵ ਸਿੰਘ ਸਿੱਧੂ ਦੀ ਬੇਵਕਤੀ ਮੌਤ ਨਾਲ ਇਲਾਕੇ 'ਚ ਸੋਗ ਦੀ ਲਹਿਰ



**ਭੀਖੀ (ਧਰਮਵੀਰ ਸ਼ਰਮਾ)**
ਪੱਤਰਕਾਰ ਬਲਦੇਵ ਸਿੰਘ ਸਿੱਧੂ ਦੀ ਬੇਵਕਤੀ ਮੌਤ ਦੀ ਦੁਖਦਾਈ ਖ਼ਬਰ ਨਾਲ ਸਮੁੱਚੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ। ਉਨ੍ਹਾਂ ਦੇ ਅਚਾਨਕ ਅਕਾਲ ਚਲਾਣੇ ਨੇ ਪਰਵਾਰ, ਰਿਸ਼ਤੇਦਾਰਾਂ, ਮਿੱਤਰਾਂ, ਪੱਤਰਕਾਰ ਭਾਈਚਾਰੇ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਗਹਿਰਾ ਸਦਮਾ ਪਹੁੰਚਾਇਆ ਹੈ। ਬਲਦੇਵ ਸਿੰਘ ਸਿੱਧੂ ਸਿਰਫ਼ ਇੱਕ ਨਿੱਡਰ ਤੇ ਨਿਰਪੱਖ ਪੱਤਰਕਾਰ ਹੀ ਨਹੀਂ ਸਨ, ਸਗੋਂ ਇੱਕ ਨੇਕਦਿਲ ਤੇ ਮਿਲਣਸਾਰ ਇਨਸਾਨ ਵੀ ਸਨ। ਉਹ ਹਮੇਸ਼ਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਮੁੱਖਤਾ ਨਾਲ ਉਠਾਉਂਦੇ ਰਹੇ ਤੇ ਸੱਚਾਈ ਨੂੰ ਨਿੱਡਰਤਾ ਨਾਲ ਲੋਕਾਂ ਤੱਕ ਪਹੁੰਚਾਉਣ ਲਈ ਜਾਣੇ ਜਾਂਦੇ ਸਨ।

ਉਨ੍ਹਾਂ ਪੱਤਰਕਾਰਤਾ ਨੂੰ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਲੋਕ ਸੇਵਾ ਦਾ ਮਾਧਿਅਮ ਸਮਝ ਕੇ ਨਿਭਾਇਆ। ਇਸ ਦੇ ਨਾਲ-ਨਾਲ ਉਹ ਸਮਾਜ ਸੇਵਾ ਦੇ ਕੰਮਾਂ ਲਈ ਵੀ ਹਮੇਸ਼ਾ ਤਤਪਰ ਰਹਿੰਦੇ ਸਨ। ਲੋੜਵੰਦਾਂ ਦੀ ਮਦਦ ਕਰਨੀ, ਸਮਾਜਿਕ ਤੇ ਧਾਰਮਿਕ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਅਤੇ ਹਰ ਵਰਗ ਦੇ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋਣਾ, ਉਨ੍ਹਾਂ ਦੀ ਸ਼ਖ਼ਸੀਅਤ ਦੀ ਖ਼ਾਸ ਪਹਿਚਾਣ ਸੀ। ਉਨ੍ਹਾਂ ਦੇ ਇਸ ਨਿਮਰ ਤੇ ਸੇਵਾ ਭਾਵ ਵਾਲੇ ਸੁਭਾਅ ਕਰਕੇ ਉਹ ਹਰ ਵਰਗ ਦੇ ਲੋਕਾਂ ਵਿੱਚ ਬਹੁਤ ਸਤਿਕਾਰ ਦੇ ਪਾਤਰ ਸਨ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਮਿਲਦੇ ਹੀ ਵੱਖ-ਵੱਖ ਸਮਾਜਿਕ, ਧਾਰਮਿਕ, ਰਾਜਨੀਤਕ ਤੇ ਪੱਤਰਕਾਰ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਅਨੇਕਾਂ ਲੋਕ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਹਲਕਾ ਮਾਨਸਾ ਦੇ ਵਿਧਾਇਕ ਵਿਜੈ ਸਿੰਗਲਾ, ਜ਼ਿਲ੍ਹਾ ਪ੍ਰੀਸ਼ਦ ਮਾਨਸਾ ਦੇ ਚੇਅਰਮੈਨ ਚੁਸਪਿੰਦਰਬੀਰ ਚਹਿਲ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ, ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ, ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ, ਅਮਨ ਸਿੰਗਲਾ ਢੈਪਈ, ਰਜਿੰਦਰ ਰਾਜੀ, ਵਿਵੇਕ ਜੈਨ ਬੱਬੂ, ਨਵਜੋਤ ਜਿੰਦਲ, ਬਲਕੌਰ ਸਿੰਘ ਮੂਸੇਵਾਲਾ, ਚਮਕੌਰ ਸਿੰਘ ਮੂਸੇਵਾਲਾ, ਬਲਜੀਤ ਰਿਸ਼ੀ ਖੀਵਾ, ਡਾ. ਪ੍ਰਗਟ ਸਿੰਘ ਚਹਿਲ ਸਮਾਉਂ, ਬੀਬੀ ਕਰਮਜੀਤ ਕੌਰ ਸਮਾਉਂ, ਨੈਸ਼ਨਲ ਕਾਲਜ ਭੀਖੀ ਦੇ ਪ੍ਰਧਾਨ ਹਰਬੰਸ ਦਾਸ ਬਾਵਾ, ਡਾ. ਭਰਪੂਰ ਸਿੰਘ ਮੰਨਣ ਤੋਂ ਇਲਾਵਾ ਪ੍ਰੈੱਸ ਕਲੱਬ ਭੀਖੀ ਦੇ ਸੁਰੇਸ਼ ਸਿੰਗਲਾ, ਬਲਕਾਰ ਸਿੰਘ ਸਹੋਤਾ, ਬਹਾਦਰ ਖਾਨ, ਡੀ. ਪੀ. ਜਿੰਦਲ, ਸੰਦੀਪ ਤਾਇਲ, ਸੰਦੀਪ ਜਿੰਦਲ, ਧਰਮਵੀਰ ਸ਼ਰਮਾ, ਗੁਰਿੰਦਰ ਔਲਖ, ਕਰਨ ਭੀਖੀ, ਮੁਨੀਸ਼ ਜਿੰਦਲ, ਕਮਲ ਜਿੰਦਲ, ਮਨਦੀਪ ਸਿੰਗਲਾ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਬਲਦੇਵ ਸਿੰਘ ਸਿੱਧੂ ਵਰਗੇ ਇਮਾਨਦਾਰ ਪੱਤਰਕਾਰ ਤੇ ਸਮਾਜ ਸੇਵੀ ਦਾ ਵਿਛੋੜਾ ਕਦੇ ਵੀ ਪੂਰਾ ਨਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਦੀ ਨਿੱਡਰ ਕਲਮ, ਸਮਾਜ ਪ੍ਰਤੀ ਸਮਰਪਣ ਤੇ ਲੋਕ ਭਲਾਈ ਲਈ ਕੀਤੇ ਯਤਨਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

# ਮੁੱਖ ਮੰਤਰੀ ਨੇ 54.76 ਕਰੋੜ ਰੁਪਏ ਦੀ ਲਾਗਤ ਵਾਲੇ ਆਰ ਓ ਬੀ ਦਾ ਰੱਖਿਆ ਨੀਂਹ ਪੱਥਰ

## ਧੂਰੀ ਪੰਜਾਬ ਦੀ ਸਿਆਸਤ ਦੀ 'ਧੁਰੀ' ਬਣੀ : ਭਗਵੰਤ ਮਾਨ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਕਰਮ ਭੂਮੀ ਹਲਕੇ ਧੂਰੀ ਦੇ ਨਿਵਾਸੀਆਂ ਨੂੰ ਇੱਕ ਵੱਡੀ ਸੌਗਾਤ ਦਿੰਦਿਆਂ ਸ਼ਹਿਰ ਦੀ ਚਿਰੋਕਣੀ ਤੇ ਅਹਿਮ ਮੰਗ ਨੂੰ ਪੂਰਾ ਕਰਦਿਆਂ ਸ਼ੇਰੋ ਰਜਵਾਹੇ 'ਤੇ ਬਣਨ ਵਾਲੇ ਅਤਿ-ਆਧੁਨਿਕ ਰੇਲਵੇ ਓਵਰ ਬ੍ਰਿਜ ਦਾ ਰਸਮੀ ਤੌਰ 'ਤੇ ਨੀਂਹ ਪੱਥਰ ਰੱਖਿਆ।ਇਸ ਪ੍ਰੋਜੈਕਟ 'ਤੇ ਕੁੱਲ 54.76 ਕਰੋੜ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਸ਼ਰਤਾਂ ਮੁਤਾਬਿਕ ਜੇਕਰ ਇਹ ਪ੍ਰੋਜੈਕਟ ਸਾਂਝੀ ਹਿੱਸੇਦਾਰੀ ਨਾਲ ਬਣਦਾ, ਤਾਂ ਰੇਲਵੇ ਵੱਲੋਂ ਹੇਠਲਾ ਫਾਟਕ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਜਾਣਾ ਸੀ।ਅਜਿਹਾ ਹੋਣ ਨਾਲ ਧੂਰੀ ਸ਼ਹਿਰ ਦੋ ਵੱਖ-ਵੱਖ ਹਿੱਸਿਆਂ ਵਿੱਚ ਵੰਡਿਆ ਜਾਣਾ ਸੀ ਤੇ ਸਥਾਨਕ ਲੋਕਾਂ ਦਾ ਆਪਸੀ ਸੰਪਰਕ ਪ੍ਰਭਾਵਿਤ ਹੁੰਦਾ, ਪਰ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ ਫ਼ੈਸਲਾ ਕੀਤਾ ਕਿ ਇਹ ਸਾਰਾ ਵਿੱਤੀ ਬੋਝ ਰਾਜ ਸਰਕਾਰ ਖ਼ੁਦ ਚੁੱਕੇਗੀ ਤਾਂ ਜੋ ਸ਼ਹਿਰ ਦੀ ਭਾਈਚਾਰਕ ਤੇ ਭੂਗੋਲਿਕ ਸਾਂਝ ਬਰਕਰਾਰ ਰਹੇ।ਮੁੱਖ ਮੰਤਰੀ ਭਗਵੰਤ ਮਾਨ ਨੇ ਭਾਵੁਕ ਹੁੰਦਿਆਂ ਆਖਿਆ ਕਿ ਧੂਰੀ ਸਿਰਫ਼ ਨਾਮ ਦਾ ਹੀ ਧੂਰੀ ਨਹੀਂ ਹੈ, ਸਗੋਂ ਅੱਜ ਇਹ ਪੂਰੇ ਪੰਜਾਬ ਦੀ ਰਾਜਨੀਤੀ ਤੇ ਵਿਕਾਸ ਦੀ ਅਸਲ 'ਧੁਰੀ' ਬਣ ਚੁੱਕਾ ਹੈ।ਉਨ੍ਹਾਂ ਕਿਹਾ ਕਿ ਇੱਥੋਂ ਦੇ ਵਸਨੀਕਾਂ ਨੇ ਉਨ੍ਹਾਂ ਨੂੰ ਜੋ ਮਾਣ-ਸਤਿਕਾਰ ਤੇ ਫ਼ਤਵਾ ਬਖ਼ਸ਼ਿਆ ਹੈ, ਉਹ ਉਸ ਦਾ ਕਰਜ਼ਾ ਸ਼ਹਿਰ ਦੇ ਕੋਨੇ-ਕੋਨੇ ਤੱਕ ਵਿਕਾਸ ਕਾਰਜ ਪਹੁੰਚਾ ਕੇ ਉਤਾਰ ਰਹੇ ਹਨ।ਧੂਰੀ ਹਲਕੇ ਦੇ ਵਿਕਾਸ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਸ਼ਹਿਰ ਦੇ ਰਜਵਾਹੇ ਨੂੰ ਉੱਪਰੋਂ ਛੱਤ ਕੇ ਪੰਜਾਬ ਭਰ ਵਿੱਚ ਇੱਕ ਨਵੀਂ ਤੇ ਮਿਸਾਲੀ ਪਿਰਤ ਪਾਈ ਗਈ ਹੈ।ਇਸ ਰਜਵਾਹੇ ਦੇ ਦੋਵੇਂ ਪਾਸੇ ਤੇ ਪੱਟੜੀਆਂ 'ਤੇ ਆਮ ਲੋਕਾਂ ਦੀ ਸਹੂਲਤ ਲਈ ਬਹੁਤ ਹੀ ਸੁੰਦਰ ਸੈਰਗਾਹ ਤਿਆਰ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ, ਸਥਾਨਕ ਸਿਵਲ ਹਸਪਤਾਲ ਦੀ ਨਵੀਂ ਆਧੁਨਿਕ ਬਿਲਡਿੰਗ ਦਾ ਨਿਰਮਾਣ ਵੀ ਮੁਕੰਮਲ ਕਰਵਾਇਆ ਗਿਆ ਹੈ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮਿਲ ਸਕਣ।ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਇਸ ਵੇਲੇ ਜੰਗੀ ਪੱਧਰ 'ਤੇ ਜਾਰੀ ਹਨ।ਇਸ ਦੌਰਾਨ ਮੁੱਖ ਮੰਤਰੀ ਨੇ ਵਿਰੋਧੀ ਧਿਰਾਂ ਵੱਲੋਂ ਫੈਲਾਈਆਂ ਜਾ ਰਹੀਆਂ ਬਿਜਲੀ ਸੰਕਟ ਤੇ ਥਰਮਲ ਪਲਾਂਟ ਬੰਦ ਹੋਣ ਦੀਆਂ ਅਫ਼ਵਾਹਾਂ ਦਾ ਖੰਡਨ ਕਰਦਿਆਂ ਕਿਹਾ ਕਿ ਕੁੱਝ ਸਿਆਸੀ ਲੋਕ ਆਪਣੀ ਹੋਂਦ ਬਚਾਉਣ ਲਈ ਲੋਕਾਂ ਵਿੱਚ ਗੁਮਰਾਹਕੁਨ ਪ੍ਰਚਾਰ ਕਰ ਰਹੇ ਹਨ।ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਬਿਜਲੀ ਦਾ ਪੂਰਾ ਉਤਪਾਦਨ ਕਰ ਰਹੀ ਹੈ ਤੇ ਸੂਬੇ ਵਿੱਚ ਬਿਜਲੀ ਦੀ ਕੋਈ ਵੀ ਥੁੜ ਨਹੀਂ ਹੈ।ਧਾਰਮਿਕ ਤੇ ਸਿਆਸੀ ਮੁੱਦਿਆਂ ਦੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਅਸੀਂ ਸਿੱਖਾਂ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੂਰੀ ਤਰ੍ਹਾਂ ਸਮਰਪਤ ਹਾਂ ਤੇ ਉਸ ਦੀ ਸਰਵਉੱਚਤਾ ਅੱਗੇ ਹਮੇਸ਼ਾ ਸਿਰ ਝੁਕਾਉਂਦੇ ਹਾਂ।ਉੱਥੋਂ ਜੋ ਵੀ ਆਦੇਸ਼ ਆਵੇਗਾ, ਉਸ 'ਤੇ ਪੂਰੀ ਸੰਜੀਦਗੀ ਨਾਲ ਵਿਚਾਰ ਕਰਕੇ ਹੀ ਅਗਲਾ ਫ਼ੈਸਲਾ ਲਿਆ ਜਾਵੇਗਾ।ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਧੂਰੀ ਦੇ ਵੋਟਰਾਂ ਦਾ ਨਗਰ ਕੌਂਸਲ ਚੋਣਾਂ ਵਿੱਚ ਦਿੱਤੇ ਇਤਿਹਾਸਕ ਫ਼ਤਵੇ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ, ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਸੀਨੀਅਰ ਆਗੂ ਰਾਜਵੰਤ ਸਿੰਘ ਘੁੱਲੀ, ਡਾ. ਅਨਵਰ ਭਸੌੜ, ਅਸ਼ੋਕ ਕੁਮਾਰ ਲੱਖਾ, ਸਤਿੰਦਰ ਸਿੰਘ ਚੱਠਾ, ਰਛਪਾਲ ਸਿੰਘ ਭੁੱਲਰ, ਰਣਜੋਧ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਂਦਰਾ, ਐਡਵੋਕੇਟ ਹੈਪੀ ਗਰਗ, ਸੰਦੀਪ ਬਾਂਸਲ, ਬਲਵਿੰਦਰ ਸਿੰਘ ਬਿੱਲੂ, ਵਿਕਰਾਂਤ ਸਿੰਘ ਚੱਠਾ, ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਧਾ ਤੇ ਪਰਮਿੰਦਰ ਸਿੰਘ ਨੂਰ ਔਲਖ ਆਦਿ ਹਾਜ਼ਰ ਸਨ।

# ਬਿਜਲੀ ਕੱਟਾਂ ਦੇ ਵਿਰੋਧ 'ਚ ਐਕਸੀਅਨ ਦਫਤਰ ਦਾ ਘਿਰਾਓ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੱਦੇ 'ਤੇ ਮੋਟਰਾਂ ਤੇ ਬਿਜਲੀ ਸਪਲਾਈ ਦੇ ਮੰਦੇ ਹਾਲ ਦੇ ਵਿਰੋਧ 'ਚ ਐਕਸੀਅਨ ਦੋਰਾਹਾ ਜਤਿੰਦਰ ਸਿੰਘ ਦੇ ਦਫਤਰ ਅੱਗੇ ਘਿਰਾਓ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਸੁਦਾਗਰ ਸਿੰਘ ਘੁਢਾਣੀ ਤੇ ਜਸਵੀਰ ਸਿੰਘ ਅਸਕਰੀਪੁਰ ਨੇ ਦੱਸਿਆ ਕਿ ਪੰਜਾਬ ਵਿੱਚ ਝੋਨੇ ਦੀ ਲਵਾਈ ਪੂਰੇ ਜ਼ੋਰਾਂ 'ਤੇ ਚੱਲ ਰਹੀ ਹੈ, ਪਰ ਬਿਜਲੀ ਸਪਲਾਈ ਚਾਰ ਘੰਟੇ ਤੋਂ ਵੱਧ ਨਹੀਂ ਆ ਰਹੀ, ਵੱਡੇ ਵੱਡੇ ਕੱਟ ਲੱਗ ਰਹੇ ਹਨ। ਕਿਸਾਨ ਆਪਣੇ ਝੋਨੇ ਦੀ ਲਵਾਈ ਲਈ ਜੈਨਰੇਟਰ ਚਲਾ ਰਹੇ ਹਨ ਤੇ ਮਹਿੰਗੇ ਭਾਅ ਦਾ ਡੀਜ਼ਲ ਫੂਕ ਰਹੇ ਹਨ। ਇਸ ਵੇਲੇ ਐਕਸੀਅਨ ਸਾਹਿਬ ਨੇ ਕਿਸਾਨਾਂ ਨੂੰ ਖੇਤੀ ਲਈ ਬਿਜਲੀ ਸਪਲਾਈ ਕੱਲ੍ਹ ਤੱਕ ਪੂਰੀ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਐੱਸ ਈ ਖੰਨਾ ਨਾਲ ਵੀ ਗੱਲਬਾਤ ਕੀਤੀ ਤੇ ਕਿਸਾਨਾਂ ਦੀਆਂ ਮੁਸ਼ਕਲਾਂ ਬਾਰੇ ਵਿਚਾਰ ਕੀਤੇ ਤੇ ਕਿਸਾਨਾਂ ਨੂੰ ਬਿਜਲੀ ਅੱਠ ਘੰਟੇ ਨਿਰਵਿਘਨ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਇਨ੍ਹਾਂ ਨਾਲ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਜਸਬੀਰ ਸਿੰਘ ਝੱਜ ਵੀ ਸ਼ਾਮਲ ਸਨ। ਤਕਰੀਬਨ 7 ਪਿੰਡਾਂ ਦੇ ਕਿਸਾਨ ਇਸ ਵੇਲੇ ਹਾਜ਼ਰ ਸਨ, ਜਿਨ੍ਹਾਂ 'ਚ ਬਲਵਿੰਦਰ ਸਿੰਘ ਪੱਪੂ ਅਜਨੋਦ, ਪਰਮਵੀਰ ਸਿੰਘ ਘਲੋਟੀ, ਅਮਰਜੀਤ ਸਿੰਘ ਬੁਆਣੀ, ਪਰਮਜੀਤ ਸਿੰਘ, ਬਲਜੀਤ ਸਿੰਘ, ਕੁਲਵਿੰਦਰ ਸਿੰਘ, ਮਹਿੰਦਰ ਸਿੰਘ, ਹਰਦੀਪ ਸਿੰਘ, ਹਰਪ੍ਰੀਤ ਸਿੰਘ ਤੇ ਹੋਰ ਕਿਸਾਨ ਵੀ ਸ਼ਾਮਲ ਸਨ।

# ਬੱਚਿਆਂ ਨੂੰ ਘਰ-ਘਰ ਜਾ ਕੇ ਪਿਲਾਈਆਂ ਪੋਲੀਓ ਰੋਕੂ ਬੂੰਦਾਂ



**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਨਵਜੋਤ ਕੌਰ ਆਈ ਏ ਐੱਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਤੀਜੇ ਦਿਨ ਘਰ ਘਰ ਜਾ ਕੇ ਜ਼ੀਰੋ ਤੋਂ ਪੰਜ ਸਾਲ ਤੱਕ ਦੇ 15920 ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ।ਇਹ ਜਾਣਕਾਰੀ ਦਿੰਦਿਆਂ ਕਾਰਜਕਾਰੀ ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਦੱਸਿਆ ਕਿ ਤਿੰਨ ਦਿਨਾਂ ਵਿੱਚ ਕੁੱਲ 64226 ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ ਹਨ।ਜ਼ਿਲ੍ਹਾ ਟੀਕਾਕਰਨ ਅਫ਼ਸਰ, ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਦੇ ਤੀਜੇ ਦਿਨ ਵੀ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਘਰ-ਘਰ ਜਾ ਕੇ ਪਿਲਾਈਆਂ ਗਈਆਂ ਤੇ ਇਹ ਯਕੀਨੀ ਬਣਾਇਆ ਗਿਆ ਕਿ ਕੋਈ ਵੀ ਬੱਚਾ ਪੋਲੀਓ ਬੂੰਦਾਂ ਪੀਣ ਤੋਂ ਨਾ ਰਹਿ ਜਾਵੇ।

# ਡਾ. ਬਲਬੀਰ ਸਿੰਘ ਵੱਲੋਂ ਡਰੇਨਜ਼ ਪ੍ਰਬੰਧਾਂ ਦਾ ਜਾਇਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਨਗਰ ਨਿਗਮ ਦੇ ਅਧਿਕਾਰੀਆਂ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਿਲ ਕੇ ਸ਼ਹਿਰ ਦੇ ਡਰੇਨੇਜ ਸਿਸਟਮ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ।ਉਨ੍ਹਾਂ ਵੱਡੀ ਨਦੀ, ਛੋਟੀ ਨਦੀ, ਮੁੱਖ ਡਰੇਨੇਜ ਤੇ ਬਰਸਾਤੀ ਪਾਣੀ ਦੀ ਨਿਕਾਸੀ ਨਾਲ ਸਬੰਧਤ ਵੱਖ-ਵੱਖ ਥਾਂਵਾਂ ਦਾ ਦੌਰਾ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਨਿਰੀਖਣ ਕੀਤਾ।

ਸਿਹਤ ਮੰਤਰੀ ਨੇ ਸਬੰਧਤ ਅਧਿਕਾਰੀਆਂ ਤੋਂ ਚੱਲ ਰਹੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ ਅਤੇ ਕੰਮ ਦੀ ਗੁਣਵੱਤਾ, ਰਫ਼ਤਾਰ ਅਤੇ ਸਮੇਂ ਸਿਰ ਮੁਕੰਮਲ ਕਰਨ ਸਬੰਧੀ ਲੋੜੀਂਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਟਿਆਲਾ ਨੂੰ ਬਰਸਾਤੀ ਪਾਣੀ ਦੀ ਸਮੱਸਿਆ ਤੋਂ ਸਥਾਈ ਰਾਹਤ ਦਿਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਪਟਿਆਲਾ ਦੇ ਕਈ ਇਲਾਕਿਆਂ 'ਚ ਪਾਣੀ ਭਰਨ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਸਰਕਾਰ ਨੇ ਡਰੇਨੇਜ ਪ੍ਰਬੰਧ ਨੂੰ ਹੋਰ ਮਜ਼ਬੂਤ ਤੇ ਪ੍ਰਭਾਵਸ਼ਾਲੀ ਬਣਾਉਣ ਲਈ ਵਿਸ਼ੇਸ਼ ਉਪਰਾਲੇ ਸ਼ੁਰੂ ਕੀਤੇ ਹਨ।ਇਸ ਤਹਿਤ ਨਿਕਾਸੀ ਨਾਲਿਆਂ ਦੀ ਸਫ਼ਾਈ, ਡਰੇਨਾਂ ਦੀ ਸਮਰੱਥਾ ਵਧਾਉਣ, ਪਾਣੀ ਦੇ ਨਿਰਵਿਘਨ ਵਹਾਅ ਨੂੰ ਯਕੀਨੀ ਬਣਾਉਣ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਲੋੜੀਂਦੇ ਸੁਧਾਰ ਕਾਰਜ ਤੇਜ਼ੀ ਨਾਲ ਕਰਾਏ ਜਾ ਰਹੇ ਹਨ।ਸਿਹਤ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਭਵਿੱਖ ਵਿੱਚ ਭਾਰੀ ਬਰਸਾਤ ਦੌਰਾਨ ਕਿਸੇ ਵੀ ਨਾਗਰਿਕ ਨੂੰ ਪਾਣੀ ਭਰਨ ਕਾਰਨ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਲਈ ਸਾਰੇ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਜ਼ਮੀਨੀ ਪੱਧਰ 'ਤੇ ਲਗਾਤਾਰ ਕੰਮ ਕਰ ਰਹੇ ਹਨ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰ ਪ੍ਰੋਜੈਕਟ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਹਰ ਕੰਮ ਨਿਰਧਾਰਤ ਸਮੇਂ ਅੰਦਰ ਉੱਚ ਮਿਆਰ ਨਾਲ ਪੂਰਾ ਕੀਤਾ ਜਾਵੇ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿਹਤ ਮੰਤਰੀ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ ਵੱਲੋਂ ਬਰਸਾਤੀ ਪਾਣੀ ਦੀ ਨਿਕਾਸੀ ਨਾਲ ਸਬੰਧਤ ਸਾਰੇ ਕਾਰਜਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਸੰਵੇਦਨਸ਼ੀਲ ਖੇਤਰਾਂ ਦੀ ਵਿਸ਼ੇਸ਼ ਪਛਾਣ ਕਰਕੇ ਉੱਥੇ ਲੋੜੀਂਦੇ ਸੁਧਾਰ ਕਾਰਜ ਪਹਿਲ ਦੇ ਆਧਾਰ 'ਤੇ ਕਰਾਏ ਜਾ ਰਹੇ ਹਨ, ਤਾਂ ਜੁ ਮਾਨਸੂਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਸਥਿਤੀ ਤੋਂ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਿਆ ਜਾ ਸਕੇ।

# ਪੰਜਾਬੀ ਯੂਨੀਵਰਸਿਟੀ 'ਚ 14 ਕਰੋੜ ਤੋਂ ਵੱਧ ਦਾ ਘਪਲਾ !

## ਈ ਡੀ ਨੇ 20 ਤੋਂ ਵੱਧ ਜਾਇਦਾਦਾਂ ਦਾ ਰਿਕਾਰਡ ਮੰਗਿਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿੱਚ ਕਰੋੜਾਂ ਰੁਪਏ ਦੇ ਯੂਜੀਸੀ ਸਕਾਲਰਸ਼ਿਪ ਘਪਲੇ ਦੇ ਮਾਮਲੇ ਵਿੱਚ ਨਵਾਂ ਮੋੜ ਆ ਗਿਆ ਹੈ।ਇਸ ਮਾਮਲੇ ਦੀ ਜਾਂਚ ਹੁਣ ਈਡੀ ਕੋਲ ਪਹੁੰਚ ਚੁੱਕੀ ਹੈ।ਈਡੀ ਨੇ ਇਸ ਸਬੰਧੀ ਪਟਿਆਲਾ ਦੇ ਸਬ-ਰਜਿਸਟਰਾਰ ਦਫ਼ਤਰ ਨੂੰ ਪੱਤਰ ਜਾਰੀ ਕਰਕੇ ਸਕਾਲਰਸ਼ਿਪ ਘਪਲੇ ਦੇ ਮੁੱਖ ਮੁਲਜ਼ਮ ਨਿਸ਼ੂ ਚੌਧਰੀ ਦੀਆਂ ਜਾਇਦਾਦਾਂ ਦਾ ਵੇਰਵਾ ਮੰਗਿਆ ਹੈ।ਜਾਣਕਾਰੀ ਅਨੁਸਾਰ ਸਬ-ਰਜਿਸਟਰਾਰ ਦਫ਼ਤਰ ਤੋਂ 20 ਤੋਂ ਵੱਧ ਜਾਇਦਾਦਾਂ ਦਾ ਰਿਕਾਰਡ ਮੰਗਿਆ ਗਿਆ ਹੈ।ਇਸ ਤੋਂ ਇਲਾਵਾ ਈਡੀ ਨੇ ਕਵਿਤ ਚੌਧਰੀ, ਰਵੀ ਕਪੂਰ ਤੇ ਪੂਜਾ ਕਪੂਰ ਦੀਆਂ ਜਾਇਦਾਦਾਂ ਦਾ ਰਿਕਾਰਡ ਵੀ ਮੰਗਿਆ ਹੈ।ਈਡੀ ਵੱਲੋਂ ਭੇਜੇ ਪੱਤਰ ਵਿੱਚ ਕਿਹਾ ਗਿਆ ਹੈ ਕਿ ਇਸ ਮਾਮਲੇ ਦੀ ਜਾਂਚ ਮਨੀ ਲਾਂਡਰਿੰਗ ਰੋਕਥਾਮ ਕਾਨੂੰਨ (ਪੀਐੱਮਐੱਲਏ) 2002 ਤਹਿਤ ਕੀਤੀ ਜਾ ਰਹੀ ਹੈ।ਦੱਸਿਆ ਜਾ ਰਿਹਾ ਹੈ ਕਿ ਇਹ ਸਾਰੀਆਂ ਜਾਇਦਾਦਾਂ ਪਟਿਆਲਾ ਦੇ ਪਿੰਡ ਡੀਲਵਾਲ ਵਿੱਚ ਸਥਿਤ ਹਨ।ਦੂਜੇ ਪਾਸੇ, ਪੰਜਾਬੀ ਯੂਨੀਵਰਸਿਟੀ ਵੱਲੋਂ ਸਕਾਲਰਸ਼ਿਪ ਮਾਮਲੇ ਦੀ ਜਾਂਚ ਲਈ ਇੱਕ ਕਮੇਟੀ ਬਣਾਈ ਗਈ ਸੀ।ਕਮੇਟੀ ਦੀ ਰਿਪੋਰਟ ਵਿੱਚ ਕਰੀਬ 14 ਕਰੋੜ ਰੁਪਏ ਦੇ ਘਪਲੇ ਦਾ ਜ਼ਿਕਰ ਕੀਤਾ ਗਿਆ ਹੈ। ਇਹ ਰਿਪੋਰਟ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਸੌਂਪੀ ਵੀ ਜਾ ਚੁੱਕੀ ਹੈ।ਹੁਣ ਇਸ ਮਾਮਲੇ ਦੀ ਜਾਂਚ ਵਿੱਚ ਈਡੀ ਵੀ ਸਰਗਰਮ ਹੋ ਗਈ ਹੈ, ਕਿਉਂਕਿ ਘਪਲੇ ਦੀ ਰਕਮ 14 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ ਤੇ ਇਸ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਅਧਿਕਾਰੀਆਂ ਦੀ ਮਿਲੀਭੁਗਤ ਹੋਣ ਦੇ ਸ਼ੱਕ ਵੀ ਜਤਾਏ ਜਾ ਰਹੇ ਹਨ।ਸੂਤਰਾਂ ਮੁਤਾਬਕ, ਕਮੇਟੀ ਵੱਲੋਂ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਸੌਂਪੀ ਗਈ ਰਿਪੋਰਟ ਵਿੱਚ ਕੁਝ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਮ ਵੀ ਸ਼ਾਮਲ ਹਨ।ਹਾਲਾਂਕਿ, ਹੁਣ ਤੱਕ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਵਿੱਚ ਕੋਈ ਵੱਡੀ ਕਾਰਵਾਈ ਨਹੀਂ ਕੀਤੀ ਗਈ ਤੇ ਜਾਂਚ ਦੀ ਰਫ਼ਤਾਰ ਵੀ ਧੀਮੀ ਦਿਖਾਈ ਦੇ ਰਹੀ ਹੈ।ਯੂਨੀਵਰਸਿਟੀ ਦਾ ਕੋਈ ਵੀ ਅਧਿਕਾਰੀ ਇਸ ਮਾਮਲੇ 'ਤੇ ਬੋਲਣ ਲਈ ਤਿਆਰ ਨਹੀਂ ਹੈ।ਇਸ ਸਬੰਧੀ ਸਬ-ਰਜਿਸਟਰਾਰ ਗੁਲਾਬ ਸਿੰਘ ਥਿੰਦ ਨੇ ਕਿਹਾ ਕਿ ਦਫ਼ਤਰ ਨੂੰ ਈਡੀ ਦਾ ਪੱਤਰ ਪ੍ਰਾਪਤ ਹੋਇਆ ਹੈ ਤੇ ਜਿਸ ਰਿਕਾਰਡ ਦੀ ਮੰਗ ਕੀਤੀ ਗਈ ਹੈ, ਉਹ ਤਿਆਰ ਕਰਕੇ ਪੱਤਰ ਅਨੁਸਾਰ ਭੇਜ ਦਿੱਤਾ ਜਾਵੇਗਾ।

# ਬਿਜਲੀ ਕੱਟਾਂ ਕਾਰਨ ਮਚੀ ਹਾਹਾਕਾਰ ਨੇ ਸਰਪਲੱਸ ਬਿਜਲੀ ਦਾਅਵਿਆਂ ਦੀ ਖੋਲ੍ਹੀ ਪੋਲ : ਕਲੇਰ, ਗਰੇਵਾਲ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਵਿੱਚ ਪਿਛਲੇ ਕੁਝ ਦਿਨਾਂ ਤੋਂ ਵੱਧ ਰਹੇ ਬਿਜਲੀ ਕੱਟਾਂ ਨੇ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਸਰਪਲੱਸ ਬਿਜਲੀ ਦੇ ਦਾਅਵਿਆਂ 'ਤੇ ਗੰਭੀਰ ਸਵਾਲ ਖੜੇ ਕਰ ਦਿੱਤੇ ਹਨ।ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐਸ.ਆਰ. ਕਲੇਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਲੋਕਾਂ ਨੂੰ 24 ਘੰਟੇ ਬਿਜਲੀ ਦੇਣ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਜਦਕਿ ਜ਼ਮੀਨੀ ਹਕੀਕਤ ਇਹ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਲੰਬੇ ਸਮੇਂ ਦੇ ਬਿਜਲੀ ਕੱਟਾਂ ਨੇ ਲੋਕਾਂ ਦਾ ਜੀਵਨ ਬੇਹੱਦ ਪ੍ਰਭਾਵਿਤ ਕੀਤਾ ਹੋਇਆ ਹੈ।ਉਨ੍ਹਾਂ ਕਿਹਾ ਕਿ ਇਸ ਵੇਲੇ ਪੰਜਾਬ ਵਿੱਚ ਝੋਨੇ ਦਾ ਸੀਜ਼ਨ ਸਿਖਰ 'ਤੇ ਹੈ ਤੇ ਖੇਤੀ ਮਾਹਿਰਾਂ ਅਨੁਸਾਰ ਇੱਕ ਏਕੜ ਝੋਨੇ ਦੀ ਫਸਲ ਲਈ ਸ਼ੁਰੂਆਤੀ ਦਿਨਾਂ ਵਿੱਚ ਰੋਜ਼ਾਨਾ ਲਗਭਗ 25 ਤੋਂ 30 ਹਜ਼ਾਰ ਲੀਟਰ ਪਾਣੀ ਦੀ ਲੋੜ ਹੁੰਦੀ ਹੈ, ਜਿਸ ਲਈ ਕਿਸਾਨ ਪੂਰੀ ਤਰ੍ਹਾਂ ਟਿਊਬਵੈੱਲਾਂ ਅਤੇ ਨਿਰੰਤਰ ਬਿਜਲੀ ਸਪਲਾਈ 'ਤੇ ਨਿਰਭਰ ਹਨ।ਪਰ ਮੌਜੂਦਾ ਹਾਲਾਤਾਂ ਵਿੱਚ ਕਈ ਖੇਤਰਾਂ ਵਿੱਚ ਕਿਸਾਨਾਂ ਨੂੰ ਨਿਰਧਾਰਿਤ 8 ਘੰਟਿਆਂ ਦੀ ਬਜਾਏ ਕੇਵਲ 3 ਤੋਂ 4 ਘੰਟੇ ਹੀ ਬਿਜਲੀ ਮਿਲ ਰਹੀ ਹੈ, ਜਿਸ ਕਾਰਨ ਝੋਨੇ ਦੀ ਲੁਆਈ ਅਤੇ ਸਿੰਚਾਈ ਬੁਰੀ ਤਰ੍ਹਾਂ ਪ੍ਰਭਾਵਤ ਹੋ ਰਹੀ ਹੈ।ਅਕਾਲੀ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਕਰੀਬ 14 ਲੱਖ ਤੋਂ ਵੱਧ ਖੇਤੀਬਾੜੀ ਮੋਟਰ ਕੁਨੈਕਸ਼ਨ ਹਨ ਤੇ ਲੱਖਾਂ ਕਿਸਾਨ ਆਪਣੀ ਫਸਲ ਨੂੰ ਬਚਾਉਣ ਲਈ ਬਿਜਲੀ 'ਤੇ ਨਿਰਭਰ ਹਨ।ਅਜਿਹੇ ਵਿੱਚ ਬਿਜਲੀ ਸਪਲਾਈ ਵਿੱਚ ਆ ਰਹੀ ਰੁਕਾਵਟ ਕਿਸਾਨੀ ਸੰਕਟ ਨੂੰ ਹੋਰ ਗੰਭੀਰ ਬਣਾਏਗੀ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਬਿਜਲੀ ਪ੍ਰਬੰਧਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਤੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਸਰਪਲੱਸ ਬਿਜਲੀ ਵਰਗੇ ਨਾਅਰੇ ਲਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਿਰਫ ਕਿਸਾਨ ਹੀ ਨਹੀਂ, ਸਗੋਂ ਘਰੇਲੂ ਖਪਤਕਾਰ ਵੀ ਲਗਾਤਾਰ ਬਿਜਲੀ ਕੱਟਾਂ ਕਾਰਨ ਬੇਹੱਦ ਪ੍ਰੇਸ਼ਾਨ ਹਨ।

ਤਪਦੀ ਗ਼ਰਮੀ ਦੇ ਇਸ ਮੌਸਮ ਵਿੱਚ ਘੰਟਿਆਂ ਬਿਜਲੀ ਬੰਦ ਰਹਿਣ ਕਾਰਨ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਲੋਕਾਂ ਨੂੰ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸ਼ਹਿਰੀ ਖੇਤਰਾਂ ਵਿੱਚ ਵੀ ਬਿਜਲੀ ਦੀ ਅਣਐਲਾਨੇ ਕੱਟਾਂ ਕਾਰਨ ਰੋਜ਼ਾਨਾ ਦੇ ਕੰਮਕਾਜ ਪ੍ਰਭਾਵਤ ਹੋ ਰਹੇ ਹਨ।ਆਗੂਆਂ ਨੇ ਸਰਕਾਰ ਨੂੰ ਤਾੜਨਾ ਕੀਤੀ ਕਿ ਤੁਰੰਤ ਬਿਜਲੀ ਸਪਲਾਈ ਪ੍ਰਣਾਲੀ ਨੂੰ ਦਰੁਸਤ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਖੇਤੀ ਲਈ ਨਿਰਧਾਰਿਤ ਸਮੇਂ ਅਨੁਸਾਰ ਪੂਰੀ ਬਿਜਲੀ ਮੁਹੱਈਆ ਕਰਵਾਈ ਜਾਵੇ, ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦਾ ਖੇਤੀ ਸੰਕਟ ਹੋਰ ਡੂੰਘਾ ਹੋ ਸਕਦਾ ਹੈ।

# ਪੇਪਰ ਲੀਕ ਹੋਣ ਕਾਰਨ 21 ਨੌਜਵਾਨਾਂ ਨੇ ਕੀਤੀ ਖੁਦਕੁਸ਼ੀ, ਪ੍ਰਧਾਨ ਮੰਤਰੀ ਚੁੱਪ ਕਿਉਂ : ਵਿਜੇਇੰਦਰ ਸਿੰਗਲਾ

## ■ ਕਾਂਗਰਸ ਦੇਸ਼ ਭਰ 'ਚ ਨਾਕਸ ਸਿੱਖਿਆ ਪ੍ਰਣਾਲੀ ਖ਼ਿਲਾਫ਼ ਵਿੱਢੇਗੀ ਅੰਦੋਲਨ : ਕੁਲਵੰਤ ਰਾਏ ■ ਮਾਨਸਾ 'ਚ ਸਾਬਕਾ ਸਿੱਖਿਆ ਮੰਤਰੀ ਵਿਦਿਆਰਥੀਆਂ ਦੇ ਹੋਏ ਰੂਬਰੂ



**ਮਾਨਸਾ (ਆਤਮਾ ਸਿੰਘ ਪਮਾਰ)**
ਪੰਜਾਬ ਦੇ ਸਾਬਕਾ ਸਿੱਖਿਆ ਮੰਤਰੀ ਤੇ ਸੀ.ਡਬਲਿਊ.ਸੀ. ਮੈਂਬਰ ਅਤੇ ਕੋ-ਟ੍ਰੇਡਰਜ਼ ਆਲ ਇੰਡੀਆ ਕਾਂਗਰਸ ਕਮੇਟੀ ਵਿਜੇਇੰਦਰ ਸਿੰਗਲਾ ਨੇ ਰਾਸ਼ਟਰੀ ਪ੍ਰੀਖਿਆ ਪ੍ਰਣਾਲੀ ਦੇ ਪੂਰੀ ਤਰ੍ਹਾਂ ਫੇਲ੍ਹ ਹੋਣ 'ਤੇ ਕੇਂਦਰ ਸਰਕਾਰ 'ਤੇ ਨਿਸ਼ਾਨੇ ਸੇਧਦਿਆਂ ਕਿਹਾ ਕਿ ਦੇਸ਼ ਦੇ ਹੋਣਹਾਰ ਉੱਜਵਲ ਭਵਿੱਖ ਬਾਰੇ ਨੌਜਵਾਨਾਂ ਨੂੰ ਕੇਂਦਰ ਸਰਕਾਰ ਨਾਕਸ ਸਿੱਖਿਆ ਪਰੋਸ ਰਹੀ ਹੈ।ਸਿੰਗਲਾ ਇੱਥੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਰੱਖੇ ਵਿਦਿਆਰਥੀਆਂ ਦੀ ਅਵਾਜ਼ ਪ੍ਰੋਗਰਾਮ ਉਪਰੰਤ ਖਚਾਖਚ ਭਰੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸੀ।ਇਸ ਦੌਰਾਨ ਉਨ੍ਹਾਂ ਵੱਖ ਵੱਖ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨਾਲ ਵੀ ਗੱਲਬਾਤ ਕੀਤੀ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਜੇਇੰਦਰ ਸਿੰਗਲਾ ਨੇ ਕਿਹਾ ਕਿ ਦੇਸ਼ ਅੰਦਰ ਯੂ.ਪੀ.ਐੱਸ.ਈ. ਤੇ ਹੋਰ ਪ੍ਰੀਖਿਆਵਾਂ ਦੇ ਪੇਪਰ ਵਾਰ ਵਾਰ ਲੀਕ ਹੋਣ 'ਤੇ ਰੱਦ ਹੋਣ ਦੇ ਜੋ ਮਾਮਲੇ ਸਾਹਮਣੇ ਆਏ ਹਨ, ਉਸ ਨੇ ਪੂਰੇ ਦੇਸ਼ ਨੂੰ ਸ਼ਰਮਸਾਰ ਕਰਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਨੀਟ ਤੇ ਉਸ ਤੋਂ ਬਾਅਦ ਹੁਣ ਭਾਜਪਾ ਦੇ ਸ਼ਾਸਨ ਤੇ ਡਬਲ ਇੰਜਣ ਵਾਲੀ ਸਰਕਾਰ ਦੇ ਸੂਬੇ ਮਹਾਂਰਾਸ਼ਟਰ 'ਚ ਟੀਚਰ ਅਲੀਜੀਬਿਲਟੀ ਟੈਸਟ ਪੇਪਰ ਲੀਕ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਪੂਰਾ ਢਾਂਚਾ ਸਿੱਖਿਆ ਦੇ ਮੰਦਰ ਤੋਂ ਬਦਲ ਕੇ ਇੱਕ ਉਗਰਾਹੀ ਵਾਲੀ ਮਸ਼ੀਨ ਬਣ ਕੇ ਰਹਿ ਗਿਆ ਹੈ, ਜਦੋਂ ਕਿ ਦੇਸ਼ ਦੇ ਨੌਜਵਾਨ ਗੰਭੀਰ ਮਾਨਸਿਕ ਤਣਾਅ, ਪ੍ਰੇਸ਼ਾਨੀ ਤੇ ਨਿਰਾਸ਼ਾ ਦਾ ਸਾਹਮਣਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨੀਟ ਦੀ ਪ੍ਰੀਖਿਆ ਲੀਕ ਹੋਣ ਨਾਲ ਦੇਸ਼ 'ਚ 21 ਵਿਦਿਆਰਥੀਆਂ/ਨੌਜਵਾਨਾਂ ਨੇ ਨਿਰਾਸ਼ ਹੋ ਕੇ ਖੁਦਕੁਸ਼ੀ ਕਰ ਲਈ ਹੈ, ਪ੍ਰੰਤੂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵਿਦੇਸ਼ੀ ਦੌਰੇ ਸੁੱਝ ਰਹੇ ਹਨ ਅਤੇ ਉਨ੍ਹਾਂ ਇੱਕ ਵਾਰ ਵੀ ਇਸ 'ਤੇ ਮੂੰਹ ਨਹੀਂ ਖੋਲ੍ਹਿਆ।ਸਿੰਗਲਾ ਨੇ ਕਿਹਾ ਕਿ ਲੱਖਾਂ ਮੱਧਵਰਗੀ ਪਰਵਾਰਾਂ ਦਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ।ਨੀਟ ਪ੍ਰੀਖਿਆ ਲਈ 22 ਲੱਖ ਤੋਂ ਵੱਧ ਵਿਦਿਆਰਥੀ 1.32 ਲੱਖ ਕਰੋੜ ਰੁਪਏ ਖਰਚ ਕਰ ਰਹੇ ਹਨ, ਪ੍ਰੰਤੂ ਸਰਕਾਰ ਇਸ ਪ੍ਰਤੀ ਬੇਪ੍ਰਵਾਹ ਹੈ ਅਤੇ ਇੱਕ ਗੱਠਜੋੜ ਵੱਲੋਂ ਚਲਾਇਆ ਜਾ ਰਿਹਾ ਪੇਪਰ ਲੀਕ ਮਾਫੀਆ ਯੋਗਤਾ ਪ੍ਰਣਾਲੀ ਨਾਲ ਖਿਲਵਾੜ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਪਰਵਾਰਾਂ ਨੂੰ ਫਸਾਉਣ ਲਈ ਗਰੰਟੀਸ਼ੁਦਾ ਰੁਜ਼ਗਾਰ ਦਾ ਇਕ ਵੱਡਾ ਝੂਠ ਵੇਚਦੀ ਹੈ, ਜਦੋਂਕਿ ਸੱਚਾਈ ਇਹ ਹੈ ਕਿ ਇਸ ਪ੍ਰਣਾਲੀ 'ਚ ਪਿਸਣ ਵਾਲੇ ਹਜ਼ਾਰ ਵਿਦਿਆਰਥੀਆਂ 'ਚੋਂ ਮੁਸ਼ਕਲ ਨਾਲ 12 ਨੂੰ ਹੀ ਪੱਕੀਆਂ ਨੌਕਰੀਆਂ ਮਿਲਦੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਇਸ 'ਤੇ ਲਿਪਾਪੋਚੀ ਬੰਦ ਕਰੇ ਤੇ ਇਸ ਦੀ ਸੀ.ਬੀ.ਆਈ. ਜਾਂਚ ਕਰਵਾਏ।ਸਿੰਗਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕੀਤੀ ਗਈ ਹੈ, ਜਿਸ ਵਿੱਚ ਐੱਨ.ਟੀ.ਏ. ਦੇ ਪੂਰੇ ਡਿਜੀਟਲ ਢਾਂਚੇ ਵਿੱਤੀ ਲੈਣ ਦੇਣ ਤੇ ਟੈਂਡਰਾਂ ਦੀ ਚੋਣ ਪ੍ਰਕਿਰਿਆ ਅਦਾਲਤ ਦੀ ਨਿਗਰਾਨੀ ਹੇਠ ਸਮਾਂਬੱਧ ਜਾਂਚ ਸ਼ਾਮਲ ਕੀਤੀ ਜਾਵੇ।ਸਿੰਗਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਦੇਸ਼ ਭਰ ਵਿੱਚ ਇਹ ਅੰਦੋਲਨ ਚਲਾਇਆ ਜਾ ਰਿਹਾ ਹੈ ਤੇ ਸਿੱਖਿਆ ਪ੍ਰਣਾਲੀ ਨੂੰ ਠੱਪ ਹੋਣ ਤੋਂ ਬਚਾਉਣ ਲਈ ਕੇਂਦਰੀ ਕ੍ਰਿਤ ਪ੍ਰਤੀਯੋਗੀ ਪ੍ਰੀਖਿਆਵਾਂ ਦਾ ਪੂਰੀ ਤਰ੍ਹਾਂ ਕੇਂਦਰੀਕਰਨ ਕੀਤਾ ਜਾਵੇ।ਇਸ ਲਈ ਕਾਨੂੰਨ ਬਣਾ ਕੇ ਫਾਸਟ ਟਰੈਕ ਅਦਾਲਤਾਂ ਸਥਾਪਤ ਕੀਤੀਆਂ ਜਾਣ।ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਸਾਸ਼ਨ 'ਚ ਨੀਟ ਵਰਗੀ ਵੱਕਾਰੀ ਪ੍ਰੀਖਿਆ ਦੇ ਪੇਪਰ ਦਾ ਲੀਕ ਹੋਣਾ ਸਾਡੇ ਸਿਸਟਮ ਨੂੰ ਉਜਾਗਰ ਕਰਦਾ ਹੈ।ਕੇਂਦਰ ਸਰਕਾਰ ਵਾਰ ਵਾਰ ਲੀਕ ਹੁੰਦੇ ਪੇਪਰ ਨੂੰ ਨਹੀਂ ਰੋਕ ਸਕੀ।ਉਨ੍ਹਾਂ ਕਿਹਾ ਕਿ 21 ਦੇ ਕਰੀਬ ਵਿਦਿਆਰਥੀਆਂ ਵੱਲੋਂ ਨੀਟ ਪੇਪਰ ਲੀਕ ਹੋਣ ਨਾਲ ਖੁਦਕੁਸ਼ੀ ਕਰ ਲੈਣ 'ਤੇ ਪ੍ਰਧਾਨ ਨਰਿੰਦਰ ਮੋਦੀ ਚੁੱਪ ਕਿਉਂ ਹਨ? ਜਿਨ੍ਹਾਂ ਵਿਦਿਆਰਥੀਆਂ ਨੇ ਮਿਹਨਤ ਕਰਕੇ ਇਹ ਪ੍ਰੀਖਿਆ ਦਿੱਤੀ ਤੇ ਬਾਅਦ ਵਿੱਚ ਪੇਪਰ ਲੀਕ ਹੋਣ ਕਾਰਨ ਇਸ ਨੂੰ ਰੱਦ ਕਰ ਦਿੱਤਾ ਗਿਆ, ਉਹ ਵਿਦਿਆਰਥੀ ਘੋਰ ਨਿਰਾਸ਼ਾ ਵਿੱਚ ਚਲੇ ਗਏ, ਜਿਨ੍ਹਾਂ ਨੇ ਆਪਣੀ ਜਾਨ ਗਵਾਈ।ਇਸ ਮੌਕੇ ਕਾਂਗਰਸੀ ਆਗੂ ਅਜੀਤਇੰਦਰ ਸਿੰਘ ਮੋਫਰ, ਬਲਕੌਰ ਸਿੰਘ ਸਿੱਧੂ, ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ, ਅਰਸ਼ਦੀਪ ਸਿੰਘ ਗਾਗੋਵਾਲ, ਮਨਦੀਪ ਗੋਰਾ, ਗੁਰਸ਼ਰਨ ਮਾਖਾ, ਡਾ.ਰਣਵੀਰ ਕੌਰ ਮੀਆਂ, ਸੁਰੇਸ਼ ਨੰਦਗੜ੍ਹੀਆ, ਸੱਤਪਾਲ ਮੂਲੇਵਾਲਾ, ਬਲਵਿੰਦਰ ਨਾਰੰਗ, ਬੀਰਇੰਦਰ ਸਿੰਘ ਧਾਲੀਵਾਲ, ਡਾ. ਮਨਜੀਤ ਰਾਣਾ, ਸੰਜੋਗਪ੍ਰੀਤ ਡੈਵੀ, ਪ੍ਰਿਤਪਾਲ ਡਾਲੀ, ਹਰਬੰਸ ਖਿੱਪਲ, ਬਲਜੀਤ ਸ਼ਰਮਾ, ਹਰਵਿੰਦਰ ਕੌਰ ਸਿੱਧੂ, ਹਰਵਿੰਦਰ ਸਵੀਟੀ, ਜਤਿੰਦਰ ਆਗਰਾ, ਲਾਜਪਤ ਰਾਏ ਸ਼ਰਮਾ, ਮਨਪ੍ਰੀਤ ਸਿੰਘ ਕੁਲਾਣਾ, ਨਵੀਨ ਕਾਲਾ ਬੋਹਾ, ਬਲਦੇਵ ਸਿੰਘ ਰੜ ਆਦਿ ਹਾਜ਼ਰ ਸਨ।

# ਮਜ਼ਦੂਰ ਮੰਗਾਂ ਲਾਗੂ ਕਰਵਾਉਣ ਲਈ ਵਿੱਢਿਆ ਜਾਵੇਗਾ ਤਿੱਖਾ ਸੰਘਰਸ਼ : ਸਾਂਝਾ ਮਜ਼ਦੂਰ ਮੋਰਚਾ

## ■ ਡੀ ਸੀ ਮੋਗਾ ਰਾਹੀਂ ਮੁੱਖ ਮੰਤਰੀ ਦੇ ਨਾਂਅ ਦਿੱਤਾ ਯਾਦ-ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**
ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਸੂਬਾ ਪੱਧਰੀ ਸੱਦੇ ਤਹਿਤ ਵੱਡੀ ਗਿਣਤੀ ਮਜ਼ਦੂਰਾਂ ਵੱਲੋਂ ਡਿਪਟੀ ਕਮਿਸ਼ਨਰ ਮੋਗਾ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਂਅ ਯਾਦ ਪੱਤਰ ਦਿੱਤਾ ਗਿਆ, ਜੋ ਇਕੱਠ 'ਚ ਆ ਕੇ ਤਹਿਸੀਲਦਾਰ ਮਨਿੰਦਰ ਸਿੰਘ ਵੱਲੋਂ ਹਾਸਲ ਕੀਤਾ ਗਿਆ।ਇਸ ਪੱਤਰ ਰਾਹੀਂ ਪੰਜਾਬ ਸਰਕਾਰ ਨੂੰ ਯਾਦ ਕਰਵਾਇਆ ਗਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ, ਪੱਕੇ ਰੁਜ਼ਗਾਰ ਲਈ, ਮਨਰੇਗਾ ਤਹਿਤ ਪੂਰੇ ਸਾਲ ਦੇ ਵਾਸਤੇ ਕੰਮ ਤੇ ਘੱਟ ਘੱਟ ਦਿਹਾੜੀ 700/- ਕਰਨ ਦੀ ਮੰਗ ਕਰ ਰਹੇ ਹਨ, ਚੋਣ ਗਰੰਟੀਆਂ ਪੂਰੀਆਂ ਕਰਨ ਤੇ ਔਰਤਾਂ ਦੇ ਖਾਤੇ ਵਿੱਚ ਬਕਾਏ ਸਮੇਤ ਪੈਸੇ ਪਾਉਣ, ਵਿਧਵਾ, ਬੁਢਾਪਾ ਤੇ ਅੰਗਹੀਣ ਪੈਨਸ਼ਨ 5000/- ਕਰਨ, ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਜੀ ਰਾਮ ਜੀ ਸਕੀਮ ਰੱਦ ਕਰਨ ਤੇ ਕਿਰਤ ਕਾਨੂੰਨਾਂ ਦੀ ਥਾਂ ਬਣਾਏ ਚਾਰ ਲੇਬਰ ਕਾਨੂੰਨ ਰੱਦ ਕਰਨ, ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ, ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ, ਪੰਚਾਇਤੀ ਜ਼ਮੀਨ 'ਚੋਂ ਤੀਸਰੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ, ਕੋਆਪ੍ਰੇਟਿਵ ਸੁਸਾਇਟੀਆਂ 'ਚ ਬੇ-ਜ਼ਮੀਨਿਆਂ ਦੇ ਹਿੱਸੇ ਪਵਾ ਕੇ ਕਰਜ਼ੇ ਜਾਰੀ ਕਰਨ ਵਰਗੀਆਂ ਬੁਨਿਆਦੀ ਤੇ ਹੱਕੀ ਮੰਗਾਂ ਵਾਸਤੇ ਮਜ਼ਦੂਰ ਲਗਾਤਾਰ ਸੰਘਰਸ਼ ਕਰ ਰਹੇ ਹਨ, ਪਰ ਬਦਲਾਅ ਦਾ ਨਾਹਰਾ ਦੇਣ ਵਾਲੀ ਸਰਕਾਰ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਕੇ ਮਜ਼ਦੂਰਾਂ ਨਾਲ ਵਿਤਕਰਾ ਕਰ ਰਹੀ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਮੇਜਰ ਸਿੰਘ ਕਾਲੇਕੇ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਮੰਗਾ ਸਿੰਘ ਵੈਰੋਕੇ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਰਾਮ ਕ੍ਰਿਸ਼ਨ ਧਰਮਕੋਟ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਲੋਕ ਵਿਰੋਧੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਸਰਕਾਰ ਮਜ਼ਦੂਰ ਮੰਗਾਂ ਦੀ ਅਣਦੇਖੀ ਕਰ ਰਹੀ ਹੈ, ਉਥੇ ਹੱਕ ਮੰਗਦੇ ਹਰ ਤਬਕੇ ਦੇ ਸੰਘਰਸ਼ ਨੂੰ ਡਾਂਗ ਦੇ ਜ਼ੋਰ ਦਬਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਦਾ ਬਦਲਾਅ ਧਨਾਢਾਂ ਲਈ ਹੈ।ਆਗੂਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਮਜ਼ਦੂਰ ਮੰਗਾਂ ਮਨਵਾਉਣ ਤੇ ਮਹਿੰਗਾਈ ਵਿਰੁੱਧ ਪੰਜਾਬ ਅੰਦਰ ਵੱਡਾ ਮਜ਼ਦੂਰ ਅੰਦੋਲਨ ਖੜਾ ਕੀਤਾ ਜਾਵੇਗਾ।ਆਗੂਆਂ ਨੇ ਸੁਪਰੀਮ ਕੋਰਟ ਵੱਲੋਂ ਅਨੁਸੂਚਿਤ ਜਾਤੀ ਤੇ ਜਨਜਾਤੀ ਉਪਰ ਜ਼ੁਲਮ ਰੋਕੂ ਐਕਟ 1989 ਨੂੰ ਜੋ ਸੋਧਾਂ ਕਰਕੇ ਕਮਜ਼ੋਰ ਕੀਤਾ ਗਿਆ ਹੈ, ਉਹਨਾਂ ਸੋਧਾਂ ਨੂੰ ਵਾਪਸ ਲੈਣ ਦੀ ਮੰਗ ਵੀ ਕੀਤੀ।ਇਸ ਸਮੇਂ ਦਰਸ਼ਨ ਸਿੰਘ ਹਿੰਮਤਪੁਰਾ, ਹਾਕਮ ਸਿੰਘ, ਕਰਮ ਸਿੰਘ ਕਾਲੇਕੇ, ਹੰਸਾ ਸਿੰਘ, ਮਨਦੀਪ ਸਿੰਘ ਕੋਕਰੀ ਕਲਾਂ, ਬੰਤ ਸਿੰਘ ਰਾਜੇਆਣਾ, ਮੇਜਰ ਸਿੰਘ ਫੂਲੇਵਾਲਾ, ਬਲਜਿੰਦਰ ਸਿੰਘ ਨੱਥੋਕੇ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਤੇਜ਼ ਸਿੰਘ ਨਾਹਲ ਖੋਟੇ, ਬੱਗਾ ਸਿੰਘ ਤੇ ਕਰਨੈਲ ਸਿੰਘ ਸਿੰਘਾਂਵਾਲਾ ਆਦਿ ਆਗੂ ਹਾਜ਼ਰ ਸਨ।

## ਸਾਲਾਨਾ ਓਪਨ ਸਪੀਡ ਸਕੇਟਿੰਗ ਚੈਂਪੀਅਨਸ਼ਿਪ ਕਰਵਾਈ



**ਮੋਗਾ (ਇਕਬਾਲ ਸਿੰਘ ਖਹਿਰਾ)**-ਫਿਜ਼ਾ ਸਕੇਟਿੰਗ ਕਲੱਬ ਮੋਗਾ ਵੱਲੋਂ ਕੋਚ ਧਰਮਿੰਦਰ ਸ਼ਰਮਾ ਦੀ ਦੇਖ-ਰੇਖ ਹੇਠ ਚੌਥੀ ਸਾਲਾਨਾ ਓਪਨ ਸਪੀਡ ਸਕੇਟਿੰਗ ਚੈਂਪੀਅਨਸ਼ਿਪ 2026 ਦਾ ਸਫਲ ਆਯੋਜਨ ਕੀਤਾ ਗਿਆ।ਕਲੱਬ ਦੇ ਪ੍ਰਧਾਨ ਸਤਿਆ ਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਮੋਗਾ, ਬੱਧਨੀ ਕਲਾਂ, ਲੋਪੋ ਤੇ ਕਾਉਂਕੇ ਕਲਾਂ ਤੋਂ 5 ਤੋਂ 20 ਸਾਲ ਦੀ ਉਮਰ ਦੇ ਕਰੀਬ 85 ਵਿਦਿਆਰਥੀਆਂ ਨੇ ਹਿੱਸਾ ਲਿਆ।ਮੁਕਾਬਲੇ ਦਾ ਉਦਘਾਟਨ ਡਾ. ਪ੍ਰਸ਼ਾਂਤ ਮਹਾਜਨ ਵੱਲੋਂ ਕੀਤਾ ਗਿਆ।ਚੈਂਪੀਅਨਸ਼ਿਪ ਦੇ ਸਪੈਸ਼ਲ ਅਸਿਸਟੈਂਟ ਆਕਾਸ਼ ਬੰਸੀ, ਹਰਪ੍ਰੀਤ ਹੈਰੀ, ਪਰਮਿੰਦਰ ਸਿੰਘ (ਕੋਚ ਬੱਧਨੀ ਕਲਾਂ), ਮੈਡਮ ਗੁਰਮੀਤ ਕੌਰ, ਮੈਂਬਰ ਅਨਮੋਲ ਸ਼ਰਮਾ, ਫਿਜ਼ਾ ਸ਼ਰਮਾ ਤੇ ਜਸਵਿੰਦਰ ਕੌਰ ਨੇ ਬੱਚਿਆਂ ਲਈ ਸ਼ਾਨਦਾਰ ਪ੍ਰਬੰਧ ਕੀਤੇ।ਇਸ ਮੌਕੇ ਲੁਧਿਆਣਾ ਤੋਂ ਪਹੁੰਚੇ ਨਰਿੰਦਰ ਨਾਗੀ (ਸਟੇਟ ਹੈੱਡ, ਰੋਲਰ ਬਾਲ ਐਸੋਸੀਏਸ਼ਨ) ਨੇ ਬੱਚਿਆਂ ਨੂੰ ਆਈਸ ਸਕੇਟਿੰਗ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਮੁਕਾਬਲੇ ਦੇ ਜੇਤੂਆਂ ਨੂੰ ਐੱਮ ਸੀ ਰਾਕੇਸ਼ ਬਜਾਜ ਵੱਲੋਂ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਕਲੱਬ ਦੇ ਸਕੱਤਰ ਤੇ ਫ਼ਿਲਮ ਪ੍ਰੋਡਿਊਸਰ ਸੰਨੀ ਸ਼ਰਮਾ ਨੇ ਸਾਰੇ ਮਹਿਮਾਨਾਂ ਦਾ ਪਹੁੰਚਣ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਹ ਚੈਂਪੀਅਨਸ਼ਿਪ ਯਾਦਗਾਰ ਸਾਬਿਤ ਹੋਈ।

## ਨੱਤ ਵਿਖੇ ਕਰਵਾਇਆ 'ਲੋਕ ਮਿਲਣੀ' ਪ੍ਰੋਗਰਾਮ



**ਧੂਰੀ/ਸੰਗਰੂਰ (ਮਨੋਹਰ ਸੱਗੂ, ਮੋਹਿਤ ਗਰਗ/ਪ੍ਰਵੀਨ ਸਿੰਘ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਨੱਤ ਵਿਖੇ ਕਰਵਾਏ ਗਏ 'ਲੋਕ ਮਿਲਣੀ' ਪ੍ਰੋਗਰਾਮ ਵਿੱਚ ਸ਼ਿਰਕਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਤੇ ਪਾਰਦਰਸ਼ੀ ਢੰਗ ਨਾਲ ਨਿਪਟਾਰਾ ਯਕੀਨੀ ਬਣਾਉਣ ਲਈ ਇਹ ਨਿਵੇਕਲਾ ਉਪਰਾਲਾ ਸ਼ੁਰੂ ਕੀਤਾ ਗਿਆ ਹੈ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਦੌਰਾਨ ਲੋਕ ਬਿਨਾਂ ਕਿਸੇ ਝਿਜਕ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਸਰਕਾਰ ਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਂਦੇ ਹਨ ਅਤੇ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕਰਕੇ ਸ਼ਿਕਾਇਤਾਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਇਆ ਜਾਂਦਾ ਹੈ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਪ੍ਰਧਾਨ ਜਗਸੀਰ ਸਿੰਘ ਲੱਡਾ, ਸਰਪੰਚ ਰਾਮ ਜੀ ਸਿੰਘ, ਨਰਿੰਦਰ ਸਿੰਘ ਕਾਂਝਲੀ, ਗਗਨ ਲੱਡਾ (ਸੰਸਥਾਪਕ ਮੈਂਬਰ) ਤੇ ਸਮੂਹ ਪੰਚਾਇਤ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਾਬਕਾ ਸਰਪੰਚ ਅਮਰਜੀਤ ਸਿੰਘ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ, ਜਦੋਂ ਸਾਬਕਾ ਐੱਮ ਐੱਲ ਏ ਰਮਿੰਦਰ ਸਿੰਘ ਆਵਲਾ ਦੀ ਅਗਵਾਈ ਵਿੱਚ ਅਕਾਲੀ ਦਲ ਛੱਡ ਕੇ ਪਿੰਡ ਮਹਿਮਾ ਤੋਂ ਅਮਰਜੀਤ ਸਿੰਘ ਸਾਬਕਾ ਸਰਪੰਚ, ਅੰਮ੍ਰਿਤਪਾਲ ਪ੍ਰਧਾਨ ਲੱਖੇ ਕੇ ਬਲਾਕ, ਜਗਦੀਸ਼ ਸਿੰਘ ਸਾਬਕਾ ਮੈਂਬਰ, ਗਿਆਨ ਸਿੰਘ, ਹਰਦਿਆਲ ਸਿੰਘ ਸਾਬਕਾ ਮੈਂਬਰ, ਕੁਲਦੀਪ ਸਿੰਘ, ਸਰਬਜੀਤ ਸਿੰਘ, ਗੁਰਸਿਮਰਨ ਸਿੰਘ, ਹਰਦੀਪ ਸਿੰਘ, ਬਖਸ਼ੀਸ਼ ਸਿੰਘ, ਸੁਖਚੈਨ ਸਿੰਘ, ਮਨਜੀਤ ਸਿੰਘ, ਭਗਵਾਨ ਸਿੰਘ, ਆਪਣੀ ਸਾਰੀ ਟੀਮ ਨਾਲ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਸਾਬਕਾ ਵਿਧਾਇਕ ਰਮਿੰਦਰ ਆਵਲਾ ਨੇ ਪਿੰਡ ਮਹਿਮਾ ਪਹੁੰਚ ਕੇ ਉਨ੍ਹਾਂ ਦਾ ਸਵਾਗਤ ਕਰਦਿਆਂ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ ਤੇ ਕਿਹਾ ਕਿ ਇਨ੍ਹਾ ਨੂੰ ਪਾਰਟੀ ਵਿੱਚ ਸ਼ਾਮਲ ਹੋਣ ਤੇ ਬਣਦਾ ਸਤਿਕਾਰ ਦਿੱਤਾ ਜਾਵੇਗਾ।ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਤੇ ਅਮਰਜੀਤ ਸਿੰਘ ਸਾਬਕਾ ਸਰਪੰਚ ਤੇ ਉਸ ਦੇ ਸਾਥੀਆਂ ਤੇ ਰਮਿੰਦਰ ਸਿੰਘ ਆਂਵਲਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸਭ ਕਾਂਗਰਸ ਪਾਰਟੀ ਦੇ ਵਫਾਦਾਰ ਸਿਪਾਹੀ ਬਣ ਕੇ ਇਸ ਦੀ ਬਿਹਤਰੀ ਲਈ ਕੰਮ ਕਰਨਗੇ।ਇਸ ਮੌਕੇ ਅਮਰੀਕ ਸਿੰਘ ਬਾਬਾ ਫਾਰਮ, ਲਖਵਿੰਦਰ ਸਿੰਘ ਤੂਰ, ਸਵਰਨ ਸਿੰਘ, ਰਛਪਾਲ ਮਹਿਮਾ ਆਦਿ ਹਾਜ਼ਰ ਸਨ।

## ਬ੍ਰਹਮਗਿਆਨ ਮਨੁੱਖਤਾ ਲਈ ਸਭ ਤੋਂ ਉੱਚੀ ਅਧਿਆਤਮਕ ਪ੍ਰਾਪਤੀ : ਸੁਖਬੀਰ ਭਾਰਤੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੀ ਸ਼ਾਖਾ ਵਿਖੇ ਮਾਸਿਕ ਸਤਿਸੰਗ ਪ੍ਰੋਗਰਾਮ ਵਿੱਚ ਵਿਚਾਰ ਦਿੰਦਿਆਂ ਸ਼੍ਰੀ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਯ ਸਾਧਵੀ ਸੁਖਬੀਰ ਭਾਰਤੀ ਨੇ ਕਿਹਾ ਕਿ ਮਨੁੱਖ ਦੀਆਂ ਸੰਸਾਰਿਕ ਪ੍ਰਾਪਤੀਆਂ ਵਿੱਚੋਂ ਸਭ ਤੋਂ ਵੱਡੀ ਪ੍ਰਾਪਤੀ ਅਧਿਆਤਮਿਕ ਤਰੱਕੀ ਹੈ, ਯਾਨੀ ਬ੍ਰਹਮ ਗਿਆਨ, ਜਿਸ ਰਾਹੀਂ ਇੱਕ ਜੀਵ ਜੀਵਨ ਦਾ ਅੰਤਮ ਟੀਚਾ ਪ੍ਰਾਪਤ ਕਰ ਸਕਦਾ ਹੈ।ਇਸ ਮੰਦਰ ਦੇ ਅੰਦਰ ਬੈਠੇ ਪਰਮਾਤਮਾ ਦੇ ਦਰਸ਼ਨ ਨੂੰ ਬ੍ਰਹਮਗਿਆਨ ਕਿਹਾ ਜਾਂਦਾ ਹੈ, ਜੋ ਉਸ ਸਮੇਂ ਦੇ ਸੰਪੂਰਨ ਗੁਰੂ ਦੁਆਰਾ ਹੀ ਸੰਭਵ ਹੈ। ਭਗਵਾਨ ਕ੍ਰਿਸ਼ਨ ਵੱਲੋਂ ਭਗਵਤ ਗੀਤਾ ਵਿੱਚ ਵਰਣਿਤ ਬ੍ਰਹਮ ਅੱਖ ਗੁਰੁਦੇਵ ਦੀ ਕਿਰਪਾ ਨਾਲ ਖੁੱਲ੍ਹਦੀ ਹੈ ਅਤੇ ਮਾਇਆ ਵਿੱਚ ਫਸਿਆ ਹੋਇਆ ਵਿਅਕਤੀ ਆਪਣੀ ਚੇਤਨਾ ਨੂੰ ਬ੍ਰਹਮ ਸ਼ਕਤੀ ਨਾਲ ਅਭੇਦ ਕਰ ਲੈਂਦਾ ਹੈ।ਉਨ੍ਹਾਂ ਕਿਹਾ ਕਿ ਇਹ ਮਨੁੱਖ ਨੂੰ ਇਸ ਸੰਸਾਰ ਦੀ ਨਾਸ਼ਵਾਨਤਾ ਅਤੇ ਕੁਦਰਤ ਦੀ ਸੱਚਾਈ ਦਾ ਅਹਿਸਾਸ ਕਰਾਉਂਦਾ ਹੈ ਤੇ ਇਹ ਅਗਿਆਨਤਾ ਅਤੇ ਭਰਮ ਦੇ ਪਰਦੇ ਨੂੰ ਦੂਰ ਕਰਦਾ ਹੈ ਅਤੇ ਸ਼ੰਕਾਵਾਂ ਨੂੰ ਵੀ ਦੂਰ ਕਰਦਾ ਹੈ।ਉਨ੍ਹਾਂ ਕਿਹਾ ਕਿ ਬ੍ਰਹਮਗਿਆਨ ਮਨੁੱਖ ਨੂੰ ਆਪਣੇ ਸੱਚੇ ਸੁਭਾਅ ਤੇ ਪਰਮ ਪੁਰਖ ਵਿਚਕਾਰ ਏਕਤਾ ਦਾ ਅਹਿਸਾਸ ਕਰਵਾ ਕੇ ਸੰਸਾਰਕ ਮੋਹ ਅਤੇ ਦੁੱਖਾਂ ਤੋਂ ਹਮੇਸ਼ਾ ਲਈ ਮੁਕਤ ਕਰਦਾ ਹੈ।ਸਾਧਵੀ ਪਲਕ ਭਾਰਤੀ ਤੇ ਸਾਧਵੀ ਕਰਮਜੀਤ ਭਾਰਤੀ ਨੇ ਸੁਰੀਲੇ ਭਜਨ ਗਾ ਕੇ ਪੰਡਾਲ ਵਿੱਚ ਮੌਜੂਦ ਸ਼ਰਧਾਲੂਆਂ ਨੂੰ ਭਾਵਨਾਵਾਂ ਨਾਲ ਭਰ ਦਿੱਤਾ।

## ਖ਼ੂਨਦਾਨ ਤੇ ਅੱਖਾਂ ਦਾ ਚੈੱਕਅੱਪ ਕੈਂਪ ਲਾਇਆ



**ਧੂਰੀ (ਸੁਖਦੇਵ ਧੂਰੀ)**-ਪਿੰਡ ਬਮਾਲ ਵਿਖੇ ਸ਼ਹੀਦ ਭਗਤ ਸਿੰਘ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਵੱਲੋਂ ਗੁਰਦੁਆਰਾ ਸੰਗਤਸਰ ਪ੍ਰਬੰਧਕ ਕਮੇਟੀ, ਨਗਰ ਪੰਚਾਇਤ ਪਿੰਡ ਬਮਾਲ ਤੇ ਸੰਸਥਾ ਪਰਿਵਰਤਨ ਦੇ ਸਹਿਯੋਗ ਨਾਲ ਗੁਰਦੁਆਰਾ ਸੰਗਤਸਰ ਪਿੰਡ ਬਮਾਲ ਵਿਖੇ ਖ਼ੂਨਦਾਨ ਅਤੇ ਅੱਖਾਂ ਦਾ ਚੈੱਕਅਪ ਕੈਂਪ ਲਾਇਆ ਗਿਆ।ਕੈਂਪ ਦਾ ਉਦਘਾਟਨ ਉੱਘੇ ਸਮਾਜ ਸੇਵੀ, ਉਦਮੀ ਫਾਰਮਰ ਪ੍ਰਡਿਊਸਰ ਆਰਗੇਨਾਈਜੇਸਨ ਦੇ ਚੇਅਰਮੈਨ ਤੇ ਹੋਮਿਓਪੈਥੀ ਦੇ ਮਾਹਿਰ ਡਾਕਟਰ ਅਮਰਜੀਤ ਸਿੰਘ ਮਾਨ ਵੱਲੋਂ ਕੀਤਾ।ਸਿਵਲ ਹਸਪਤਾਲ ਸੰਗਰੂਰ ਦੇ ਬਲੱਡ ਬੈਂਕ ਵਲੋਂ ਡਾਕਟਰ ਦੀਪਤੀ ਗੋਇਲ ਦੀ ਅਗਵਾਈ ਵਿੱਚ ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਤੇ ਸ਼ਰਮਾ ਅੱਖਾਂ ਦਾ ਹਸਪਤਾਲ ਦੇ ਡਾਕਟਰ ਰਮੇਸ਼ ਸ਼ਰਮਾ ਤੇ ਡਾਕਟਰ ਕਮਲਦੀਪ ਵੱਲੋਂ ਅੱਖਾਂ ਦਾ ਚੈੱਕਅਪ ਕੀਤਾ ਗਿਆ।ਇਸ ਮੌਕੇ 116 ਮਰੀਜ਼ਾਂ ਦਾ ਚੈੱਕਅਪ ਗਿਆ।

# ਪੰਜਾਬ 'ਚ ਅੱਤ ਦੀ ਗਰਮੀ ਕਾਰਨ ਜਨ-ਜੀਵਨ ਬੁਰੀ ਤਰ੍ਹਾਂ ਪ੍ਰਭਾਵਤ

### ਬਿਜਲੀ ਕੱਟਾਂ ਕਾਰਨ ਝੋਨੇ ਦੀ ਲਵਾਈ ਵੀ ਪ੍ਰਭਾਵਿਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਵਿੱਚ ਪੈ ਰਹੀ ਹੁੰਮਸ ਭਰੀ ਅਸਹਿ ਗਰਮੀ ਤੇ ਲਗਾਤਾਰ ਲੱਗ ਰਹੇ ਅਣ-ਐਲਾਨੇ ਬਿਜਲੀ ਕੱਟਾਂ ਨੇ ਆਮ ਲੋਕਾਂ ਦਾ ਜਨ-ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ।ਤਾਪਮਾਨ 45 ਡਿਗਰੀ ਸੈਲਸੀਅਸ ਦੇ ਨੇੜੇ ਪਹੁੰਚਣ ਕਾਰਨ ਜਿੱਥੇ ਆਮ ਲੋਕਾਂ ਦਾ ਬੁਰਾ ਹਾਲ ਹੈ, ਉੱਥੇ ਹੀ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਨਾਕਾਫ਼ੀ ਸਪਲਾਈ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ।ਕਿਸਾਨ ਆਗੂ ਸਤਨਾਮ ਸਿੰਘ ਬਹਿਰੂ ਨੇ ਦੱਸਿਆ ਕਿ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਲਈ ਇਸ ਸਮੇਂ ਨਿਯਮਤ ਪਾਣੀ ਦੀ ਸਖ਼ਤ ਲੋੜ ਹੈ, ਪਰ ਬਿਜਲੀ ਕੱਟਾਂ ਕਾਰਨ ਖੇਤ ਸੁੱਕਣ ਲੱਗੇ ਹਨ। ਖੇਤੀ ਸੈਕਟਰ ਲਈ ਰੋਜ਼ਾਨਾ 8 ਘੰਟੇ ਦੀ ਥਾਂ 4-5 ਘੰਟੇ ਹੀ ਕਿਸਾਨਾਂ ਨੂੰ ਬਿਜਲੀ ਦੀ ਸਪਲਾਈ ਦਿੱਤੀ ਜਾ ਰਹੀ ਹੈ, ਜਿਸ ਕਾਰਨ ਝੋਨੇ ਦੀ ਬਿਜਾਈ ਪਛੜਦੀ ਜਾ ਰਹੀ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਬਿਜਲੀ ਕੱਟ ਲੱਗਣ ਤੋਂ ਬਾਅਦ ਸਪਲਾਈ ਬਹਾਲ ਹੋਣ ਵਿੱਚ ਵੀ ਕਾਫ਼ੀ ਸਮਾਂ ਲੱਗਦਾ ਹੈ, ਜਿਸ ਨਾਲ ਉਨ੍ਹਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਣ ਦਾ ਡਰ ਹੈ।ਬਹਿਰੂ ਨੇ ਸਰਕਾਰ ਤੋਂ ਕਿਸਾਨਾਂ ਨੂੰ ਰੋਜ਼ਾਨਾਂ ਖੇਤਾਂ ਲਈ 8 ਘੰਟੇ ਬਿਜਲੀ ਦੇਣ ਦੀ ਮੰਗ ਕੀਤੀ ਹੈ। ਹਲਕਾ ਸਨੌਰ ਦੇ ਬੀਜੇਪੀ ਦੇ ਆਗੂ ਸਤਪਾਲ ਪੂਨੀਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਝੋਨੇ ਦੇ ਸੀਜ਼ਨ ਵਿੱਚ ਵੀ ਨਿਰਵਿਘਨ ਬਿਜਲੀ ਦੇਣ ਵਿੱਚ ਅਸਫ਼ਲ ਰਹੀ ਹੈ।ਦੂਜੇ ਪਾਸੇ, ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਸਰਕਾਰ ਨੂੰ 'ਚੁਟਕਲਿਆਂ ਦੀ ਸਰਕਾਰ' ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਰ ਖੇਤਰ ਵਿੱਚ ਫੇਲ੍ਹ ਰਹੀ ਇਹ ਸਰਕਾਰ ਕਿਸਾਨਾਂ ਨੂੰ ਬਿਜਲੀ ਦੇਣ ਵਿੱਚ ਵੀ ਨਾਕਾਮ ਰਹੀ ਹੈ।ਗਰਮੀ ਤੇ ਬਿਜਲੀ ਦੇ ਲੱਗ ਰਹੇ ਅਣ-ਐਲਾਨੇ ਕੱਟਾਂ ਨਾਲ ਲੋਕ ਜੀਵਨ ਪੂਰੀ ਤਰ੍ਹਾਂ ਡਗਮਗਾ ਗਿਆ ਹੈ।ਕੱਲ੍ਹ ਇਸ ਖੇਤਰ ਵਿੱਚ ਤਾਪਮਾਨ ਵਧ ਕੇ 45 ਡਿਗਰੀ ਦੇ ਨੇੜੇ ਪੁੱਜ ਗਿਆ, ਜਿਸ ਸਦਕਾ ਬਜ਼ੁਰਗਾਂ ਤੇ ਬੱਚਿਆਂ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ।ਇਸੇ ਦੌਰਾਨ ਵਧੀ ਗਰਮੀ ਸਦਕਾ ਬਿਜਲੀ ਦੀ ਯਕਦਮ ਮੰਗ ਵਧ ਜਾਣ ਕਾਰਨ ਵਿਭਾਗ ਨੂੰ ਬਿਜਲੀ ਦੀ ਪੂਰਤੀ ਕਰਨ ਵਿੱਚ ਮੁਸ਼ਕਲ ਬਣੀ ਹੋਈ ਹੈ।ਬਿਜਲੀ ਵਿਭਾਗ ਨੇ ਹੁਣ ਅਣ-ਐਲਾਨੇ ਬਿਜਲੀ ਕੱਟਾਂ ਦਾ ਸਹਾਰਾ ਲੈਣ ਸ਼ੁਰੂ ਕਰ ਲਿਆ ਹੈ, ਜਿਸ ਸਦਕਾ ਲੋਕਾਂ ਨੂੰ ਹੋਰ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਧਰ ਕਿਸਾਨ ਝੋਨੇ ਦੀ ਬਿਜਾਈ ਵਿੱਚ ਲੱਗੇ ਹੋਏ ਹਨ, ਜਿਸ ਲਈ ਖੇਤਾਂ ਨੂੰ ਪਾਣੀ ਦੀ ਲੋੜ ਹੈ।ਗਰਮੀ ਵੱਧ ਜਾਣ ਨਾਲ ਖੇਤੀ ਲਈ ਬਿਜਲੀ ਵੀ ਪ੍ਰਭਾਵਿਤ ਹੋਣ ਲੱਗੀ ਹੈ।ਕਿਸਾਨ ਜਥੇਬੰਦੀਆਂ ਨੇ ਬਿਜਲੀ ਦੀ ਘਾਟ ਨੂੰ ਲੈ ਕੇ ਸਰਕਾਰ ਨੂੰ ਘੇਰਨਾ ਸ਼ੁਰੂ ਕਰ ਦਿੱਤਾ ਹੈ। ਕਿਸਾਨ ਆਗੂ ਜਸਮੇਰ ਗਿੱਲ ਨੇ ਇਲਜ਼ਾਮ ਲਗਾਉਂਦੇ ਹੋਏ ਕਿਹਾ ਕਿ ਸਰਕਾਰ ਸਮੇਂ ਰਹਿੰਦੇ ਬਿਜਲੀ ਦੀ ਖ਼ਪਤ ਮੁਤਾਬਕ ਪੂਰਤੀ ਨਹੀਂ ਕਰ ਸਕੀ ਹੈ।ਇਸ ਲਈ ਸੂਬੇ ਦੇ ਲੋਕਾਂ ਨੂੰ ਪ੍ਰੇਸ਼ਾਨੀ ਵਿੱਚੋਂ ਲੰਘਣਾ ਪੈ ਰਿਹਾ ਹੈ।

## ਭਾਕਿਯੂ ਵੱਲੋਂ ਖੇਤੀ ਸੈਕਟਰ ਲਈ ਬਿਜਲੀ ਪ੍ਰਬੰਧਾਂ 'ਚ ਸੁਧਾਰ ਦੀ ਮੰਗ

### ਪਾਵਰਕਾਮ ਦੇ ਐਕਸੀਅਨ ਨੂੰ ਮੰਗ ਪੱਤਰ ਦੇ ਕੇ ਰੋਸ ਪ੍ਰਗਟਾਇਆ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਖੇਤੀ ਸੈਕਟਰ ਲਈ ਬਿਜਲੀ ਦੇ ਮਾੜੇ ਪ੍ਰਬੰਧਾਂ ਤੇ ਅਣ-ਐਲਾਨੇ ਬਿਜਲੀ ਕੱਟਾਂ ਤੋਂ ਤੰਗ ਆਏ ਕਿਸਾਨਾਂ ਨੇ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੀ ਬਲਾਕ ਟੀਮ ਦੀ ਅਗਵਾਈ ਹੇਠ ਪਾਵਰਕਾਮ ਦੇ ਸਥਾਨਕ ਐਕਸੀਅਨ ਨਾਲ ਮੁਲਾਕਾਤ ਕੀਤੀ ਗਈ।ਜਥੇਬੰਦੀ ਵੱਲੋਂ ਇਲਾਕੇ ਅੰਦਰ ਖੇਤੀ ਲਈ ਬਿਜਲੀ ਦੀ ਨਾਕਸ ਸਪਲਾਈ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਅਧਿਕਾਰੀ ਨੂੰ ਇੱਕ ਲਿਖਤੀ ਮੰਗ ਪੱਤਰ ਸੌਂਪਿਆ ਗਿਆ ਤੇ ਸਪਲਾਈ ਵਿੱਚ ਤੁਰੰਤ ਸੁਧਾਰ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਇਕੱਠੇ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਰਛਪਾਲ ਸਿੰਘ ਦੋਹਲਾ ਤੇ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਧੂਰੀ ਨੇ ਆਖਿਆ ਕਿ ਇਸ ਵੇਲੇ ਝੋਨੇ ਦਾ ਸੀਜ਼ਨ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ, ਜਿਸ ਕਾਰਨ ਫ਼ਸਲ ਨੂੰ ਪਾਣੀ ਦੀ ਸਖ਼ਤ ਲੋੜ ਹੈ, ਪਰ ਪਾਵਰਕਾਮ ਵੱਲੋਂ ਬਿਜਲੀ ਸਪਲਾਈ ਵਿੱਚ ਲਗਾਤਾਰ ਪਾਏ ਜਾ ਰਹੇ ਵਿਘਨ ਕਰਕੇ ਖੇਤਾਂ ਵਿੱਚ ਝੋਨਾ ਸੁੱਕਣ ਦੀ ਕਗਾਰ 'ਤੇ ਪਹੁੰਚ ਚੁੱਕਾ ਹੈ।ਉਨ੍ਹਾਂ ਪੁਰਜ਼ੋਰ ਮੰਗ ਕੀਤੀ ਕਿ ਕਿਸਾਨਾਂ ਦੇ ਹੋ ਰਹੇ ਆਰਥਿਕ ਨੁਕਸਾਨ ਨੂੰ ਰੋਕਣ ਲਈ ਖੇਤੀ ਸੈਕਟਰ ਨੂੰ ਰੋਜ਼ਾਨਾ ਘੱਟੋ-ਘੱਟ 10 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।ਕਿਸਾਨ ਆਗੂਆਂ ਨੇ ਬਿਜਲੀ ਅਧਿਕਾਰੀ ਸਾਹਮਣੇ ਇਹ ਨੁਕਤਾ ਵੀ ਵਿਸ਼ੇਸ਼ ਤੌਰ 'ਤੇ ਉਠਾਇਆ ਕਿ ਸਪਲਾਈ ਦੌਰਾਨ ਲੱਗਣ ਵਾਲੇ ਤਕਨੀਕੀ ਕੱਟਾਂ ਕਰਕੇ ਕਿਸਾਨਾਂ ਦਾ ਜੋ ਸਮਾਂ ਖ਼ਰਾਬ ਹੁੰਦਾ ਹੈ, ਉਸ ਦੀ ਭਰਪਾਈ ਲਈ ਉਹ ਸਮਾਂ ਮੁੜ ਵਾਧੂ ਬਿਜਲੀ ਦੇ ਕੇ ਪੂਰਾ ਕੀਤਾ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪਾਵਰਕਾਮ ਪ੍ਰਸ਼ਾਸਨ ਨੇ ਬਿਜਲੀ ਸਪਲਾਈ ਦੇ ਪ੍ਰਬੰਧਾਂ ਵਿੱਚ ਤੁਰੰਤ ਸੁਧਾਰ ਨਾ ਕੀਤਾ, ਤਾਂ ਜਥੇਬੰਦੀ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ਿੰਮੇਵਾਰੀ ਵਿਭਾਗ ਦੀ ਹੋਵੇਗੀ।ਐਕਸੀਅਨ ਨੇ ਕਿਸਾਨਾਂ ਦੀਆਂ ਮੰਗਾਂ ਨੂੰ ਹਮਦਰਦੀ ਨਾਲ ਸੁਣਦਿਆਂ ਜਲਦ ਯੋਗ ਕਾਰਵਾਈ ਦਾ ਭਰੋਸਾ ਦਿੱਤਾ।ਇਸ ਮੌਕੇ ਗੁਰਜੀਤ ਸਿੰਘ ਭੜੀ ਮਾਨਸਾ, ਬਲਵਿੰਦਰ ਸਿੰਘ ਜੱਖਲਾਂ, ਨਿਰਭੈ ਸਿੰਘ ਦੋਹਲਾ, ਬਹਾਦਰ ਸਿੰਘ ਦੋਹਲਾ, ਮਨਜੀਤ ਸਿੰਘ ਦੋਹਲਾ ਆਦਿ ਹਾਜ਼ਰ ਸਨ।

## ਅਮਨ ਅਰੋੜਾ ਵੱਲੋਂ ਉਦਯੋਗਪਤੀਆਂ ਦੀਆਂ ਮੁਸ਼ਕਲਾਂ ਦੇ ਪੱਕੇ ਹੱਲ ਦਾ ਭਰੋਸਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੰਗਰੂਰ ਜ਼ਿਲ੍ਹਾ ਇੰਡਸਟਰੀਅਲ ਚੈਂਬਰ ਵੱਲੋਂ ਵਿਸ਼ਾਲ ਉਦਯੋਗਿਕ ਮੀਟਿੰਗ ਰੱਖੀ ਗਈ, ਜਿਸ ਵਿੱਚ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਪੂਰੇ ਜ਼ਿਲ੍ਹੇ ਤੋਂ ਪਹੁੰਚੇ ਉਦਯੋਗਪਤੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ। ਉਦਯੋਗਪਤੀਆਂ ਦੀਆਂ ਸ਼ਿਕਾਇਤਾਂ ਨੂੰ ਹਮਦਰਦੀ ਨਾਲ ਸੁਣਨ ਤੋਂ ਬਾਅਦ ਅਮਨ ਅਰੋੜਾ ਨੇ ਪੰਜਾਬ ਦੀ ਆਰਥਿਕ ਤਰੱਕੀ ਵਿੱਚ ਉਦਯੋਗ ਜਗਤ ਦੇ ਅਹਿਮ ਯੋਗਦਾਨ ਨੂੰ ਸਵੀਕਾਰ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਖੁਸ਼ਹਾਲੀ ਲਿਆਉਣ ਦੀ ਸਭ ਤੋਂ ਵੱਧ ਸਮਰੱਥਾ ਹੁਣ ਉਦਯੋਗਿਕ ਖੇਤਰ ਕੋਲ ਹੈ। ਉਨ੍ਹਾਂ ਐਸ.ਡੀ.ਆਈ.ਸੀ. ਦੇ ਨੁਮਾਇੰਦਿਆਂ ਨੂੰ ਚੰਡੀਗੜ੍ਹ ਵਿਖੇ ਉਦਯੋਗ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਲਈ ਸੱਦਾ ਦਿੱਤਾ ਤਾਂ ਜੁ ਲਟਕਦੇ ਮਸਲਿਆਂ ਦਾ ਸਥਾਈ ਨਿਪਟਾਰਾ ਕੀਤਾ ਜਾ ਸਕੇ। ਉਦਯੋਗਪਤੀਆਂ ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੰਦਿਆਂ ਮੰਤਰੀ ਨੇ ਆਪਣੇ ਸੰਬੋਧਨ ਦੇ ਅਖੀਰ ਵਿੱਚ ਕਿਹਾ ਕਿ ਤੁਸੀਂ ਆਪਣੀ ਮੁਹਾਰਤ ਅਤੇ ਊਰਜਾ ਸਿਰਫ਼ ਆਪਣੇ ਕਾਰੋਬਾਰ ਨੂੰ ਵਧਾਉਣ 'ਤੇ ਲਗਾਓ, ਦਫ਼ਤਰੀ ਤੇ ਪ੍ਰਸ਼ਾਸਨਿਕ ਮਸਲੇ ਮੇਰੇ 'ਤੇ ਛੱਡ ਦਿਓ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਏ.ਆਰ. ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਕੁੱਲ ਘਰੇਲੂ ਉਤਪਾਦ ਨੂੰ ਵਧਾਉਣ ਲਈ ਉਦਯੋਗਿਕ ਵਿਕਾਸ ਸਭ ਤੋਂ ਮਹੱਤਵਪੂਰਨ ਕੜੀ ਹੈ। ਉਨ੍ਹਾਂ ਕਿਹਾ ਕਿ ਉਦਯੋਗ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ, ਕਿਉਂਕਿ ਇਹ ਵੈਲਯੂ ਐਡੀਸ਼ਨ ਰਾਹੀਂ ਸਰਕਾਰੀ ਮਾਲੀਏ ਵਿੱਚ ਵੱਡਾ ਯੋਗਦਾਨ ਪਾਉਂਦੇ ਹਨ ਤੇ ਰੁਜ਼ਗਾਰ ਦੇ ਵੱਡੇ ਮੌਕੇ ਪੈਦਾ ਕਰਦੇ ਹਨ।ਸਮਾਗਮ ਦੌਰਾਨ ਐਸ ਡੀ ਆਈ ਸੀ ਦੇ ਚੇਅਰਮੈਨ ਵੱਲੋਂ ਸੰਸਥਾ ਦੇ ਨਵੇਂ ਨਿਯੁਕਤ ਬਲਾਕ ਪ੍ਰਧਾਨਾਂ ਦੇ ਨਾਵਾਂ ਦਾ ਐਲਾਨ ਵੀ ਕੀਤਾ ਗਿਆ, ਜਿਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਮੀਟਿੰਗ ਦੌਰਾਨ ਉਦਯੋਗਿਕ ਖੇਤਰਾਂ ਦੇ ਨੁਮਾਇੰਦਿਆਂ ਨੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਆਪਣੇ ਕਾਰੋਬਾਰਾਂ ਨਾਲ ਸਬੰਧਤ ਨੀਤੀਗਤ ਅਤੇ ਪ੍ਰਸ਼ਾਸਨਿਕ ਮਸਲਿਆਂ ਬਾਰੇ ਮੰਗ ਪੱਤਰ ਸੌਂਪੇ। ਅਮਰ ਸਿੰਘ ਵੱਲੋਂ ਖੇਤੀਬਾੜੀ ਕੰਬਾਈਨਾਂ ਤੇ ਹੋਰ ਮਸ਼ੀਨਰੀ ਨਾਲ ਸਬੰਧਤ ਚਿੰਤਾਵਾਂ ਚੁੱਕੀਆਂ ਗਈਆਂ, ਜਦੋਂ ਕਿ ਵੱਖ-ਵੱਖ ਸੈਕਟਰਾਂ ਦੇ ਕਾਰੋਬਾਰੀਆਂ ਨੇ ਹੋਰ ਕਈ ਪ੍ਰਸ਼ਾਸਨਿਕ ਮੁੱਦੇ ਸਾਂਝੇ ਕੀਤੇ। ਉਦਯੋਗਪਤੀਆਂ ਨੇ ਮੁੱਖ ਤੌਰ 'ਤੇ ਜੀ ਐਸ ਟੀ ਰਿਫੰਡ ਵਿੱਚ ਹੋ ਰਹੀ ਦੇਰੀ ਦੀ ਮੁਸ਼ਕਲ ਸਾਂਝੀ ਕੀਤੀ।

ਇਹ ਵੀ ਦੱਸਿਆ ਗਿਆ ਕਿ ਇਨਵਾਇਸ ਮਿਸਮੈਚ (ਮੇਲ ਨਾ ਖਾਣ) ਸਬੰਧੀ ਮਸਲੇ ਕਾਰਨ ਰਿਫੰਡ ਵਿੱਚ ਦੇਰੀ ਹੁੰਦੀ ਹੈ, ਜਿਸ ਨਾਲ ਇੰਡਸਟਰੀ ਨੂੰ ਭਾਰੀ ਵਿੱਤੀ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਵਾਰਡ ਨੰਬਰ 5 'ਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਚੋਣ ਮੁਹਿੰਮ ਤੇਜ਼



**ਜਲਾਲਾਬਾਦ (ਜੀਤ ਕੁਮਾਰ)**-ਨਗਰ ਕੌਂਸਲ ਚੋਣਾਂ ਨੂੰ ਲੈ ਕੇ ਵਾਰਡ ਨੰਬਰ 5 ਤੋਂ ਸ਼੍ਰੋਮਣੀ ਅਕਾਲੀ ਦਲ (ਬ) ਦੀ ਉਮੀਦਵਾਰ ਸ੍ਰੀਮਤੀ ਸ਼ਸ਼ੀ ਬਾਲਾ ਦੇ ਸਮਰਥਨ ਵਿੱਚ ਚੋਣ ਮੁਹਿੰਮ ਲਗਾਤਾਰ ਤੇਜ਼ ਹੁੰਦੀ ਜਾ ਰਹੀ ਹੈ। ਇਸੇ ਕੜੀ ਤਹਿਤ ਇਲਾਕੇ ਵਿੱਚ ਵੱਡੇ ਪੱਧਰ 'ਤੇ ਘਰ-ਘਰ ਮੁਹਿੰਮ ਚਲਾਈ ਗਈ ਹੈ, ਜਿਸ ਅਧੀਨ ਵੋਟਰਾਂ ਤੱਕ ਸਿੱਧੀ ਪਹੁੰਚ ਕੀਤੀ ਗਈ। ਸੀਨੀਅਰ ਅਕਾਲੀ ਆਗੂ ਅਸ਼ੋਕ ਅਨੇਜਾ ਨੇ ਕਿਹਾ ਕਿ ਵਾਰਡ ਨੰਬਰ 5 ਦੇ ਵਸਨੀਕ ਵਿਕਾਸ ਤੇ ਇਮਾਨਦਾਰ ਪ੍ਰਤੀਨਿਧਤਾ ਚਾਹੁੰਦੇ ਹਨ ਤੇ ਸ੍ਰੀਮਤੀ ਸ਼ਸ਼ੀ ਬਾਲਾ ਇਨ੍ਹਾਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰਾ ਉਤਰਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਲੋਕ ਭਲਾਈ ਤੇ ਸ਼ਹਿਰ ਦੇ ਵਿਕਾਸ ਲਈ ਵਚਨਬੱਧ ਰਿਹਾ ਹੈ, ਇੱਕ ਪ੍ਰੰਪਰਾ ਜੋ ਭਵਿੱਖ ਵਿੱਚ ਵੀ ਜਾਰੀ ਰਹੇਗੀ। ਉਨ੍ਹਾਂ ਅਪੀਲ ਕੀਤੀ ਕਿ ਉਹ ਆਪਣੇ ਕੀਮਤੀ ਵੋਟਾਂ ਦੀ ਸਮਝਦਾਰੀ ਨਾਲ ਵਰਤੋਂ ਕਰਨ। ਵਾਰਡ ਨੰਬਰ 5 ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਸ੍ਰੀਮਤੀ ਸ਼ਸ਼ੀ ਬਾਲਾ ਨੇ ਕਿਹਾ ਕਿ ਜੇਕਰ ਜਨਤਾ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦੇਵੇਗੀ, ਤਾਂ ਉਹ ਵਾਰਡ ਦੇ ਹਰ ਮੁੱਦੇ ਨੂੰ ਭਾਵੇਂ ਵੱਡਾ ਹੋਵੇ ਜਾਂ ਛੋਟਾ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰੇਗੀ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਲਗਨ ਨਾਲ ਸੇਵਾ ਕਰੇਗੀ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ **20.07.2026** ਸਮਾਂ **15.00 ਵਜੇ** ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 25.06.2026 | 06.07.2026 | 20.07.2026 & 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ |
|---|---|---|
| 1 | 46-2026-27-DEN-TRACK-FZR | ਫਿਰੋਜਪੁਰ ਡਵੀਜਨ ਵਿਚ ਤਿੰਨ ਸਾਲ ਦੇ ਲਈ ਕੀ-ਮੈਨ ਅਤੇ ਪੇਟ੍ਰੋਲਮੈਨ ਦੀ ਨਿਗਰਾਨੀ ਦੇ ਲਈ GPS ਟ੍ਰੈਕਿੰਗ ਡਿਵਾਈਸ ਕਿਰਾਏ ਤੇ ਲੈਣ ਦਾ ਕਾਂਟਰੈਕਟ। |

| ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ (ਰੁ) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 51,76,631.38 | 1,03,500.00 | 60 ਦਿਨ | 36 ਮਹੀਨੇ |

**ਸਮਾਨ ਨੇਚਰ ਦਾ ਕੰਮ:** "IT ਉਪਕਰਣਾਂ ਦੀ ਸਪਲਾਈ ਅਤੇ / ਜਾਂ IT ਐਪਲੀਕੇਸ਼ਨ ਨਾਲ ਸਬੰਧਿਤ ਸਾਫਟਵੇਅਰ ਦਾ ਵਿਕਾਸ।"

**ਨੋਟ : 1.** ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। **2.** ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

**ਨਿਵਿਦਾ ਨੰ.: 46-2026-27-DEN-TRACK-FZR** ਤਾਰੀਕ : 29.06.2026 2235/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਪੰਜਾਬ ਨੈਸ਼ਨਲ ਬੈਂਕ**
**punjab national bank**

ਬਰਾਂਚ : ਸਾਹਮਣੇ ਬੱਸ ਸਟੈਂਡ ਨਕੋਦਰ (035800), ਜ਼ਿਲ੍ਹਾ ਜਲੰਧਰ

**ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ**

ਪੰਜਾਬ ਨੈਸ਼ਨਲ ਬੈਂਕ, ਬੀ ਓ : ਸਾਹਮਣੇ ਬੱਸ ਸਟੈਂਡ, ਨਕੋਦਰ (035800) ਜ਼ਿਲ੍ਹਾ ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੋਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੂੰ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| SR NO. | LOCKER NO. | ਨਾਂਅ | ਪਤਾ |
|---|---|---|---|
| 1. | AC00172 | ਹਰਜਿੰਦਰ ਸਿੰਘ ਅਤੇ ਬਲਵਿੰਦਰ ਕੌਰ | ਪਿੰਡ ਤੇ ਡਾਕਖਾਨਾ ਨਵਾਂ ਪਿੰਡ ਚੌਕੀਆਂ, ਨਕੋਦਰ |
| 2. | BB19M1 EOBC | ਰਾਜ ਕੁਮਾਰ ਪੁੱਤਰ ਉਜਾਗਰ ਮੱਲ | 343, ਗਰੀਨ ਐਵੇਨਿਊ ਸ਼ੰਕਰ ਰੋਡ |
| 3. | BB49MI EOBC | ਰਾਜ ਕੁਮਾਰ ਪੁੱਤਰ ਉਜਾਗਰ ਮੱਲ | ਬਾਈਪਾਸ ਨਕੋਦਰ ਪੰਜਾਬ-144040 |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜੇਕਰ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਬੈਂਕ ਨੂੰ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 01.07.2026 ਸਥਾਨ : ਨਕੋਦਰ ਪੰਜਾਬ ਨੈਸ਼ਨਲ ਬੈਂਕ



**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

**ਟੈਂਡਰ ਨੰ: 45-2026-27-ADEN-1-FZR & 48-2026-27-DEN-HQ-FZR** **ਮਿਤੀ : 29.06.2026**

ਮੰਡਲ ਇੰਜੀਨੀਅਰ - ਹੈੱਡ., ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **20.07.2026 & 03.08.2026** ਵਕਤ **15:00 ਵਜੇ** ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਪੈਕੇਟ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਟੈਂਡਰ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
| 25.06.2026 | 06.07.2026 & 20.07.2026 | 20.07.2026 & 03.08.2026 |

| ਲ. ਨੰ: | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ |
|---|---|---|
| 1. | 45-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਅੰਤਰਗਤ ਫ਼ਿਰੋਜ਼ਪੁਰ ਵਿਚ ਰਨਿੰਗ ਰੂਮ ਦਾ ਵਿਸਤਾਰ (ਅਮਬ੍ਰੇਲਾ ਵਰਕ 2024-25 ਦੇ ਤਹਿਤ 10 ਅਤਿਰਿਕਤ ਕਮਰੇ ਬਣਾਕੇ) ਅਤੇ ਫ਼ਿਰੋਜ਼ਪੁਰ ਵਿਚ ਮੌਜੂਦਾ ਰਨਿੰਗ ਰੂਮ ਵਿਚ ਸੁਵਿਧਾਵਾਂ ਅਤੇ ਇੰਫ੍ਰਾਸਟ੍ਰਕਚਰ ਨੂੰ ਅਪਗ੍ਰੇਡ ਕਰਨਾ ਇਸਦੇ ਅਤਿਰਿਕਤ ਇਹ ਕੰਮ ਫ਼ਿਰੋਜ਼ਪੁਰ, ਜਲੰਧਰ ਸਿਟ, ਸ਼ਹੀਦ ਕੈਪਟਨ ਤੁਸ਼ਾਰ ਮਹਾਜਨ ਉਧਮਪੁਰ ਅਤੇ ਸ੍ਰੀ ਮਾਤਾ ਵੈਸ਼ਣੋ ਦੇਵੀ ਕਟਰਾ ਵਿਚ 10 ਅਤਿਰਿਕਤ ਕਮਰੇ ਬਣਾਕੇ ਰਨਿੰਗ ਰੂਮ ਦਾ ਵਿਸਤਾਰ ਕਰਨਾ। |

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 81,08,917.89 | 1,62,200.00 | 60 ਦਿਨ | 12 ਮਹੀਨੇ |

**ਸਾਮਾਨ ਪ੍ਰਕ੍ਰਿਤੀ ਦਾ ਕੰਮ :-** "ਇਮਾਰਤ/ਆਵਾਸ ਦਾ ਨਿਰਮਾਣ।"

| ਲ. ਨੰ: | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ |
|---|---|---|
| 2. | 48-2026-27-DEN-HQ-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫ਼ਿਰੋਜ਼ਪੁਰ ਦੇ ਤਹਿਤ ਆਉਣ ਵਾਲੇ ਸੈਕਸ਼ਨ ਵਿਚ ਸੇਸ (cess) ਮੁਰੰਮਤ ਦਾ ਕੰਮ - ਕੁਲ 333255 ਕਯੂਬਿਕ ਮੀਟਰ (Cum) ਕੰਮ ਵੱਖ-ਵੱਖ ਜਗ੍ਹਾਂ ਉਤੇ ਹੋਵੇਗਾ : ਲੁਧਿਆਣਾ-ਫ਼ਿਰੋਜ਼ਪੁਰ (SL) ਸੈਕਸ਼ਨ ਉਤੇ ਕਿਮੀ 37.11 ਤੋਂ ਕਿਮੀ 38.11, ਕਿਮੀ 40.13 ਤੋਂ ਕਿਮੀ 41.14, ਕਿਮੀ 48.9 ਤੋਂ ਕਿਮੀ 49.9, ਕਿਮੀ 81.7 ਤੋਂ ਕਿਮੀ 85.7 ਤਕ; ਫ਼ਿਰੋਜ਼ਪੁਰ ਸਿਟੀ-ਫਾਜਿਲਕਾ ਸੈਕਸ਼ਨ ਉਤੇ ਕਿਮੀ 10.1 ਤੋਂ ਕਿਮੀ 13.4, ਕਿਮੀ 14.5 ਤੋਂ ਕਿਮੀ 21, ਕਿਮੀ 26.2 ਤੋਂ ਕਿਮੀ 32.4, ਕਿਮੀ 36.3 ਤੋਂ ਕਿਮੀ 41.2, ਕਿਮੀ 46.3 ਤੋਂ ਕਿਮੀ 49.4, ਕਿਮੀ 54.7 ਤੋਂ ਕਿਮੀ 54.9, ਕਿਮੀ 64.4 ਤੋਂ ਕਿਮੀ 64.8, ਕਿਮੀ 67 ਤੋਂ ਕਿਮੀ 67.7, ਕਿਮੀ 70.3 ਤੋਂ ਕਿਮੀ 70.6, ਕਿਮੀ 71.2 ਤੋਂ ਕਿਮੀ 72.1, ਕਿਮੀ 76.8 ਤੋਂ ਕਿਮੀ 77.2, ਕਿਮੀ 78.6 ਤੋਂ ਕਿਮੀ 79.3, ਕਿਮੀ 82.7 ਤੋਂ ਕਿਮੀ 84 ਤਕ; ਕੋਟkapura-ਫਾਜਿਲਕਾ ਸੈਕਸ਼ਨ ਉਤੇ ਕਿਮੀ 7 ਤੋਂ 8, ਕਿਮੀ 10 ਤੋਂ 12, ਕਿਮੀ 21 ਤੋਂ ਕਿਮੀ 22.4, ਕਿਮੀ 22.6 ਤੋਂ ਕਿਮੀ 23.3, ਕਿਮੀ 41 ਤੋਂ ਕਿਮੀ 42.5, ਕਿਮੀ 42.6 ਤੋਂ ਕਿਮੀ 43, ਕਿਮੀ 56.425 ਤੋਂ ਕਿਮੀ 56.65, ਕਿਮੀ 56.67 ਤੋਂ ਕਿਮੀ 57.2 ਤਕ; ਅਤੇ ਮੰਡਲ ਇੰਜੀਨੀਅਰ-ਹੈੱਡਕੁਆਟਰ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਤੇ ਤਹਿਤ ਅਬੋਹਰ-ਫਾਜਿਲਕਾ ਖੰਡ ਉਤੇ Km 3.6 ਤੋਂ Km 7.2 Km 8 ਤੋਂ Km 10.5, Km 16.8 ਤੋਂ ਕਿਮੀ 20.3, ਕਿਤੀ 23.9 ਤੋਂ ਕਿਮੀ 23.11, ਕਿਮੀ 25 ਤੋਂ ਕਿਮੀ 26.8, ਕਿਮਤੀ 28 ਤੋਂ 29.1, ਕਿਮੀ 35.2 ਤੋਂ ਕਿਮੀ 39.6, ਕਿਮੀ 41.2 ਤੋਂ ਕਿਮੀ 41.5 ਤਕ। |

| ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 9,65,23,387.54 | 19,30,500.00 | 60 ਦਿਨ | 12 ਮਹੀਨੇ |

**ਸਮਾਨ ਪ੍ਰਕ੍ਰਿਤੀ ਦਾ ਕੰਮ :-** "ਕੋਈ ਵੀ ਸਿਵਿਲ ਇੰਜੀਨੀਅਰਿੰਗ ਦਾ ਕੰਮ ਜਿਸ ਵਿਚ ਕਿਨਾਰਿਆਂ ਜਾਂ ਕਟਿੰਗ ਵਿਚ ਮਿੱਟੀ ਦਾ ਕੰਮ ਸ਼ਾਮਿਲ ਹੋਵੇ।"

**ਨੋਟ:- 1.** ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। **2.** ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। 2234/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**AXIS BANK**

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਣਨ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ। ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ : (1) ਮੈਸਰਜ਼ ਏ ਐੱਫ ਕਲਾਥ ਹਾਊਸ ਰਾਹੀਂ ਇਸ ਦੇ ਮਾਲਕ (2) ਸ੍ਰੀ ਮੁਹੰਮਦ ਆਰਿਫ**

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਰਕਬਾ 78.31 ਵਰਗ ਗਜ਼ ਐੱਮ ਸੀ ਜਾਇਦਾਦ ਨੰ. ਬੀ-14/432, ਮੁਹੱਲਾ ਬਖਸ਼ੀ ਬਦਰਦੀਨ ਵਿਖੇ ਸਥਿਤ, ਮਾਲੇਰਕੋਟਲਾ, ਜ਼ਿਲ੍ਹਾ ਸੰਗਰੂਰ, ਜਿਸ ਦੀਆਂ ਹੱਦਾਂ ਹੇਠ ਲਿਖੇ ਅਨੁਸਾਰ ਹਨ : ਪੂਰਬ : ਮੁਹੰਮਦ ਅਸਲਮ ਦੀ ਦੁਕਾਨ ਬਾਹੀ 11'-7.1/2", ਪੱਛਮ : ਗਲੀ ਰਸਤਾ ਬਾਹੀ 22'-7.1/2", ਉੱਤਰ : ਮੁਹੰਮਦ ਬਸ਼ੀਰ ਦਾ ਮਕਾਨ ਬਾਹੀ 40'-2", ਦੱਖਣ : ਸੁਰਜੀਤ ਸਿੰਘ ਦਾ ਮਕਾਨ ਬਾਹੀ 20'-7" +15'-3"

**13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 22,94,140/- (ਬਾਈ ਲੱਖ ਚੌਰਾਨਵੇਂ ਹਜ਼ਾਰ ਇੱਕ ਸੌ ਚਾਲੀ ਰੁਪਏ ਕੇਵਲ)**

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 26 ਸਤੰਬਰ 2025 | 02 ਸਤੰਬਰ 2025 | 26 ਜੂਨ 2026 |

**ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ : (1) ਮੈਸਰਜ਼ ਰੋਹਨ ਇੰਡਸਟਰੀਜ਼ ਰਾਹੀਂ ਇਸ ਦੇ ਮਾਲਕ (2) ਸ੍ਰੀ ਸੀਆ ਰਾਮ ਮੁਖੀਆ (3) ਸ੍ਰੀ ਅਨੂਪ ਭਾਰਤੀ**

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ ਨੰ. 1 : ਵਪਾਰਕ ਜਾਇਦਾਦ ਨਾਲ ਸੰਬੰਧਤ ਸਭ ਕੁਝ, ਰਕਬਾ 1 ਕਨਾਲ 4.1/6 ਮਰਲਾ (725 ਵਰਗ ਗਜ਼) ਜ਼ਮੀਨ ਰਕਬਾ 2 ਕਨਾਲ 13.1/3 ਮਰਲੇ ਦਾ 725/4000 ਹਿੱਸਾ, ਖੇਤਾ ਨੰ. 1217/1064, ਖਤੌਨੀ ਨੰ. 1884, ਖਸਰਾ ਨੰ. 221//17/2 ਮਿੰਨ/3-0, 221//18 ਮਿੰਨ/2-7.1/3, 221//23 ਮਿੰਨ/1-6 ਕਿੱਤੇ 3, ਸੀਆ ਰਾਮ ਮੁਖੀਆ ਦੀ ਮਾਲਕੀ 450/4000 ਹਿੱਸਾ, ਅਨੂਪ ਭਾਰਤੀ 275/4000 ਹਿੱਸਾ, ਮਾਲੇਰਕੋਟਲਾ ਵਿਖੇ ਸਥਿਤ, ਨੇੜੇ ਨੌਧਰਾਣੀ ਰੋਡ, ਤਹਿਸੀਲ ਮਾਲੇਰਕੋਟਲਾ, ਜ਼ਿਲ੍ਹਾ ਮਾਲੇਰਕੋਟਲਾ, ਜਮ੍ਹਾਂਬੰਦੀ ਸਾਲ 2018-19 ਅਨੁਸਾਰ। ਹੱਦਾਂ ਹੇਠ ਲਿਖੇ ਅਨੁਸਾਰ : ਪੂਰਬ : ਗਲੀ ਰਸਤਾ 20' ਚੌੜਾ ਬਾਹੀ 92'-5", ਪੱਛਮ : ਮੱਖਣ ਸਿੰਘ ਦਾ ਪਲਾਟ ਬਾਹੀ 17'-2"+ਨਿੱਜੀ ਲਾਂਘਾ ਬਾਹੀ 77'-11.1/2, ਉੱਤਰ : ਵੇਚਣ ਵਾਲੇ ਦਾ ਪਲਾਟ ਬਾਹੀ 55'-6.3/4"+10'-0", ਦੱਖਣ : ਮੱਖਣ ਸਿੰਘ ਦਾ ਪਲਾਟ ਬਾਹੀ 37'-7.1/4"+ਸੀਆ ਰਾਮ ਮੁਖੀਆ ਦਾ ਕਬਰਖਾਨਾ ਬਾਹੀ 40'-0"+10'-0, ਜਾਇਦਾਦ ਨੰ. 2 : ਵਪਾਰਕ ਜਾਇਦਾਦ ਨਾਲ ਸੰਬੰਧਤ ਸਭ ਕੁਝ ਰਕਬਾ 0-16.2/3 ਮਰਲਾ (500 ਵਰਗ ਗਜ਼) ਜੋ ਕਿ ਜ਼ਮੀਨ ਰਕਬਾ 6 ਕਨਾਲ 13.1/3 ਮਰਲਾ ਦਾ 1/8 ਹਿੱਸਾ, ਖੇਵਟ ਨੰ. 1217/1064, ਖਸਰਾ ਨੰ. 221//17/2 ਮਿੰਨ /3-0, 221//18 ਮਿੰਨ 2.7.1/3, 221//23 ਮਿੰਨ /1-6 ਖੇਵਟ ਅਤੇ ਖੇਤਾ ਨੰ. 1217/1884, ਜਮ੍ਹਾਂਬੰਦੀ ਸਾਲ 2018-19 ਮਾਲੇਰਕੋਟਲਾ, ਜ਼ਿਲ੍ਹਾ ਮਾਲੇਰਕੋਟਲਾ ਸੀਆ ਰਾਮ ਮੁਖੀਆ ਪੁੱਤਰ ਲਛਮਣ ਮੁਖੀਆ ਪੁੱਤਰ ਰਾਮ ਜੀ ਮੁਖੀਆ ਦੀ ਮਾਲਕੀ, ਬੈਨਾਮਾ ਨੰ. 2022-23/131/1/1098 ਮਿਤੀ 4-7-2022 ਅਨੁਸਾਰ। ਹੱਦਾਂ ਹੇਠ ਲਿਖੇ ਅਨੁਸਾਰ : ਪੂਰਬ : ਸੜਕ ਬਾਹੀ 51ਫੁੱਟ+10 ਫੁੱਟ, ਪੱਛਮ : ਮਾਲਕ ਦਾ ਪਲਾਟ 39 ਫੁੱਟ 11.1/4+10 ਫੁੱਟ, ਉੱਤਰ : 20'-0" ਚੌੜੀ ਗਲੀ, 80 ਫੁੱਟ-01/4", ਦੱਖਣ : ਸ੍ਰੀ ਕਾਲਾ ਦਾ ਪਲਾਟ, ਬਾਹੀ 82'-10"

**13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 64,61,572/- (ਚੌਂਹਠ ਲੱਖ ਇਕਾਹਠ ਹਜ਼ਾਰ ਪੰਜ ਸੌ ਬਹੱਤਰ ਰੁਪਏ ਕੇਵਲ)**

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 16 ਅਕਤੂਬਰ 2025 | 05 ਸਤੰਬਰ 2025 | 26 ਜੂਨ 2026 |

**ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ : (1) ਮੈਸਰਜ਼ ਭੰਗੂ ਖੇਤੀ ਸੇਵਾ ਕੇਂਦਰ ਰਾਹੀਂ ਇਸ ਦੇ ਕਰਤਾ (2) ਸ੍ਰੀ ਜੁਝਾਰ ਸਿੰਘ ਐੱਚ ਯੂ ਐੱਫ ਰਾਹੀਂ ਇਸ ਦੇ ਕਰਤਾ (3) ਸ੍ਰੀ ਜੁਝਾਰ ਸਿੰਘ (4) ਸ੍ਰੀ ਰੁਪਿੰਦਰ ਸਿੰਘ (5) ਸ੍ਰੀ ਅਜੈਬ ਸਿੰਘ**

ਅਚੱਲ ਜਾਇਦਾਦ ਦਾ ਵੇਰਵਾ : ਵਪਾਰਕ ਜਾਇਦਾਦ ਨਾਲ ਸੰਬੰਧਤ ਸਭ ਕੁਝ, ਭਵਾਨੀਗੜ੍ਹ (ਸੰਗਰੂਰ-ਪਟਿਆਲਾ ਰੋਡ) ਵਿਖੇ ਸਥਿਤ, ਤਹਿਸੀਲ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ, ਜਮ੍ਹਾਂਬੰਦੀ ਸਾਲ 2018-19, ਖੇਤਾ ਨੰ. 746/1068, ਖਸਰਾ ਨੰ. 138//28/1/1 (0-5) ਕੁੱਲ ਖੇਤਰ ਰਕਬਾ 0 ਕਨਾਲ 5 ਮਰਲੇ, ਜਿਸ 'ਚੋਂ 1/2 ਹਿੱਸਾ ਰਕਬਾ 0 ਕਨਾਲ 2.1/2 ਮਰਲਾ, ਜੋ ਕਿ 75 ਵਰਗ ਗਜ਼ ਰਜਿਸਟਰਡ ਬੈਨਾਮਾ ਦਸਤਾਵੇਜ਼ ਨੰ. 2020-21/124/1/23 ਮਿਤੀ 13.05.2020 ਅਨੁਸਾਰ ਅਜੈਬ ਸਿੰਘ ਪੁੱਤਰ ਈਸ਼ਰ ਸਿੰਘ, ਰੁਪਿੰਦਰ ਸਿੰਘ ਅਤੇ ਜੁਝਾਰ ਸਿੰਘ ਪੁੱਤਰ ਸ਼ਮਸ਼ੇਰ ਸਿੰਘ ਦੇ ਨਾਂਅ, ਜਿਸ ਦੀਆਂ ਬੈਨਾਮੇ ਅਨੁਸਾਰ ਹੱਦਾਂ : ਪੂਰਬ : ਕ੍ਰਿਸ਼ਨ ਦਾ ਮਕਾਨ ਬਾਹੀ 15'-10.1/2" +3'-3", ਉੱਤਰ : ਸੜਕ ਬਾਹੀ 24'-1.1/2", ਪੱਛਮ : ਮੁਖਤਿਆਰ ਸਿੰਘ ਬਾਹੀ 30'-10", ਦੱਖਣ : ਪ੍ਰਕਾਸ਼ ਚੰਦ ਬਾਹੀ 27'-10"

**13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 32,02,630/- (ਬੱਤੀ ਲੱਖ ਦੋ ਹਜ਼ਾਰ ਛੇ ਸੌ ਤੀਹ ਰੁਪਏ ਕੇਵਲ)**

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 11 ਨਵੰਬਰ 2025 | 4 ਨਵੰਬਰ 2025 | 26 ਜੂਨ 2026 |

ਮਿਤੀ : 01-07-2026, ਸਥਾਨ : ਪੰਜਾਬ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**DEBTS RECOVERY TRIBUNAL CHANDIGARH(DRT 3)**
**SCO No.33-34-35, Sector-17-A, Chandigarh**
**(Additional space allotted on 3rd & 4th Floor also)**

ਮੁਕੱਦਮਾ ਨੰ. ਓ ਏ/1458/2021

ਕਰਜ਼ਾ ਵਸੂਲੀ ਟ੍ਰਿਬਿਊਨਲ (ਪ੍ਰਕ੍ਰਿਆ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

ਈ ਐੱਕਸ ਐੱਚ ਨੰ. 32278

ਪੰਜਾਬ ਨੈਸ਼ਨਲ ਬੈਂਕ

ਬਨਾਮ

ਮੈਸਰਜ਼ ਨਿਰਭਾਓ ਇੰਟਰਪ੍ਰਾਇਜਿਜ਼ ਇੰਡੀਆ ਅਤੇ ਹੋਰ

ਸੇਵਾ 'ਚ

(1) ਮੈਸਰਜ਼ ਨਿਰਭਾਓ ਇੰਟਰਪ੍ਰਾਇਜਿਜ਼ ਇੰਡੀਆ, ਇੱਕ ਸੋਲ ਪ੍ਰੋਪਰਾਈਟਰ ਜਿਸ ਦਾ ਦਫਤਰ 536/44-2 ਸੀ, ਗੋਬਿੰਦ ਸਿੰਘ ਨਗਰ, ਜਸਪਾਲ ਬਾਂਗਰ ਰੋਡ, ਇੰਡਸਟਰੀਅਲ ਏਰੀਆ-ਸੀ ਢੰਢਾਰੀ ਕਲਾਂ, ਲੁਧਿਆਣਾ ਰਾਹੀਂ ਇਸ ਦੇ ਸੋਲ ਪ੍ਰੋਪਰਾਈਟਰ ਸ੍ਰੀ ਜਸਵਿੰਦਰ ਸਿੰਘ

(2) ਜਸਵਿੰਦਰ ਸਿੰਘ ਪੁੱਤਰ ਸ੍ਰੀ ਕਰਨੈਲ ਸਿੰਘ ਵਾਸੀ ਮਕਾਨ ਨੰ. 3603, ਚੇਤ ਸਿੰਘ ਨਗਰ ਲੁਧਿਆਣਾ-141003

**ਸੰਮਨ**

ਜਦੋਂ ਕਿ ਓ ਏ/1458/2021 ਮਾਣਯੋਗ ਪ੍ਰਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 16.06.2026 ਨੂੰ ਸੂਚੀਬੱਧ ਕੀਤਾ ਗਿਆ ਸੀ।

ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 24,28,560.40/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4) (ਓ ਏ) ਤਹਿਤ ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :

(i) ਸੰਮਨ ਪ੍ਰਾਪਤੀ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।

(ii) ਅਸਲ ਅਰਜ਼ੀ ਦੇ ਲੜੀ ਨੰ. 3 ਏ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐੱਸਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।

(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐੱਸਟਸ ਜਾਂ ਅਜਿਹੇ ਹੋਰ ਐੱਸਟਸ, ਲੰਬਿਤ ਸੁਣਵਾਈ ਅਤੇ ਜਾਇਦਾਦਾਂ ਦੀ ਕੁਰਕੀ ਲਈ ਅਰਜ਼ੀ ਦੇ ਨਿਪਟਾਰੇ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ।

(iv) ਜਿਹੜੀ ਸਕਿਉਰਟੀ 'ਤੇ ਹਿੱਤ ਲਾਗੂ ਹਨ ਜਾਂ ਹੋਰ ਐੱਸਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।

(v) ਸਕਿਉਰਡ ਐੱਸਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐੱਸਟਸ ਅਤੇ ਜਾਇਦਾਦਾਂ ਅਤੇ ਅਜਿਹੇ ਐੱਸਟਸ 'ਤੇ ਸਕਿਉਰਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਆਮਦਨ ਸਾਕਾਰ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੋਗੇ।

ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇਣ ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 29-07-2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।

ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 17-06-2026 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਦੇ ਅਧਿਕਾਰਤ ਅਫਸਰ ਦੇ ਦਸਤਖਤ



CFM ARC thoughtful regeneration

**ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ**

ਸੀ ਆਈ ਐੱਨ : ਯੂ 67100 ਜੀ ਜੇ 2015 ਪੀ ਟੀ ਸੀ 083994

ਪਤਾ : ਪਹਿਲੀ ਮੰਜ਼ਲ, ਵੇਕਫੀਲਡ ਹਾਊਸ, ਸਪਰੌਟ ਰੋਡ, ਬੈਲਾਰਡ ਅਸਟੇਟ, ਮੁੰਬਈ 400038

**ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2021 ਦੇ ਰੂਲ 3(1) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ 2002 ਦੇ ਸੈਕਸ਼ਨ 13(2) ਅਧੀਨ ਡਿਮਾਂਡ ਨੋਟਿਸ**

ਫਿਨੋਵਾ ਕੈਪੀਟਲ ਪ੍ਰਾਈਵੇਟ ਲਿਮਟਿਡ ਨੇ ਮਿਤੀ 28 ਨਵੰਬਰ 2025 ਨੂੰ ਇਕ ਅਸਾਈਨਮੈਂਟ ਡੀਡ ਰਾਹੀਂ ਹੋਰ ਗੱਲਾਂ ਦੇ ਨਾਲ-ਨਾਲ ਤੁਹਾਡੇ ਵੱਲੋਂ/ਸਾਰਿਆਂ ਵੱਲੋਂ ਦੇਣਦਾਰ ਕਰਜ਼ੇ ਨੂੰ ਤੁਹਾਡੇ ਉਪਰੋਕਤ ਕਰਜ਼ਾ ਖਾਤੇ/ਖਾਤਿਆਂ/ਸਮਝੌਤੇ ਦੇ ਸੰਬੰਧ 'ਚ ਇਸ ਦੇ ਸਾਰੇ ਅਧਿਕਾਰਾਂ, ਟਾਈਟਲ, ਹਿੱਤਾਂ, ਲਾਭਾਂ ਦੇ ਨਾਲ ਕਰਜ਼ੇ ਦੀ ਮੁੜ ਅਦਾਇਗੀ ਲਈ ਅਚੱਲ ਜਾਇਦਾਦ/ਜਾਇਦਾਦਾਂ ਦੇ ਸੰਬੰਧ 'ਚ ਬਣਾਏ ਗਏ ਬੁਨਿਆਦੀ ਸਕਿਉਰਟੀ/ਸਕਿਉਰਟੀਜ਼ ਅਤੇ ਸਕਿਉਰਟੀ ਇੰਟਰੈੱਸਟ ਸਮੇਤ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਤਬਦੀਲ ਕਰ ਦਿੱਤਾ ਹੈ। ਹੁਣ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3(1) ਨਾਲ ਪੜ੍ਹੇ ਜਾਂਦੇ ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002, (ਦਾ ਐਕਟ) ਤਹਿਤ ਇਹ ਨੋਟਿਸ ਜਾਰੀ ਕੀਤਾ ਹੈ। ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਧੀਨ ਸੀ ਐੱਫ ਐੱਮ ਐੱਸਟਸ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ("ਸੀ ਐੱਮ ਐਫ ਏ ਆਰ ਸੀ") ਦਾ ਅਧਿਕਾਰਤ ਅਫ਼ਸਰ ਹੈ। ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(2) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਅਧਿਕਾਰਤ ਅਫ਼ਸਰ ਨੇ ਐਕਟ ਦੇ ਸੈਕਸ਼ਨ 13(2) ਤਹਿਤ ਇਕ ਡਿਮਾਂਡ ਨੋਟਿਸ ਜਾਰੀ ਕੀਤਾ ਹੈ ਜਿਸ ਵਿੱਚ ਹੇਠਾਂ ਲਿਖੇ ਕਰਜ਼ਦਾਰਾਂ ਨੂੰ ਉਨ੍ਹਾਂ ਨੂੰ ਡਿਮਾਂਡ ਨੋਟਿਸ 'ਚ ਦਰਸਾਈ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਹੈ ਜੋ ਕਿ ਹੇਠਾਂ ਦਰਸਾਈ ਗਈ ਹੈ। ਉਪਰੋਕਤ ਦੇ ਸੰਬੰਧ 'ਚ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 60 ਦਿਨਾਂ ਦੇ ਅੰਦਰ-ਅੰਦਰ ਹੇਠਾਂ ਦਰਸਾਈਆਂ ਰਕਮਾਂ ਦੀ ਸੀ ਐੱਫ ਐੱਮ ਏ ਆਰ ਸੀ ਨੂੰ ਭੁਗਤਾਨ ਕਰਨ ਲਈ ਇਕ ਵਾਰ ਫਿਰ ਨੋਟਿਸ ਦਿੱਤਾ ਜਾਂਦਾ ਹੈ, ਨਾਲ ਹੀ ਉਕਤ ਡਿਮਾਂਡ ਨੋਟਿਸ ਵਿੱਚ ਦਿੱਤੇ ਗਏ ਵੇਰਵਿਆਂ ਅਨੁਸਾਰ ਹੇਠਾਂ ਦਿੱਤੀ ਗਈ ਮਿਤੀ ਤੋਂ ਭੁਗਤਾਨ/ਜਾਂ ਵਸੂਲੀ ਦੀ ਮਿਤੀ ਤੱਕ ਅਗਲਾ ਵਿਆਜ ਜੋ ਕਿ ਉਕਤ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ ਦੁਆਰਾ ਨਿਸ਼ਪਾਦਤ ਕੀਤੇ ਗਏ ਕਰਜ਼ਾ ਸਮਝੌਤੇ ਅਤੇ ਹੋਰ ਦਸਤਾਵੇਜ਼ਾਂ ਲਿਖਤਾਂ ਦੇ ਤਹਿਤ ਦੇਣਯੋਗ ਹੈ। ਕਰਜ਼ੇ ਦੀ ਸਹੀ ਮੁੜ-ਅਦਾਇਗੀ ਲਈ ਸਕਿਉਰਟੀ ਵਜੋਂ ਹੇਠਾਂ ਦਰਸਾਈਆਂ ਜਾਇਦਾਦਾਂ ਸੰਬੰਧਤ ਕਰਜ਼ਦਾਰ (ਕਰਜ਼ਦਾਰਾਂ) ਦੁਆਰਾ ਸੀ ਐੱਫ ਐੱਮ ਏ ਸੀ ਕੋਲ ਗਹਿਣੇ ਰੱਖੀਆਂ ਗਈਆਂ ਹਨ।

| ਐੱਲ ਏ ਐੱਨ ਨੰਬਰ/ਕਰਜ਼ਦਾਰ/ਸਹਿ-ਕਰਜ਼ਦਾਰ/ਗਿਰਵੀਕਾਰ/ਗਰੰਟਰ ਦਾ ਨਾਂਅ | ਸੈਕਸ਼ਨ 13(2) ਅਧੀਨ ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ | ਜਾਇਦਾਦਾਂ ਦਾ ਵੇਰਵਾ/ਜਾਰੀ ਸਕਿਉਰਡ ਐੱਸਟਸ ਦਾ ਪਤਾ |
|---|---|---|
| ਕਰਜ਼ਾ ਖਾਤਾ ਨੰ. 6034493 : ਅਜੇ ਕੁਮਾਰ (ਕਰਜ਼ਦਾਰ) ਕਾਲੂ ਰਾਮ (ਸਹਿ-ਕਰਜ਼ਦਾਰ/ਰਹਿਣਕਾਰ), ਰਮੇਸ਼ ਰਾਣੀ (ਸਹਿ-ਕਰਜ਼ਦਾਰ), ਟਰੱਸਟ : 200 | 05 ਮਾਰਚ 2026, ਰੁਪਏ 3,34,672/- (ਤਿੰਨ ਲੱਖ ਚੌਂਤੀ ਹਜ਼ਾਰ ਛੇ ਸੌ ਬਹੱਤਰ ਰੁਪਏ ਕੇਵਲ) 13 ਨਵੰਬਰ 2025 ਨੂੰ | ਅਚੱਲ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਰਕਬਾ 13 ਵਰਗ ਫੁੱਟ X 60 ਵਰਗ ਫੁੱਟ=780 ਵਰਗ ਫੁੱਟ 3 ਮਰਲਾ ਜੋ ਕਿ ਕੁੱਲ 18 ਕਨਾਲ 16 ਮਰਲਾ ਦਾ 6/752 ਹਿੱਸਾ, ਰੈਕਟ ਨੰ. 683 (18-16) ਖੇਵਟ ਨੰ. 267, ਖਤੌਨੀ ਨੰ. 360, ਜਮ੍ਹਾਂਬੰਦੀ ਸਾਲ 2015-16, ਗੋਬਿੰਦ ਨਗਰੀ ਅਬੋਹਰ-1 ਵਿਖੇ ਸਥਿਤ, ਤਹਿਸੀਲ ਅਬੋਹਰ, ਜ਼ਿਲ੍ਹਾ ਫਾਜ਼ਿਲਕਾ ਰਕਬਾ 780 ਵਰਗ ਫੁੱਟ। |
| ਕਰਜ਼ਾ ਖਾਤਾ ਨੰ. 6045153 : ਮੁਰਾਰੀ (ਕਰਜ਼ਦਾਰ) ਭਾਵਨਾ ਰਾਣੀ (ਸਹਿ-ਕਰਜ਼ਦਾਰ), ਟਰੱਸਟ : 200 | 05 ਮਾਰਚ 2026, ਰੁਪਏ 3,32,893/- (ਤਿੰਨ ਲੱਖ ਬੱਤੀ ਹਜ਼ਾਰ ਅੱਠ ਸੌ ਤਿਰਆਨਵੇਂ ਰੁਪਏ ਕੇਵਲ) 30 ਨਵੰਬਰ 2025 ਨੂੰ | ਜਾਇਦਾਦ ਨਾਲ ਸੰਬੰਧਤ ਸਭ ਕੁੱਝ ਵਾਕਾ ਰਕਬਾ ਪੀਰਖਾਨਾ ਰੋਡ ਪਿੰਡ ਧੂਰੀ ਦੇ ਅੰਦਰਵਾਰ, ਸੰਗਰੂਰ, ਪੰਜਾਬ 148024, ਰਕਬਾ 382 ਵਰਗ ਫੁੱਟ। |
| ਕਰਜ਼ਾ ਖਾਤਾ ਨੰ. 6056516 : ਹੀਰਾ ਸਿੰਘ (ਕਰਜ਼ਦਾਰ) ਰਾਜਵੰਤ ਕੌਰ (ਸਹਿ-ਕਰਜ਼ਦਾਰ/ਰਹਿਣਕਾਰ), ਸਲਵਿੰਦਰ ਸਿੰਘ (ਗਰੰਟਰ), ਟਰੱਸਟ : 200 | 05 ਮਾਰਚ 2026, ਰੁਪਏ 8,97,926/- (ਅੱਠ ਲੱਖ ਸਤਾਨਵੇਂ ਹਜ਼ਾਰ ਨੌਂ ਸੌ ਛੱਬੀ ਰੁਪਏ ਕੇਵਲ) 30 ਨਵੰਬਰ 2025 ਨੂੰ | ਅਚੱਲ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਖੇਵਟ ਨੰ. 254/246, ਸਾਲਮ ਖੇਵਟ, ਹੱਦਬਸਤ ਨੰ. 328, ਜਮ੍ਹਾਂਬੰਦੀ ਸਾਲ 2018-2019, ਵਾਕਿਆ ਰਕਬਾ ਪਿੰਡ ਬੰਡਾਲਾ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ-152021, ਰਕਬਾ 6806 ਵਰਗ ਫੁੱਟ |
| ਕਰਜ਼ਾ ਖਾਤਾ ਨੰ. 6041103 : ਸਤਨਾਮ ਸਿੰਘ (ਕਰਜ਼ਦਾਰ/ਰਹਿਣਕਾਰ) ਜਸਵੰਤ ਸਿੰਘ (ਸਹਿ-ਕਰਜ਼ਦਾਰ) ਪਰਮਜੀਤ ਕੌਰ (ਸਹਿ-ਕਰਜ਼ਦਾਰ), ਗਗਨਦੀਪ ਸਿੰਘ (ਗਰੰਟਰ), ਟਰੱਸਟ : 200 | 05 ਮਾਰਚ 2026, ਰੁਪਏ 8,85,376/- (ਅੱਠ ਲੱਖ ਪਚਾਸੀ ਹਜ਼ਾਰ ਤਿੰਨ ਸੌ ਛਿਹੱਤਰ ਰੁਪਏ ਕੇਵਲ) 30 ਨਵੰਬਰ 2025 ਨੂੰ | ਅਚੱਲ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਕਿਲਾ ਨੰ. 09, ਖੇਵਟ ਨੰ. 256, ਖਤੌਨੀ ਨੰ. 301, ਹੱਦਬਸਤ ਨੰ. 332 ਵਾਕਿਆ ਦੋਨਾ ਮਟਰ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ-152023, ਰਕਬਾ 430.13 ਵਰਗ ਫੁੱਟ |

ਜੇਕਰ ਉਕਤ ਕਰਜ਼ਦਾਰ ਦੀ ਐੱਫ ਐੱਮ ਆਰ ਸੀ ਦੀ ਉਕਤ ਦਰਸਾਈ ਰਕਮ ਅਦਾ ਕਰਨ 'ਚ ਨਾਕਾਮ ਰਹਿੰਦੇ ਹਨ ਤਾਂ ਸੀ ਐੱਫ ਐੱਮ ਆਰ ਸੀ ਐਕਟ ਦੇ ਸੈਕਸ਼ਨ 13(4) ਅਤੇ ਲਾਗੂ ਨਿਯਮਾਂ ਤਹਿਤ ਉਪਰੋਕਤ ਸਕਿਉਰਡ ਐੱਸਟਸ ਵਿਰੁੱਧ ਕਾਰਵਾਈ ਕਰੇਗਾ, ਜਿਸ ਦੇ ਖਰਚਿਆਂ ਅਤੇ ਨਤੀਜਿਆਂ ਦੀ ਸਾਰੀ ਜ਼ਿੰਮੇਵਾਰੀ ਉਕਤ ਕਰਜ਼ਦਾਰ (ਕਰਜ਼ਦਾਰਾਂ) ਦੀ ਹੋਵੇਗੀ। ਕਰਜ਼ਦਾਰ ਨੂੰ ਐਕਟ ਦੇ ਤਹਿਤ ਸੀ ਐੱਫ ਐੱਮ ਏ ਆਰ ਸੀ ਦੇ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ ਉਕਤ ਜਾਇਦਾਦਾਂ ਨੂੰ ਤਬਦੀਲ ਕਰਨ, ਚਾਹ ਉਹ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਹੋਵੇ, ਦੀ ਮਨਾਹੀ ਹੈ। ਕੋਈ ਵੀ ਵਿਅਕਤੀ ਜੋ ਇਸ ਐਕਟ ਜਾਂ ਇਸ ਤਹਿਤ ਬਣਾਏ ਗਏ ਨਿਯਮਾਂ ਦੇ ਉਪਲਬਧਾਂ ਦੀ ਉਲੰਘਣਾ ਕਰਦਾ ਹੈ ਜਾਂ ਉਲੰਘਣਾ ਲਈ ਉਕਸਾਉਂਦਾ ਹੈ ਤਾਂ ਉਹ ਐਕਟ ਦੇ ਤਹਿਤ ਪ੍ਰਦਾਨ ਕੀਤੀ ਗਈ ਸਜ਼ਾ (ਕੈਦ) ਅਤੇ/ਜਾਂ ਜੁਰਮਾਨੇ ਲਈ ਜੁਆਬਦੇਹ ਹੋਵੇਗਾ।

ਮਿਤੀ : 01 ਜੁਲਾਈ 2026
ਸਥਾਨ : ਪੰਜਾਬ

ਅਧਿਕਾਰਤ ਅਫ਼ਸਰ
ਸੀ ਐੱਫ ਐੱਮ ਐਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
[ਸੀ ਐੱਫ ਐੱਮ ਏ ਆਰ ਸੀ ਟਰੱਸਟ-200 ਦੇ ਟਰੱਸਟੀ ਦੀ ਹੈਸੀਅਤ ਵਜੋਂ ਕਾਰਜਸ਼ੀਲ]

# ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਸਰਕਾਰ 'ਤੇ ਵਾਅਦਾ-ਖ਼ਿਲਾਫ਼ੀ ਦੇ ਦੋਸ਼

**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਮੰਗਾਂ ਨਾ ਮੰਨੇ ਜਾਣ 'ਤੇ ਸਰਕਾਰ ਨੂੰ ਮੁੜ ਸੰਘਰਸ਼ ਦੀ ਚੇਤਾਵਨੀ ਦਿੱਤੀ ਹੈ। ਯੂਨੀਅਨ ਨੇ ਰਾਜ ਸਰਕਾਰ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ 'ਤੇ ਪਿਛਲੀ ਮੀਟਿੰਗ ਦੌਰਾਨ ਮੰਗਾਂ 'ਤੇ ਬਣੀ ਸਹਿਮਤੀ ਤੋਂ ਪਿੱਛੇ

**● 10 ਜੁਲਾਈ ਨੂੰ ਮੁੜ ਸੰਘਰਸ਼ ਤੇਜ਼ ਕਰਨ ਦਾ ਫੈਸਲਾ**

ਹਟਣ ਦੇ ਦੋਸ਼ ਲਗਾਏ ਹਨ। ਏਟਕ ਪੰਜਾਬ ਦੇ ਉਪ ਪ੍ਰਧਾਨ ਵਿਨੋਦ ਚੁੱਘ ਨੇ ਦੱਸਿਆ ਕਿ ਸੇਵਾ ਕੇਂਦਰ ਮੁਲਾਜ਼ਮਾਂ ਨੇ ਠੇਕੇਦਾਰੀ ਪ੍ਰਥਾ ਰੱਦ ਕਰਕੇ ਉਨ੍ਹਾਂ ਨੂੰ ਵਿਭਾਗ ਅਧੀਨ ਲਿਆਉਣ, ਸੇਵਾਵਾਂ ਰੈਗੂਲਰ ਕਰਵਾਉਣ, ਤਨਖਾਹਾਂ 'ਚ ਯੋਗ ਵਾਧਾ ਕਰਕੇ ਘੱਟੋ ਘੱਟ ਉਜਰਤ ਲਾਗੂ ਕਰਨ, ਐਤਵਾਰ ਅਤੇ ਹੋਰ ਸਰਕਾਰੀ ਛੁੱਟੀਆਂ ਦਾ ਲਾਭ ਦੇਣ, ਵਾਧੂ ਡਿਊਟੀ ਲਈ ਓਵਰਟਾਈਮ ਜਾਂ ਟੀ ਏ/ਡੀ ਏ ਦਾ ਭੁਗਤਾਨ ਕਰਨ, ਸਕਿਊਰਟੀ ਗਾਰਡਾਂ ਦੀਆਂ ਰੁਕੀਆਂ ਤਨਖਾਹਾਂ ਤੁਰੰਤ ਜਾਰੀ ਕਰਨ, ਕਰਮਚਾਰੀਆਂ ਨਾਲ ਵਿਤਕਰਾ ਬੰਦ ਕਰਨ ਆਦਿ ਮੰਗਾਂ ਨੂੰ ਲੈ ਕੇ ਲੰਘੇ ਮਹੀਨੇ ਦੀ 26 ਤਰੀਕ ਤੋਂ 9 ਜੂਨ ਤੱਕ ਸੇਵਾ ਕੇਂਦਰਾਂ ਦਾ ਕੰਮ ਠੱਪ ਕਰਕੇ ਹੜਤਾਲ ਕੀਤੀ ਸੀ। 10 ਤਾਰੀਕ ਨੂੰ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਯੂਨੀਅਨ ਦੇ



ਵਫਦ ਨਾਲ ਹੋਈ ਮੀਟਿੰਗ 'ਚ ਸਕਿਊਰਟੀ ਗਾਰਡਾਂ ਦੀਆਂ ਤਿੰਨ ਮਹੀਨੇ ਤੋਂ ਰੁਕੀਆਂ ਤਨਖਾਹਾਂ ਤੁਰੰਤ ਰਲੀਜ਼ ਕਰਨ, ਹੜਤਾਲ ਦੌਰਾਨ 400 ਤੋਂ ਵੱਧ ਕੱਢੇ ਮੁਲਾਜ਼ਮਾਂ ਨੂੰ ਬਹਾਲ ਕਰਨ, ਐਤਵਾਰ ਦੀ ਛੁੱਟੀ ਦੇਣ, ਡੀ ਐਸ ਡੀ ਵਰਕਰਾਂ ਦਾ ਡਿਊਟੀ ਸਮਾਂ 8 ਘੰਟੇ ਕਰਨ, ਹੜਤਾਲ ਦੌਰਾਨ ਮੁਲਾਜ਼ਮਾਂ ਦੀ ਤਨਖਾਹ ਨਾ ਕੱਟਣ ਆਦਿ 'ਤੇ ਸਹਿਮਤੀ ਬਣਨ ਉਪਰੰਤ ਮੁਲਾਜ਼ਮਾਂ ਨੇ ਹੜਤਾਲ ਵਾਪਸ ਲੈ ਲਈ ਸੀ। ਪਰ 19 ਦਿਨ ਬੀਤ ਜਾਣ ਬਾਅਦ ਵੀ ਉਕਤ ਮੰਗਾਂ ਲਾਗੂ ਕਰਨ ਤੋਂ ਸਰਕਾਰ ਇਨਕਾਰੀ ਹੈ। ਸਕਿਊਰਟੀ ਗਾਰਡਾਂ ਨੂੰ ਅਜੇ ਵੀ ਤਨਖਾਹ ਜਾਰੀ ਨਹੀਂ ਕੀਤੀ ਗਈ। ਸੰਘਰਸ਼ ਦੇ ਦਬਾਅ ਸਦਕਾ ਕੱਢੇ ਮੁਲਾਜ਼ਮ ਬਹਾਲ ਤਾਂ ਕਰ ਦਿੱਤੇ ਹਨ, ਪਰ ਉਨ੍ਹਾਂ ਨੂੰ ਕੱਢਣ ਦਾ ਜਾਰੀ ਕੀਤਾ ਪੱਤਰ ਅਜੇ ਤੱਕ ਕੰਪਨੀ ਨੇ ਵਾਪਸ ਨਹੀਂ ਲਿਆ। ਨਾ ਹੀ ਹੜਤਾਲ ਦੌਰਾਨ ਮੁਲਾਜ਼ਮਾਂ ਦੀਆਂ ਗੈਰ ਹਾਜ਼ਰੀਆਂ ਠੀਕ ਕੀਤੀਆਂ ਗਈਆਂ ਹਨ। ਸੇਵਾ ਕੇਂਦਰ ਮੁਲਾਜ਼ਮ ਯੂਨੀਅਨ, ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਸਵਰਨ ਸਿੰਘ, ਉਪ ਪ੍ਰਧਾਨ ਰੀਆ ਠਾਕੁਰ ਤੇ ਸੰਦੀਪ ਸਿੰਘ ਨੇ ਅਫ਼ਸਰਸ਼ਾਹੀ ਅਤੇ ਕੈਬਨਿਟ ਮੰਤਰੀ ਦੇ ਸਟਾਫ਼ 'ਤੇ ਉਨ੍ਹਾਂ ਦਾ ਫੋਨ ਨਾ ਉਠਾਉਣ ਦੇ ਦੋਸ਼ ਲਗਾਏ ਹਨ। ਸਰਕਾਰ ਅਤੇ ਪ੍ਰਸ਼ਾਸਨ ਦੇ ਵਤੀਰੇ ਤੋਂ ਮੁਲਾਜ਼ਮ ਵਰਗ 'ਚ ਗੁੱਸਾ ਹੈ। ਉਨ੍ਹਾਂ ਦੱਸਿਆ ਕਿ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ, ਪੰਜਾਬ ਨੇ ਮੰਗਾਂ ਨਾ ਮੰਨੇ ਜਾਣ 'ਤੇ 10 ਜੁਲਾਈ ਨੂੰ ਮੁੜ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ ਕੀਤਾ ਹੈ।

# ਈਟਾ ਵੱਲੋਂ ਸਿੱਖਿਆ ਸੈਮੀਨਾਰ, ਹੋਣਹਾਰ ਵਿਦਿਆਰਥੀਆਂ ਸਨਮਾਨਤ

**ਅਲਾਵਲਪੁਰ (ਮਦਨ ਬੰਗੜ)**: ਪਿੰਡ ਜੰਡੂ ਸਿੰਘਾ ਵਿਖੇ ਈਟਾ ਵੱਲੋਂ ਚੇਅਰਮੈਨ ਸਤਵਿੰਦਰ ਸੁਨੇਤ ਦੀ ਲਿਖੀ ਕਿਤਾਬ 'ਸਿੱਖਿਆ ਹੀ ਜੀਵਨ' ਵਿਸ਼ੇ 'ਤੇ ਸੈਮੀਨਾਰ ਅਤੇ ਹੋਣਹਾਰ ਵਿਦਿਆਰਥੀਆਂ ਦੇ ਸਨਮਾਨ



ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਜੰਡੂ ਸਿੰਘਾ ਅਤੇ ਆਸ-ਪਾਸ ਦੇ ਪਿੰਡਾਂ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਆਰ. ਕੇ. ਪਵਾਰ ਨੇ ਕਿਹਾ ਕਿ 'ਸਿੱਖਿਆ ਹੀ ਜੀਵਨ' ਹਰ ਵਿਦਿਆਰਥੀ ਅਤੇ ਮਾਪਿਆਂ ਲਈ ਪੜ੍ਹਨਯੋਗ ਕਿਤਾਬ ਹੈ, ਜੋ ਸਿੱਖਿਅਤ ਸਮਾਜ ਦੀ ਸਿਰਜਣਾ ਵਿੱਚ ਅਹਿਮ ਯੋਗਦਾਨ ਪਾ ਸਕਦੀ ਹੈ। ਉਨ੍ਹਾਂ ਈਟਾ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਲੋਕਾਂ ਨੂੰ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ। ਚੇਅਰਮੈਨ ਸਤਵਿੰਦਰ ਸੁਨੇਤ ਨੇ ਸੰਸਥਾ ਦੀ ਸਥਾਪਨਾ, ਸਿੱਖਿਆ ਪ੍ਰਤੀ ਜਾਗਰੂਕਤਾ ਮੁਹਿੰਮ ਅਤੇ ਕਿਤਾਬ ਲਿਖਣ ਦੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਸੇਵਾਮੁਕਤ ਪ੍ਰਿੰਸੀਪਲ ਜਸਵੀਰ ਲਾਲ ਨੇ ਵੀ ਵਿਦਿਆਰਥੀਆਂ ਨੂੰ ਨਵੋਦਿਆ ਸਕੂਲਾਂ ਵਰਗੇ ਮੌਕਿਆਂ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਵਿੱਚ ਸਾਬਕਾ ਸਰਪੰਚ ਬਲਵਿੰਦਰ ਕੁਮਾਰ, ਲੈਂਬਰ ਰਾਮ, ਮਾਸਟਰ ਕਪਿਲ ਦੇਵ, ਵਿਜੈ ਕੁਮਾਰ, ਮਾਸਟਰ ਰਾਮ ਮੂਰਤੀ, ਕਵੀ ਚਰਨ ਦਾਸ ਪਾਲ, ਮਾਸਟਰ ਬਲਜੀਤ ਕੁਮਾਰ, ਮਾਸਟਰ ਸਤੀਸ਼ ਕੁਮਾਰ, ਲੈਕਚਰਾਰ ਸੋਨਜੀਤ ਰਾਹੁਲ ਸਮੇਤ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਸਮਾਰੋਹ ਨੂੰ ਸਫ਼ਲ ਬਣਾਉਣ ਵਿੱਚ ਜਿੰਦਰ ਪਾਲ ਸਰੋਏ, ਕੇਵਲ ਚੰਦ ਪਾਲ, ਦਲਬੀਰ ਚੰਦ, ਕਮਲਜੀਤ ਜੰਡੂ ਸਿੰਘਾ, ਰਾਮ ਲੁਭਾਇਆ, ਕਿਸ਼ਨ ਚੰਦ, ਸੁਰਿੰਦਰ ਕੁਮਾਰ ਸ਼ਿੰਦਾ, ਮਹਿੰਦਰ ਪਾਲ ਬੰਗੜ ਅਤੇ ਰਕੇਸ਼ ਮਾਹੀ ਸਮੇਤ ਹੋਰਨਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ।

# ਰੋਜ਼ਾ ਸ਼ਰੀਫ਼ ਮੰਢਾਲੀ ਮੇਲੇ ਦੇ ਦੂਸਰੇ ਦਿਨ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ

**ਬੰਗਾ (ਅਵਤਾਰ ਕਲੇਰ)**- ਦਰਬਾਰ ਸੱਯਦ ਉੱਲ ਸ਼ੇਖ਼ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਜੀ ਦੀ ਰਹਿਨੁਮਾਈ ਹੇਠ ਮਨਾਇਆ ਜਾ ਰਿਹਾ ਹੈ। ਵੱਖ ਵੱਖ ਦਰਬਾਰਾਂ ਤੋਂ ਸਾਈਂ ਫੱਕਰ ਸ਼ਾਹ ਦਾਦੂਵਾਲ, ਸਾਈਂ ਸੋਢੀ ਸ਼ਾਹ ਲਲਵਾਨ, ਸਾਈਂ ਜੀਤ ਸ਼ਾਹ ਰੁੜਕਾਂ ਕਲਾਂ, ਬੀਬੀ ਮਹਿੰਦਰ ਕੌਰ ਦਰਬਾਰ ਬਾਬਾ ਗੁਲਾਮੀ ਸ਼ਾਹ ਬੰਗਾ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ।ਪੰਜ ਦਿਨਾਂ, ਦਿਨ -ਰਾਤ



ਚੱਲਣ ਵਾਲੇ ਇਸ ਮੇਲੇ ਦੇ ਦੂਸਰੇ ਦਿਨ ਨਾਮਵਰ ਕਲਾਕਾਰਾਂ ਗੁਰਮੇਜ ਮੇਹਲੀ-ਜੈ ਕੌਰ ਜੱਸੀ, ਬਲਵਿੰਦਰ ਬਿੰਦਾ, ਰਮੇਸ਼ ਚੌਹਾਨ, ਕਮਲ ਕਟਾਣੀਆ, ਨਿਰਮਲਜੀਤ, ਸੋਨਾ ਬੈਂਸ, ਮਹਿੰਦਰ ਮਾਧੋਪੁਰੀ-ਬੀਬਾ ਕਵਲਜੀਤ ਕਮਲ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਅਤੇ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ ਜੀ, ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ, ਰੋਸ਼ਨ ਲਾਲ ਸਰਪੰਚ ਕੁਲਥਮ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਹੁਸਨ ਲਾਲ ਜੱਬੋਵਾਲ,ਜਗਜੀਤ ਪੀਟਾ, ਸੋਹਣ ਲਾਲ ਜੱਬੋਵਾਲ ,ਡਾ ਸਤਨਾਮ ਸਿੰਘ ਪਰਸੋਵਾਲ, ਚਰਨਜੀਤ ਰਾਏ, ਸੋਨੂੰ ਜੱਸੋਮਜਾਰਾ, ਡਾ ਜਗਦੀਸ਼ ਮੁਹੰਮਦ,ਗੋਰਾ ਚੱਕ ਪ੍ਰੇਮਾ, ਪੱਪੀ ਅਨੀਹਰ, ਸਨੀ, ਮਨੀ, ਗੱਗੀ, ਹਨੀ, ਜੱਸੀ, ਬੰਟੀ, ਨੂਰ ਮੁਹੰਮਦ,ਸੋਨੀ ਮੰਢਾਲੀ, ਚੰਨੀ ਖੋਥੜਾਂ ਆਦਿ ਹਾਜ਼ਰ ਸਨ।

# ਆਪ ਸਰਕਾਰ ਮੌਕੇ ਹੋਇਆ ਪਿੰਡ ਦਾ ਵਿਕਾਸ : ਸਰਪੰਚ ਅਜੈਬ ਸਿੰਘ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕਲੋਆ ਦਾ ਵਿਕਾਸ ਕਰਨ ਲਈ ਮੈਂ ਬਚਨਬੱਧ ਹਾਂ ਅਤੇ 'ਆਪ' ਸਰਕਾਰ ਮੌਕੇ ਹੋਇਆ ਪਿੰਡ ਦਾ ਵਿਕਾਸ।



ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਰਪੰਚ ਅਜੈਬ ਸਿੰਘ ਨੇ ਸਥਾਨਿਕ ਪੱਤਰਕਾਰਾਂ ਨਾਲ ਕੀਤਾ। ਉਨ੍ਹਾਂ ਕਿਹਾ ਮੌਜੂਦਾ ਸਰਕਾਰ ਦੇ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਵੱਲੋਂ ਦਿੱਤੀਆਂ ਗਰਾਂਟਾਂ ਨਾਲ ਪਿੰਡ ਵਿੱਚ ਬਹੁਤ ਪੁਰਾਣੀਆਂ ਗਲੀਆਂ ਨਾਲੀਆਂ ਨੂੰ ਬਣਾਇਆ ਗਿਆ ਹੈ ਜਿਸ ਕਰਕੇ ਪਿੰਡ ਵਾਸੀ ਬਹੁਤ ਖੁਸ਼ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਿੰਡ ਵਿੱਚ ਨੌਜਵਾਨਾਂ ਲਈ ਜਿੰਮ, ਸਟੇਡੀਅਮ, ਸਟਰੀਟ ਲਾਇਟਾਂ ਅਤੇ ਹੋਰ ਰਹਿੰਦੀਆਂ ਗਲੀਆਂ ਨਾਲੀਆਂ ਨੂੰ ਮੁੱਖ ਰੱਖਦੇ ਹੋਏ ਹੋਰ ਗਰਾਂਟਾਂ ਦਿਤੀਆਂ ਜਾਣ ਤਾਂ ਜੋ ਪਿੰਡ ਦਾ ਵਿਕਾਸ ਹੋ ਸਕੇ। ਇਸ ਮੌਕੇ ਉਨ੍ਹਾਂ ਨਾਲ ਪੰਚ ਦਲਜੀਤ ਸਿੰਘ, ਪਰਮਜੀਤ ਕੌਰ, ਆਗਿਆ ਸਿੰਘ, ਬਲਜਿੰਦਰ ਸਿੰਘ, ਮਧੂ ਬਾਲਾ ਆਦਿ ਹਾਜ਼ਰ ਸਨ।

# ਕੁਲ ਹਿੰਦ ਕਿਸਾਨ ਮਹਾਂਸਭਾ ਦਾ ਕੌਮੀ ਡੈਲੀਗੇਟ ਅਜਲਾਸ 13-14 ਸਤੰਬਰ ਨੂੰ

**ਜਲੰਧਰ (ਰਾਜੇਸ਼ ਥਾਪਾ)**- 'ਜਮਹੂਰੀ ਕਿਸਾਨ ਸਭਾ ਪੰਜਾਬ' ਤੇ 'ਪੰਜਾਬ ਕਿਸਾਨ ਯੂਨੀਅਨ' ਦੇ ਪ੍ਰਮੁੱਖ ਆਗੂਆਂ ਦੀ ਸਾਂਝੀ ਮੀਟਿੰਗ ਨੇ ਫੈਸਲਾ ਲਿਆ ਹੈ ਕਿ ਆਉਣ ਵਾਲੀ 13-14 ਸਤੰਬਰ 2026 ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਇਕ ਸਾਂਝੀ ਕਮੇਟੀ ਵੀ ਚੁਣੀ ਗਈ ਹੈ। ਡਾਕਟਰ ਸਤਨਾਮ ਸਿੰਘ ਅਜਨਾਲਾ ਤੇ ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ 'ਸ਼ਹੀਦ ਸਰਵਣ ਸਿੰਘ ਚੀਮਾ ਭਵਨ ਜਲੰਧਰ' ਵਿਖੇ ਹੋਈ ਉਕਤ ਮੀਟਿੰਗ ਨੂੰ 'ਕੁਲ ਹਿੰਦ ਕਿਸਾਨ ਮਹਾਸਭਾ' ਦੇ



ਹੋਣ ਜਾ ਰਹੇ 'ਕੁਲ ਹਿੰਦ ਕਿਸਾਨ ਮਹਾਸਭਾ' ਦੇ ਕੌਮੀ ਡੈਲੀਗੇਟ ਅਜਲਾਸ ਦੀ ਮੇਜ਼ਬਾਨੀ ਦੋਨੋਂ ਸੰਗਠਨ ਸਾਂਝੇ ਤੌਰ 'ਤੇ ਕਰਨਗੇ। ਮੀਟਿੰਗ 'ਚ ਹਾਜ਼ਰ ਆਗੂਆਂ ਨੇ ਇਹ ਵੀ ਨਿਰਣਾ ਲਿਆ ਗਿਆ ਹੈ ਕਿ ਪਹਿਲੇ ਦਿਨ, 13 ਸਤੰਬਰ ਨੂੰ ਸੂਬਾ ਪੱਧਰ ਦੀ ਵਿਸ਼ਾਲ ਕਿਸਾਨ ਰੈਲੀ ਵੀ ਕੀਤੀ ਜਾਵੇਗੀ। ਅਜਲਾਸ ਦੇ ਸੁਚਾਰੂ ਪ੍ਰਬੰਧ ਤੇ ਵਸੀਲੇ ਜੁਟਾਉਣ ਦੀ ਨਿੱਗਰ ਵਿਉਂਤਬੰਦੀ ਕਰਨ ਲਈ ਪ੍ਰਧਾਨ ਰਾਜਾ ਰਾਮ ਸਿੰਘ (ਮੈਂਬਰ ਪਾਰਲੀਮੈਂਟ) ਨੇ ਸੰਬੋਧਨ ਕੀਤਾ। ਉਪਰੋਕਤ ਹਾਂ-ਪੱਖੀ ਨਿਰਣਿਆਂ ਦੀ ਵਧਾਈ ਦੇਣ ਲਈ ਜਮਹੂਰੀ ਲਹਿਰ ਦੇ ਨਾਮਵਰ ਆਗੂ ਸਾਥੀ ਮੰਗਤ ਰਾਮ ਪਾਸਲਾ ਉਚੇਚੇ ਹਾਜ਼ਰ ਹੋਏ।ਇਹ ਜਾਣਕਾਰੀ ਇੱਥੋਂ ਜਾਰੀ ਇਕ ਬਿਆਨ ਰਾਹੀਂ ਗੁਰਨਾਮ ਸਿੰਘ ਭੀਖੀ ਤੇ ਰਘਬੀਰ ਸਿੰਘ ਬੈਨੀਪਾਲ ਨੇ ਦਿੱਤੀ ਹੈ। ਮੀਟਿੰਗ ਵਲੋਂ ਦੇਸ਼ ਦੀ ਕਿਰਤੀ ਵਸੋਂ, ਖਾਸ ਕਰਕੇ ਕਿਸਾਨੀ ਨੂੰ ਧਰਮ-ਜਾਤੀ, ਭਾਸ਼ਾ-ਖਿੱਤੇ ਆਦਿ ਦੇ ਨਾਂ 'ਤੇ ਵੰਡ ਰਹੀਆਂ ਫਿਰਕ-ਫਾਸ਼ੀ, ਫੁੱਟਪਾਊ ਤਾਕਤਾਂ ਖਿਲਾਫ ਜਦੋਜਹਿਦ ਤਿੱਖੀ ਕਰਨ ਅਤੇ ਦੇਸ਼ ਨੂੰ ਨਵੇਂ ਸਿਰਿਓਂ ਸਾਮਰਾਜੀ ਗੁਲਾਮੀ ਦੀਆਂ ਬੇੜੀਆਂ 'ਚ ਜਕੜਨ ਵਾਲੇ ਵਿਦੇਸ਼ ਵਪਾਰ ਸਮਝੌਤਿਆਂ ਖਿਲਾਫ ਪ੍ਰਚੰਡ ਲੋਕ ਸੰਗਰਾਮ ਵਿੱਢਣ ਦਾ ਨਿਰਣਾ ਲਿਆ ਗਿਆ ਹੈ। ਮੋਦੀ ਸਰਕਾਰ ਵਲੋਂ ਦੇਸ਼ ਦੇ ਅਰਥਚਾਰੇ, ਵਿਸ਼ੇਸ਼ ਤੌਰ 'ਤੇ ਖੇਤੀ-ਕਿਸਾਨੀ ਨੂੰ ਤਬਾਹ ਕਰਨ ਵਾਲੇ ਬਿਜਲੀ ਤੇ ਬੀਜ ਸੋਧ ਬਿੱਲ 2020 ਰੱਦ ਕਰਨ ਅਤੇ ਮਗਨਰੇਗਾ ਐਕਟ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ ਹੈ। ਮੀਟਿੰਗ ਨੇ ਪੰਜਾਬ ਦੇ ਕਿਸਾਨਾਂ-ਖੇਤੀ ਕਾਮਿਆਂ ਨੂੰ ਸੱਦਾ ਦਿੱਤਾ ਹੈ ਕਿ ਸੂਬੇ 'ਚ ਹੋਏ ਹਜ਼ਾਰਾਂ ਕਰੋੜ ਰੁਪਏ ਦੇ ਯੂਰੀਆ ਘੋਟਾਲੇ ਖਿਲਾਫ ਸੜਕਾਂ 'ਤੇ ਨਿੱਤਰਨ। ਸਰਵ ਸਾਥੀ ਰਤਨ ਸਿੰਘ ਰੰਧਾਵਾ, ਸੁਖਦਰਸ਼ਨ ਨੱਤ, ਪਰਗਟ ਸਿੰਘ ਜਾਮਾਰਾਏ, ਗੁਰਨਾਮ ਸਿੰਘ ਦਾਊਦ, ਬਲਵੀਰ ਸਿੰਘ ਮੂਧਲ, ਮਹੀਪਾਲ, ਕਮਲਜੀਤ ਸਿੰਘ, ਮੋਹਨ ਸਿੰਘ ਧਮਾਣਾ, ਅਸ਼ਵਨੀ ਕੁਮਾਰ ਲੱਖਣ ਕੇ ਵੀ ਮੌਜੂਦ ਸਨ।

# ਸੰਗ ਢੇਸੀਆਂ ਦੇ ਵਾਸੀਆਂ ਨੇ ਲਗਾਈ ਛਬੀਲ



**ਗੁਰਾਇਆ (ਬਿੰਦਰ ਸੁਮਨ)**- ਅੱਤ ਦੀ ਗਰਮੀ ਨੂੰ ਦੇਖਦੇ ਹੋਏ ਪਿੰਡ ਸੰਗ ਢੇਸੀਆਂ ਦੇ ਵਾਸੀਆ ਵੱਲੋਂ ਗੁਰਾਇਆ ਰੋਡ ਸੰਗ ਢੇਸੀਆ ਵਿਖੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਛੋਲੇ ਅਤੇ ਕੜਾਹ ਦਾ ਪ੍ਰਸ਼ਾਦ ਵੀ ਵੰਡਿਆ ਗਿਆ।

ਇਸ ਮੌਕੇ ਸੇਵਾਦਾਰਾ ਨੇ ਬੜੇ ਹੀ ਸਤਿਕਾਰ ਸਾਹਿਤ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਠੰਡਾ ਮਿੱਠਾ ਜਲ ਛਕਾਇਆ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਭਲਵਿੰਦਰ ਕੌਰ (ਸੰਗ ਢੇਸੀਆਂ) ਅਤੇ ਯੂਥ ਕਾਂਗਰਸ ਜ਼ਿਲਾ ਜਲੰਧਰ ਦਿਹਾਤੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਚੱਢਾ (ਸੰਗ ਢੇਸੀਆਂ) ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਕੇ ਸੇਵਾ ਕੀਤੀ ਅਤੇ ਸੰਗਤਾਂ ਨੂੰ ਠੰਡਾ ਮਿੱਠਾ ਜਲ ਛਕਾਇਆ।

## ਲੈਕਚਰਾਰਾਂ ਦੀ ਭਰਤੀ 'ਚ ਰਾਖਵਾਂਕਰਨ ਖਤਮ ਕਰਨ ਦਾ ਫ਼ੈਸਲਾ ਨਿੰਦਣਯੋਗ : ਪੀਯੂਸ਼

**ਫਿਲੌਰ (ਨਿਰਮਲ)**- ਬਲਾਕ ਯੂਥ ਕਾਂਗਰਸ ਦੇ ਵਾਈਸ ਪ੍ਰਧਾਨ ਪੀਯੂਸ਼ ਨੇ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਜਾਰੀ ਕੀਤੀ ਗਈ ਲੈਕਚਰਾਰਾਂ ਦੀ ਭਰਤੀ ਸਬੰਧੀ ਇਸ਼ਤਿਹਾਰ ਵਿੱਚ ਐੱਸ ਸੀ ਤੇ ਓ ਬੀ ਸੀ ਵਰਗਾਂ ਲਈ ਰਾਖਵਾਂਕਰਨ ਨੂੰ ਖਤਮ ਕੀਤੇ ਜਾਣ ਦੀ ਸਖ਼ਤ ਨਿੰਦਾ ਕੀਤੀ ਹੈ।ਪੀਯੂਸ਼ ਨੇ ਕਿਹਾ ਕਿ ਰਾਖਵਾਂਕਰਨ ਭਾਰਤ ਦੇ ਸੰਵਿਧਾਨ ਵੱਲੋਂ ਸਮਾਜਿਕ ਨਿਆਂ ਅਤੇ ਬਰਾਬਰੀ ਨੂੰ ਯਕੀਨੀ ਬਣਾਉਣ ਲਈ ਦਿੱਤਾ ਗਿਆ ਸੰਵਿਧਾਨਕ ਅਧਿਕਾਰ ਹੈ। ਕਿਸੇ ਵੀ ਭਰਤੀ ਪ੍ਰਕਿਰਿਆ ਵਿੱਚ ਐੱਸ ਸੀ. ਅਤੇ ਓ.ਬੀ.ਸੀ. ਵਰਗਾਂ ਦੇ ਬਣਦੇ ਰਾਖਵਾਂਕਰਨ ਨੂੰ ਖਤਮ ਕਰਨਾ ਸੰਵਿਧਾਨ ਦੀ ਭਾਵਨਾ ਦੇ ਉਲਟ ਹੈ ਅਤੇ ਲੱਖਾਂ ਨੌਜਵਾਨਾਂ ਦੇ ਹੱਕਾਂ ਨਾਲ ਖਿਲਵਾੜ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਲੈਕਚਰਾਰਾਂ ਦੀ ਭਰਤੀ ਸਬੰਧੀ ਜਾਰੀ ਕੀਤਾ ਗਿਆ ਮੌਜੂਦਾ ਇਸ਼ਤਿਹਾਰ ਤੁਰੰਤ ਵਾਪਸ ਲਿਆ ਜਾਵੇ ਅਤੇ ਨਵਾਂ ਇਸ਼ਤਿਹਾਰ ਜਾਰੀ ਕਰਕੇ ਐੱਸ ਸੀ ਤੇ ਓ ਬੀ ਸੀ ਵਰਗਾਂ ਨੂੰ ਸੰਵਿਧਾਨ ਅਤੇ ਰਾਖਵਾਂਕਰਨ ਨੀਤੀ ਅਨੁਸਾਰ ਬਣਦਾ ਰਾਖਵਾਂਕਰਨ ਦਿੱਤਾ ਜਾਵੇ, ਤਾਂ ਜੋ ਹਰ ਵਰਗ ਦੇ ਯੋਗ ਉਮੀਦਵਾਰਾਂ ਨੂੰ ਬਰਾਬਰ ਦੇ ਮੌਕੇ ਮਿਲ ਸਕਣ।



## ਪ੍ਰਤਾਪ ਪਾਰਸ ਗੁਰਦਾਸਪੁਰੀ ਨਾਲ ਰੂਬਰੂ ਤੇ ਕਵੀ ਦਰਬਾਰ

**ਮੋਹਾਲੀ (ਸੁਰਜੀਤ ਸੁਮਨ)** ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਦੀ ਮਾਸਿਕ ਇਕੱਤਰਤਾ ਰੋਟਰੀ ਭਵਨ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਡਾ. ਗੁਰਦੇਵ ਸਿੰਘ ਗਿੱਲ ਨੇ ਕੀਤੀ। ਡਾ. ਹਰਬੰਸ ਕੌਰ ਗਿੱਲ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਸ਼ੁਰੂ ਵਿਚ ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਸਭ ਨੂੰ ਜੀ ਆਇਆਂ ਆਖਿਆ ਅਤੇ ਜੁਲਾਈ ਮਹੀਨੇ ਦੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਫਿਰ ਪ੍ਰਤਾਪ ਪਾਰਸ ਗੁਰਦਾਸਪੁਰੀ ਦਰਸ਼ਕਾਂ ਦੇ ਰੂਬਰੂ ਹੋਏ। ਉਹਨਾਂ ਆਪਣੇ ਜੀਵਨ ਦੀਆਂ ਮਹਤੱਵਪੂਰਨ ਘਟਨਾਵਾਂ ਅਤੇ ਸਾਹਿਤਕ ਯੋਗਦਾਨ ਬਾਰੇ ਦਰਸ਼ਕਾਂ ਨਾਲ ਸਾਂਝ ਪਾਈ। ਰਾਜਵਿੰਦਰ ਸਿੰਘ ਗੱਡੂ ਦੀ ਕਵਿਤਾ ਨਾਲ ਕਵੀ-ਦਰਬਾਰ ਦੀ ਸ਼ੁਰੂਆਤ ਹੋਈ। ਜਸਪਾਲ ਦੇਸੂਵੀ, ਪਰਮਜੀਤ ਪਰਮ, ਭਗਤ ਰਾਮ ਰੰਗਾੜਾ, ਬਾਬੂ ਰਾਮ ਦੀਵਾਨਾ, ਪਿਆਰਾ ਸਿੰਘ ਰਾਹੀ, ਡਾ. ਅਨਿਲ ਬਹਿਲ, ਬਲਵਿੰਦਰ ਸਿੰਘ ਢਿੱਲੋਂ, ਮਨਜੀਤ ਪਾਲ ਸਿੰਘ, ਗੁਰਚਰਨ ਸਿੰਘ, ਰਜਿੰਦਰ ਧੀਮਾਨ, ਸਵਰਨ ਜੀਤ ਸਿੰਘ, ਪਰਵਿੰਦਰ ਸਿੰਘ ਅਜੀਜ, ਚਰਨਜੀਤ ਕਲੇਰ, ਹਰਜੀਤ ਸਿੰਘ ਨੇ ਪੰਜਾਬ ਦੇ ਹਾਲਾਤ ਬਾਰੇ ਕਵਿਤਾਵਾਂ ਸੁਣਾਈਆਂ।ਇਸ ਮੌਕੇ ਭਰਪੂਰ ਸਿੰਘ, ਲਾਭ ਸਿੰਘ ਲਹਿਲੀ, ਗੁਰਦਾਸ ਸਿੰਘ ਦਾਸ, ਕਰਨੈਲ ਸਿੰਘ, ਰਤਨ ਬਾਬਕਵਾਲਾ, ਮੰਦਰ ਗਿੱਲ ਸਾਹਿਬਚੰਦੀਆ, ਰਾਣੀ ਸੁਮਨ, ਬਹਾਦਰ ਸਿੰਘ ਗੋਸਲ, ਸਰਬਜੀਤ ਪੱਡਾ, ਈਸ਼ਰ ਸਿੰਘ ਲੰਭਵਾਲੀ, ਦਰਸ਼ਨ ਤਿਉਣਾ, ਮਲਕੀਤ ਨਾਗਰਾ, ਛੋਟੇ ਬੱਚੇ ਗੁਰਨਾਜ ਸਿੰਘ (ਤਬਲੇ ਨਾਲ) ਨੇ ਸਮਾਜਿਕ ਸਰੋਕਾਰ ਵਾਲੇ ਗੀਤ ਪੇਸ਼ ਕੀਤੇ। ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਡਾ. ਗੁਰਦੇਵ ਸਿੰਘ ਗਿੱਲ ਨੇ ਕਿਹਾ ਕਿ ਅਜਿਹੀਆਂ ਮਹਿਫਲਾਂ ਭਾਈਚਾਰੇ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਬੜਾ ਕੁਝ ਸਿੱਖਣ ਨੂੰ ਮਿਲਦਾ ਹੈ। ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਸਭ ਦਾ ਧੰਨਵਾਦ ਕਰਦੇ ਹੋਏ ਲੇਖਕਾਂ ਨੂੰ ਸਮੇਂ ਦੇ ਹਾਣ ਦਾ ਲਿਖਣ ਦੀ ਅਪੀਲ ਕੀਤੀ। ਮੰਚ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਬੜੇ ਸੁਚਜਮਈ ਢੰਗ ਨਾਲ ਕੀਤਾ।



# ਧਰਮਿੰਦਰ ਪ੍ਰਧਾਨ ਅਸਤੀਫਾ ਦੇਣ : ਪਰਗਟ ਸਿੰਘ

**ਹੁਸ਼ਿਆਰਪੁਰ (ਓ ਪੀ ਰਾਣਾ)**- ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਵਿਧਾਇਕ ਪਰਗਟ ਸਿੰਘ ਨੇ ਨੀਟ ਘੁਟਾਲੇ ਅਤੇ ਪੇਪਰ ਲੀਕ ਕਾਰਨ ਰਾਸ਼ਟਰੀ ਪ੍ਰੀਖਿਆ ਪ੍ਰਣਾਲੀ ਦੇ ਪੂਰੀ ਤਰ੍ਹਾਂ ਢਹਿ ਜਾਣ 'ਤੇ ਹੁਸ਼ਿਆਰਪੁਰ ਵਿੱਚ ਕੇਂਦਰ ਸਰਕਾਰ 'ਤੇ ਤਿੱਖੇ ਹਮਲੇ ਕੀਤੇ। ਇਥੇ ਸਥਾਨਕ ਹੋਟਲ ਵਿੱਚ ਜ਼ਿਲਾ ਕਾਂਗਰਸ ਵਲੋਂ ਰੱਖੀ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਦੇ ਸਵਾਲਾਂ ਦੇ ਜਬਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਰਾਸ਼ਟਰੀ ਟੈਸਟਿੰਗ ਏਜੰਸੀ ਐਨ ਟੀ ਏ ਆਪਣੀ ਮੁੱਢਲੀ ਜ਼ਿੰਮੇਵਾਰੀ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ, ਜਿਸ ਕਾਰਨ ਨੀਟ ਯੂ ਜੀ,ਯੂ ਜੀ ਸੀ ਅਤੇ ਯੂ ਜੀ ਸੀ ਨੈੱਟ ਵਰਗੀਆਂ ਕਈ ਰਾਸ਼ਟਰੀ ਪ੍ਰੀਖਿਆਵਾਂ ਲੀਕ ਹੋਈਆਂ ਅਤੇ ਰੱਦ ਕੀਤੀਆਂ ਗਈਆਂ।ਵਿਧਾਇਕ ਪਰਗਟ ਸਿੰਘ ਨੇ ਤਿੰਨ ਮੁੱਖ ਮੰਗਾਂ ਸੰਬੰਧੀ ਸਪਸ਼ਟ ਕਰਦਿਆਂ ਕਿਹਾ ਕਿ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੁਰੰਤ ਆਪਣੇ ਅਹੁਦੇ ਤੋਂ ਅਸਤੀਫਾ ਦੇਣ, ਪੇਪਰ ਲੀਕ ਮਾਫੀਆ ਨਾਲ ਉਨ੍ਹਾਂ ਦੇ ਸੰਭਾਵਿਤ ਸਬੰਧਾਂ ਦੀ ਜਾਂਚ ਕੀਤੀ ਜਾਣੀ ਚਾਹੀਦੀ ਹੈ ਅਤੇ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰ ਕੀਤੇ ਜਾਣੇ ਚਾਹੀਦੇ ਹਨ , ਪੇਪਰ ਲੀਕ ਨਹੀਂ ਹੋਣੇ ਚਾਹੀਦੇ। ਪ੍ਰਗਟ ਸਿੰਘ ਨੇ ਕਿਹਾ ਕਿ ਨੀਟ ਯੂ ਜੀ ਅਤੇ ਯੂ ਜੀ ਸੀ ਨੈੱਟ



ਵਰਗੀਆਂ ਪ੍ਰੀਖਿਆਵਾਂ ਅਤੇ ਭਰਤੀਆਂ ਲਈ ਇੱਕ ਨਿਸ਼ਚਿਤ ਸਾਲਾਨਾ ਕੈਲੰਡਰ ਲਾਗੂ ਕੀਤਾ ਜਾਣਾ ਚਾਹੀਦਾ ਹੈ, ਜਿਸ ਵਿੱਚ ਪ੍ਰੀਖਿਆ ਦੀਆਂ ਤਰੀਕਾਂ, ਨਤੀਜੇ ਦੀਆਂ ਤਰੀਕਾਂ ਅਤੇ ਨਿਯੁਕਤੀ ਦੀ ਆਖਰੀ ਮਿਤੀ ਪਹਿਲਾਂ ਤੋਂ ਐਲਾਨ ਕੀਤੀ ਜਾਣੀ ਚਾਹੀਦੀ ਹੈ। ਪਰਗਟ ਸਿੰਘ ਨੇ ਕਿਹਾ ਕਿ 2.2 ਮਿਲੀਅਨ ਤੋਂ ਵੱਧ ਪਰਵਾਰ ਸਮੂਹਿਕ ਤੌਰ 'ਤੇ ਸਿਰਫ਼ ਨੀਟ ਪ੍ਰੀਖਿਆ 'ਤੇ ਸਾਲਾਨਾ ਲਗਭਗ ?1.32 ਲੱਖ ਕਰੋੜ ਖਰਚ ਕਰ ਰਹੇ ਹਨ। ਜਦੋਂ ਕਿ ਸਾਡੇ ਦੇਸ਼ ਦਾ ਸਾਲਾਨਾ ਸਿੱਖਿਆ ਬਜਟ 1.40 ਲੱਖ ਕਰੋੜ ਹੈ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਨੀਟ ਦੀ ਤਿਆਰੀ 'ਤੇ ਓਨਾ ਹੀ ਪੈਸਾ ਖਰਚ ਕਰ ਰਹੇ ਹਨ ਜਿੰਨਾ ਹਰ ਸਾਲ ਸਿੱਖਿਆ 'ਤੇ ਖਰਚ ਕੀਤੇ ਜਾਂਦੇ ਬਜਟ 'ਤੇ।ਉਨ੍ਹਾਂ ਖੁਲਾਸਾ ਕੀਤਾ ਕਿ ਨੀਟ ਵਰਗੀਆਂ ਪ੍ਰੀਖਿਆਵਾਂ ਰੁਜ਼ਗਾਰ ਦੀ ਗਰੰਟੀਸ਼ੁਦਾ ਨੌਕਰੀ ਦਾ ਵਾਅਦਾ ਕਰਦੀਆਂ ਹਨ, ਪਰ ਅਸਲੀਅਤ ਇਹ ਹੈ ਕਿ ਹਰ 1,000 ਵਿਦਿਆਰਥੀਆਂ ਵਿੱਚੋਂ, ਸਿਰਫ਼ 12 ਹੀ ਸਥਾਈ, ਤਨਖਾਹ ਵਾਲੀਆਂ ਨੌਕਰੀਆਂ ਪ੍ਰਾਪਤ ਕਰਨ ਦੇ ਯੋਗ ਹੁੰਦੇ ਹਨ। ਇੱਥੋਂ ਤੱਕ ਕਿ 80% ਆਈ ਆਈ ਟੀ ਗ੍ਰੈਜੂਏਟ ਵੀ ਰੁਜ਼ਗਾਰ ਲੱਭਣ ਲਈ ਸੰਘਰਸ਼ ਕਰਦੇ ਹਨ। ਇਸ ਮੌਕੇ ਸਾਬਕਾ ਮੰਤਰੀ ਸੁੰਦਰ ਸ਼ਾਮ ਅਰੋੜਾ, ਜ਼ਿਲ੍ਹਾ ਕਾਂਗਰਸ ਪ੍ਰਧਾਨ ਦਲਜੀਤ ਸਿੰਘ ਗਿਲਜੀਆਂ, ਸਾਬਕਾ ਵਿਧਾਇਕ ਪਵਨ ਕੁਮਾਰ ਆਦੀਆ, ਸਾਬਕਾ ਵਿਧਾਇਕ ਇੰਦੂ ਬਾਲਾ, ਸਾਬਕਾ ਯੂਥ ਪ੍ਰਧਾਨ ਅਮਰਪ੍ਰੀਤ ਸਿੰਘ ਲਾਲੀ, ਯਾਮਿਨੀ ਗੋਮਰ, ਐਡਵੋਕੇਟ ਰੋਹਿਤ ਜੋਸ਼ੀ, ਅਮਰਪਾਲ ਕਾਕਾ, ਨਵੀ ਗੇਹਲ, ਸਰਵਣ ਸਿੰਘ ਅਤੇ ਨਰਵੀਰ ਨੰਦੀ ਵੀ ਮੌਜੂਦ ਸਨ।

# ਨੌਜਵਾਨ ਵਰਗ ਵਿਦਿਆ ਪ੍ਰਾਪਤੀ ਦੇ ਨਾਲ ਸਮਾਜ ਸੇਵਾ 'ਚ ਵੱਡਮੁੱਲਾ ਯੋਗਦਾਨ ਪਾ ਸਕਦਾ : ਪ੍ਰੋ. ਸੁਨੇਤ

**ਹੁਸ਼ਿਆਰਪੁਰ (ਬਲਵੀਰ ਸੈਣੀ)**- ਵਿਦਿਆਰਥੀ ਵਰਗ ਨੂੰ ਵਿਦਿਆ ਪ੍ਰਾਪਤ ਕਰਨ ਦੇ ਨਾਲ ਨਾਲ ਸਮਾਜਿਕ ਭਲਾਈ ਦੇ ਕਾਰਜਾਂ ਨਾਲ ਜੁੜਨ ਆਪਣੇ ਆਸ ਪਾਸ ਦੇ ਸਮਾਜ ਅਤੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਲੋਕਾਂ ਨਾਲ ਵਿਚਾਰ ਵਟਾਂਦਰੇ ਕਰਨ, ਗਰੀਬ ਪਰਿਵਾਰਾਂ ਦੀ ਮਦਦ ਕਰਨ ਉਨ੍ਹਾਂ ਨੂੰ ਵਿਦਿਆ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨ, ਸਮਾਜ ਵਿਚ ਖੂਨ ਦਾਨ, ਨੇਤਰ ਦਾਨ ਅਤੇ ਅੰਗ ਦਾਨ ਦੀ ਮਹੱਤਤਾ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਸਰਕਾਰੀ ਕਾਲਜ ਹੁਸ਼ਿਆਰਪੁਰ ਵੱਲੋਂ ਉਘੀ ਸਮਾਜ ਸੇਵੀ ਸੰਸਥਾ ਨੇਤਰ ਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਨਾਲ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ ਹਨ। ਇਸ ਮੁਹਿਮ ਤਹਿਤ ਵਿਦਿਆਰਥੀਆਂ ਦੀ ਵਿਸ਼ੇਸ਼ ਟੀਮ ਵੱਲੋਂ ਭਾਈ ਘਨ੍ਹਈਆ ਜੀ ਚੈਰੀਟੇਬਲ ਬਲੱਡ ਬੈਂਕ ਵਿਖੇ ਪਹੁੰਚੀ। ਇਸ ਮੌਕੇ ਤੇ ਪ੍ਰੋਫਸਰ ਬਹਾਦਰ ਸਿੰਘ ਸੁਨੇਤ ਜਿਹਨਾਂ ਨੂੰ ਆਪਣੇ ਵਿਦਿਆਰਥੀ ਸਮੇਂ ਤੋਂ ਹੀ ਖੂਨ-ਦਾਨ ਸੇਵਾ ਅਤੇ ਹੋਰ ਸਮਾਜਿਕ ਕਾਰਜਾਂ ਨਾਲ ਜੁੜਨ ਦਾ ਸੁਭਾਗ ਪ੍ਰਾਪਤ ਹੋਇਆ ਵੱਲੋਂ ਖੂਨ-ਦਾਨ ਕਰਨ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ।



ਖੂਨ-ਦਾਨ ਜੀਵਨ ਦਾਨ ਮਹੱਤਤਾ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਖੂਨ-ਦਾਨ ਕਰਨ ਦੀ ਪ੍ਰਕਿਰਿਆ ਸਬੰਧੀ ਜਾਣਕਾਰੀ ਸਾਂਝੀ ਕੀਤੀ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੂਨ-ਦਾਨ ਲਈ ਪ੍ਰੇਰਿਤ ਕੀਤਾ ਅਤੇ ਸਮਾਜ ਸੇਵਾ ਵਿੱਚ ਆਪਣੇ ਤਜ਼ਰਬੇ ਵੀ ਸਾਂਝੇ ਕੀਤੇ। ਇਸ ਮੌਕੇ ਤੇ ਕਾਲਜ ਦੀ ਵਿਦਿਆਰਥਣ ਜਸਪ੍ਰੀਤ ਕੌਰ ਨਿਵਾਸੀ ਪਿੰਡ ਨੰਗਲ ਫ਼ਿਦਾ ਨੇੜੇ ਆਦਮਪੁਰ ਵੱਲੋਂ ਖੂਨ-ਦਾਨ ਕੀਤਾ ਗਿਆ।

ਇਸ ਮੌਕੇ ਤੇ ਭਾਈ ਘਨ੍ਹਈਆ ਜੀ ਚੈਰੀਟੇਬਲ ਬਲੱਡ ਬੈਂਕ ਦੇ ਪ੍ਰਧਾਨ ਜਸਦੀਪ ਸਿੰਘ ਪਾਹਵਾ, ਨੇਤਰ ਦਾਨ ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ, ਮਨਮੋਹਨ ਸਿੰਘ ਸਰਪ੍ਰਸਤ, ਉਪ ਪ੍ਰਧਾਨ ਗੁਰਪ੍ਰੀਤ ਸਿੰਘ, ਪ੍ਰੇਮ ਸੈਣੀ, ਜਤਿੰਦਰ ਕੌਰ, ਕੁਮ ਕੁਮ ਸੂਦ, ਦਿਲਬਾਗ ਸਿੰਘ, ਕਾਲਜ ਕੋਆਰਡੀਨੇਟਰ ਪ੍ਰੋ. ਪਲਵਿੰਦਰ ਕੌਰ ਵੱਲੋਂ ਖੂਨ-ਦਾਨ ਕਰਨ ਵਾਲੀ ਵਿਦਿਆਰਥਣ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

## ਸਿਹਤ ਟੀਮਾਂ ਨੇ ਘਰ-ਘਰ ਜਾ ਕੇ ਪਿਲਾਈਆਂ ਪੋਲੀਓ ਰੋਕੂ ਬੂੰਦਾਂ

**ਖਰੜ (ਹਰਨਾਮ ਸਿੰਘ ਡੱਲਾ)**- ਤਿੰਨ ਰੋਜ਼ਾ ਪਲਸ ਪੋਲੀਓ ਮੁਹਿੰਮ ਦੇ ਦੂਜੇ ਦਿਨ ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਅਧੀਨ ਸਿਹਤ ਟੀਮਾਂ ਨੇ ਘਰ-ਘਰ ਜਾ ਕੇ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਲਾਉਣ ਦਾ ਕੰਮ ਜਾਰੀ ਰੱਖਿਆ।ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਮੁਹਿੰਮ ਦਾ ਜਾਇਜ਼ਾ ਲਿਆ। ਉਨ੍ਹਾਂ ਸਿਹਤ ਟੀਮਾਂ ਦੀ ਕਾਰਗੁਜ਼ਾਰੀ ਦੀ ਨਿਗਰਾਨੀ ਕੀਤੀ ਅਤੇ ਇਹ ਯਕੀਨੀ ਬਣਾਉਣ ਲਈ ਹਦਾਇਤਾਂ ਦਿੱਤੀਆਂ ਕਿ ਕੋਈ ਵੀ ਯੋਗ ਬੱਚਾ ਪੋਲੀਓ ਦੀਆਂ ਬੂੰਦਾਂ ਤੋਂ ਵਾਂਝਾ ਨਾ ਰਹਿ ਜਾਵੇ। ਡਾ. ਅਲਕਜੋਤ ਕੌਰ ਨੇ ਕਿਹਾ ਕਿ ਪੋਲੀਓ ਵਰਗੀ ਅਪਾਹਜਤਾ ਪੈਦਾ ਕਰਨ ਵਾਲੀ ਬਿਮਾਰੀ ਤੋਂ ਬੱਚਿਆਂ ਦੀ ਸੁਰੱਖਿਆ ਲਈ ਹਰ ਬੱਚੇ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਕਾਰਨ ਉਨ੍ਹਾਂ ਦਾ ਬੱਚਾ ਅਜੇ ਤੱਕ ਦਵਾਈ ਪੀਣ ਤੋਂ ਰਹਿ ਗਿਆ ਹੈ ਤਾਂ ਉਹ ਸਿਹਤ ਟੀਮਾਂ ਨਾਲ ਸੰਪਰਕ ਕਰਕੇ ਆਪਣੇ ਬੱਚੇ ਨੂੰ ਜ਼ਰੂਰ ਪੋਲੀਓ ਰੋਕੂ ਬੂੰਦਾਂ ਪਿਲਾਉਣ।



## ਫਿਲੌਰ ਦੇ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰਦੇ ਰਹਾਂਗੇ : ਲੋਹਟੀਆ

**ਗੁਰਾਇਆ (ਬਿੰਦਰ ਸੁਮਨ)**- ਹਰਜੋਤ ਕੌਰ ਲੋਹਟੀਆ ਨੇ ਹਲਕੇ ਦੇ ਲੋਕਾਂ ਵੱਲੋਂ ਮਿਲ ਰਹੇ ਪਿਆਰ, ਸਤਿਕਾਰ ਅਤੇ ਅਸ਼ੀਰਵਾਦ ਲਈ ਸਮੂਹ ਫਿਲੌਰ ਵਾਸੀਆਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਲਕੇ ਦੇ ਲੋਕਾਂ ਦੀ



ਸੇਵਾ, ਵਿਕਾਸ ਅਤੇ ਭਲਾਈ ਲਈ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਕੰਮ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਪਿਆਰ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ ਅਤੇ ਇਹੀ ਉਨ੍ਹਾਂ ਨੂੰ ਹਰ ਸਮੇਂ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਫਿਲੌਰ ਹਲਕੇ ਦੇ ਲੋਕਾਂ ਨੇ ਜੋ ਵਿਸ਼ਵਾਸ ਅਤੇ ਸਨੇਹਾ ਉਨ੍ਹਾਂ 'ਤੇ ਜਤਾਇਆ ਹੈ, ਉਹ ਉਸ ਨੂੰ ਆਪਣੀ ਸਭ ਤੋਂ ਵੱਡੀ ਜ਼ਿੰਮੇਵਾਰੀ ਸਮਝਦੇ ਹਨ। ਉਨ੍ਹਾਂ ਦਾ ਮਕਸਦ ਸਿਰਫ਼ ਲੋਕਾਂ ਨਾਲ ਜੁੜੇ ਰਹਿਣਾ ਹੀ ਨਹੀਂ, ਸਗੋਂ ਹਲਕੇ ਦੇ ਹਰ ਪਿੰਡ ਅਤੇ ਹਰ ਵਾਰਡ ਤੱਕ ਵਿਕਾਸ ਦੀ ਰੌਸ਼ਨੀ ਪਹੁੰਚਾਉਣਾ ਹੈ। ਉਨ੍ਹਾਂ ਨੇ ਹਲਕੇ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਹ ਹਰ ਸਮੇਂ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ ਅਤੇ ਲੋਕਾਂ ਦੀਆਂ ਉਮੀਦਾਂ ਅਨੁਸਾਰ ਸੇਵਾ ਦੇ ਰਾਹ 'ਤੇ ਅੱਗੇ ਵਧਦੇ ਰਹਿਣਗੇ। ਇਸ ਮੌਕੇ ਸੰਗਠਨ ਇੰਚਾਰਜ ਸੰਜੇ ਅਟਵਾਲ, ਰੋਸ਼ਨ ਲਾਲ ਰੋਸ਼ੀ ਚੇਅਰਮੈਨ ਮਾਰਕਿਟ ਕਮੇਟੀ ਫਿਲੌਰ, ਬਲਾਕ ਪ੍ਰਧਾਨ ਹਰਦੀਪ ਗੋਹਾਵਰ, ਗੌਰਵ ਬਾਵਾ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ, ਬਲਾਕ ਪ੍ਰਧਾਨ ਮਨਦੀਪ ਕੁਮਾਰ, ਸਰਪੰਚ ਗੁਰਦੀਪ ਸਿੰਘ, ਚੇਅਰਮੈਨ ਨਾਮਧਾਰੀ ਜਸਵੀਰ ਸਿੰਘ, ਪੰਚ ਸੋਨੂੰ ਦਦਰਾ, ਪੰਚ ਜਗਤਾਰ ਸਿੰਘ, ਪੰਚ ਸੋਮ ਲਾਲ, ਪੰਚ ਜੋਤੀ, ਲੰਬੜਦਾਰ ਜਗਦੀਸ਼ ਕੌਰ, ਬਹਾਦਰ ਕੈਲੇ, ਜਗਦੀਸ਼ ਸਿੰਘ, ਪਰਮਿੰਦਰ ਮਾਹਲ, ਮੀਡੀਆ ਕੋਆਰਡੀਨੇਟਰ ਮਨਦੀਪ ਸਿੰਘ, ਹੋਰ ਬੀਬੀਆਂ ਭੈਣਾਂ ਤੇ ਬਜ਼ੁਰਗ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਰਿਆਤ ਬਾਹਰਾ ਗਰੁੱਪ ਵੱਲੋਂ ਗੁਰਦੁਆਰਾ ਬਾਬਾ ਦੀਪ ਸਿੰਘ ਸੋਲਖੀਆਂ ਨੂੰ ਬੱਸ ਭੇਟ

**ਮੋਹਾਲੀ (ਗੁਰਜੀਤ ਬਿੱਲਾ)**- ਸਮਾਜਿਕ ਜ਼ਿੰਮੇਵਾਰੀ ਅਤੇ ਲੋਕ ਭਲਾਈ ਪ੍ਰਤੀ ਆਪਣੀ ਨਿਰੰਤਰ ਵਚਨਬੱਧਤਾ ਨੂੰ ਅਮਲ ਵਿੱਚ ਲਿਆਉਂਦਿਆਂ ਰਿਆਤ ਬਾਹਰਾ ਗਰੁੱਪ ਵੱਲੋਂ ਗੁਰਦੁਆਰਾ ਬਾਬਾ ਦੀਪ ਸਿੰਘ ਜੀ, ਸੋਲਖੀਆਂ ਨੂੰ ਇੱਕ ਬੱਸ ਭੇਟ ਕੀਤੀ ਗਈ। ਇਸ ਉਪਰਾਲੇ ਦਾ ਉਦੇਸ਼ ਗੁਰਦੁਆਰਾ ਸਾਹਿਬ ਵੱਲੋਂ ਚਲਾਈਆਂ ਜਾ ਰਹੀਆਂ ਧਾਰਮਿਕ, ਸਮਾਜ ਸੇਵੀ ਅਤੇ ਮਨੁੱਖਤਾ ਭਲਾਈ ਦੀਆਂ



ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨਾ ਹੈ।ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਅਤੇ ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਨੇ ਗੁਰਦੁਆਰਾ ਪ੍ਰਬੰਧਕਾਂ ਨੂੰ ਬੱਸ ਦੀਆਂ ਚਾਬੀਆਂ ਰਸਮੀ ਤੌਰ 'ਤੇ ਸੌਂਪੀਆਂ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਨਿਰਸਵਾਰਥ ਸੇਵਾ ਸਮਾਜ ਨੂੰ ਦਿੱਤਾ ਜਾਣ ਵਾਲਾ ਸਭ ਤੋਂ ਵੱਡਾ ਯੋਗਦਾਨ ਹੈ। ਉਨ੍ਹਾਂ ਦੱਸਿਆ ਕਿ ਇਹ ਬੱਸ ਸੰਗਤ ਦੀਆਂ ਆਵਾਜਾਈ ਸਬੰਧੀ ਲੋੜਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਵੱਲੋਂ ਆਯੋਜਿਤ ਧਾਰਮਿਕ ਸਮਾਗਮਾਂ, ਸਮਾਜ ਸੇਵੀ ਕਾਰਜਾਂ ਅਤੇ ਹੋਰ ਲੋਕ ਭਲਾਈ ਦੀਆਂ ਗਤੀਵਿਧੀਆਂ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਏਗੀ। ਇਸ ਮੌਕੇ ਬੀ. ਐਸ. ਬੈਂਸ, ਡਾਇਰੈਕਟਰ ਪ੍ਰਸ਼ਾਸਨ, ਕੁਲਦੀਪ ਕੁਮਾਰ, ਟਰਾਂਸਪੋਰਟ ਇੰਚਾਰਜ ਅਤੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਦੇ ਹੋਰ ਸੀਨੀਅਰ ਨੁਮਾਇੰਦੇ ਵੀ ਹਾਜ਼ਰ ਸਨ।

## ਵਿੱਤ ਮੰਤਰੀ ਨਾਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਜਲ ਸਪਲਾਈ ਤੇ ਸੈਨੀਟੇਸ਼ਨ ਸੋਸ਼ਲ ਸਟਾਫ਼ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਨਵਜੋਤ ਸਿੰਘ ਕਾਲੇਵਾਲ ਸੂਬਾ ਜਨਰਲ ਸਕੱਤਰ ਅਮਨਦੀਪ ਕੰਬੋਜ, ਸੂਬਾ ਵਿੱਤ ਸਕੱਤਰ ਇੰਦਰਜੀਤ ਸਿੰਘ ਮੋਹਾਲੀ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਜੱਥੇਬੰਦੀ ਦੀ ਪੰਜਾਬ ਸਰਕਾਰ ਦੀ ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਹੋਈ।ਇਸ ਮੀਟਿੰਗ ਵਿੱਚ ਵਿਭਾਗ ਦੇ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਪੁਨੀਤ ਗਰਗ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਕਰਮਚਾਰੀਆਂ ਦੀਆਂ ਲੰਬੇ ਸਮੇਂ ਤੋਂ ਲੰਬਿਤ ਪਈਆਂ ਹੱਕੀ ਅਤੇ ਜਾਇਜ਼ ਮੰਗਾਂ ਉੱਤੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ।ਜਥੇਬੰਦੀ ਵੱਲੋਂ ਭਰਤੀ ਪ੍ਰਕਿਰਿਆ ਨਾਲ ਸਬੰਧਤ ਸਮੂਹ ਦਸਤਾਵੇਜ਼ ਤੇ ਤੱਥ ਵਿੱਤ ਮੰਤਰੀ ਸਾਹਿਬ ਦੇ ਧਿਆਨ ਵਿੱਚ ਲਿਆਂਦੇ ਅਤੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਮੰਗ ਕੀਤੀ।ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਦਸਤਾਵੇਜ਼ਾਂ ਦਾ ਗੰਭੀਰਤਾ ਨਾਲ ਅਧਿਐਨ ਕਰਨ ਉਪਰੰਤ ਵਿਭਾਗ ਨੂੰ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਕਿ 20 ਦਿਨਾਂ ਦੇ ਅੰਦਰ ਕਰਮਚਾਰੀਆਂ ਨੂੰ ਰੈਗੂਲਰ ਕਰਨ ਸਬੰਧੀ ਪੂਰਾ ਕੇਸ ਤਿਆਰ ਕਰਕੇ ਸਬ-ਕਮੇਟੀ ਕੋਲ ਭੇਜਿਆ ਜਾਵੇ, ਤਾਂ ਜੋ ਇਸ ਮਸਲੇ ਦਾ ਜਲਦ ਅਤੇ ਸਾਰਥਕ ਹੱਲ ਕੀਤਾ ਜਾ ਸਕੇ।ਇਸ ਤੋਂ ਇਲਾਵਾ ਅਪ੍ਰੈਲ 2023 ਤੋਂ ਬੰਦ ਪਏ ਟਰੈਵਲਿੰਗ ਅਲਾਊਂਸ ਦੇ ਮਸਲੇ ਨੂੰ ਵੀ ਜਥੇਬੰਦੀ ਵੱਲੋਂ ਪ੍ਰਮੁੱਖਤਾ ਨਾਲ ਉਠਾਇਆ ਗਿਆ। ਇਸ ਸੰਬੰਧੀ ਵੀ ਵਿੱਤ ਮੰਤਰੀ ਨੇ ਵਿਭਾਗ ਨੂੰ ਕੇਸ ਤਿਆਰ ਕਰਕੇ ਸਬ-ਕਮੇਟੀ ਕੋਲ ਭੇਜਣ ਦੇ ਨਿਰਦੇਸ਼ ਜਾਰੀ ਕੀਤੇ।ਮੀਟਿੰਗ ਦੌਰਾਨ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਪੁਨੀਤ ਗਰਗ ਨੇ ਵੀ ਵਿੱਤ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਰੈਗੂਲਰਾਈਜ਼ੇਸ਼ਨ ਅਤੇ ਟੀ ਏ ਕੇਸ ਨਿਰਧਾਰਿਤ ਸਮੇਂ ਵਿੱਚ ਤਿਆਰ ਕਰਕੇ ਸਬ-ਕਮੇਟੀ ਕੋਲ ਭੇਜਣ ਲਈ ਸਹਿਮਤੀ ਪ੍ਰਗਟਾਈ। ਵਿੱਤ ਮੰਤਰੀ ਨੇ ਜਥੇਬੰਦੀ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਪ੍ਰਤੀ ਗੰਭੀਰ ਹੈ ਅਤੇ ਉਨ੍ਹਾਂ ਦੇ ਹੱਲ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਨਵਜੋਤ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਮੀਟਿੰਗ ਵਿੱਚ ਦਿੱਤੇ ਗਏ ਸਕਾਰਾਤਮਕ ਭਰੋਸਿਆਂ ਅਤੇ ਜਾਰੀ ਕੀਤੀਆਂ ਹਦਾਇਤਾਂ ਨੂੰ ਧਿਆਨ ਵਿੱਚ ਰੱਖਦਿਆਂ ਜਥੇਬੰਦੀ ਨੇ ਆਪਣੇ ਚੱਲ ਰਹੇ ਸੰਘਰਸ਼ ਅਤੇ ਹੜਤਾਲ ਨੂੰ 20 ਦਿਨਾਂ ਲਈ ਮੁਲਤਵੀ ਕਰਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਸੂਬਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ (ਮਾਨਸਾ), ਸੂਬਾ ਕਾਰਜਕਾਰੀ ਮੈਂਬਰ ਸੰਦੀਪ ਕੁਮਾਰ, ਜ਼ਿਲ੍ਹਾ ਪ੍ਰਧਾਨ ਲੁਧਿਆਣਾ ਸ਼ੇਰ ਸਿੰਘ, ਅਭੀਦੀਪ ਸਿੰਘ ਅਤੇ ਹਰਜਿੰਦਰ ਸਿੰਘ ਵੀ ਹਾਜ਼ਰ ਸਨ।



# ਰਾਜਵਿੰਦਰ ਸਿੰਘ ਗੱਡੂ ਚੰਡੀਗੜ੍ਹ ਕਾਂਗਰਸ ਕਮੇਟੀ ਦਾ ਸਕੱਤਰ ਨਿਯੁਕਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਿਛਲੇ ਦਿਨੀਂ ਚੰਡੀਗੜ੍ਹ ਟੈਰੀਟੋਰੀਅਲ ਕਾਂਗਰਸ ਕਮੇਟੀ ਵੱਲੋਂ ਉੱਘੇ ਸਾਹਿਤਕਾਰ ਤੇ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ, ਸੈਕਟਰ 40-ਬੀ, ਚੰਡੀਗੜ੍ਹ ਦੇ ਪ੍ਰਧਾਨ ਰਾਜਵਿੰਦਰ ਸਿੰਘ ਗੱਡੂ ਨੂੰ ਚੰਡੀਗੜ੍ਹ ਟੈਰੀਟੋਰੀਅਲ ਕਾਂਗਰਸ ਕਮੇਟੀ ਦਾ ਸਕੱਤਰ ਚੁਣ ਲਿਆ ਗਿਆ ਹੈ। ਇਸ ਮੌਕੇ ਚੰਡੀਗੜ੍ਹ ਕਾਂਗਰਸ ਦੇ ਪ੍ਰਧਾਨ ਐਡਵੋਕੇਟ ਐਚ. ਐਸ.ਲੱਕੀ ਵੱਲੋਂ ਰਾਜਵਿੰਦਰ ਸਿੰਘ ਗੱਡੂ ਨੂੰ ਪੱਤਰ ਸੌਂਪ ਕੇ ਉਨ੍ਹਾਂ ਨੂੰ ਥਾਪੜਾ ਦਿੱਤਾ ਗਿਆ। ਰਾਜਵਿੰਦਰ ਸਿੰਘ ਗੱਡੂ ਨੇ ਕਿਹਾ ਕਿ ਉਹ ਪਾਰਟੀ ਪ੍ਰਤੀ ਆਪਣੀਆਂ ਸੇਵਾਵਾਂ ਤਨਦੇਹੀ ਨਾਲ਼ ਨਿਭਾਉਣਗੇ ਅਤੇ ਕਾਂਗਰਸ ਦੀਆਂ ਨੀਤੀਆਂ ਤੋਂ ਲੋਕਾਂ ਨੂੰ ਜਾਣੂੰ ਕਰਵਾਉਣਗੇ। ਇਸ ਮੌਕੇ ਮੈਡਮ ਰਜਨੀ ਤਲਵਾੜ, ਜਸਬੀਰ ਬੰਟੀ ਅਤੇ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।



# ਵਿਸ਼ਵ ਸੋਸ਼ਲ ਮੀਡੀਆ ਦਿਵਸ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ ਸਵਾਲ ਵਿਖੇ ਵਿਸ਼ਵ ਸੋਸ਼ਲ ਮੀਡੀਆ ਦਿਵਸ ਬੜੇ ਉਤਸ਼ਾਹ ਨਾਲ ਆਨਲਾਈਨ ਮਨਾਇਆ ਗਿਆ। ਇਹ ਆਨਲਾਈਨ ਸਮਾਗਮ ਸਕੂਲ ਦੀ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ, ਪ੍ਰਿੰਸੀਪਲ ਪਰਵੀਨ ਕੌਰ ਅਤੇ ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਦੀ ਯੋਗ ਅਗਵਾਈ ਅਤੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਦੀ ਦੇਖ-ਰੇਖ ਵਿੱਚ ਆਯੋਜਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਘਰ ਬੈਠੇ ਹੀ ਸੋਸ਼ਲ ਮੀਡੀਆ ਦੇ ਲਾਭਾਂ ਅਤੇ ਹਾਨੀਆਂ ਸੰਬੰਧੀ ਪ੍ਰਭਾਵਸ਼ਾਲੀ ਭਾਸ਼ਣ ਆਨਲਾਈਨ ਪੇਸ਼ ਕਰਕੇ ਇਸ ਦੇ ਸਹੀ ਅਤੇ ਜ਼ਿੰਮੇਵਾਰਾਨਾ ਉਪਯੋਗ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਘਰ ਬੈਠ ਕੇ ਹੀ ਪੋਸਟਰ ਮੇਕਿੰਗ ਗਤੀਵਿਧੀ ਵਿੱਚ ਆਨਲਾਈਨ ਭਾਗ ਲੈਂਦਿਆਂ ਰੰਗ-ਬਰੰਗੇ ਅਤੇ ਸੰਦੇਸ਼ ਭਰਪੂਰ ਪੋਸਟਰ ਤਿਆਰ ਕੀਤੇ, ਜਿਨ੍ਹਾਂ ਰਾਹੀਂ ਡਿਜ਼ਿਟਲ ਜਾਗਰੂਕਤਾ, ਸੁਰੱਖਿਅਤ ਇੰਟਰਨੈੱਟ ਦੀ ਵਰਤੋਂ ਅਤੇ ਸੋਸ਼ਲ ਮੀਡੀਆ ਦੇ ਸੁਚੱਜੇ ਇਸਤੇਮਾਲ ਦਾ ਸੰਦੇਸ਼ ਦਿੱਤਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਨੂੰ ਆਨਲਾਈਨ ਸੰਬੋਧਨ ਕਰਦਿਆਂ ਕਿਹਾ ਕਿ ਸੋਸ਼ਲ ਮੀਡੀਆ ਅੱਜ ਦੇ ਯੁੱਗ ਦਾ ਇੱਕ ਮਹੱਤਵਪੂਰਨ ਸੰਚਾਰ ਮਾਧਿਅਮ ਹੈ, ਜਿਸ ਦੀ ਵਰਤੋਂ ਹਮੇਸ਼ਾਂ ਸੂਝ-ਬੂਝ, ਜ਼ਿੰਮੇਵਾਰੀ ਅਤੇ ਸਕਾਰਾਤਮਕ ਸੋਚ ਨਾਲ ਕਰਨੀ ਚਾਹੀਦੀ ਹੈ। ਪ੍ਰਿੰਸੀਪਲ ਪਰਵੀਨ ਕੌਰ ਨੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਿਆਨਵਰਧਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।




# ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਹਜ਼ਰਤ ਪੀਰ ਭੋਲੇ ਨਿੱਕੂ ਸ਼ਾਹ ਸ਼ੇਰ-ਏ ਫ਼ਕੀਰ ਮੁਸਾਫ਼ਰ ਅਲੀ, ਰੋਜ਼ਾ ਸ਼ਰੀਫ ਪਿੰਡ ਖਾਨਖਾਨਾ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਸਾਈਂ ਜਸਵੀਰ ਦਾਸ ਸਾਬਰੀ ਅਗਵਾਈ ਹੇਠ,



ਗ੍ਰਾਮ ਪੰਚਾਇਤ,ਪ੍ਰਬੰਧਕ ਕਮੇਟੀ, ਪ੍ਰਵਾਸੀ ਵੀਰਾਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ ਵਿਸ਼ੇਸ਼ ਤੌਰ 'ਤੇ ਪਹੁੰਚੇ। ਡਾ. ਸੁੱਖੀ ਨੇ ਸਾਈਂ ਜਸਵੀਰ ਦਾਸ ਸਾਬਰੀ ਤੇ ਸੰਗਤਾਂ ਨੂੰ ਮੇਲੇ ਦੀਆਂ ਮੁਬਾਰਕਾਂ ਦਿੱਤੀਆਂ। ਵੱਖ-ਵੱਖ ਦਰਬਾਰਾਂ ਤੋਂ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਸਾਈਂ ਮਨਜੀਤ ਸਾਬਰੀ ਲਿੱਧੜਾਂ, ਸਾਈਂ ਅਵਿਨਾਸ਼ ਸ਼ਾਹ ਕਾਦਰੀ ਕੋਟਫਤੂਹੀ, ਬਾਬਾ ਮਹਿਤਾਬ ਅਹਿਮਦ ਨਵਾਂ ਸ਼ਹਿਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਮੇਲੇ ਦੇ ਪਹਿਲੇ ਦਿਨ ਮਹਿੰਦੀ ਦੀ ਰਸਮ ਤੋਂ ਬਾਅਦ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦੂਸਰੇ ਦਿਨ ਝੰਡੇ ਦੀ ਰਸਮ ਉਪਰੰਤ ਝੰਡੀ ਪੀਰ ਵਿਖੇ ਬੇੜਾ ਤਾਰਿਆ ਗਿਆ ਅਤੇ ਰਾਤ ਨੂੰ ਕਵਾਲੀਆਂ ਦੀ ਮਹਿਫ਼ਲ ਸਜਾਈ ਗਈ। ਤੀਸਰੇ ਦਿਨ ਨਾਮਵਰ ਕਲਾਕਾਰਾਂ ਮਾਸਟਰ ਸਲੀਮ, ਦੁਰਗਾ ਰੰਗੀਲਾ, ਬਲਰਾਜ ਬਿਲਗਾ, ਸਨੀ ਮਿੱਤਲ, ਰਮੇਸ਼ ਚੌਹਾਨ, ਅਜੈ ਬਾਦਸ਼ਾਹ ਅਤੇ ਕੌਰ ਸਿਸਟਰਜ ਨੇ ਆਪਣੇ ਪ੍ਰੋਗਰਾਮ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਅਗਲੇ ਦਿਨ ਮਾਤਾ ਦੀਆਂ ਕੰਜਕਾਂ ਬਿਠਾਈਆਂ ਗਈਆਂ ਅਤੇ ਛਿੰਝ ਪੁਆਈ ਗਈ। ਕੁਸ਼ਤੀ ਲੜਨ ਵਾਲੇ ਸਾਰੇ ਪਹਿਲਵਾਨਾਂ ਨੂੰ ਸਾਈਂ ਜਸਵੀਰ ਦਾਸ ਸਾਬਰੀ ਨੇ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ।

# 'ਪ੍ਰਿਥਵੀ ਵੈੱਲਫੇਅਰ ਸੋਸਾਇਟੀ' ਵੱਲੋਂ ਪਹਿਲਾ ਚਿੱਤਰਕਾਰੀ ਮੁਕਾਬਲਾ ਕਰਵਾਇਆ ਗਿਆ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਵਿਖੇ ਸਮਾਜ ਸੇਵੀ ਸੰਸਥਾ 'ਪ੍ਰਿਥਵੀ ਵੈਲਫੇਅਰ ਸੋਸਾਇਟੀ' ਵੱਲੋਂ ਪਹਿਲਾ ਚਿਤ੍ਰਕਾਰੀ ਮੁਕਾਬਲਾ ਕਰਵਾਇਆ ਗਿਆ । ਇਸ ਮੌਕੇ ਤੇ ਗਲਬਾਤ ਕਰਦਿਆਂ ਸੰਸਥਾ ਦੇ ਪ੍ਰਧਾਨ, ਹਰਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਐਨ ਜੀ ਓ ਪਿਛਲੇ ਦੱਸ ਸਾਲਾਂ ਤੋਂ ਸਮਾਜ ਭਲਾਈ ਅਤੇ ਜਾਗਰੂਕਤਾ ਦੇ ਕੰਮ ਕਰਦੀ ਆ ਰਹੀ ਹੈ । ਵਿਸ਼ੇਸ਼ ਤੌਰ ਤੇ ਵਾਤਾਵਰਣ, ਖੇਡਾਂ ਅਤੇ ਸਿੱਖਿਆ ਦੇ ਖੇਤਰ ਵਿੱਚ ਕੰਮ ਕੀਤਾ । ਇਹ ਪਹਿਲਾ ਚਿਤ੍ਰਕਾਰੀ ਮੁਕਾਬਲਾ ਕਰਵਾਇਆ ਗਿਆ, ਵਿਸ਼ਾ ਵਾਤਾਵਰਣ ਅਤੇ ਖੇਡਾਂ ਹੀ ਰਖਿਆ ਗਿਆ। ਇਹ ਮੁਕਾਬਲਾ ਸੰਤ ਸਰੋਵਰ ਵੈਲਫੇਅਰ ਸੋਸਾਇਟੀ (ਆਦਮਪੁਰ) ਦੇ ਸਹਿਯੋਗ ਨਾਲ ਕਰਵਾਇਆ ਗਿਆ । ਇਸ ਵਿੱਚ ਤਕਰੀਬਨ 40 ਤੋਂ ਵੱਧ ਬੱਚਿਆਂ ਨੇ ਹਿੱਸਾ ਲਿਆ । ਇਸ ਨੂੰ ਤਿੰਨ ਉਮਰ ਦੇ ਵਰਗਾਂ ਵਿੱਚ ਵੰਡਿਆ ਗਿਆ ਸੀ , 12 ਸਾਲ ਤੋਂ ਘੱਟ ਉਮਰ ਵਾਲੇ ( ਯੂ-12) , 16 ਸਾਲ ਤੋਂ ਘੱਟ ਉਮਰ ਵਾਲੇ (ਯੂ-16) ,16 ਸਾਲ ਤੋਂ ਵੱਧ ਉਮਰ ਵਾਲੇ। ਸਭ ਤੋਂ ਘੱਟ ਉਮਰ ਦੀ ਲੜਕੀ 4 ਵਰ੍ਹੇ ਦੀ ਅਦਵੀਕਾ ਨੇ ਵੀ ਰੁੱਖ ਦੀ ਤਸਵੀਰ ਬਣਾਈ ।ਯੂ-12 ਵਰਗ ਵਿੱਚ ਪਹਿਲਾ ਇਨਾਮ ਰਸਮਪ੍ਰੀਤ ਕੌਰ, ਦੂਜਾ ਨਿਸ਼ਾਨ ਅਤੇ ਤੀਜਾ ਇਨਾਮ ਗੁਜ਼ਾਰਿਸ਼ ਨੇ ਜਿਤਿਆ ।ਯੂ-16 ਵਰਗ ਵਿੱਚ ਪਹਿਲਾ ਇਨਾਮ ਪ੍ਰਭਜੋਤ ਕੌਰ, ਦੂਜਾ ਆਭਾ, ਤੀਜਾ ਹਰਸ਼ਿਤਾ ਅਤੇ ਐਂਜਲ ਨੇ ਜਿਤਿਆ।16 ਸਾਲ ਤੋਂ ਵੱਧ ਉਮਰ ਦੇ ਵਰਗ ਵਿੱਚ ਪਹਿਲਾ ਇਨਾਮ ਪ੍ਰੇਰਨਾ, ਦੂਜਾ



ਨੀਲਮ ਅਤੇ ਤੀਜਾ ਇਨਾਮ ਦੀਪਿਕਾ ਸ਼ਰਮਾ ਨੇ ਜਿਤਿਆ ।ਹਰਿੰਦਰ ਸਿੰਘ ਨੇ ਦੱਸਿਆ ਕਿ ਪ੍ਰੇਰਨਾ ਲੜਕੀ ਵਿਸ਼ੇਸ਼ ਤੌਰ ਤੇ ਯੋਗ ਹੈ (ਨਾ ਬੋਲ ਸਕਦੀ ਹੈ ਨਾ ਸੁਣ ਸਕਦੀ ਹੈ) , ਉਸ ਨੇ ਬਹੁਤ ਹੀ ਖ਼ੂਬਸੂਰਤ ਚਿਤ੍ਰਕਾਰੀ ਕੀਤੀ, ਅਤੇ ਪਹਿਲਾ ਇਨਾਮ ਹਾਸਲ ਕੀਤਾ । ਚਿਤ੍ਰਕਾਰੀ ਨੂੰ ਪਰਖਣ ਅਤੇ ਜਾਂਚਣ ਲਈ ਦੀਕਸ਼ਾ ਨੇ ਅਹਿਮ ਭੂਮਿਕਾ ਨਿਭਾਈ । ਸੰਸਥਾ ਵੱਲੋਂ ਉਨ੍ਹਾਂ ਨੂੰ ਜੱਜ ਬਣਾਇਆ ਗਿਆ । ਸੰਤ ਬਾਬਾ ਨਿਰਮਲ ਦਾਸ ਜੀ (ਡੇਰਾ ਬਾਬੇ ਜੌੜੇ, ਪਿੰਡ ਰਾਏਪੁਰ ਰਸੂਲਪੁਰ) ਵੱਲੋਂ ਭੈਣ ਸੰਤੋਖ ਨੇ ਇਨਾਮ ਵੰਡੇ। ਉਨ੍ਹਾਂ ਆਪਣੇ ਵਿਚਾਰ ਵੀ ਸਾਂਝੇ ਕੀਤੇ, ਬੱਚਿਆਂ ਨੂੰ ਵਾਤਾਵਰਨ ਸੰਭਾਲ ਅਤੇ ਖੇਡਾਂ ਦੀ ਮਹੱਤਤਾ ਬਾਰੇ ਦੱਸਿਆ। ਸੰਤ ਸਰੋਵਰ ਵੈਲਫੇਅਰ ਸੋਸਾਇਟੀ ਵੱਲੋਂ ਮੁੱਖ ਸੇਵਾਦਾਰ ਮਦਨ ਬਾਬਾ ਨੇ ਸੰਤ ਰਾਮਾਨੰਦ ਤੇ ਸੰਤ ਬ੍ਰਹਮਾਨੰਦ ਨੂੰ ਯਾਦ ਕਰਦਿਆਂ ਬੱਚਿਆਂ ਨੂੰ ਅਸ਼ੀਰਵਾਦ ਦਿੱਤਾ । ਅੰਤਰਰਾਸ਼ਟਰੀ ਖਿਡਾਰੀ ਅਸ਼ੋਕ ਕੁਮਾਰ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ । ਇਨਾਮ ਵਿੱਚ ਨਕਦ ਰਾਸ਼ੀ ਅਤੇ ਮੈਡਲ ਜਿੱਤੇ ਗਏ । ਅੱਠ ਸਾਲ ਤੋਂ ਘੱਟ ਉਮਰ ਦੇ ਹਰ ਬੱਚੇ ਨੂੰ ਹੌਂਸਲਾ ਅਫਜ਼ਾਈ ਕਰਦਿਆਂ ਤੋਹਫ਼ੇ ਦਿੱਤੇ ਗਏ । ਸਹਿਯੋਗ ਕਰਨ ਵਾਲੇ ਸਾਥੀ ਅਮਰੀਕ ਸਿੰਘ ਸਾਬੀ, ਪ੍ਰਵੀਨ ਭੱਟੀ, ਇੰਜ ਸੁਖਵੀਰ ਸਿੰਘ, ਇੰਜ ਹਰਵਿੰਦਰ ਸਿੰਘ ਮਾਛੀਵਾੜਾ, ਰਣਵੀਰ ਸਿੰਘ (ਲੰਬੜ), ਇੰਜ ਗੁਰਮੀਤ ਸਿੰਘ ਬੁਢਲਾਡਾ, ਸੁਰਿੰਦਰ ਪਾਲ ਸਹੋਤਾ, ਪਰਮਿੰਦਰ ਸਿੰਘ ਰਿੱਕੂ, ਰਣਜੀਤ ਸਿੰਘ ਰਾਣਾਂ, ਜਸਪ੍ਰੀਤ ਸਿੰਘ, ਬਖਸ਼ੀਸ਼ ਕੌਰ, ਵਰਿੰਦਰ ਸਿੰਘ, ਸੁਖਵਿੰਦਰ ਸਿੰਘ (ਸਰਪੰਚ), ਇੰਜ ਮਨੋਜ ਕੁਮਾਰ, ਵਰਿੰਦਰ ਬੈਂਸ, ਮਹਿੰਦਰ ਸਿੰਘ, ਰਵਿੰਦਰ ਸਿੰਘ ਸੈਣੀ, ਗੁਰਨਾਮ ਸਿੰਘ, ਕਸ਼ਮੀਰ ਸਿੰਘ, ਅਮਰਜੀਤ ਸਿੰਘ (ਪ੍ਰਧਾਨ) , ਕੁਲਜੀਤ ਸਿੰਘ ਮਿਨਹਾਸ, ਬੀਨਾ ਕੁਮਾਰੀ ਆਦਿ ਦਾ ਧੰਨਵਾਦ ਕੀਤਾ ।

# ਅਕਾਲੀ ਦਲ ਤੇ ਭਾਜਪਾ ਦੇ ਕਈ ਦਿੱਗਜ਼ 'ਆਪ' 'ਚ ਸ਼ਾਮਲ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**- ਆਮ ਆਦਮੀ ਪਾਰਟੀ (ਆਪ) ਨੇ ਜਲੰਧਰ ਵਿੱਚ ਅਕਾਲੀ ਦਲ ਅਤੇ ਭਾਜਪਾ ਨੂੰ ਵੱਡਾ ਸਿਆਸੀ ਝਟਕਾ ਦਿੱਤਾ ਹੈ। ਜਲੰਧਰ ਕੈਂਟ ਖੇਤਰ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਮਜ਼ਬੂਤ ਥੰਮ੍ਹ ਮੰਨੇ ਜਾਣ ਵਾਲੇ ਕਈ ਪ੍ਰਮੁੱਖ ਅਤੇ ਜ਼ਮੀਨੀ ਆਗੂ ਆਪਣੇ ਸੈਂਕੜੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ।

ਮੁੱਖ ਮੰਤਰੀ ਦੇ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਨੇ ਇਹਨਾਂ ਸਾਰੇ ਆਗੂਆਂ ਨੂੰ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕਰਵਾਇਆ ਅਤੇ ਉਹਨਾਂ ਦਾ ਸਵਾਗਤ ਕੀਤਾ। ਇਸ ਮੌਕੇ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਰਾਜਨੀਤੀ ਦਾ ਮੁੱਖ ਉਦੇਸ਼ ਪੰਜਾਬ ਦਾ ਸਰਬਪੱਖੀ ਵਿਕਾਸ ਤੇ ਆਮ ਜਨਤਾ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ। ਆਮ ਆਦਮੀ ਪਾਰਟੀ ਦੀ ਮੈਂਬਰਸ਼ਿਪ ਲੈਣ ਵਾਲੇ ਪ੍ਰਮੁੱਖ ਆਗੂਆਂ ਵਿੱਚ ਮੁੱਖ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਪ੍ਰਧਾਨ ਕੈਂਟ ਅਤੇ ਸਰਪੰਚ ਲਵਪ੍ਰੀਤ, ਭਾਜਪਾ ਦੇ ਕੈਂਟ ਬੋਰਡ ਜਲੰਧਰ ਦੇ ਯੂਥ ਪ੍ਰਧਾਨ ਆਰੀਅਨ ਭੱਟੀ, ਅਤੇ ਭਵਦਾਸ ਐੱਸ ਸੀ ਕਮਿਊਨਿਟੀ ਦੇ ਚੇਅਰਮੈਨ ਤੇ ਪੀ ਐੱਸ ਪੀ ਸੀ ਐੱਲ ਦੇ ਸੇਵਾਮੁਕਤ ਐੱਸ ਡੀ ਓ ਪਾਲ ਰਾਮ ਭੱਟੀ ਸ਼ਾਮਲ ਹਨ। ਇਨ੍ਹਾਂ ਦੇ ਨਾਲ ਹੀ ਭਾਜਪਾ ਦੇ ਜ਼ਿਲ੍ਹਾ ਬੁਲਾਰੇ ਹਰਸ਼ ਭਾਰਦਵਾਜ, ਜ਼ਿਲ੍ਹਾ ਜਨਰਲ ਸਕੱਤਰ ਰਮੇਸ਼ ਪਾਲ, ਭਾਜਪਾ ਦੇ ਯੂਥ ਵਾਈਸ ਪ੍ਰਧਾਨ ਮੋਹਿਤਪ੍ਰੀਤ ਸਿੰਘ, ਸ਼ਿਰੋਮਣੀ ਅਕਾਲੀ ਦਲ ਦੇ ਪੰਚਾਇਤ ਮੈਂਬਰ ਵਿਜੇ ਕੁਮਾਰ, ਰਾਜ ਰਾਣੀ ਅਤੇ ਅਮਰਜੀਤ ਨੇ ਵੀ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ।

# ਚੈਰੀਟੇਬਲ ਪੈਥੋਲੋਜੀ ਲੈਬਾਰਟਰੀ ਦਾ ਉਦਘਾਟਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਦੇਸ਼ ਦੀ ਮੋਹਰੀ ਗੈਰ-ਮੁਨਾਫਾ ਸੰਸਥਾ ਲਾਈਫ ਕੇਅਰ ਫਾਊਂਡੇਸ਼ਨ (ਐੱਨ ਜੀ ਓ) ਵੱਲੋਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਹੋਰ ਵੱਡਾ ਕਦਮ ਪੁੱਟਦਿਆਂ ਡੇਰਾਬੱਸੀ ਹਾਈਵੇ 'ਤੇ ਸਥਿਤ ਪਾਰਸ ਹੋਟਲ ਦੇ ਨੇੜੇ ਆਪਣੀ ਨਵੀਂ ਸੈਂਟਰਲ ਚੈਰੀਟੇਬਲ ਪੈਥੋਲੋਜੀ ਲੈਬਾਰਟਰੀ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਪ੍ਰਭਾਵਸ਼ਾਲੀ ਅਤੇ ਇਤਿਹਾਸਕ ਉਦਘਾਟਨ ਸਮਾਰੋਹ ਵਿੱਚ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ (ਚੰਡੀਗੜ੍ਹ) ਦੇ ਮੈਂਬਰ ਅਤੇ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਤੇ ਉੱਘੇ ਪੰਜਾਬੀ ਗਾਇਕ ਤੇ ਅਦਾਕਾਰ ਤਰਸੇਮ ਸਿੰਘ ਜੱਸੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਵਿਸ਼ੇਸ਼ ਮਹਿਮਾਨਾਂ ਵਜੋਂ ਹਲਕੇ ਦੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ, ਭਾਜਪਾ ਆਗੂ ਗੁਰਦਰਸ਼ਨ ਸਿੰਘ ਸੈਣੀ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਵੀ ਸ਼ਿਰਕਤ ਕੀਤੀ ਅਤੇ ਲੈਬਾਰਟਰੀ ਦਾ ਰਸਮੀ ਉਦਘਾਟਨ ਕਰਕੇ ਇਸ ਨੂੰ ਲੋਕ ਅਰਪਣ ਕੀਤਾ।ਸਮਾਰੋਹ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਤੇ ਭਾਰੀ ਗਿਣਤੀ ਵਿੱਚ ਪੁੱਜੀ ਸੰਗਤ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਆਖਿਆ ਕਿ ਇਹ ਮਹਿਜ਼ ਇੱਕ ਲੈਬਾਰਟਰੀ ਨਹੀਂ, ਬਲਕਿ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਮਨੁੱਖਤਾ ਦੀ ਸੱਚੀ ਸੇਵਾ ਦਾ ਉਦਘਾਟਨ ਹੈ। ਉਨ੍ਹਾਂ ਅਜੋਕੇ ਸਮੇਂ ਵਿੱਚ ਫਾਈਵ ਸਟਾਰ ਹਸਪਤਾਲਾਂ ਵੱਲੋਂ ਮਚਾਈ ਜਾ ਰਹੀ ਅੰਨ੍ਹੀ ਲੁੱਟ-ਖਸੁੱਟ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਆਮ ਅਤੇ ਗਰੀਬ ਜਨਤਾ ਡਾਇਲਸਿਸ ਅਤੇ ਮਹਿੰਗੇ ਟੈਸਟਾਂ ਦੇ ਖਰਚਿਆਂ ਕਾਰਨ ਬੇਹੱਦ ਪ੍ਰੇਸ਼ਾਨ ਹੈ। ਅਜਿਹੇ ਨਾਜ਼ੁਕ ਦੌਰ ਵਿੱਚ ਇਹ ਚੈਰੀਟੇਬਲ ਲੈਬ ਗਰੀਬਾਂ ਅਤੇ ਲੋੜਵੰਦਾਂ ਲਈ ਇੱਕ ਵੱਡਾ ਵਰਦਾਨ ਸਾਬਤ ਹੋਵੇਗੀ।



# ਫੁੱਟਬਾਲ ਪਲੇਅਰ ਵੈਲਫੇਅਰ ਸੁਸਾਇਟੀ ਦੀ ਸਥਾਪਨਾ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਇਨੀ ਦਿਨੀ ਸੰਸਾਰ ਪੱਧਰੀ ਫੁੱਟਬਾਲ ਦੇ ਮਹਾਂਕੁੰਭ ਦੇ ਚੱਲਦਿਆਂ ਮਾਹਿਲਪੁਰ 'ਚ ਪੁਰਾਣੇ ਨਾਮੀ ਫੁੱਟਬਾਲਰਾਂ ਤੇ ਫੁੱਟਬਾਲ ਪ੍ਰੇਮੀਆਂ ਦੀ ਇੱਕ ਮੀਟਿੰਗ ਹੋਈ ਜਿਸ ਨੂੰ ਵਿਦੇਸ਼ 'ਚ ਵਸਦੇ ਉੱਘੇ ਫੁੱਟਬਾਲਰਾਂ ਤੇ ਪ੍ਰੇਮੀਆਂ ਵਲੋਂ ਭਰਵਾਂ ਹੁੰਗਾਰਾ ਮਿਲਿਆ।

ਇਸ ਮੀਟਿੰਗ 'ਚ ਫੁੱਟਬਾਲ ਨੂੰ ਓਲੰਪਿਕ ਤੱਕ ਲੈ ਕੇ ਜਾਣ ਵਾਲੇ ਏਸ਼ੀਆ ਦੇ ਮਹਾਨ ਪੰਜਾਬੀ ਫੁੱਟਬਾਲਰ ਸਵ: ਸ: ਜਰਨੈਲ ਸਿੰਘ ਦੀਆਂ ਬੇਮਿਸਾਲ ਪ੍ਰਾਪਤੀਆਂ ਨੂੰ ਯਾਦ ਕਰਦਿਆਂ, ਅਰਜਨਾ ਐਵਾਰਡੀ ਫੁੱਟਬਾਲ ਗੁਰਦੇਵ ਸਿੰਘ ਗਿੱਲ ਤੇ ਇੰਦਰ ਸਿੰਘ ਦੀ ਸਰਪ੍ਰਸਤੀ ਹੇਠ 'ਫੁੱਟਬਾਲ ਪਲੇਅਰ ਵੈਲਫੇਅਰ ਸੁਸਾਇਟੀ ਮਾਹਿਲਪੁਰ' ਦੀ ਸਥਾਪਨਾ ਕੀਤੀ ਗਈ ਜਿਸ ਵਿੱਚ ਨਵੀਂ ਪੀੜ੍ਹੀ ਦੇ ਫੁੱਟਬਾਲ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਤੇ ਰਾਸ਼ਟਰੀ, ਅੰਤਰ ਰਾਸ਼ਟਰੀ ਪੱਧਰ ਦੇ ਖਿਡਾਰੀ ਬਣਾਉਣ ਲਈ ਗੰਭੀਰ ਵਿਚਾਰ ਚਰਚਾ ਹੋਈ। ਕੋਚ ਬੰਧਨਾ ਸਿੰਘ ਹੱਲੂਵਾਲ ਨੂੰ ਸੁਸਾਇਟੀ ਦਾ ਪ੍ਰਧਾਨ, ਯਸ਼ਪਾਲ ਜੱਸੀ ਮਾਹਿਲਪੁਰ ਨੂੰ ਸੀਨੀਅਰ ਉਪ ਪ੍ਰਧਾਨ, ਗੁਰਦਿਆਲ ਸਿੰਘ ਬੈਂਸ ਨੂੰ ਉਪ ਪ੍ਰਧਾਨ, ਨਰਿੰਦਰ ਸਿੰਘ ਜਿਆਣ ਤੇ ਦਲਜੀਤ ਸਿੰਘ ਬਿੱਟੂ ਨੂੰ ਸੁਸਾਇਟੀ ਦੇ ਕੰਮਕਾਜ ਨੂੰ ਸਹੀ ਢੰਗ ਨਾਲ ਲਗਾਤਾਰ ਚਲਾਉਣ ਲਈ ਵਿੱਤ ਨਾਲ ਸਬੰਧਿਤ ਜ਼ਿੰਮੇਵਾਰੀ ਸੌਂਪੀ ਗਈ। ਇਸ ਤੋਂ ਇਲਾਵਾ ਪ੍ਰਵਾਸੀ ਭਰਾਵਾਂ ਤੇ ਹੋਰ ਅਹੁਦੇਦਾਰਾਂ ਦੀ ਨਿਯੁਕਤੀ ਦੇ ਅਧਿਕਾਰ ਇਨ੍ਹਾਂ ਅਹੁਦੇਦਾਰਾਂ ਤੇ ਸੁਸਾਇਟੀ ਦੇ ਸਤਿਕਾਰਤ ਦੋਵੇਂ ਸਰਪ੍ਰਸਤਾਂ ਸਮੇਤ ਦਰਸ਼ਨ ਸਿੰਘ ਮਜਾਰਾ ਡੀਂਗਰੀਆਂ, ਤਕਦੀਰ ਸਿੰਘ ਭਾਰਟਾ, ਸੰਦੀਪ ਸੈਣੀ, ਐੱਸ ਪੀ ਪਰਮਜੀਤ ਸਿੰਘ ਸਰਹਾਲਾਂ ਕਲਾਂ, ਮਦਨ ਲਾਲ ਖੈਰੜ ਨੂੰ ਸੌਂਪੇ ਗਏ। ਇਸ ਮੌਕੇ ਤੇ ਜਗਰਾਜ ਸਿੰਘ ਖੈਰੜ, ਗੁਰਮਿੰਦਰ ਸਿੰਘ ਬੀੜਾਂ, ਸਤਪ੍ਰਕਾਸ਼ ਕੈਨੇਡੀਅਨ, ਵੇਦ ਪ੍ਰਕਾਸ਼ ਸਾਰੰਗਵਾਲ, ਹਰਿੰਦਰ ਸਿੰਘ ਖਾਬੜਾ, ਗੁਰਤੇਜ ਸਿੰਘ ਸਾਬੀ ਮਰੂਲਾ, ਜਸਵੀਰ ਸਿੰਘ ਕੈਂਡੋਵਾਲ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਪਰਮਿੰਦਰ ਸਿੰਘ ਭਾਰਟਾ, ਪਰਵੀਨ ਕੁਮਾਰ ਚਾਣਥੂ ਬ੍ਰਾਹਮਣਾਂ, ਸਰਬਜੀਤ ਸਿੰਘ ਚੰਦੇਲੀ, ਬਲਵੀਰ ਸਿੰਘ ਮਾਹਿਲਪੁਰ, ਸੁਖਦੇਵ ਸਿੰਘ ਸੰਘਾ ਲੰਗੇਰੀ, ਤਰਸੇਮ ਭਾਜੀ ਮਾਹਿਲਪੁਰ, ਮਨਜਿੰਦਰ ਸਿੰਘ ਮਾਹਿਲਪੁਰ, ਦਲਜੀਤ ਸਿੰਘ ਬਘੌਰਾ ਸਮੇਤ ਇਲਾਕੇ ਦੇ ਵੱਖ ਵੱਖ ਪਿੰਡਾਂ ਦੇ ਨਾਮੀ ਫੁੱਟਬਾਲ ਖਿਲਾਰੀਆਂ ਤੇ ਖੇਡ ਪ੍ਰੇਮੀਆਂ ਨੇ ਹਿੱਸਾ ਲਿਆ।



# ਸੜਕ 'ਤੇ ਸਿਰਫ਼ ਰੋੜੀ-ਪੱਥਰ, 9 ਮਹੀਨਿਆਂ ਤੋਂ ਲੁੱਕ ਦੀ ਉਡੀਕ



**ਫਿਲੌਰ (ਨਿਰਮਲ)**- ਪਿੰਡ ਗੰਨਾ ਤੋਂ ਮੋਤੀਪੁਰ ਖ਼ਾਲਸਾ ਅਤੇ ਭੋਲੇਵਾਲ ਤੋਂ ਧੁੱਸੀ ਬੰਨ੍ਹ, ਆਲੋਵਾਲ, ਨੰਗਲ ਨੂੰ ਜਾਣ ਵਾਲੀ ਸੜਕ 'ਤੇ ਪਿਛਲੇ 9 ਮਹੀਨਿਆਂ ਤੋਂ ਖ਼ਾਲੀ ਪੱਥਰ ਪਏ ਹੋਣ ਕਾਰਨ ਪਿੰਡ ਵਾਸੀਆਂ ਨੂੰ ਆਉਣ-ਜਾਣ ਵਿੱਚ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸੜਕ ਦਾ ਉਦਘਾਟਨ 25 ਸਤੰਬਰ 2025 ਨੂੰ ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਕੀਤਾ ਗਿਆ ਸੀ, ਪਰ ਉਦੋਂ ਤੋਂ ਹੁਣ ਤੱਕ ਸੜਕ 'ਤੇ ਲੁੱਕ ਨਹੀਂ ਪਾਈ ਗਈ।ਖ਼ਾਲੀ ਪੱਥਰ ਪਏ ਹੋਣ ਕਾਰਨ ਪਿੰਡਾਂ ਦੇ ਕਈ ਵਿਅਕਤੀ ਸੜਕ ਤੋਂ ਡਿੱਗ ਕੇ ਜ਼ਖ਼ਮੀ ਹੋ ਚੁੱਕੇ ਹਨ ਅਤੇ ਬੱਚਿਆਂ ਨੂੰ ਸਕੂਲ ਜਾਣ ਵਿੱਚ ਵੀ ਮੁਸ਼ਕਲ ਆ ਰਹੀ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਖ਼ਰਾਬ ਸੜਕ ਕਾਰਨ ਦੋਧੀ ਵੀ ਘਰਾਂ ਤੋਂ ਦੁੱਧ ਲੈਣ ਨਹੀਂ ਆ ਰਹੇ, ਜਿਸ ਨਾਲ ਉਨ੍ਹਾਂ ਦਾ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ। ਇਸ ਤੋਂ ਇਲਾਵਾ ਰੋੜੀ-ਪੱਥਰ ਕਾਰਨ ਵਾਹਨਾਂ ਦੇ ਟਾਇਰ ਵੀ ਫਟ ਰਹੇ ਹਨ।ਪਿੰਡ ਵਾਸੀਆਂ ਨੇ ਖ਼ਦਸ਼ਾ ਪ੍ਰਗਟਾਇਆ ਕਿ ਬਰਸਾਤੀ ਮੌਸਮ ਆਉਣ 'ਤੇ ਇਹ ਮੁੱਖ ਰਸਤਾ ਪੂਰੀ ਤਰ੍ਹਾਂ ਬੰਦ ਹੋ ਸਕਦਾ ਹੈ, ਜਿਸ ਨਾਲ ਘਰਾਂ ਨੂੰ ਆਉਣ-ਜਾਣ ਵਿੱਚ ਹੋਰ ਵੀ ਦਿੱਕਤ ਆਵੇਗੀ। ਇਸ ਸਬੰਧੀ ਪਿੰਡ ਵਾਸੀਆਂ ਨੇ ਐਸ.ਡੀ.ਐਮ. ਫਿਲੌਰ ਨੂੰ ਲਿਖਤੀ ਦਰਖ਼ਾਸਤ ਦਿੰਦਿਆਂ ਮੰਗ ਕੀਤੀ ਕਿ ਸੜਕ 'ਤੇ ਜਲਦ ਤੋਂ ਜਲਦ ਲੁੱਕ ਪਵਾਈ ਜਾਵੇ। ਇਸ ਮੌਕੇ ਲਖਵਿੰਦਰ ਸਿੰਘ ਮੋਤੀਪੁਰ, ਕਮਲਜੀਤ ਸਿੰਘ, ਬਲਦੇਵ ਸਿੰਘ, ਹਰਪ੍ਰੀਤ ਸਿੰਘ, ਸੁਰਿੰਦਰ ਸਿੰਘ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਨੀਟ ਪੇਪਰ ਲੀਕ ਮਾਮਲੇ 'ਤੇ ਵਿਦਿਆਰਥੀਆਂ ਦੀ ਗੂੰਜ ਮੁਹਿੰਮ ਨੂੰ ਘਰ-ਘਰ ਤੱਕ ਪਹੁੰਚਾਵਾਂਗੇ : ਅਜੇ ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਦੇਸ਼ ਭਰ 'ਚ ਨੀਟ ਦਾ ਪੇਪਰ ਲੀਕ ਹੋਣ ਕਰਕੇ 22 ਲੱਖ ਵਿਦਿਆਰਥੀਆਂ ਦਾ ਭਵਿੱਖ ਖ਼ਤਰੇ 'ਚ ਪੈ ਗਿਆ ਹੈ। ਇੱਥੇ ਹੀ ਬੱਸ ਨਹੀਂ ਪ੍ਰੀਖਿਆ ਸੰਬੰਧੀ ਚਿੰਤਾ ਦੇ ਮਾਰੇ ਕਈ ਹੋਣਹਾਰ ਵਿਦਿਆਰਥੀ ਖ਼ੁਦਕੁਸ਼ੀ ਤੱਕ ਕਰ ਗਏ ਹਨ, ਪਰ ਹੈਰਾਨੀ ਦੀ ਗੱਲ ਹੈ ਕਿ ਪੇਪਰ ਲੀਕ ਦੇ ਮੁੱਖ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕੇਂਦਰ ਸਰਕਾਰ ਵੱਲੋਂ ਅੱਜ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਹ ਪ੍ਰਗਟਾਵਾ ਇੱਥੇ ਸ਼ਹੀਦ ਭਗਤ ਸਿੰਘ ਨਗਰ ਜ਼ਿਲਾ ਕਾਂਗਰਸ ਕਮੇਟੀ ਵੱਲੋਂ ਅਜੇ ਮੰਗੂਪੁਰ ਦੀ ਅਗਵਾਈ ਹੇਠ ਵਿਦਿਆਰਥੀਆਂ ਦੇ ਕਰਵਾਏ ਸੈਮੀਨਾਰ ਮਗਰੋਂ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਕਾਂਗਰਸ ਦੇ ਸਾਬਕਾ ਸਪੀਕਰ ਕੇ ਪੀ ਰਾਣਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪੇਪਰ ਲੀਕ ਅਤੇ ਪ੍ਰੀਖਿਆਵਾਂ 'ਚ ਹੋ ਰਹੀ ਧੋਖਾਦੇਹੀ ਵਿਰੁੱਧ ਦੇਸ਼ ਦੇ 28 ਵੱਡੇ ਸ਼ਹਿਰਾਂ 'ਚ 40 ਦਿਨਾਂ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਇਸ ਦਾ ਮੁੱਖ ਉਦੇਸ਼ ਪ੍ਰੀਖਿਆਵਾਂ ਵਿਚ ਦੇਰੀ, ਐਨ ਮੌਕੇ 'ਤੇ ਰੱਦ ਹੋ ਰਹੀਆਂ ਪ੍ਰੀਖਿਆਵਾਂ ਅਤੇ ਜਨਤਕ ਪ੍ਰੀਖਿਆ ਪ੍ਰਣਾਲੀ 'ਤੇ ਟੁੱਟ ਰਹੇ ਭਰੋਸੇ ਖ਼ਿਲਾਫ਼ ਵਿਦਿਆਰਥੀਆਂ ਨੂੰ ਸੰਗਠਿਤ ਕਰਨਾ ਹੈ।ਅਜੇ ਮੰਗੂਪੁਰ ਨੇ ਨੀਟ (ਯੂ. ਜੀ.) ਪ੍ਰੀਖਿਆ ਦੇ ਹਵਾਲੇ ਨਾਲ ਕਿਹਾ ਕਿ ਇਹ ਸਿਰਫ਼ ਇਕ ਪ੍ਰੀਖਿਆ ਰੱਦ ਹੋਣ ਦਾ ਮਾਮਲਾ ਨਹੀਂ ਸੀ, ਸਗੋਂ ਲੱਖਾਂ ਨੌਜਵਾਨਾਂ ਦੇ ਭਰੋਸੇ ਦਾ ਟੁੱਟਣਾ ਸੀ, ਜਿਸ ਨਾਲ ਦੇਸ਼ ਭਰ ਵਿਚ ਘਬਰਾਹਟ ਅਤੇ ਅਨਿਸ਼ਚਿਤਤਾ ਦਾ ਮਾਹੌਲ ਬਣਿਆ।



ਇਸ ਮੌਕੇ ਕੇ.ਪੀ. ਰਾਣਾ ਸਾਬਕਾ ਸਪੀਕਰ, ਚੌਧਰੀ ਦਰਸ਼ਨ ਲਾਲ ਮੰਗੂਪੁਰ ਸਾਬਕਾ ਵਿਧਾਇਕ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਅਸ਼ਵਨੀ ਸ਼ਰਮਾ ਜ਼ਿਲ੍ਹਾ ਪ੍ਰਧਾਨ ਰੂਪਨਗਰ, ਤਰਸੇਮ ਚੰਦਿਆਣੀ ਸਾਬਕਾ ਚੇਅਰਮੈਨ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਰਾਜ ਕੁਮਾਰ ਜ਼ਿਲ੍ਹਾ ਪ੍ਰਧਾਨ ਸੇਵਾ ਦੱਲ, ਨਾਨਕ ਸਿੰਘ ਬਾਂਠ ਚੇਅਰਮੈਨ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ,ਹਰਜੀਤ ਸਿੰਘ ਜਾਡਲੀ ਮੈਂਬਰ ਡੀ ਸੀ ਸੀ, ਉਪਕਾਰ ਸਿੰਘ ਸਾਬਕਾ ਜ਼ਿਲ੍ਹਾ ਪ੍ਰਧਾਨ ਐਸ ਸੀ ਸੈੱਲ, ਕੁਲਦੀਪ ਕੁਮਾਰ ਪ੍ਰਧਾਨ ਕਿਸਾਨ ਸੈੱਲ, ਜਿੰਦਰ ਕੁਮਾਰ ਪ੍ਰਧਾਨ ਐਸ ਸੀ ਸੈੱਲ, ਸਤਿੰਦਰ ਲਾਲ ਚੇਚੀ ਯੂਥ ਆਗੂ, ਮਲਕੀਤ ਸਿੰਘ ਧੌਲ ਮੈਂਬਰ ਬੀ ਸੀ ਬੀ, ਸਤਵਿੰਦਰ ਰੱਕੜ ਪ੍ਰਧਾਨ ਸੇਵੀ ਦੱਲ, ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ ਡੀ ਸੀ ਸੀ, ਨਰਿੰਦਰ ਘਈ ਸਾਬਕਾ ਨਗਰ ਕੌਂਸਲ ਪ੍ਰਧਾਨ ਆਦਿ ਆਗੂ ਤੇ ਵਰਕਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਬਿਸਤ ਦੋਆਬ ਨਹਿਰ 'ਚ ਟਿੱਪਰ ਪਲਟਿਆ, ਚਾਲਕ ਦਾ ਬਚਾਅ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਕੋਟ ਫਤੂਹੀ-ਮੇਹਟੀਆਣਾ ਮਾਰਗ ਤੇ ਪਿੰਡ ਭੁੰਗਰਨੀ ਦੇ ਨਜ਼ਦੀਕ ਬਿਸਤ ਦੋਆਬ ਨਹਿਰ ਵਿੱਚ ਇੱਕ ਰੇਤੇ ਵਾਲਾ ਟਿੱਪਰ ਪਲਟ ਗਿਆ।ਮਿਲੀ ਜਾਣਕਾਰੀ ਅਨੁਸਾਰ ਟਿੱਪਰ ਜੋ ਕੋਟ ਫਤੂਹੀ ਤੋਂ ਮੇਹਟੀਆਣਾ ਵੱਲ ਨੂੰ ਦੇਰ ਰਾਤ ਕਰੀਬ ਬਾਰਾਂ ਵਜੇ ਜਾ ਰਿਹਾ ਸੀ ਅਤੇ ਕਿਸੇ ਵਾਹਨ ਨੂੰ ਸਾਈਡ ਦਿੰਦੇ ਹੋਏ ਬਿਸਤ ਦੋਆਬ ਨਹਿਰ ਕਿਨਾਰੇ ਲੱਗੀ ਰੇਲਿੰਗ ਨੂੰ ਤੋੜ ਕੇ ਬਿਸਤ ਦੋਆਬ ਨਹਿਰ ਵਿੱਚ ਪੂਰੀ ਤਰ੍ਹਾਂ ਪਲਟ ਗਿਆ।ਇਸ ਘਟਨਾ ਵਿੱਚ ਟਿੱਪਰ ਦਾ ਕੈਬਿਨ ਲੱਕੜ ਦਾ ਬਣਿਆ ਹੋਇਆ ਕਰਕੇ ਟੁੱਟ ਗਿਆ ਤੇ ਪਾਣੀ ਨੇ ਟਿੱਪਰ ਚਾਲਕ ਨੂੰ ਬਾਹਰ ਲੱਕੜ ਦੇ ਬਣੇ ਕੈਬਿਨ ਦੇ ਫੱਟਿਆਂ ਉੱਪਰ ਸੁੱਟ ਦਿੱਤਾ।



ਜਿਸ ਦੇ ਰੌਲਾ ਪਾਉਣ ਤੇ ਪਿੱਛੋਂ ਆ ਰਹੇ ਟਿੱਪਰ ਚਾਲਕਾਂ ਨੇ ਆਪਣੀਆਂ ਪੱਗਾਂ ਸੁੱਟ ਉਸ ਨੂੰ ਬੜੀ ਮੁਸ਼ਕਲ ਨਾਲ ਬਾਹਰ ਕੱਢਿਆ ਤੇ ਉਸ ਦਾ ਬਚਾਅ ਹੋ ਗਿਆ। ਇਹ ਜਾਣਕਾਰੀ ਇੱਕ ਹੋਰ ਟਿੱਪਰ ਚਾਲਕ ਨੇ ਦਿੱਤੀ।

## ਸਰਬਜੀਤ ਸਿੰਘ ਗੁਰਦੁਆਰਾ ਚੁਸ਼ਮਾ ਸਾਹਿਬ ਕਮੇਟੀ ਦੇ ਪ੍ਰਧਾਨ ਨਿਯੁਕਤ



**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਚੁਸ਼ਮਾ ਸਾਹਿਬ ਪਿੰਡ ਢੰਡਾ ਅਤੇ ਸੰਗ ਢੇਸੀਆਂ ਵਿਖੇ ਕਮੇਟੀ ਦੀ ਇੱਕ ਮੀਟਿੰਗ ਪ੍ਰਧਾਨ ਸੰਤੋਖ ਸਿੰਘ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿਸ ਵਿੱਚ ਨਵੀਂ ਕਮੇਟੀ ਦੀ ਚੋਣ ਨੂੰ ਲੈ ਕੇ ਵਿਚਾਰ ਵਟਾਂਦਾਰਾ ਕੀਤਾ ਗਿਆ। ਇਸ ਮੌਕੇ 21 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਸਰਬਜੀਤ ਸਿੰਘ ਨੂੰ 2026-27 ਲਈ ਪ੍ਰਧਾਨ, ਵਾਇਸ ਪ੍ਰਧਾਨ ਹਰਦੀਪ ਸਿੰਘ ਢੰਡਾ, ਖਜ਼ਾਨਚੀ ਦਲਵੀਰ ਸਿੰਘ, ਜੁਆਇੰਟ ਖਜ਼ਾਨਚੀ ਹਰਪ੍ਰੀਤ ਸਿੰਘ ਰੂਪਲ, ਸੈਕਟਰੀ ਨੰਜੂ ਰਾਮ, ਜੁਆਇੰਟ ਸੈਕਟਰੀ ਬੂਟਾ ਸਿੰਘ ਨੂੰ ਚੁਣਿਆ ਗਿਆ। ਇਸ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਨਵੇਂ ਚੁਣੇ ਗਏ ਕਮੇਟੀ ਦੇ ਅਹੁਦੇਦਾਰਾ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਅਹੁਦੇਦਾਰਾ ਨੇ ਵਿਸ਼ਵਾਸ਼ ਦਵਾਇਆ ਗਿਆ ਜੋ ਜ਼ੁੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਇਸ ਮੌਕੇ ਗੁਰਮੀਤ ਸਿੰਘ, ਗੁਰਦੀਪ ਸਿੰਘ, ਸੁਖਦੇਵ ਸਿੰਘ, ਸਰਬਜੀਤ ਸਿੰਘ, ਸਦਾ ਰਾਮ, ਪੰਚ ਸੁਰਜੀਤ ਸਿੰਘ, ਪੰਚ ਬਿੰਦਰ ਲਾਲ, ਸੋਢੀ ਰੂਪਲ, ਗੁਰਵਿੰਦਰ ਸਿੰਘ, ਬਲਵੀਰ ਸਿੰਘ, ਬਲਦੀਪ ਸਿੰਘ, ਦਵਿੰਦਰ ਸਿੰਘ, ਅਮਰਜੀਤ ਸਿੰਘ, ਜਗਜੀਤ ਸਿੰਘ, ਹਰਮਿੰਦਰ ਸਿੰਘ, ਮਹਿੰਦਰ ਚੰਦ, ਬਲਵਿੰਦਰ ਸਿੰਘ, ਨਿੰਰਜਣ ਸਿੰਘ, ਗੁਰਦਿਆਲ ਸਿੰਘ, ਦਲਜੀਤ ਸਿੰਘ, ਰੇਸ਼ਮ ਕੌਰ, ਜਸਵਿੰਦਰ ਕੌਰ, ਸੁਰਿੰਦਰ ਕੌਰ ਆਦਿ ਕਮੇਟੀ ਮੈਂਬਰ ਚੁਣੇ ਗਏ।

## ਐਸ ਸੀ ਕਮਿਸ਼ਨ ਵੱਲੋਂ ਸਕੂਲ ਸਿੱਖਿਆ ਵਿਭਾਗ ਦਾ ਸਕੱਤਰ ਤਲਬ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਸੁ-ਮੋਟੋ-ਨੋਟਿਸ ਲੈਂਦਿਆਂ ਸਿੱਖਿਆ ਵਿਭਾਗ ਦੇ ਭਰਤੀ ਬੋਰਡ ਵਲੋਂ ਲੈਕਚਰਾਰਾਂ ਦੀਆਂ ਅਸਾਮੀਆਂ ਲਈ ਜਾਰੀ ਇਸ਼ਤਿਹਾਰ ਵਿੱਚ ਅਨੁਸੂਚਿਤ ਜਾਤੀਆਂ ਵਰਗ ਲਈ ਲਾਗੂ ਰਾਖਵਾਂਕਰਨ ਨੀਤੀ ਦੀ ਅਣਦੇਖੀ ਕਰਨ ਦੇ ਮਾਮਲੇ ਵਿਚ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸਰਕਾਰ ਨੂੰ ਤਲਬ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਜਿਸ ਤੇ ਕਾਰਵਾਈ ਕਰਦਿਆਂ ਕਮਿਸ਼ਨ ਵਲੋਂ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਨੂੰ 3 ਜੁਲਾਈ ਨੂੰ ਨਿੱਜੀ ਪੱਧਰ ਤੇ ਕਮਿਸ਼ਨ ਅੱਗੇ ਪੇਸ਼ ਹੋਣ ਦਾ ਹੁਕਮ ਦਿੱਤਾ ਹੈ।

# ਮਹੰਤ ਸ਼ਾਂਤੀ ਗਿਰੀ ਦਾ 16ਵਾਂ ਭੰਡਾਰਾ ਤੇ ਧਾਰਮਿਕ ਸਮਾਗਮ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਸਥਾਨਕ ਪ੍ਰਾਚੀਨ ਸ਼ਿਵ ਮੰਦਰ 'ਚ ਸ਼ਰਧਾਲੂਆਂ ਦੀਆਂ ਭਾਰੀ ਰੌਣਕਾਂ ਲੱਗੀਆਂ, ਜਿੱਥੇ ਸੰਗਤ ਬ੍ਰਹਮਲੀਨ ਮਹੰਤ ਸ਼ਾਂਤੀ ਗਿਰੀ ਜੀ ਮਹਾਰਾਜ ਦੀ ਪੁੰਨਿਆ ਤਿਥੀ ਤੇ 16ਵਾਂ ਭੰਡਾਰਾ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ ਤੇ ਇਸ ਵਿੱਚ ਵੱਡੀ ਗਿਣਤੀ 'ਚ ਸੰਗਤ ਪੁੱਜੀ ਹੋਈ ਸੀ। ਇਸ ਮੌਕੇ ਵੱਡੀ ਗਿਣਤੀ 'ਚ ਸਾਧੂ-ਮਹਾਤਮਾ ਵੀ ਮੰਦਿਰ ਵਿੱਚ ਪੁੱਜੇ ਤੇ ਪ੍ਰਸ਼ਾਦ ਛਕਣ ਉਪਰੰਤ ਸਮੂਹ ਸੰਗਤ ਨੂੰ ਆਸ਼ੀਰਵਾਦ ਦਿੱਤਾ ਤੇ ਉਪਰੰਤ ਉਹਨਾਂ ਨੂੰ ਦਾਨ-ਦਕਸ਼ਿਣਾ ਦੇ ਕੇ ਸਨਮਾਨ ਸਹਿਤ ਰਵਾਨਾ ਕੀਤਾ ਗਿਆ। ਇਸ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ 'ਚ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਦੇ ਸ਼ਰਧਾਲੂ ਪ੍ਰਾਚੀਨ ਸ਼ਿਵ ਮੰਦਰ ਦੇ ਵਿਹੜੇ 'ਚ ਮੱਥਾ ਟੇਕਣ ਲਈ ਪਹੁੰਚੇ। ਇਸ ਮੌਕੇ ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ ਜਿਸ 'ਚ ਸ਼ਰਧਾਲੂਆਂ ਨੇ ਹਾਜ਼ਰੀ ਲਗਵਾਈ ਤੇ ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਨੂੰ ਨਤਮਸਤਕ ਵੀ ਹੋਏ। ਇਸ ਮੌਕੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵੱਲੋਂ ਸੰਦੇਸ਼ ਦਿੰਦਿਆਂ ਦੱਸਿਆ ਕਿ ਆਪ ਸਭ ਨੂੰ ਇੱਕ ਹੋ ਕੇ ਇਸ ਸੱਭ ਧਾਰਮਿਕ ਸਮਾਗਮ ਕਰਵਾਉਂਦੇ ਰਹਿਣਾ ਚਾਹੀਦਾ ਹੈ ਇਸ ਨਾਲ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਸਾਡੇ ਸੰਸਕਾਰਾਂ ਬਾਰੇ ਪਤਾ ਲਗਦਾ ਹੈ। ਇਸ ਮੌਕੇ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵੱਲੋਂ ਸੰਕੀਰਤਨ ਕੀਤਾ ਗਿਆ ਅਤੇ ਸਾਰਿਆਂ ਨੂੰ ਪ੍ਰਭੂ ਚਰਨਾਂ ਨਾਲ ਜੋੜਿਆ। ਆਪਣੇ ਸ਼ਾਨਦਾਰ ਭਜਨਾਂ ਅਤੇ ਮਿੱਠੇ ਬੋਲਾਂ ਨਾਲ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਕਦੇ ਵੀ ਕਿਸੇ ਸੰਤ, ਸੰਤ ਜਾਂ ਕਿਸੇ ਜੀਵ ਬਾਰੇ ਚੁਗਲੀ ਨਾ ਕਰਨ। ਇਸ ਮੌਕੇ ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਦੇ ਬਾਰੇ ਵਿਪਨ ਸ਼ਰਮਾ ਤੇ ਰੁਪੇਸ਼ ਕੁਮਾਰ ਸੱਦੀ ਨੇ ਦੱਸਿਆ ਕਿ ਮਹਾਰਾਜ ਇੱਕ ਸਿਧਪੁਰਸ਼ ਸਨ ਉਨ੍ਹਾਂ ਨੇ ਦੱਸਿਆ ਕਿ ਇਸ ਡੇਰੇ ਤੇ ਹਰ ਆਉਣ ਵਾਲੇ ਭਗਤ ਵੱਲੋਂ ਸੱਚੇ ਮਨ ਨਾਲ ਮੰਗੀ ਮੁਰਾਦ ਪੂਰੀ ਹੁੰਦੀ ਹੈ ਤੇ ਬਹੁਤ ਸਾਰੀਆ ਅਜਿਹੀਆਂ ਉਦਾਹਰਣਾਂ ਹਨ। ਇਸ ਮੌਕੇ ਮਹੰਤ ਸ੍ਰੀ ਜੈ ਰਾਮ ਗਿਰੀ ਜੀ ਮਹਾਰਾਜ, ਪੰਡਿਤ ਦਗਦੀਸ਼ ਜੀ, ਪੰਡਿਤ ਪਾਰਸ, ਪੰਡਿਤ ਧਰਮਰਾਜ, ਵਿਪਨ ਸ਼ਰਮਾ, ਰੁਪੇਸ਼ ਕੁਮਾਰ ਸੱਦੀ, ਮੋਨੂੰ ਸ਼ਾਹ, ਸੰਜੀਵ ਕੁਮਾਰ ਕੰਡਾ, ਨਰਿੰਦਰ ਕਾਲੀਆ, ਖਜਾਨਚੀ ਦਾਸ, ਬਾਵੇਸ਼ ਪਲਾਣਪੁਰ, ਦਰਸ਼ਨ ਸੱਦੀ, ਅਮਿਤ, ਲਖਨ ਵਰਮਾ, ਮਹਿੰਦਰ ਪਾਲ ਖੇੜਾ, ਵਿਕਾਸ ਵਰਮਾ, ਮਾ. ਰਵੀ ਸ਼ੰਕਰ, ਮਾ. ਰਵੀ ਦੱਤ, ਦਿਨੇਸ਼ ਕੁਮਾਰ, ਸ਼ਾਲੂ ਸੱਦੀ, ਆਪ ਸ਼ਹਿਰੀ ਪ੍ਰਧਾਨ ਅਮਨ ਪਨੇਸਰ, ਮਾ. ਰਮੇਸ਼ ਸ਼ਰਮਾ, ਮੁਨੀਤ ਗਾਂਧੀ, ਮੁਕੇਸ਼ ਸੱਦੀ, ਵਿਨੈ, ਕਮਲ ਸ਼ਰਮਾ ਸਮੇਤ ਆਦਿ ਸੇਵਾਦਾਰ ਤੇ ਸ਼ਰਧਾਲੂ ਤੇ ਲੱਗਭਗ ਲੋਹੀਆਂ ਖਾਸ ਦੇ ਹਰ ਪ੍ਰਵਾਰ ਵਿੱਚੋਂ ਪ੍ਰਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਆਪਣੀ ਹਾਜ਼ਰੀ ਲਗਵਾਈ ਗਈ ਤੇ ਆਸ਼ੀਰਵਾਦ ਪ੍ਰਾਪਤ ਕੀਤਾ।



# ਲਗਾਤਾਰ ਹੋ ਰਹੀਆਂ ਚੋਰੀਆਂ ਦੇ ਵਿਰੋਧ 'ਚ ਦੁਕਾਨਦਾਰਾਂ ਲਗਾਇਆ ਧਰਨਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਗੜ੍ਹਸ਼ੰਕਰ ਸ਼ਹਿਰ ਵਿੱਚ ਲਗਾਤਾਰ ਹੋ ਰਹੀਆਂ ਚੋਰੀਆਂ ਦੇ ਵਿਰੋਧ ਵਿੱਚ ਇਲਾਕਾ ਨਿਵਾਸੀਆਂ ਅਤੇ ਦੁਕਾਨਦਾਰਾਂ ਵਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾਈ ਮੈਂਬਰ ਪੰਕਜ ਕ੍ਰਿਪਾਲ ਐਡਵੋਕੇਟ ਦੀ ਅਗਵਾਈ ਹੇਠ ਪੁਲਸ ਥਾਣਾ ਗੜ੍ਹਸ਼ੰਕਰ ਵਿਖੇ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਐਡਵੋਕੇਟ ਪੰਕਜ ਕ੍ਰਿਪਾਲ ਨੇ ਕਿਹਾ ਕਿ ਗੜ੍ਹਸ਼ੰਕਰ ਸ਼ਹਿਰ ਵਿੱਚ ਪਿਛਲੇ ਦਿਨਾਂ ਵਿੱਚ ਲਗਭਗ 100 ਚੋਰੀਆਂ ਹੋ ਚੁੱਕੀਆਂ ਹਨ। ਗੜ੍ਹਸ਼ੰਕਰ ਸ਼ਹਿਰ ਵਿੱਚ ਲਗਾਤਾਰ ਹੋ ਰਹੀਆਂ ਚੋਰੀਆਂ ਕਾਰਨ ਵਪਾਰੀ ਵਰਗ ਪ੍ਰੇਸ਼ਾਨ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਪਹਿਲਾਂ ਹੀ ਮੰਦੀ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ ਅਤੇ ਚੋਰੀਆਂ ਕਾਰਨ ਵਪਾਰੀ ਵਰਗ ਵਿੱਚ ਦਹਿਸ਼ਤ ਅਤੇ ਡਰ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਪੂਰੀ ਤਰਾਂ ਤਬਾਹ ਹੋ ਚੁੱਕੀ ਹੈ। ਜੇਕਰ ਇੱਕ ਹਫਤੇ ਵਿੱਚ ਚੋਰ ਨਾ ਫੜੇ ਗਏ ਤਾਂ ਸੰਘਰਸ਼ ਹੋਰ ਤੇਜ ਕੀਤਾ ਜਾਵੇਗਾ ਅਤੇ ਅਗਲੇ ਸੋਮਵਾਰ ਨੂੰ ਦੁਬਾਰਾ ਪੁਲਸ ਥਾਣੇ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਹਰਵੇਲ ਸਿੰਘ ਸੈਣੀ ਨੇ ਕਿਹਾ ਕਿ ਗੜ੍ਹਸ਼ੰਕਰ ਸ਼ਹਿਰ ਵਿੱਚ ਲਗਾਤਾਰ ਹੋ ਰਹੀਆਂ ਚੋਰੀਆਂ ਦੇ ਵਿਰੋਧ ਵਿੱਚ ਪੰਕਜ ਕ੍ਰਿਪਾਲ ਨੇ ਧਰਨਾ ਅਤੇ ਰੋਸ ਪ੍ਰਦਰਸ਼ਨ ਕਰ ਕੇ ਵਪਾਰੀਆਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ ਹੈ। ਇਸ ਮੌਕੇ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਜਨਰਲ ਸਕੱਤਰ ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਕਾਂਗਰਸ ਪਾਰਟੀ ਡਟ ਕੇ ਵਪਾਰੀਆਂ ਦੇ ਨਾਲ ਖੜ੍ਹੀ ਹੈ। ਇਸ ਮੌਕੇ ਹਰਪ੍ਰੀਤ ਸਿੰਘ ਸਾਧੋਵਾਲ, ਜਸਵੀਰ ਸਿੰਘ ਜੱਸੀ ਪੁਰਖੋਵਾਲ, ਕਿਸ਼ਨ ਸਹੋਤਾ, ਬੱਗੂ ਰਾਣਾ, ਵੈਦ ਅੰਮ੍ਰਿਤ ਲਾਲ, ਚੇਤਨ ਕੁਮਾਰ, ਜੈ ਸਿੰਘ ਰਾਣਾ, ਰਵਿੰਦਰ ਮਲਹੋਤਰਾ, ਮਨਜਿੰਦਰ ਮੋਹਣੋਵਾਲ, ਕਰਪੂਲ ਸਿੰਘ, ਸੁਨੀਲ ਬੱਸੀ, ਗੁਰਮੇਲ ਸਿੰਘ, ਗਗਨਦੀਪ ਸਿੰਘ, ਜਗਤਾਰ ਸਿੰਘ ਸਾਧੋਵਾਲ, ਰੋਹਿਤ ਕੁਮਾਰ ਪੋਸੀ, ਰਾਜ ਕੁਮਾਰ, ਦੀਪਕ ਕੁਮਾਰ, ਆਦਿ ਹਾਜ਼ਰ ਹੋਏ। ਇਸ ਮੌਕੇ ਐਸ. ਐਚ. ਓ. ਗਗਨਪ੍ਰੀਤ ਸਿੰਘ ਸੇਖੋਂ ਨੇ ਧਰਨੇ ਵਿੱਚ ਸ਼ਾਮਲ ਹੋ ਕੇ ਯਕੀਨ ਦਿਵਾਇਆ ਕਿ ਤਿੰਨ ਚਾਰ ਦਿਨਾਂ ਵਿੱਚ ਚੋਰ ਫੜ ਲਏ ਜਾਣਗੇ।



## ਲੰਮੇ ਬਿਜਲੀ ਕੱਟਾਂ ਤੋਂ ਦੁਖੀ ਹੋ ਕੇ ਲੋਕਾਂ ਨੇ ਅੱਧੀ ਰਾਤ ਲਾਇਆ ਜਾਮ

**ਖਰੜ (ਹਰਨਾਮ ਸਿੰਘ ਡੱਲਾ)**- ਖਰੜ ਸ਼ਹਿਰ ਦੀਆਂ ਵੱਖ ਵੱਖ ਕਲੋਨੀਆਂ ਦੇ ਬਸ਼ਿੰਦਿਆ ਵੱਲੋਂ ਬਿਜਲੀ ਕੱਟਾਂ ਤੋਂ ਦੁਖੀ ਹੋ ਕੇ ਕੱਲ ਰਾਤ ਚੰਡੀਗੜ੍ਹ ਹਾਈਵੇ ਜਾਮ ਕਰ ਦਿੱਤਾ ਗਿਆ ਜਿਸ ਕਰਕੇ ਚੰਡੀਗੜ੍ਹ ਤੋਂ ਜਾਣ ਵਾਲੇ ਤੇ ਚੰਡੀਗੜ੍ਹ ਆਉਣ ਵਾਲੇ ਵਾਹਨ ਚਾਲਕਾਂ ਤੇ ਰਾਹਗੀਰਾਂ ਨੂੰ ਕਾਫ਼ੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ। ਇਸ ਸਮੇਂ ਲੋਕਾਂ ਦਾ ਗੁੱਸਾ ਇਸ ਕਦਰ ਦੇਖਣ ਵਾਲਾ ਸੀ ਕਿ ਉਹ ਮੌਕੇ ਤੇ ਪਹੁੰਚੇ ਥਾਣਾ ਸਿਟੀ ਦੇ ਐਸ ਐਚ ਓ ਵਲੋਂ ਕੀਤੀਆਂ ਜਾਂਦੀਆਂ ਅਪੀਲਾਂ ਨੂੰ ਵੀ ਮੰਨਣ ਤੋਂ ਇਨਕਾਰੀ ਦੇਖੇ ਗਏ ਅਤੇ ਬਾਦ ਵਿੱਚ ਸਮਝਾਉਣ-ਬੁਝਾਉਣ ਤੋਂ ਬਾਦ ਸ਼ਾਂਤ ਹੋ ਕੇ ਆਪੋ ਆਪਣੇ ਘਰਾਂ ਨੂੰ ਚਲੇ ਗਏ। ਚੇਤੇ ਰਹੇ ਕਿ ਖਰੜ ਸ਼ਹਿਰ ਵਿੱਚ ਬਿਜਲੀ ਦੀ ਕਿੱਲਤ ਕਰਕੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਮੇਂ ਡਿਊਟੀ ਦੇ ਰਹੇ ਬਿਜਲੀ ਬੋਰਡ ਦੇ ਮੁਲਾਜ਼ਮ ਵੀ ਲੋਕ ਰੋਹ ਤੋਂ ਡਰਦੇ ਹੋਏ ਦਫਤਰ ਵਿੱਚੋਂ ਗਾਇਬ ਹੋ ਗਏ। ਲੋਕਾਂ ਦੀ ਮੰਗ ਸੀ ਕਿ ਬਿਜਲੀ ਸਪਲਾਈ ਜਦੋਂ ਤੱਕ ਦਰੁਸਤ ਨਹੀਂ ਹੁੰਦੀ ਉਦੋਂ ਤੱਕ ਅਸੀਂ ਚੰਡੀਗੜ੍ਹ ਹਾਈਵੇ ਬੰਦ ਰੱਖਾਂਗੇ। ਪਰ ਥਾਣਾ ਸਿਟੀ ਦੇ ਐਸ ਐਚ ਓ ਵੱਲੋਂ ਲੋਕਾਂ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਉਹ ਪੀ ਸੀ ਪੀ ਐੱਲ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਬਿਜਲੀ ਸਪਲਾਈ ਦੀ ਦਿੱਕਤ ਦੂਰ ਕਰਵਾਉਂਦੇ।ਦੇਖਿਆ ਗਿਆ ਹੈ ਕਿ ਪੀ ਸੀ ਪੀ ਐੱਲ ਦਫ਼ਤਰ ਵਿਖੇ ਗਰਮੁੱਖ ਸਿੰਘ, ਪਰਮਜੀਤ ਸ਼ਰਮਾ, ਕੁਲਵਿੰਦਰ ਕੌਰ ਸੈਣੀ, ਬਲਜੀਤ ਕੌਰ, ਨਿਰਮਲਾ ਦੇਵੀ ਅਤੇ ਨਿਰਵੈਰ ਕੌਰ ਆਦਿ ਨੇ ਐਸ ਡੀ ਓ ਖਰੜ-1 ਨੂੰ ਵੱਡੀ ਗਿਣਤੀ ਵਿੱਚ ਦਸਮੇਸ਼ ਨਗਰ ਨਿਵਾਸੀਆਂ ਦੇ ਦਸਤਖਤ ਕਰਵਾ ਕੇ ਡਿੰਮ ਬਿਜਲੀ ਦੀ ਸਮੱਸਿਆ ਅਤੇ ਬਿਜਲੀ ਕੱਟਾਂ ਵਿਰੁੱਧ ਇੱਕ ਦਰਖ਼ਾਸਤ ਦਿੱਤੀ ਹੈ। ਅਧਿਕਾਰੀਆਂ ਵਲੋਂ ਭਰੋਸਾ ਦਿਵਾਇਆ ਗਿਆ ਹੈ ਕਿ ਜਲਦੀ ਹੀ ਇਸ ਸਮੱਸਿਆ ਦਾ ਹੱਲ ਕਰਵਾ ਦਿੱਤਾ ਜਾਵੇਗਾ।



# 41ਵੇਂ ਸਥਾਪਨਾ ਦਿਵਸ 'ਤੇ ਧਾਰਮਿਕ ਸਮਾਗਮ ਕਰਵਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਦੇ 41ਵੇਂ ਸਥਾਪਨਾ ਦਿਵਸ, ਸਤਿਗੁਰੂ ਕਬੀਰ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ, 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਤੇ ਹਾੜ੍ਹ ਮਹੀਨੇ ਦੀ ਪੂਰਨਮਾਸ਼ੀ ਦੇ ਦਿਹਾੜੇ ਨੂੰ ਸਮਰਪਤ ਮਹੀਨਾ ਵਾਰੀ ਧਾਰਮਿਕ ਸਮਾਗਮ ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਡਾ. ਬੀ.ਆਰ ਅੰਬੇਡਕਰ ਕਲੱਬ ਮੀਰਾ ਬਾਈ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸਤਿਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਆਰੰਭ ਕੀਤੇ ਗਏ ਪੰਜਵੇਂ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਤੇ ਛੇਵੇਂ ਸ੍ਰੀ ਸਹਿਜ ਪਾਠ ਜੀ ਦੀ ਆਰੰਭਤਾ ਸਰਬੱਤ ਦੇ ਭਲੇ ਦੀ ਅਰਦਾਸ ਦੌਰਾਨ ਕੀਤੀ ਗਈ ।ਇਸ ਮੌਕੇ ਸਜਾਏ ਗਏ ਕੀਰਤਨ ਦਰਬਾਰ ਵਿੱਚ ਭਾਈ ਸੁਰਿੰਦਰ ਸਿੰਘ ਬੈਂਚਾਂ ਵਾਲਿਆਂ ਦੇ ਰਾਗੀ ਜਥੇ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੌਰਾਨ ਨਿਹਾਲ ਕਰਦੇ ਗੁਰੂ ਚਰਨਾਂ ਨਾਲ ਜੋੜਿਆ। ਇਸ ਤੋਂ ਇਲਾਵਾ ਗੈਰੀ, ਵਰੁਣ, ਰੀਆ ਪੂਜਾ, ਨੇਹਾ, ਤਨੂੰ ਬੱਚੀਆਂ ਨੇ ਸ਼ਬਦ ਕੀਰਤਨ ਦੀ ਸੇਵਾ ਕੀਤੀ।

ਇਸ ਮੌਕੇ ਗੁਰੂ ਘਰ ਦੇ ਮੁੱਖ ਸੇਵਾਦਾਰ ਭਾਈ ਜਗਦੀਸ਼ ਕੁਮਾਰ ਰਿੰਕਾ ਨੇ ਮਨਾਏ ਜਾ ਰਹੇ ਵੱਖ ਵੱਖ ਦਿਹਾੜਿਆਂ ਦੀ ਸਮੂਹ ਸੰਗਤ ਨੂੰ ਮੁਬਾਰਕਬਾਦ ਦਿੱਤੀ ਅਤੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਆਰੰਭ ਕੀਤੇ ਗਏ ਛੇਵੇਂ ਸ੍ਰੀ ਸਹਿਜ ਪਾਠ ਦੇ ਭੋਗ ਸਾਉਣ ਮਹੀਨੇ ਦੀ ਪੂਰਨਮਾਸ਼ੀ 'ਤੇ ਪਾਏ ਜਾਣਗੇ। ਇਸ ਮੌਕੇ ਪ੍ਰਧਾਨ ਜਗਦੀਸ਼ ਕੁਮਾਰ ਰਿੰਕਾ ਤੇ ਹੋਰਨਾ ਸੇਵਾਦਾਰਾਂ ਨੇ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਨੂੰ ਪਦਮ ਸ੍ਰੀ ਨਾਲ ਸਨਮਾਨਤ ਕੀਤੇ ਜਾਣ 'ਤੇ ਭਾਰਤ ਸਰਕਾਰ ਦਾ ਧੰਨਵਾਦ ਕੀਤਾ ਤੇ ਸਮੂਹ ਸੰਗਤ ਨੂੰ ਵਧਾਈ ਦਿੱਤੀ।

ਇਸ ਮੌਕੇ ਸੋਮ ਪ੍ਰਕਾਸ਼, ਸੁਰਜੀਤ ਸਿੰਘ ਬੈਂਕ ਵਾਲੇ,ਅਮਰੀਕ ਸਿੰਘ ਕੈਸ਼ੀਅਰ, ਮਨਦੀਪ ਦੀਪਾ, ਨੀਰਜ ਕੁਮਾਰ, ਸਰਵਣ ਸਿੰਘ, ਸੰਤੋਖ ਸਿੰਘ,ਪਰਗਟ ਲਾਲ, ਗਗਨਦੀਪ, ਵਿਜੇ ਕੁਮਾਰ, ਚਮਨ ਲਾਲ, ਪ੍ਰਿੰਸ, ਕਸ਼ਮੀਰ ਸਿੰਘ, ਜਗਜੀਤ ਸਿੰਘ ਭੁੱਟਾ ਤੋਂ ਇਲਾਵਾ ਹੋਰ ਸੰਗਤਾਂ ਵੀ ਹਾਜ਼ਰ ਸਨ।



# ਬਿਜਲੀ ਕੱਟਾਂ ਖਿਲਾਫ਼ ਧਰਨਾ ਲਗਾ ਕੇ ਕਿਸਾਨਾਂ ਨੇ ਕੀਤਾ ਚੱਕਾ ਜਾਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਿਜਲੀ ਕੱਟਾਂ ਖਿਲਾਫ਼ ਇਲਾਕੇ ਦੇ ਕਿਸਾਨਾਂ ਨੇ ਕੋਟ ਫਤੂਹੀ-ਮਾਹਿਲਪੁਰ ਮੁੱਖ ਮਾਰਗ ਤੇ ਬਿਸਤ-ਦੋਆਬ ਨਹਿਰ ਵਾਲੇ ਮੇਨ ਚੌਂਕ ਵਿਖੇ ਵਿੱਚ ਧਰਨਾ ਲਗਾ ਕੇ ਚੱਕਾ ਜਾਮ ਕੀਤਾ। ਇਸ ਮੌਕੇ ਕਿਸਾਨਾਂ ਨੇ ਸਰਕਾਰ ਤੇ ਬਿਜਲੀ ਬੋਰਡ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਕਿਸਾਨਾਂ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਮੋਟਰਾਂ ਵਾਲੀ ਬਿਜਲੀ ਸਪਲਾਈ ਦਾ ਹਾਲ ਬਹੁਤ ਮੰਦਾ ਹੋਇਆ ਪਿਆ ਹੈ ਅਤੇ ਅੱਠ ਘੰਟਿਆਂ ਵਿੱਚੋਂ ਸਿਰਫ ਚਾਰ ਘੰਟੇ ਹੀ ਬਿਜਲੀ ਮਿਲ ਰਹੀ ਹੈ।ਕਿਸਾਨਾਂ ਨੇ ਦੱਸਿਆ ਕਿ ਕੁੱਝ ਕੁ ਘੰਟੇ ਮਿਲਣ ਵਾਲੀ ਬਿਜਲੀ ਨਾਲ ਤਾਂ ਪਹਿਲਾਂ ਲਗਾਏ ਹੋਏ ਝੋਨੇ ਨੂੰ ਹੀ ਪਾਣੀ ਨਹੀਂ ਆ ਰਿਹਾ ਤਾਂ ਕਿਸਾਨ ਝੋਨੇ ਦੀ ਰਹਿੰਦੀ ਫਸਲ ਦੀ ਬਜਾਈ ਕਿਸ ਤਰ੍ਹਾਂ ਕਰਨਗੇ।ਕਿਸਾਨਾਂ ਨੇ ਮੰਗ ਕੀਤੀ ਕਿ ਸਰਕਾਰ ਝੋਨੇ ਦੇ ਸੀਜਨ ਦੌਰਾਨ 8-10 ਘੰਟੇ ਬਿਜਲੀ ਦੇਣ ਦਾ ਵਾਅਦਾ ਪੂਰਾ ਕਰੇ।ਕਿਸਾਨਾਂ ਵਲੋਂ ਲਗਾਏ ਜਾਮ ਕਰਕੇ ਗੜ੍ਹਸ਼ੰਕਰ-ਮੇਹਟੀਆਣਾ ਮਾਰਗ ਅਤੇ ਕੋਟ ਫਤੂਹੀ-ਮਾਹਿਲਪੁਰ ਮਾਰਗ ਤੇ ਵਾਹਨਾਂ ਦੀਆਂ ਲੰਬੀਆਂ ਲਾਈਨਾਂ ਲੱਗਣ ਨਾਲ ਉਪਰੋਕਤ ਮਾਰਗਾਂ ਤੋਂ ਲੰਘਣ ਵਾਲੇ ਲੋਕਾਂ ਨੂੰ ਬੜੀ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਇਸ ਮੌਕੇ ਐਕਸੀਅਨ ਇੰਜਨੀਅਰ ਵਿਨੇਦੀਪ ਸਿੰਘ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਮੰਗਲਵਾਰ ਬਿਜਲੀ ਸਪਲਾਈ 6 ਘੰਟੇ ਲਗਾਤਾਰ ਦਿੱਤੀ ਜਾਵੇਗੀ। ਐੱਸ ਡੀ ਓ ਸੁੱਖਵਿੰਦਰ ਕੁਮਾਰ ਕੋਟ ਫਤੂਹੀ ਨੇ ਦੱਸਿਆ ਕਿ ਲਹਿਰਾ ਮੁਹੱਬਤ ਥਰਮਲ ਪਲਾਂਟ ਦੇ ਦੋ ਯੂਨਿਟ ਬੰਦ ਹਨ ਜਿਨ੍ਹਾਂ ਨੂੰ ਚਾਲੂ ਕਰਨ ਲਈ ਦੋ ਤਿੰਨ ਦਿਨ ਲੱਗ ਜਾਂਦੇ ਹਨ , ਇਸ ਲਈ ਮੰਗਲਵਾਰ ਤੱਕ ਬਿਜਲੀ ਸਪਲਾਈ ਚਾਲੂ ਹੋ ਜਾਵੇਗੀ।ਇਸ ਮੌਕੇ ਐੱਸ ਡੀ ਓ ਰਵਿੰਦਰ ਸਿੰਘ ਮਾਹਿਲਪੁਰ, ਇੰਜੀਨੀਅਰ ਮਨਜਿੰਦਰ ਸਿੰਘ, ਇੰਜੀਨੀਅਰ ਕਰਮਜੀਤ ਸਿੰਘ, ਐਸ, ਐਚ ਓ ਮੈਡਮ ਰਮਨਦੀਪ ਕੌਰ, ਸਥਾਨਕ ਪੁਲਿਸ ਅਧਿਕਾਰੀ ਚੌਕੀ ਇੰਚਾਰਜ ਸਤਨਾਮ ਸਿੰਘ, ਅਕਾਲੀ ਆਗੂ ਹਰਮਿੰਦਰ ਸਿੰਘ ਸੰਧੂ, ਭਾਜਪਾ ਆਗੂ ਸੰਜੀਵ ਪਚਨੰਗਲ, ਕਿਸਾਨ ਆਗੂ ਕਰਮਜੀਤ ਸਿੰਘ ਦਾਤਾ, ਪਰਮਿੰਦਰ ਸਿੰਘ ਬੁਗਰਾ, ਸੁਖਵਿੰਦਰ ਮਾਹਲ, ਜਰਨੈਲ ਸਿੰਘ ਬੁਗਰਾ, ਸਰਪੰਚ ਜਗਦੀਸ਼ ਸਿੰਘ ਭੱਟੀ ਟੋਡਰਪੁਰ ਆਦਿ ਕਿਸਾਨ ਹਾਜ਼ਰ ਸਨ।



## ਸੂਬੇਦਾਰ ਸੁਰਿੰਦਰ ਸਿੰਘ ਨਗਲੀਆਂ ਦਾ ਸਰਕਾਰੀ ਸਨਮਾਨਾਂ ਨਾਲ ਅੰਤਮ ਸੰਸਕਾਰ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਿਛਲੇ ਦਿਨੀਂ ਨਿਊ ਚੰਡੀਗੜ੍ਹ ਦੇ ਪਿੰਡ ਨਗਲੀਆਂ ਦੇ ਜੰਮਪਲ ਸੂਬੇਦਾਰ ਸੁਰਿੰਦਰ ਸਿੰਘ, ਫੌਜ ਦੀ ਡਿਊਟੀ ਸਮੇਂ ਅਰੁਣਾਂਚਲ ਦੇ ਪਹਾੜੀ ਖੇਤਰ ਵਿੱਚ ਆਰਮੀ ਦੀ ਗੱਡੀ ਪਲਟਣ ਕਾਰਨ ਹਾਦਸੇ ਦਾ ਸ਼ਿਕਾਰ ਹੋ ਗਏ ਸਨ ਅਤੇ ਜ਼ਿਆਦਾ ਸੱਟਾਂ ਕਾਰਨ ਦਮ ਤੋੜ ਗਏ ਸਨ। ਉਹਨਾਂ ਦੀ ਪਵਿੱਤਰ ਦੇਹ ਦੇ ਅੰਤਿਮ ਸਸਕਾਰ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕੇ ਦੇ ਲੋਕਾਂ ਅਤੇ ਪਰਿਵਾਰਕ ਮੈਂਬਰਾਂ ਨੇ ਨਮ ਅੱਖਾਂ ਨਾਲ ਜਿੱਥੇ ਸੂਬੇਦਾਰ ਸੁਰਿੰਦਰ ਸਿੰਘ ਨੂੰ ਅੰਤਿਮ ਵਿਦਾਇਗੀ ਦਿੱਤੀ, ਉੱਥੇ ਹੀ ਸੂਬੇਦਾਰ ਸੁਰਿੰਦਰ ਸਿੰਘ ਅਮਰ ਰਹੇ ਦੇ ਨਾਰਿਆਂ ਨਾਲ ਅਸਮਾਨ ਗੂੰਜ ਉਠਿਆ। ਫੌਜ ਦੇ ਲੈਫਟੀਨੈਂਟ ਵਿਸ਼ੇਸ਼ ਕਾਲਾ ਦੀ ਅਗਵਾਈ ਵਿੱਚ ਪਹੁੰਚੇ ਫੌਜ ਦੇ ਜਵਾਨਾਂ ਨੇ ਸ਼ਹੀਦ ਸੂਬੇਦਾਰ ਨੂੰ ਸ਼ਰਧਾਂਜਲੀ ਦਿੱਤੀ। ਪਹਿਲਾਂ ਪਰਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਵੱਲੋਂ ਸ਼ਹੀਦ ਨੂੰ ਸ਼ਰਧਾਂਜਲੀ ਦੇਣ ਸਮੇਤ ਅੰਤਿਮ ਦਰਸ਼ਨ ਕੀਤੇ ਗਏ। ਸ਼ਮਸ਼ਾਨ ਘਾਟ ਵਿੱਚ ਹਵਾਈ ਫਾਇਰ ਕਰਕੇ ਸ਼ਹੀਦ ਨੂੰ ਸ਼ਰਧਾਂਜਲੀ ਦਿੱਤੀ ਗਈ। ਫੌਜੀ ਅਧਿਕਾਰੀਆਂ ਵੱਲੋਂ ਸ਼ਹੀਦ ਦੀ ਪਤਨੀ ਬੀਬੀ ਰਣਜੀਤ ਕੌਰ ਨੂੰ ਤਿਰੰਗਾ ਭੇਟ ਕੀਤਾ ਗਿਆ, ਜਿਸ ਵਿੱਚ ਸ਼ਹੀਦ ਦੀ ਪਵਿੱਤਰ ਦੇਹ ਲਿਪਟੀ ਹੋਈ ਸੀ। ਸ਼ਹੀਦ ਦੇ ਗਿਆਰਾਂ ਸਾਲਾ ਬੇਟੇ ਪਰਮਿੰਦਰ ਸਿੰਘ ਨੇ ਪਿਤਾ ਸੂਬੇਦਾਰ ਸੁਰਿੰਦਰ ਸਿੰਘ ਦੀ ਦੇਹ ਨੂੰ ਅਗਨੀ ਕੀਤੀ।



# ਸਾਲਾਨਾ ਜੋੜ ਮੇਲਾ ਸ਼ਰਧਾ ਨਾਲ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਹੀਰ ਗੋਤ ਜਠੇਰਿਆਂ ਦਾ ਸਲਾਨਾ ਜੋੜ ਮੇਲਾ ਹਰ ਸਾਲ ਹਾੜ ਮਹੀਨੇ ਦੇ ਦੂਸਰੇ ਐਤਵਾਰ ਨੂੰ ਆਦਮਪੁਰ ਦੇ ਨਜਦੀਕ ਪਿੰਡ ਖੋਜਕੀਪੁਰ ਸਲਾਲਾ (ਜਲੰਧਰ )ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਮੇਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਬਕਾ ਸਰਪੰਚ ਤੁਲਸੀ ਰਾਮ ਹੀਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਖੋਜਕੀਪੁਰ 'ਚ ਸਥਿਤ ਹੀਰ ਜਠੇਰਿਆ ਦੇ ਪਵਿੱਤਰ ਧਾਰਮਿਕ ਅਸਥਾਨ ਤੇ 28 ਜੂਨ ਨੂੰ ਕਰਵਾਏ ਮੇਲੇ ਦੌਰਾਨ ਸਵੇਰੇ 10ਵਜੇ ਨਿਸ਼ਾਨ ਸਾਹਿਬ ਚੜਾਉਣ ਦੀ ਰਸਮ ਅਦਾ ਕੀਤੀ ਗਈ। ਅੰਮ੍ਰਿਤਬਾਣੀ ਦੇ ਜਾਪ ਉਪਰੰਤ ਰਾਗੀ ਜੱਥੇ ਭਾਈ ਹਲਪਾਲ ਵਿਰਦੀ ਵੱਲੋਂ ਜਗਤ ਸ੍ਰੀ ਗੁਰੂ ਰਵਿਦਾਸ ਦੀ ਗੁਰਬਾਣੀ ਦਾ ਕੀਰਤਨ ਕਰ ਸੰਗਤ ਨਿਹਾਲ ਕੀਤਾ। ਆਈਆਂ ਸੰਗਤਾਂ 'ਚ ਚਾਹ ਪਕੌੜੇ, ਠੰਡੇ ਮਿੱਠੇ ਜਲ ਦੀ ਛਬੀਲ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਹਾਜ਼ਰ ਰਹੇ ਤਲਸੀ ਰਾਮ ਸਾਬਕਾ ਸਰਪੰਚ ਹੀਰ, ਰਾਕੇਸ਼ ਕੁਮਾਰ ਹੀਰ ਸਰਪੰਚ ਸਲਾਲਾ, ਮਨਪ੍ਰੀਤ ਕੋਰ ਹੀਰ ਸਰਪੰਚ ਖੋਜਕੀਪੁਰ, ਗੁਰਦੇਵ ਕੋਰ ਹੀਰ ਸਾਬਕਾ ਸਰਪੰਚ, ਮਾਸਟਰ ਰਾਮ ਲੁਭਾਇਆ ਹੀਰ, ਬਲਦੇਵ ਸਿੰਘ ਹੀਰ, ਸੁਰਜੀਤ ਕੁਮਾਰ ਹੀਰ, ਬਲਵਿੰਦਰ ਰਾਮ ਹੀਰ, ਕਮਲਜੀਤ ਸਿੰਘ ਹੀਰ, ਮਾਹੀਦ ਬਡਾਲਾ, ਗੁਰਮੇਲ ਸਿੰਘ, ਗੁਰਬਚਨ ਸੰਘ, ਰਛਪਾਲ ਸਿੰਘ ਟੋਨੀ ਹੀਰ, ਬਰਿੰਦਰ ਸਿੰਘ, ਅਮਨਵੀਰ ਸਿੰਘ ਹੀਰ, ਅਮਰਜੀਤ ਸਿੰਘ ਹੀਰ, ਮਲਕੀਤ ਸਿੰਘ ਹੀਰ, ਉਂਕਾਰ ਸਿੰਘ ਹੀਰ, ਸ਼ਿਵ ਕੁਮਾਰ ਹੀਰ, ਬੀਰਾ ਹੀਰ, ਜਸਕਰਨ ਸਿੰਘ ਹੀਰ, ਪਰਮਜੀਤ ਹੀਰ ਸਲਾਲਾ,ਆਤਮਾ ਰਾਮ ਫੋਜੀ,ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।



# ਭਾਜਪਾ 117 ਸੀਟਾਂ 'ਤੇ ਇਕੱਲੇ ਚੋਣ ਲੜੇਗੀ : ਰਾਠੌਰ

**ਬੰਗਾ (ਅਵਤਾਰ ਕਲੇਰ)**- ਹਰਿਆਣਾ ਸਰਕਾਰ ਦੇ ਡੀ ਐੱਨ ਟੀ ਵਿਕਾਸ ਬੋਰਡ ਦੇ ਚੇਅਰਮੈਨ ਜਸਮੇਰ ਸਿੰਘ ਰਾਠੌਰ ਨੇ ਮੁੱਖ ਮੰਤਰੀ ਹਰਿਆਣਾ ਸਰਕਾਰ ਨਾਇਬ ਸਿੰਘ ਸੈਣੀ ਦੀ 7 ਜੁਲਾਈ ਦੀ ਬੰਗਾ ਫੇਰੀ ਦੇ ਦੌਰ ਲਈ ਜਾਇਜ਼ਾ ਲੈਣ ਆਏ ਸੀਨੀਅਰ ਭਾਜਪਾ ਆਗੂ ਪ੍ਰਿੰਸੀਪਲ ਹਰਭਜਨ ਸਿੰਘ ਕਰਨਾਣਾ ਦੇ ਦਫਤਰ ਬੰਗਾ ਵਿਖੇ ਮੀਟਿੰਗ ਕੀਤੀ ਗਈ। ਇਸ ਮੌਕੇ ਭਾਜਪਾ ਦੇ ਟਕਸਾਲੀ ਆਗੂ ਅਤੇ ਸਾਬਕਾ ਜਿਲ੍ਹਾ ਪ੍ਰਧਾਨ ਸੰਜੀਵ ਭਾਰਦਵਾਜ,ਐੱਸ ਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਚੇਤ ਰਾਮ ਰਤਨ, ਸੀਨੀਅਰ ਆਗੂ ਰਾਮ ਕਿਸ਼ਨ ਜੱਖੂ ਬੰਗਾ ਆਦਿ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਮੀਡੀਆ ਨਾਲ ਗੱਲਬਾਤ ਕਰਦਿਆਂ ਜਸਮੇਰ ਸਿੰਘ ਰਾਠੌਰ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਸਰਗਰਮ ਹੈ। ਪਾਰਟੀ ਦੇ ਸੂਬਾਈ ਅਤੇ ਕੌਮੀ ਆਗੂ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਪਿੰਡਾਂ ਅਤੇ ਸ਼ਹਿਰਾਂ ਦਾ ਦੌਰਾ ਕਰਕੇ ਜਨ ਸੰਪਰਕ ਮੁਹਿੰਮਾਂ ਅਤੇ ਮੀਟਿੰਗਾਂ ਕਰ ਰਹੇ ਹਨ। ਇਸੇ ਲੜੀ ਤਹਿਤ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੀ ਜਲਦ ਹੀ ਬੰਗਾ ਅਤੇ ਦੋਆਬਾ ਖੇਤਰ ਦੇ ਹੋਰ ਵਿਧਾਨ ਸਭਾ ਹਲਕਿਆਂ ਦਾ ਦੌਰਾ ਕਰਨਗੇ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 117 ਸੀਟਾਂ 'ਤੇ ਆਪਣੇ ਦਮ 'ਤੇ ਲੜੇਗੀ, ਕਿਸੇ ਵੀ ਪਾਰਟੀ ਨਾਲ ਗੱਠਜੋੜ ਨਹੀਂ ਕਰੇਗੀ ਅਤੇ ਵੱਡੇ ਬਹੁਮਤ ਨਾਲ ਸਰਕਾਰ ਬਣਾਏਗੀ। ਇਸ ਮੌਕੇ ਭਾਜਪਾ ਦੇ ਟਕਸਾਲੀ ਆਗੂ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਸੰਜੀਵ ਭਾਰਦਵਾਜ, ਐੱਸ ਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਚੇਤ ਰਾਮ ਰਤਨ, ਰਾਮ ਕਿਸ਼ਨ ਜੱਖੂ ਵਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਤੋਂ ਇਲਾਵਾ ਸੰਤੋਖ ਸਿੰਘ ਪਰਹਾਰ, ਗਗਨਦੀਪ ਹੱਪੋਵਾਲ, ਸੁਰਿੰਦਰ ਸਿੰਘ, ਕਮਲ ਦਰਸ਼ਨ ਸਿੰਘ, ਸੁਨੀਲ ਕੁਮਾਰ ਰਟੈਂਡਾ, ਗੁਰਦੇਵ ਸਿੰਘ ਸਮੇਤ ਹੋਰ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।



# ਛੇਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਐੱਸ. ਏ.ਐੱਸ ਨਗਰ (ਗੁਰਜੀਤ ਬਿੱਲਾ)** ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਗੁਰਮਤਿ ਸਮਾਗਮ ਵਿੱਚ ਭਾਈ ਸਤਨਾਮ ਸਿੰਘ ਦੇ ਇਨਟਰਨੈਸ਼ਨਲ ਢਾਡੀ ਜਥੇ ਨੇ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਸੁਣਾਇਆ।ਬੀਬੀ ਬਖਸ਼ਿੰਦਰ ਕੌਰ ਖਾਲਸਾ ਦੇ ਰਾਗੀ ਜਥ ਨੇ ਆਪਣੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਗਵਾਲੀਅਰ ਦੇ ਕਿਲੇ ਵਿੱਚੋਂ 52 ਰਾਜੇ ਮੁਕਤ ਕਰਵਾਉਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਦੱਸਿਆ। ਇਸ ਤੋਂ ਇਲਾਵਾ ਬੀਬੀ ਇੰਦਰਪ੍ਰੀਤ ਕੌਰ, ਸ਼੍ਰੋਮਣੀ ਪ੍ਰਚਾਰਕ ਭਾਈ ਬੇਅੰਤ ਸਿੰਘ, ਭਾਈ ਸਰੂਪ ਸਿੰਘ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਕੁਲਦੀਪ ਸਿੰਘ, ਭਾਈ ਬਲਜੀਤ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜਥੇ ਭਾਈ ਨਿਤਿਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਦੀ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



## ਯੂਥ ਕਾਂਗਰਸ ਜ਼ਿਲ੍ਹਾ ਪ੍ਰਧਾਨ ਦਾ ਹਲਕਾ ਸਨੌਰ ਦੌਰੇ ਸਮੇਂ ਭਰਵਾਂ ਸਵਾਗਤ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਪਟਿਆਲਾ ਦਿਹਾਤੀ ਅਰਸ਼ਦੀਪ ਸਿੰਘ ਮੱਲ, ਪ੍ਰਭਜੋਤ ਸਿੰਘ ਜਨਰਲ ਸੈਕਟਰੀ, ਗੁਰਿੰਦਰ ਸਿੰਘ ਢੋਟ ਵਿਧਾਨ ਸਭਾ ਹਲਕਾ ਸਨੌਰ ਦੇ ਯੂਥ ਪ੍ਰਧਾਨ, ਅਮ੍ਰਿਤਪਾਲ ਸਿੰਘ ਬਲਾਕ ਭੁੰਨਰਹੇੜੀ ਪ੍ਰਧਾਨ, ਅਰਸ਼ਦੀਪ ਸਿੱਧੂ ਬਲਾਕ ਸਨੌਰ ਦੇ ਯੂਥ ਵਾਈਸ ਪ੍ਰਧਾਨ ਵੱਲੋਂ ਹਲਕਾ ਸਨੌਰ ਵਿੱਚ ਧੰਨਵਾਦ ਯਾਤਰਾ ਕੱਢੀ ਗਈ। ਇਹ ਯਾਤਰਾ ਵੱਖ-ਵੱਖ ਪਿੰਡਾਂ ਤੇ ਸ਼ਹਿਰ ਦੇ ਇਲਾਕਿਆਂ ਤੋਂ ਹੁੰਦੀ ਹੋਈ ਸਨੌਰ ਬੱਸ ਸਟੈਂਡ ਵਿਖੇ ਪੁੱਜੀ, ਜਿੱਥੇ ਯੂਥ ਕਾਂਗਰਸੀ ਵਰਕਰਾਂ ਤੇ ਸਮਰਥਕਾਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਬਲਿਹਾਰ ਸਿੰਘ ਸਮਸ਼ਪੁਰਾ ਹਲਕਾ ਸਨੌਰ ਨੇ ਕਿਹਾ ਕਿ ਧੰਨਵਾਦ ਯਾਤਰਾ ਦਾ ਉਦੇਸ਼ ਪਾਰਟੀ ਵਰਕਰਾਂ, ਸਮਰਥਕਾਂ ਤੇ ਹਲਕੇ ਦੇ ਲੋਕਾਂ ਦਾ ਧੰਨਵਾਦ ਕਰਨਾ ਹੈ, ਜਿਨ੍ਹਾਂ ਨੇ ਹਮੇਸ਼ਾ ਕਾਂਗਰਸ ਪਾਰਟੀ ਨੂੰ ਆਪਣਾ ਸਹਿਯੋਗ ਦਿੱਤਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਲੋਕਾਂ ਦੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਂਦੀ ਰਹੀ ਹੈ ਤੇ ਭਵਿੱਖ ਵਿੱਚ ਵੀ ਲੋਕ ਹਿੱਤਾਂ ਲਈ ਸੰਘਰਸ਼ ਜਾਰੀ ਰਹੇਗਾ। ਅਰਸ਼ਦੀਪ ਸਿੰਘ ਸਮਸ਼ਪੁਰਾ ਨੇ ਵੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਘਰ-ਘਰ ਤੱਕ ਕਾਂਗਰਸ ਦੀਆਂ ਨੀਤੀਆਂ ਪਹੁੰਚਾਉਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਭਾਗੀਦਾਰੀ ਨਾਲ ਕਾਂਗਰਸ ਨੂੰ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਵਰਕਰ ਤੇ ਇਲਾਕਾ ਨਿਵਾਸੀ ਮੌਜੂਦ ਸਨ।ਇਸ ਮੌਕੇ ਹਰਦੀਪ ਸਿੰਘ ਜੋਸ਼ਨ, ਵਿਕਰਮ ਬਹਾਦਰਗੜ੍ਹ, ਪ੍ਰੇਮ ਚੌਧਰੀ, ਕਰਮਜੀਤ ਸਿੰਘ, ਸੁਰਜੀਤ ਸਿੰਘ, ਹੈਪੀ ਰਿੱਟ ਖੇੜੀ ਤੇ ਹੋਰ ਯੂਥ ਕਾਂਗਰਸੀ ਆਗੂ ਤੇ ਸਰਪੰਚ, ਪੰਚ ਵੱਡੀ ਗਿਣਤੀ 'ਚ ਮੌਜੂਦ ਸਨ।

## ਰਾਜ ਖ਼ੁਰਾਕ ਕਮਿਸ਼ਨ ਦੇ ਮੈਂਬਰ ਸੇਖੋਂ ਵੱਲੋਂ ਭੁਰਥਲਾ ਮੰਡੇਰ ਦੇ ਰਾਸ਼ਨ ਡਿਪੂ ਦਾ ਨਿਰੀਖਣ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਨੈਸ਼ਨਲ ਫੂਡ ਸਕਿਉਰਿਟੀ ਐਕਟ 2013 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਮਾਲੇਰਕੋਟਲਾ ਦੇ ਪਿੰਡ ਭੁਰਥਲਾ ਮੰਡੇਰ ਵਿਖੇ ਰਾਸ਼ਨ ਡਿਪੂ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਨਿਰੀਖਣ ਦੌਰਾਨ ਡਿਪੂ ਵਿਖੇ ਮੌਜੂਦ ਅਨਾਜ ਦੀ ਗੁਣਵੱਤਾ, ਭਾਰ ਤੇ ਨਮੀ ਦੀ ਮਾਤਰਾ ਦੀ ਤਕਨੀਕੀ ਜਾਂਚ ਕੀਤੀ ਗਈ।ਇਸ ਮੌਕੇ ਅਨਾਜ ਦੀਆਂ ਵੱਖ-ਵੱਖ ਬੋਰੀਆਂ ਨੂੰ ਕੰਡੇ 'ਤੇ ਤੋਲਿਆ ਗਿਆ ਅਤੇ ਨਮੀ ਮਾਪਣ ਵਾਲੇ ਮੀਟਰ (ਮੌਇਸਚਰ ਮੀਟਰ) ਰਾਹੀਂ ਜਾਂਚ ਕਰਕੇ ਨਿਰਧਾਰਤ ਮਾਪਦੰਡਾਂ ਅਨੁਸਾਰ ਇਸ ਦੀ ਪੁਸ਼ਟੀ ਕੀਤੀ ਗਈ।ਜਾਂਚ ਦੌਰਾਨ ਅਨਾਜ ਦੀ ਗੁਣਵੱਤਾ ਨਾਲ ਸਬੰਧਤ ਕੁਝ ਤਕਨੀਕੀ ਪਹਿਲੂ ਤੇ ਕਮੀਆਂ ਧਿਆਨ ਵਿੱਚ ਆਈਆਂ, ਜਿਸ 'ਤੇ ਸ੍ਰੀ ਸੇਖੋਂ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਸੁਧਾਰਾਤਮਕ ਕਾਰਵਾਈ ਕਰਨ ਤੇ ਭਵਿੱਖ ਵਿੱਚ ਅਜਿਹੀਆਂ ਕਮੀਆਂ ਦੀ ਦੁਹਰਾਈ ਨਾ ਹੋਣ ਨੂੰ ਯਕੀਨੀ ਬਣਾਉਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ।ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਜਨਤਕ ਵੰਡ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਕਾਇਮ ਰੱਖਣ ਲਈ ਅਨਾਜ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਸ਼ਨ ਡਿਪੂਆਂ ਨੂੰ ਸਪਲਾਈ ਕੀਤੇ ਜਾਣ ਵਾਲੇ ਅਨਾਜ ਦੀ ਵੰਡ ਤੋਂ ਪਹਿਲਾਂ ਭਾਰ, ਨਮੀ ਤੇ ਗੁਣਵੱਤਾ ਦੀ ਨਿਯਮਤ ਜਾਂਚ ਯਕੀਨੀ ਬਣਾਈ ਜਾਵੇ ਤਾਂ ਜੋ ਲਾਭਪਾਤਰੀਆਂ ਨੂੰ ਨਿਰਧਾਰਤ ਮਾਪਦੰਡਾਂ ਅਨੁਸਾਰ ਸਿਰਫ਼ ਮਿਆਰੀ ਅਨਾਜ ਹੀ ਮਿਲੇ।ਉਨ੍ਹਾਂ ਹਦਾਇਤ ਕੀਤੀ ਕਿ ਆਮ ਲੋਕਾਂ ਦੀ ਸਹੂਲਤ ਲਈ ਹਰੇਕ ਰਾਸ਼ਨ ਡਿਪੂ 'ਤੇ ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦਾ ਹੈਲਪਲਾਈਨ ਨੰਬਰ 9876764545 ਤੇ ਈ-ਮੇਲ (punjabfoodcomimsison@gmial.com) ਸਮੇਤ ਹੋਰ ਲੋੜੀਂਦੀ ਜਾਣਕਾਰੀ ਕਿਸੇ ਪ੍ਰਮੁੱਖ ਸਥਾਨ 'ਤੇ ਸਾਫ਼ ਅੱਖਰਾਂ ਵਿੱਚ ਲਿਖੀ ਜਾਵੇ, ਤਾਂ ਜੋ ਲੋਕ ਆਪਣੀ ਸ਼ਿਕਾਇਤ ਜਾਂ ਸੁਝਾਅ ਆਸਾਨੀ ਨਾਲ ਦਰਜ ਕਰਵਾ ਸਕਣ।

## ਲਾਇਨਜ਼ ਕਲੱਬ ਵੱਲੋਂ ਕੇ ਕੇ ਸ਼ਰਮਾ ਸਨਮਾਨਤ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਲਾਇਨਜ਼ ਕਲੱਬ ਰਾਏਕੋਟ ਦੇ ਸੀਨੀਅਰ ਮੈਂਬਰ ਕੁਲਬੀਰ ਕੁਮਾਰ ਸ਼ਰਮਾ ਨੂੰ ਲਾਇਨਜ਼ ਕਲੱਬ ਦੇ ਵੱਕਾਰੀ ਐੱਮਜੇਐੱਫ਼ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਹੈ।ਐਵਾਰਡ ਹਾਸਲ ਕਰਨ ਉਪਰੰਤ ਜਾਣਕਾਰੀ ਦਿੰਦੇ ਹੋਏ ਸ੍ਰੀ ਕੁਲਬੀਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਲਾਇਨਜ਼ ਕਲੱਬ ਵੱਲੋਂ ਇਹ ਵੱਕਾਰੀ ਐਵਾਰਡ ਕਲੱਬ ਵਿੱਚ ਰਹਿੰਦੇ ਹੋਏ ਸਮਾਜਸੇਵੀ ਕੰਮਾਂ ਵਿੱਚ ਪਾਏ ਯੋਗਦਾਨ ਬਦਲੇ ਦਿੱਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਬੀਤੇ ਦਿਨ ਲੁਧਿਆਣਾ ਵਿਖੇ ਲਾਇਨਜ਼ ਕਲੱਬ ਵੱਲੋਂ ਕਰਵਾਏ ਗਏ ਐੱਲਸੀਆਈਐੱਫ਼ ਐਨਕਲੇਵ ਨਾਮਕ ਸਮਾਗਮ ਦੌਰਾਨ ਉਨ੍ਹਾਂ ਨੂੰ ਇਹ ਐਵਾਰਡ ਲਾਇਨਜ਼ ਕਲੱਬ ਦੇ ਇੰਟਰਨੈਸ਼ਨਲ ਡਾਇਰੈਕਟਰ ਡਾ. ਜਤਿੰਦਰ ਸਿੰਘ ਚੌਹਾਨ ਤੇ ਕੌਂਸਲ ਚੇਅਰਮੈਨ ਅਮ੍ਰਿਤਪਾਲ ਸਿੰਘ ਜੰਡੂ ਵੱਲੋਂ ਪ੍ਰਦਾਨ ਕੀਤਾ ਗਿਆ।ਇਸ ਮਾਣਮੱਤੀ ਪ੍ਰਾਪਤੀ ਲਈ ਲਾਇਨ ਕੁਲਬੀਰ ਕੁਮਾਰ ਸ਼ਰਮਾ ਨੇ ਲਾਇਨਜ਼ ਕਲੱਬ ਦੇ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ, ਉੱਥੇ ਇਸ ਕਾਮਯਾਬੀ ਪਿੱਛੇ ਰਾਏਕੋਟ ਲਾਇਨਜ਼ ਕਲੱਬ ਦੇ ਮੈਂਬਰਾਂ ਵੱਲੋਂ ਪਾਏ ਯੋਗਦਾਨ ਲਈ ਵੀ ਉਨ੍ਹਾਂ ਦਾ ਧੰਨਵਾਦ ਕੀਤਾ।

## ਪਾਨ ਭੰਡਾਰ 'ਤੇ ਫਿਰ ਹੋਈ ਚੋਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅਬੋਹਰ ਰੋਡ ਸ਼ੇਰ ਸਿੰਘ ਚੌਕ ਨੇੜੇ ਪਾਨ ਭੰਡਾਰ 'ਤੇ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਦੱਸ ਦਈਏ ਕਿ ਪਹਿਲਾਂ ਵੀ ਇਸ ਪਾਨ ਭੰਡਾਰ 'ਤੇ ਚੋਰੀ ਹੋ ਚੁੱਕੀ ਹੈ ਤੇ ਪੁਲਸ ਪ੍ਰਸ਼ਾਸਨ ਵੱਲੋਂ ਇਸ ਚੌਕ 'ਤੇ ਸੀਸੀਟੀਵੀ ਕੈਮਰੇ ਵੀ ਲਗਵਾਏ ਗਏ ਨੇ, ਪਰ ਇਸ ਦੇ ਬਾਵਜੂਦ ਚੋਰਾਂ ਦੇ ਹੌਸਲੇ ਬੁਲੰਦ ਨੇ ਤੇ ਚੋਰੀਆਂ ਦੀਆਂ ਵਾਰਦਾਤਾਂ ਥੰਮਣ ਦਾ ਨਾਮ ਨਹੀਂ ਲੈ ਰਹੀਆਂ।ਥਾਣਾ ਸਿਟੀ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਅਜੈ ਕੁਮਾਰ ਪੁੱਤਰ ਪਵਨ ਕੁਮਾਰ ਵਾਸੀ ਗਾਂਧੀ ਨਗਰ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਚੋਰ ਦੁਕਾਨ 'ਚੋਂ ਇੱਕ ਗੱਲਾ, ਪੱਖਾ, ਕੁਝ ਕੀਮਤੀ ਸਾਮਾਨ ਚੋਰੀ ਕਰਕੇ ਲੈ ਗਏ।ਇਸ ਚੋਰੀ ਨਾਲ ਉਸ ਨੂੰ ਲਗਭਗ 15 ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ।ਉਸ ਨੇ ਦੱਸਿਆ ਕਿ ਉਸ ਦੀ ਦੁਕਾਨ 'ਤੇ ਦੋ ਮਹੀਨੇ ਪਹਿਲਾਂ ਵੀ ਚੋਰੀ ਹੋਈ ਸੀ, ਪਰ ਕੋਈ ਕਾਰਵਾਈ ਨਹੀਂ ਹੋਈ।ਦੁਕਾਨਦਾਰ ਅਨੁਸਾਰ ਚੋਰਾਂ ਦਾ ਤਿੰਨ ਜਣਿਆਂ ਦਾ ਗਰੁੱਪ ਹੈ ਤੇ ਪਹਿਲਾਂ ਵੀ ਇਨ੍ਹਾਂ ਨੇ ਹੀ ਦੁਕਾਨ 'ਤੇ ਚੋਰੀ ਕੀਤੀ ਸੀ।ਸੀਸੀਟੀਵੀ ਫੁਟੇਜ 'ਚ ਚੋਰ ਬਾਰੀ ਰਾਹੀਂ ਅੰਦਰੋਂ ਸਾਮਾਨ ਬਾਹਰ ਕੱਢਦਾ ਸਾਫ ਨਜ਼ਰ ਆ ਰਿਹਾ ਹੈ।ਪੁਲਸ ਪ੍ਰਸ਼ਾਸਨ ਦਾ ਚੋਰਾਂ ਨੂੰ ਬਿਲਕੁਲ ਖੌਫ ਨਹੀਂ ਰਿਹਾ ਹੈ।ਸ਼ਹਿਰ 'ਚ ਚੋਰੀ ਦੀਆਂ ਵਾਰਦਾਤਾਂ ਵਧ ਰਹੀਆਂ ਨੇ ਤੇ ਲੋਕਾਂ ਨੇ ਪੁਲਸ ਤੋਂ ਰਾਤਰੀ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ।

## ਸੋਹਣੇਵਾਲਾ ਬਾਬਾ ਮਿਸ਼ਰੀ ਖਾਂ ਦੀ ਮਜ਼ਾਰ 'ਤੇ ਮੇਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿੰਡ ਸੋਹਣੇਵਾਲਾ ਵਿਖੇ ਬਾਬਾ ਮਿਸ਼ਰੀ ਖਾਂ ਦੀ ਮਜਾਰ ਤੇ ਸਾਲਾਨਾ ਮੇਲੇ ਦਾ ਆਯੋਜਨ ਕੀਤਾ ਗਿਆ।ਸਵੇਰੇ ਮਜਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਨਾਲ ਮੇਲੇ ਦੀ ਸ਼ੁਰੂਆਤ ਹੋਈ। ਇਸ ਮਗਰੋਂ ਖੇਤਰ ਦੀ ਸਲਾਮਤੀ ਲਈ ਗਦੀਨਸ਼ੀਨ ਬਾਬਾ ਜਗਰੂਪ ਸਿੰਘ ਕੋਕੀ ਤੇ ਬਾਬਾ ਗੁਰਮੇਲ ਬੰਤ ਨੇ ਅਰਦਾਸ ਦੀ ਰਸਮ ਅਦਾ ਕੀਤੀ।ਇਸ ਦੌਰਾਨ ਵੱਡੀ ਗਿਣਤੀ ਚ ਸੰਗਤਾਂ ਨੇ ਮਜਾਰ ਤੇ ਪਹੁੰਚ ਕੇ ਬਾਬਾ ਮਿਸ਼ਰੀ ਖਾਂ ਨੂੰ ਯਾਦ ਕੀਤਾ।

## ਮੁੱਖ ਮੰਤਰੀ ਨੂੰ ਬਦਨਾਮ ਕਰਨ ਲਈ ਵਿਰੋਧੀ ਧਿਰਾਂ ਵੱਲੋਂ ਨਕਲੀ ਵੀਡੀਓਜ਼ ਤੇ ਧਾਰਮਿਕ ਭਾਵਨਾਵਾਂ ਦਾ ਸਹਾਰਾ ਲਿਆ ਜਾ ਰਿਹੈ : ਜਸਵਿੰਦਰ ਟੀਨੂੰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਆਮ ਆਦਮੀ ਪਾਰਟੀ ਦੇ ਬਲਾਕ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਬਦਨਾਮ ਕਰਨ ਲਈ ਵਿਰੋਧੀ ਧਿਰਾਂ ਵੱਲੋਂ ਨਕਲੀ ਵੀਡੀਓਜ਼ ਤੇ ਧਾਰਮਿਕ ਭਾਵਨਾਵਾਂ ਦਾ ਸਹਾਰਾ ਲਿਆ ਜਾ ਰਿਹਾ ਹੈ, ਪਰ ਇੱਕ ਦਿਨ ਇਨ੍ਹਾਂ ਨੂੰ ਆਪਣੇ ਇਸ ਕੂੜ ਪ੍ਰਚਾਰ ਦੀ ਮੂੰਹ ਦੀ ਖਾਣੀ ਪਵੇਗੀ।ਇਸ ਸਬੰਧੀ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਪੰਜਾਬ ਵਿੱਚ ਹੋ ਰਹੇ ਵਿਕਾਸ ਕਾਰਜਾਂ ਤੇ ਲੋਕ-ਪੱਖੀ ਨੀਤੀਆਂ ਕਾਰਨ ਵਿਰੋਧੀ ਧਿਰਾਂ ਮੁੱਦਾਹੀਣ ਹੋ ਚੁੱਕੀਆਂ ਹਨ।ਇਸੇ ਕਾਰਨ ਅਕਾਲੀ ਦਲ, ਕਾਂਗਰਸ ਤੇ ਭਾਜਪਾ ਵੱਲੋਂ ਧਾਰਮਿਕ ਭਾਵਨਾਵਾਂ ਨੂੰ ਵਰਤ ਕੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਕਾਂਗਰਸ, ਅਕਾਲੀ ਦਲ ਬਾਦਲ ਤੇ ਭਾਜਪਾ ਨਾਲ ਜੁੜੇ ਕਈ ਵਿਵਾਦਾਂ ਜਿਵੇਂ ਕਿ 1984 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹੋਰ ਗੁਰਦੁਆਰਿਆਂ ਉੱਪਰ ਅਟੈਕ ਕਰਨਾ, ਸਿੱਖ ਨੌਜਵਾਨਾਂ ਦੀ ਨਸਲਕੁਸ਼ੀ, ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਬਰਗਾੜੀ ਤੇ ਬਹਿਬਲ ਕਾਂਡ, ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਾਰਾ ਕੁੱਝ ਮੰਨ ਕੇ ਮੁਕਰਨਾ, ਲਾਲ ਕ੍ਰਿਸ਼ਨ ਅਡਵਾਨੀ ਦੀ ਕਿਤਾਬ 'ਮਾਈ ਕੰਟਰੀ ਮਾਈ ਲਾਈਫ' ਅਨੁਸਾਰ ਇੰਦਰਾ ਗਾਂਧੀ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਪਰ ਅਟੈਕ ਕਰਨ ਲਈ ਦਬਾਅ ਬਣਾਉਣਾ, ਕਿਸਾਨ ਅੰਦੋਲਨ ਵਿੱਚ 700 ਤੋਂ ਉੱਪਰ ਕਿਸਾਨਾਂ ਦੀ ਸ਼ਹੀਦੀ ਆਦਿ ਘਟਨਾਵਾਂ ਬਾਰੇ ਪੰਜਾਬ ਦੇ ਲੋਕ ਭਲੀਭਾਂਤ ਜਾਣੂ ਹਨ।ਉਨ੍ਹਾਂ ਦੋਸ਼ ਲਗਾਇਆ ਕਿ ਜਦੋਂ ਇਹ ਪਾਰਟੀਆਂ ਵਿਕਾਸ ਤੇ ਲੋਕ-ਹਿੱਤ ਦੇ ਮੁੱਦਿਆਂ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਮੁਕਾਬਲਾ ਨਹੀਂ ਕਰ ਸਕੀਆਂ ਤਾਂ ਇਨ੍ਹਾਂ ਨੇ ਧਾਰਮਿਕ ਮੁੱਦਿਆਂ ਨੂੰ ਰਾਜਨੀਤਕ ਤੌਰ 'ਤੇ ਵਰਤਣਾ ਸ਼ੁਰੂ ਕਰ ਦਿੱਤਾ ਹੈ।ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਖ਼ਿਲਾਫ਼ ਚਲਾਈ ਗਈ ਵੀਡੀਓ ਮੁਹਿੰਮ ਬਾਰੇ ਕਈ ਸਵਾਲ ਖੜ੍ਹੇ ਹੋਏ ਹਨ ਤੇ ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਵੱਲੋਂ ਇਸ ਵੀਡੀਓ ਨੂੰ ਮਾਸਕ ਪਾ ਕੇ ਬਣਾਉਣ ਦਾ ਪਰਦਾਫਾਸ਼ ਵੀ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਪੂਰਾ ਸਤਿਕਾਰ ਕਰਦੇ ਹਨ, ਪਰ ਰਾਜਨੀਤਕ ਪ੍ਰਭਾਵ ਹੇਠ ਲਏ ਜਾਣ ਵਾਲੇ ਫੈਸਲਿਆਂ ਨੂੰ ਲੋਕਾਂ ਵੱਲੋਂ ਸਵੀਕਾਰ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਉਹ ਦੁਨੀਆ ਭਰ ਦੇ ਹਰ ਸਿੱਖ ਦੀ ਤਰ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਰਵਉੱਚ ਮੰਨਦੇ ਹਨ ਤੇ ਜਥੇਦਾਰ ਸਾਹਿਬ ਨੂੰ ਬੇਨਤੀ ਕਰਦੇ ਹਨ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ, ਸਰਵਉੱਚਤਾ ਤੇ ਸਾਖ ਨੂੰ ਬਰਕਰਾਰ ਰੱਖਣ ਲਈ ਹਰ ਫੈਸਲਾ ਕੇਵਲ ਧਾਰਮਿਕ ਸਿਧਾਂਤਾਂ ਤੇ ਪੰਥਕ ਪ੍ਰੰਪਰਾਵਾਂ ਦੇ ਅਨੁਸਾਰ ਹੀ ਲਿਆ ਜਾਵੇ।ਅੰਤ ਵਿੱਚ ਜਸਵਿੰਦਰ ਕੁਮਾਰ ਬਲਾਕ ਪ੍ਰਧਾਨ ਨੇ ਕਿਹਾ ਕਿ ਵਿਰੋਧੀ ਧਿਰਾਂ ਭਾਵੇਂ ਜਿੰਨਾ ਮਰਜ਼ੀ ਕੂੜ ਪ੍ਰਚਾਰ ਕਰ ਲੈਣ, ਪੰਜਾਬ ਦੇ ਲੋਕ ਵਿਕਾਸ ਤੇ ਕੰਮ ਦੀ ਰਾਜਨੀਤੀ ਨੂੰ ਹੀ ਤਰਜੀਹ ਦੇਣਗੇ।

## ਮਹਿਲਾ ਜਾਂਚ ਕੈਂਪ ਅੱਜ

**ਕੋਟਕਪੂਰਾ (ਰਛਪਾਲ ਭੁੱਲਰ)**-ਡਾ. ਸਿਮਰ ਕਟਾਰੀਆ ਹਸਪਤਾਲ (ਕੂਲਰ ਵਾਲੇ) ਨੇੜੇ ਪੁਰਾਣੀ ਜੈਤੋ ਚੁੰਗੀ, ਸ਼ਹੀਦ ਭਗਤ ਸਿੰਘ ਰੋਡ, ਕੋਟਕਪੂਰਾ ਵਿਖੇ 1 ਜੁਲਾਈ ਬੁੱਧਵਾਰ ਨੂੰ ਸ਼ਾਮ 4.00 ਵਜੇ ਤੋਂ 7.00 ਵਜੇ ਤੱਕ ਲੜਕੀਆਂ ਤੇ ਔਰਤਾਂ ਦੀ ਸਿਹਤ ਦਾ ਮੁਫ਼ਤ ਜਾਂਚ ਕੈਂਪ ਲਾਇਆ ਜਾ ਰਿਹਾ ਹੈ, ਜਿਸ ਵਿੱਚ ਡਾ. ਨੇਹਾ ਕਟਾਰੀਆ ਬੀ.ਏ.ਐੱਮ.ਐੱਸ. (ਐੱਮ.ਡੀ.) ਵੱਲੋਂ ਔਰਤਾਂ ਤੇ ਲੜਕੀਆਂ ਦੀਆਂ ਬਿਮਾਰੀਆਂ ਦੀ ਜਾਂਚ ਕਰਨ ਉਪਰੰਤ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਜਾਣਗੀਆਂ। ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਤੇ ਅਰੋੜਬੰਸ ਸਭਾ ਕੋਟਕਪੂਰਾ ਸਮੇਤ ਵੱਖ ਵੱਖ ਸੰਸਥਾਵਾਂ ਨਾਲ ਸਬੰਧਤ ਸਮਾਜਸੇਵੀ ਡਾ. ਕੇ ਕੇ ਕਟਾਰੀਆ ਨੇ ਦੱਸਿਆ ਕਿ 'ਤੰਦਰੁਸਤ ਸਰੀਰ-ਖੁਸ਼ਹਾਲ ਪਰਿਵਾਰ' ਬੈਨਰ ਹੇਠ ਲੱਗਣ ਵਾਲੇ ਕੈਂਪ ਦੌਰਾਨ ਡਾ. ਨੇਹਾ ਕਟਾਰੀਆ ਵੱਲੋਂ ਗਰਭ ਅਵਸਥਾ ਦੀ ਜਾਂਚ ਤੇ ਸਲਾਹ, ਮਾਸਿਕ ਧਰਮ ਸਬੰਧੀ ਸਮੱਸਿਆਵਾਂ ਦਾ ਇਲਾਜ, ਪੀ ਸੀ ਓ ਡੀ/ਪੀ ਸੀ ਓ ਐੱਸ/ਪੀ ਐੱਮ ਓ ਐੱਸ ਦਾ ਇਲਾਜ, ਬਾਂਝਪਨ ਸਬੰਧੀ ਸਲਾਹ, ਪਰਿਵਾਰ ਨਿਯੋਜਨ ਸਲਾਹ, ਸਫੈਦ ਪਾਣੀ ਦਾ ਇਲਾਜ ਤੇ ਇਨਫੈਕਸ਼ਨ, ਛਾਤੀ ਸਬੰਧੀ ਸਮੱਸਿਆਵਾਂ ਦੀ ਜਾਂਚ, ਮਾਂਹਵਾਰੀ ਦੌਰਾਨ ਦਰਦ ਸਬੰਧੀ ਸਲਾਹ ਤੇ ਇਲਾਜ, ਜਨਮ ਤੋਂ ਬਾਅਦ ਮਾਂ ਤੇ ਬੱਚੇ ਦੀ ਦੇਖਭਾਲ, ਸਤਨਪਾਨ ਸਬੰਧੀ ਸਲਾਹ ਤੋਂ ਇਲਾਵਾ ਸ਼ੂਗਰ ਚੈੱਕਅਪ ਤੇ ਗਾਇਨੀਕੋਲੋਜੀ ਕੈਂਪ ਆਦਿਕ ਮੁਫ਼ਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾ ਦੱਸਿਆ ਕਿ ਕੈਂਪ ਦਾ ਉਦਘਾਟਨ ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਦੇ ਸੰਸਥਾਪਕ ਤੇ ਸਮਾਜ ਸੇਵੀ ਗੁਰਿੰਦਰ ਸਿੰਘ ਮਹਿੰਦੀਰੱਤਾ ਕਰਨਗੇ।

## ਮਾਸਟਰਜ਼ ਬੈਡਮਿੰਟਨ ਅਕੈਡਮੀ ਵੱਲੋਂ ਜ਼ਿਲ੍ਹਾ ਟੂਰਨਾਮੈਂਟ ਦਾ ਸਫਲ ਆਯੋਜਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮਾਸਟਰਜ਼ ਬੈਡਮਿੰਟਨ ਅਕੈਡਮੀ, ਮਾਸਟਰਜ਼ ਸਪੋਰਟਸ ਕਲੱਬ ਸਮਾਣਾ ਦੀ ਸਰਪ੍ਰਸਤੀ ਹੇਠ ਤੇ ਪਬਲਿਕ ਕਾਲਜ ਸਮਾਣਾ ਦੇ ਸਹਿਯੋਗ ਨਾਲ ਇਨਡੋਰ ਸਟੇਡੀਅਮ ਪਬਲਿਕ ਕਾਲਜ ਸਮਾਣਾ ਵਿਖੇ ਤਿੰਨ ਰੋਜ਼ਾ ਪਟਿਆਲਾ ਜ਼ਿਲ੍ਹਾ ਬੈਡਮਿੰਟਨ ਟੂਰਨਾਮੈਂਟ-2026 ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਟੂਰਨਾਮੈਂਟ ਵਿੱਚ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਤੋਂ ਲਗਭਗ 300 ਖਿਡਾਰੀਆਂ ਨੇ ਵੱਖ-ਵੱਖ ਉਮਰ ਵਰਗਾਂ ਵਿੱਚ ਭਾਗ ਲਿਆ।ਜੇਤੂ ਖਿਡਾਰੀਆਂ ਨੂੰ ਮੈਡਲਾਂ ਤੇ ਨਕਦ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।ਟੂਰਨਾਮੈਂਟ ਦਾ ਉਦਘਾਟਨ ਡਾ. ਹਰਕਿਰਤ ਸਿੰਘ ਸਿੱਧੂ ਪ੍ਰਿੰਸੀਪਲ ਪਬਲਿਕ ਕਾਲਜ ਸਮਾਣਾ ਵੱਲੋਂ ਕੀਤਾ ਗਿਆ।ਉਨ੍ਹਾਂ ਖਿਡਾਰੀਆਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਤੇ ਆਯੋਜਕਾਂ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਟੂਰਨਾਮੈਂਟ ਦੇ ਦੂਜੇ ਦਿਨ ਇਨਾਮ ਵੰਡ ਸਮਾਰੋਹ ਵਿੱਚ ਸ੍ਰੀ ਕਪੂਰ ਚੰਦ ਬਾਂਸਲ ਚੇਅਰਮੈਨ ਮਿਊਂਸਪਲ ਕਮੇਟੀ ਸਮਾਣਾ ਨੇ ਜੇਤੂਆਂ ਨੂੰ ਸਨਮਾਨਤ ਕੀਤਾ, ਜਦਕਿ ਸਮਾਪਤੀ ਸਮਾਰੋਹ ਮੌਕੇ ਆਖ਼ਰੀ ਦਿਨ ਸ੍ਰੀ ਜੇ. ਪੀ. ਗਰਗ ਨੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡੇ ਤੇ ਖਿਡਾਰੀਆਂ ਦਾ ਹੌਸਲਾ ਵਧਾਇਆ।ਇਸ ਮੌਕੇ ਕਲੱਬ ਦੇ ਪ੍ਰਧਾਨ ਬਲਜੀਤ ਸਿੰਘ, ਸਕੱਤਰ ਗੁਰਪ੍ਰੀਤ ਸਿੰਘ, ਮੈਂਬਰ ਗੁਰਸੇਵਕ ਸਿੰਘ, ਜਤਿੰਦਰਪਾਲ ਸਿੰਘ, ਗੁਰਧਿਆਨ ਸਿੰਘ, ਡਾਕਟਰ ਮਹਿੰਦਰ ਕਕਰਾਲਾ, ਕੋਚ ਜੀਵਨਜੋਤ ਸਿੰਘ, ਗੁਰਪ੍ਰੀਤ ਸਿੰਘ ਅਤੇ ਹਰਿੰਦਰ ਸਿੰਘ ਤੂਫ਼ਾਨ ਹਾਜ਼ਰ ਸਨ। ਇਸ ਤੋਂ ਇਲਾਵਾ ਏ.ਬੀ.ਸੀ. ਕਲੱਬ ਪਟਿਆਲਾ ਤੋਂ ਸੁਰੇਸ਼ ਕੁਮਾਰ, ਰਣਜੀਤ ਸਿੰਘ ਤੇ ਰਿਪਾਂਸ਼ੂ ਮਿੱਤਲ, ਪੈਕਸ ਸਕੂਲ ਤੋਂ ਸਾਜਨ ਟਾਂਕ, ਪੀ.ਐੱਲ.ਡਬਲਿਊ. ਸਟਾਫ ਕਲੱਬ ਤੋਂ ਜਤਿੰਦਰ, ਨਾਭਾ ਤੋਂ ਉਦਿਤ, ਮਹਾਰਾਣੀ ਕਲੱਬ ਤੋਂ ਗੁਰਮੀਤ ਸਿੰਘ ਅਤੇ ਅੰਪਾਇਰ ਰੋਹਿਤ, ਭੁਪਿੰਦਰ ਤੇ ਹਰਮਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## 1 ਕਿੱਲੋ 170 ਗ੍ਰਾਮ ਹੈਰੋਇਨ ਬਰਾਮਦ, ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਜੋਧਾ ਭੈਣੀ ਖੇਤ ਵਿਚੋਂ 1 ਕਿੱਲੋ 170 ਗ੍ਰਾਮ ਹੈਰੋਇਨ ਬਰਾਮਦ ਹੋਣ ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਸਦਰ ਏਰੀਏ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਲਛਮਣ ਨਹਿਰ ਪਿੰਡ ਜੋਧਾ ਭੈਣੀ ਮੌਜੂਦ ਸੀ ਤਾਂ ਬੀ.ਐਸ.ਐਫ. ਦੇ ਜਵਾਨਾਂ ਨੇ ਇਤਲਾਹ ਦਿੱਤੀ ਕਿ ਜੋਧਾ ਭੈਣੀ ਦੇ ਖੇਤ ਵਿੱਚ ਡਰੋਨ ਆਉਣ ਬਾਰੇ ਸੂਚਨਾ ਮਿਲੀ ਹੈ, ਜਿਸ 'ਤੇ ਪੁਲਸ ਪਾਰਟੀ ਨੇ ਬੀ.ਐਸ.ਐਫ. ਦੇ ਜਵਾਨਾਂ ਨਾਲ ਮਿਲ ਕੇ ਸਰਚ ਕੀਤਾ ਗਿਆ ਤਾਂ ਇਕਬਾਲ ਸਿੰਘ ਪੁਤਰ ਸਾਧੂ ਸਿੰਘ ਵਾਸੀ ਜੋਧਾ ਭੈਣੀ ਦੇ ਖੇਤ ਵਿਚ 1 ਕਿੱਲੋ 170 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਆਪਣੇ ਕਬਜ਼ੇ ਵਿੱਚ ਲੈ ਕੇ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 138 ਮਿਤੀ 29 ਜੂਨ 2026 ਨੂੰ ਧਾਰਾ 21ਸੀ/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।

## ਸ੍ਰੀ ਅਮਰਨਾਥ ਯਾਤਰਾ ਦੀਆਂ ਤਿਆਰੀਆਂ ਨੂੰ ਲੈ ਕੇ ਸਮੀਖਿਆ ਮੀਟਿੰਗ

### ਸ਼ਰਧਾਲੂਆਂ ਦੀ ਸੇਵਾ ਲਈ ਸਾਰੇ ਵਿਭਾਗ 24 ਘੰਟੇ ਹਾਜ਼ਰ ਹਨ : ਦਿਨੇਸ਼ ਸਿੰਘ



**ਸਮਾਣਾ/ਬਰਾੜੀ ਮਾਰਗ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-3 ਜੁਲਾਈ ਤੋਂ ਸ਼ੁਰੂ ਹੋਣ ਜਾ ਰਹੀ ਪਵਿੱਤਰ ਸ੍ਰੀ ਅਮਰਨਾਥ ਯਾਤਰਾ ਦੇ ਸਫਲ ਤੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਬਰਾੜੀ ਮਾਰਗ ਕੈਂਪ ਵਿਖੇ ਕੈਂਪ ਡਾਇਰੈਕਟਰ ਦਿਨੇਸ਼ ਸਿੰਘ (ਜੇਕੇਐਸ) ਦੀ ਪ੍ਰਧਾਨਗੀ ਤੇ ਉੱਪ ਕੈਂਪ ਡਾਇਰੈਕਟਰ ਰਾਕੇਸ਼ ਅਕਰਮ (ਡੀਐਸਪੀ) ਦੀ ਹਾਜ਼ਰੀ ਵਿੱਚ ਸਾਰੇ ਸਬੰਧਤ ਵਿਭਾਗਾਂ, ਲੰਗਰ ਕਮੇਟੀਆਂ, ਸ਼ਾਪ ਐਸੋਸੀਏਸ਼ਨ ਤੇ ਹੋਰ ਸਬੰਧਤ ਧਿਰਾਂ ਨਾਲ ਇੱਕ ਵਿਸਤ੍ਰਿਤ ਸਮੀਖਿਆ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਕੈਂਪ ਡਾਇਰੈਕਟਰ ਦਿਨੇਸ਼ ਸਿੰਘ ਨੇ ਕਿਹਾ ਕਿ ਸ੍ਰੀ ਅਮਰਨਾਥ ਯਾਤਰਾ 'ਤੇ ਆਉਣ ਵਾਲੇ ਸ਼ਰਧਾਲੂਆਂ ਦੀ ਸੇਵਾ ਲਈ ਸਾਰੇ ਵਿਭਾਗ 24 ਘੰਟੇ ਹਾਜ਼ਰ ਹਨ।ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਸੁਰੱਖਿਅਤ, ਸੁਵਿਧਾਜਨਕ ਤੇ ਸੁਚਾਰੂ ਯਾਤਰਾ ਮੁਹੱਈਆ ਕਰਵਾਉਣਾ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਤਰਜੀਹ ਹੈ।ਇਸ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ।ਦਿਨੇਸ਼ ਸਿੰਘ ਨੇ ਪੀਡੀਡੀ ਤੇ ਪੀਐੱਚਈ ਵਿਭਾਗ ਨੂੰ ਯਾਤਰਾ ਦੌਰਾਨ ਕੈਂਪ ਖੇਤਰ ਤੇ ਮਾਰਗ 'ਤੇ ਨਿਰਵਿਘਨ ਬਿਜਲੀ ਤੇ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਇਸ ਤੋਂ ਇਲਾਵਾ ਪੇਂਡੂ ਵਿਕਾਸ ਵਿਭਾਗ (ਆਰ ਡੀ ਡੀ) ਦੇ ਸਫਾਈ ਦਲ ਨੂੰ ਸਾਰੇ ਸਥਾਪਤ ਸ਼ੌਚਾਲਿਆਂ ਦਾ ਸੁਰੱਖਿਆ ਆਡਿਟ ਕਰਨ, ਕਰਮਚਾਰੀਆਂ ਦੀ ਡਿਊਟੀ ਰੋਸਟਰ ਤਿਆਰ ਰੱਖਣ, ਲੋੜੀਂਦੇ ਸਫਾਈ ਸਾਜ਼ੋ-ਸਾਮਾਨ ਦੀ ਉਪਲਬਧਤਾ ਯਕੀਨੀ ਬਣਾਉਣ ਤੇ ਪੂਰੀ ਜ਼ਿੰਮੇਵਾਰੀ ਨਾਲ ਡਿਊਟੀ ਨਿਭਾਉਣ ਲਈ ਕਿਹਾ ਗਿਆ।ਦਿਨੇਸ਼ ਸਿੰਘ ਨੇ ਮੀਟਿੰਗ ਦੌਰਾਨ ਲੰਗਰ ਕਮੇਟੀਆਂ ਨੂੰ ਸ੍ਰੀ ਅਮਰਨਾਥ ਜੀ ਸ਼੍ਰਾਈਨ ਬੋਰਡ ਵੱਲੋਂ ਨਿਰਧਾਰਤ ਭੋਜਨ ਯੋਜਨਾ ਦੀ ਸਖ਼ਤੀ ਨਾਲ ਪਾਲਣਾ ਕਰਨ, ਖੁਰਾਕ ਸੁਰੱਖਿਆ ਤੇ ਸਫ਼ਾਈ ਦੇ ਉੱਚ ਮਾਪਦੰਡ ਬਣਾਈ ਰੱਖਣ ਤੇ ਹਰ ਲੰਗਰ ਸਥਾਨ 'ਤੇ ਲੋੜੀਂਦੇ ਅੱਗ ਬੁਝਾਊ ਯੰਤਰ ਉਪਲਬਧ ਰੱਖਣ ਅਤੇ ਸਿਹਤ ਵਿਭਾਗ ਨੂੰ ਲੋੜੀਂਦੀਆਂ ਦਵਾਈਆਂ ਤੇ ਮੈਡੀਕਲ ਸਮੱਗਰੀ ਦਾ ਪੂਰਾ ਭੰਡਾਰ ਯਕੀਨੀ ਬਣਾਉਣ ਤੇ ਯਾਤਰਾ ਦੌਰਾਨ ਨਿਰਵਿਘਨ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਕਿਹਾ ਗਿਆ।

ਇਸ ਮੌਕੇ ਬਰਾੜੀ ਮਾਰਗ ਦੇ ਸਾਰੇ ਮਿਲਟਰੀ ਅਧਿਕਾਰੀਆਂ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਸ਼ਿਵ ਲੰਗਰ ਕਮੇਟੀ ਸਮਾਣਾ ਵੱਲੋਂ ਪ੍ਰੈੱਸ ਕਲੱਬ ਸਮਾਣਾ ਦੇ ਪ੍ਰਧਾਨ ਅਸ਼ੋਕ ਕੁਮਾਰ ਮਿਨੋਚਾ, ਦਿਨੇਸ਼ ਜੈਨ ਰੋਡਾ, ਵਿਪਿਨ ਕੁਮਾਰ ਤੇ ਬਰਾੜੀ ਮਾਰਗ 'ਤੇ ਲੱਗਣ ਵਾਲੇ ਭੰਡਾਰਿਆਂ ਦੇ ਸਾਰੇ ਪ੍ਰਬੰਧਕ ਵੀ ਹਾਜ਼ਰ ਸਨ।

## ਰਾਜਾ ਵੜਿੰਗ ਦੀ ਅਗਵਾਈ ਹੇਠ ਕਾਂਗਰਸ ਹੋਈ ਮਜ਼ਬੂਤ : ਬੋਨੀ ਬੇਦੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਕਾਂਗਰਸੀ ਨੌਜਵਾਨ ਆਗੂ ਧਰਮਜੀਤ ਸਿੰਘ ਬੋਨੀ ਬੇਦੀ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਨੂੰ ਬਦਲਣ ਦੀਆਂ ਚੱਲ ਰਹੀਆਂ ਚਰਚਾਵਾਂ 'ਤੇ ਆਪਣਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਪੰਜਾਬ ਕਾਂਗਰਸ ਦੀ ਕਮਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਹੱਥਾਂ ਵਿੱਚ ਹੀ ਰਹਿਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜਦੋਂ 2022 ਵਿੱਚ ਆਮ ਆਦਮੀ ਪਾਰਟੀ ਪੰਜਾਬ ਵਿੱਚ ਸੱਤਾ ਵਿੱਚ ਆਈ ਸੀ ਤਾਂ ਕਾਂਗਰਸ ਪਾਰਟੀ ਇੱਕ ਮੁਸ਼ਕਲ ਦੌਰ ਵਿੱਚੋਂ ਗੁਜ਼ਰ ਰਹੀ ਸੀ ਅਤੇ ਪਾਰਟੀ ਵਰਕਰ ਆਪਣੇ ਆਪ ਨੂੰ ਬੇਸਹਾਰਾ ਮਹਿਸੂਸ ਕਰ ਰਹੇ ਸਨ।ਅਜਿਹੇ ਸਮੇਂ ਵਿੱਚ ਰਾਜਾ ਵੜਿੰਗ ਨੇ ਪਾਰਟੀ ਨੂੰ ਇਕਜੁੱਟ ਰੱਖਣ ਤੇ ਵਰਕਰਾਂ ਦਾ ਮਨੋਬਲ ਕਾਇਮ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਈ।ਬੋਨੀ ਬੇਦੀ ਨੇ ਕਿਹਾ ਕਿ ਰਾਜਾ ਵੜਿੰਗ ਦੀ ਮਜ਼ਬੂਤ ਅਗਵਾਈ ਸਦਕਾ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਵੀ ਕਾਂਗਰਸ ਪਾਰਟੀ ਸੰਗਠਿਤ ਰਹੀ ਤੇ ਵਰਕਰਾਂ ਨੇ ਪੂਰੇ ਉਤਸ਼ਾਹ ਨਾਲ ਕੰਮ ਕੀਤਾ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਨੇ ਹਮੇਸ਼ਾ ਪਾਰਟੀ ਦੇ ਹਿੱਤਾਂ ਨੂੰ ਪਹਿਲ ਦਿੱਤੀ ਤੇ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਨਾਲ ਨਿਭਾਈਆਂ ਹਨ।ਉਨ੍ਹਾਂ ਕਾਂਗਰਸ ਹਾਈਕਮਾਂਡ ਨੂੰ ਅਪੀਲ ਕੀਤੀ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਅੱਗੇ ਵੀ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਇਆ ਜਾਵੇ।

## ਥੈਲੇਸੀਮੀਆਂ ਪੀੜਤਾਂ ਦੀ ਮਦਦ ਲਈ ਖ਼ੂਨਦਾਨ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਵਿਸ਼ਵਕਰਮਾ ਬਲੱਡ ਡੋਨਰਜ਼ ਕਲੱਬ ਪਾਤੜਾਂ ਵੱਲੋਂ ਮੋਬਾਇਲ ਐਸੋਸੀਏਸ਼ਨ ਦੇ ਸਹਿਯੋਗ ਨਾਲ ਥੈਲਾਸੀਮੀਆ ਦੀ ਨਾਮੁਰਾਦ ਬਿਮਾਰੀ ਤੋਂ ਪੀੜ੍ਹਤ ਮਰੀਜ਼ਾਂ ਦੀ ਮਦਦ ਲਈ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਸਥਾਨਕ ਭਗਵਾਨ ਹੈਲਥ ਕੇਅਰ ਸੈਂਟਰ ਪਾਤੜਾਂ ਵਿਖੇ ਲਗਾਇਆ ਗਿਆ।ਕੈਂਪ ਦੌਰਾਨ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਦੀ ਟੀਮ ਨੇ ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ। ਜਾਣਕਾਰੀ ਦਿੰਦਿਆਂ ਵਿਸ਼ਵਕਰਮਾ ਡੋਨਰਜ਼ ਕਲੱਬ ਦੇ ਪ੍ਰਧਾਨ ਹਰਜਿੰਦਰ ਸਿੰਘ ਬਿੱਟਾ ਨੇ ਦੱਸਿਆ ਕਿ ਕੈਂਪ ਭਗਵਾਨ ਹੈਲਥ ਕੇਅਰ ਸੈਂਟਰ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਅਮਨ ਸ਼ਰਮਾ ਦੀ ਦੇਖ ਰੇਖ ਹੇਠ ਲਗਾਏ ਗਏ ਇਸ ਕੈਂਪ ਦੌਰਾਨ ਇਲਾਕੇ ਦੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸਵੈ-ਇੱਛਾ ਨਾਲ ਥੈਲੇਸੀਮੀਆਂ ਪੀੜਤਾਂ ਲਈ ਖ਼ੂਨ ਦਾਨ ਕੀਤਾ।ਉਨ੍ਹਾਂ ਕਿਹਾ ਕਿ ਥੈਲਾਸੀਮੀਆ ਬੀਮਾਰੀ ਤੋਂ ਪ੍ਰਭਾਵਿਤ ਬੱਚਿਆਂ ਨੂੰ ਖ਼ੂਨ ਦੀ ਬਹੁਤ ਜ਼ਿਆਦਾ ਜ਼ਰੂਰਤ ਹੁੰਦੀ ਹੈ, ਕਿਉਂਕਿ ਬੀਮਾਰੀ ਤੋਂ ਪੀੜਤ ਬੱਚਿਆਂ ਦਾ ਖ਼ੂਨ ਬਹੁਤ ਤੇਜ਼ੀ ਨਾਲ ਘਟਦਾ ਹੈ ਤੇ ਉਨ੍ਹਾਂ ਨੂੰ ਵਾਰ ਵਾਰ ਖ਼ੂਨ ਚੜ੍ਹਾਉਣਾ ਪੈਂਦਾ ਹੈ।ਇਸ ਦੌਰਾਨ ਡਾ. ਅਮਨ ਸ਼ਰਮਾ ਨੇ ਅਪੀਲ ਕਰਦਿਆਂ ਕਿਹਾ ਕਿ ਮਨੁੱਖੀ ਖ਼ੂਨ ਇੱਕ ਅਜਿਹੀ ਵਸਤੂ ਹੈ, ਜਿਸ ਨੂੰ ਕਿਸੇ ਵੀ ਪ੍ਰਯੋਗਸ਼ਾਲਾ ਵਿੱਚ ਹਾਲੇ ਤੱਕ ਤਿਆਰ ਨਹੀਂ ਕੀਤਾ ਜਾ ਸਕਿਆ।ਇਸ ਲਈ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਜਿਉਂਦੇ ਰੱਖਣ ਲਈ ਦਾਨ ਵਿੱਚ ਦਿੱਤਾ ਗਿਆ ਖ਼ੂਨ ਹੀ ਮਰੀਜ਼ ਲਈ ਇੱਕੋ ਇੱਕ ਸਹਾਰਾ ਹੁੰਦਾ ਹੈ।ਕੈਂਪ ਦੌਰਾਨ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਟਰਾਫੀਆਂ ਦੇ ਕੇ ਵਿਸ਼ੇਸ਼ ਤੌਰ ਉੱਤੇ ਸਨਮਾਨਤ ਕੀਤਾ ਗਿਆ।

## ਸਿਵਲ ਸਰਵਿਸਿਜ਼ ਦੀ ਮੁਫ਼ਤ ਕੋਚਿੰਗ ਸ਼ਲਾਘਾਯੋਗ ਉਪਰਾਲਾ : ਪ੍ਰਿੰਸੀਪਲ



**ਸਮਰਾਲਾ (ਸੁਰਜੀਤ ਸਿੰਘ)**

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਕਾਲਜ ਵਿੱਚ ਵਿਦਿਆਰਥਣਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਯੋਗ ਬਣਾਉਣ ਤੇ ਉਨ੍ਹਾਂ ਨੂੰ ਉੱਚ ਅਹੁਦਿਆਂ ਲਈ ਤਿਆਰ ਕਰਨ ਦੇ ਮੰਤਵ ਨਾਲ ਮੁਫ਼ਤ ਕੋਚਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ ਤੇ ਸਕੱਤਰ (ਵਿਦਿਆ) ਸੁਖਮਿੰਦਰ ਸਿੰਘ ਦੀ ਅਗਵਾਈ ਹੇਠ ਇਸ ਵਿਦਿਅਕ ਵਰ੍ਹੇ ਵਿੱਚ ਸ਼੍ਰੋਮਣੀ ਕਮੇਟੀ ਦੇ ਸਾਰੇ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਲਈ ਇਹ ਉਪਰਾਲਾ ਕੀਤਾ ਗਿਆ ਹੈ।ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਅਤੇ ਟੈਗੋਰ ਆਈ.ਏ.ਐਸ. ਅਕੈਡਮੀ ਦਰਮਿਆਨ ਹੋਏ ਐਮ.ਓ.ਯੂ. ਰਾਹੀਂ ਸ਼੍ਰੋਮਣੀ ਕਮੇਟੀ ਦੇ ਸਮੂਹ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਵਿਸ਼ੇਸ਼ ਕੋਚਿੰਗ ਦਿੱਤੀ ਜਾਵੇਗੀ, ਜਿਸ ਰਾਹੀਂ ਵਿਦਿਆਰਥੀ ਆਪਣੇ ਭਵਿੱਖ ਦੇ ਮਿੱਥੇ ਟੀਚਿਆਂ ਨੂੰ ਸਰ ਕਰਨ ਦੇ ਸਮਰੱਥ ਹੋ ਸਕਣਗੇ।ਉਨ੍ਹਾਂ ਦੱਸਿਆ ਕਿ ਇਹ ਕੋਚਿੰਗ ਕਾਲਜ ਵਿੱਚ ਵਿਦਿਆਰਥਣਾਂ ਨੂੰ ਮੁਫ਼ਤ ਦਿੱਤੀ ਜਾਵੇਗੀ।ਇਸ ਪ੍ਰੋਗਰਾਮ ਤਹਿਤ ਕੋਈ ਵੀ ਬਾਰ੍ਹਵੀਂ ਪਾਸ ਵਿਦਿਆਰਥਣ, ਜਿਸ ਨੇ 60 ਫੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ ਹੋਣ, ਮੁਫ਼ਤ ਸਿਖਲਾਈ ਪ੍ਰਾਪਤ ਕਰ ਸਕਦੀ ਹੈ।ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਰਾਹੀਂ ਵਿਦਿਆਰਥਣਾਂ ਹੁਨਰਮੰਦ ਹੋਣ ਦੇ ਨਾਲ-ਨਾਲ ਸ਼ਖ਼ਸੀਅਤ ਉਸਾਰੀ ਦੇ ਵੱਖ-ਵੱਖ ਪਹਿਲੂਆਂ ਤੋਂ ਵੀ ਜਾਣੂ ਹੋਣਗੀਆਂ।ਉਹ ਵਿਸ਼ਲੇਸ਼ਣਾਤਮਕ ਸੋਚ, ਨਵੀਨਤਾ ਅਤੇ ਸਮੇਂ ਦੇ ਹਾਣੀ ਬਣਨ ਵਿੱਚ ਪ੍ਰਪੱਕਤਾ ਹਾਸਲ ਕਰਨਗੀਆਂ।ਵਿਦਿਆਰਥਣਾਂ ਦੀ ਕਾਰਗੁਜ਼ਾਰੀ ਦਾ ਸਮੇਂ-ਸਮੇਂ 'ਤੇ ਮੁਲਾਂਕਣ ਵੀ ਕੀਤਾ ਜਾਵੇਗਾ। ਕਾਲਜ ਦੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਦੇ ਸਹਿਯੋਗ ਨਾਲ ਇਹ ਟ੍ਰੇਨਿੰਗ ਸਫ਼ਲ ਬਣਾਉਣ ਦਾ ਉਪਰਾਲਾ ਵਿਦਿਆਰਥਣਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਦੇ ਬਿਹਤਰੀਨ ਮੌਕੇ ਪ੍ਰਦਾਨ ਕਰੇਗਾ।ਉਨ੍ਹਾਂ ਕਿਹਾ ਕਿ ਕਾਲਜ ਵਿੱਚ ਵੱਖ ਵੱਖ ਕੀਤਾ ਮੁਖੀ ਕੋਰਸ ਵਿਦਿਆਰਥਣਾਂ ਨੂੰ ਪੜ੍ਹਾਈ ਉਪਰੰਤ ਰੋਜ਼ਗਾਰ ਲਈ ਤਾਂ ਤਿਆਰ ਕਰਦੇ ਹੀ ਹਨ, ਉਹ ਆਪਣੀ ਯੋਗਤਾ ਵਧਾਉਣ ਦੇ ਨਾਲ-ਨਾਲ ਆਪਣੀ ਸ਼ਖ਼ਸੀਅਤ ਨੂੰ ਨਿਖਾਰਨ ਲਈ ਚਲਾਏ ਜਾ ਰਹੇ ਇਸ ਸਿਖਲਾਈ ਪ੍ਰੋਗਰਾਮ ਦਾ ਹਿੱਸਾ ਬਣ ਸਕਦੀਆਂ ਹਨ।ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਦਾ ਮੁੱਖ ਮੰਤਵ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਰੁਜ਼ਗਾਰ ਮੁਹੱਈਆ ਕਰਾਉਣਾ ਹੈ।

## ਸੱਟਾਂ ਮਾਰਨ ਦੇ ਦੋਸ਼ 'ਚ 5 ਲੋਕ ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ ਪਿੰਡ ਜੱਲਾ ਲੱਖੇ ਕੇ ਹਿਠਾੜ ਉਰਫ ਧੁਨਕੀਆ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ 5 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਜਾਣਕਾਰੀ ਦੇ ਅਨੁਸਾਰ ਸ਼ਿਕਾਇਤਕਰਤਾ ਮੰਗਲ ਸਿੰਘ ਪੁਤਰ ਹਰਨਾਮ ਸਿੰਘ ਵਾਸੀ ਜੱਲਾ ਲੱਖੇ ਕੇ ਹਿਠਾੜ ਨੇ ਪੁਲਸ ਕੋਲ ਦਰਜ ਕਰਾਏ ਬਿਆਨਾਂ ਵਿੱਚ ਦੱਸਿਆ ਕਿ 21 ਜੂਨ ਨੂੰ ਦੁਪਹਿਰ ਕਰੀਬ 4 ਵਜੇ ਉਹ ਆਪਣੇ ਘਰ ਵਿੱਚ ਮੌਜੂਦ ਸੀ ਤਾਂ ਉਸ ਨੂੰ ਗੇਟ ਤੇ ਉਚੀ ਉਚੀ ਰੌਲ਼ਾ ਪੈਣ ਦੀ ਅਵਾਜ਼ ਆ ਰਹੀ ਸੀ, ਜਿਸ 'ਤੇ ਉਸਨੇ ਦੇਖਿਆ ਤਾਂ ਹਰਸ਼ਦੀਪ ਸਿੰਘ ਵਗੈਰਾ ਖੜੇ ਸੀ ਅਤੇ ਰੌਲਾ ਪਾਉਣ ਤੋਂ ਰੋਕਿਆ ਗਿਆ ਤਾਂ ਉਨ੍ਹਾਂ ਨੇ ਉਸਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ, ਜਿਸ 'ਤੇ ਉਸਨੂੰ ਜ਼ਖ਼ਮੀ ਹਾਲਤ ਵਿੱਚ ਇਲਾਜ ਲਈ ਸਰਕਾਰੀ ਹਸਪਤਾਲ ਜਲਾਲਾਬਾਦ ਵਿਖੇ ਦਾਖਲ ਕਰਾਇਆ ਗਿਆ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਵੰਤ ਸਿੰਘ ਨੇ ਦੱਸਿਆ ਕਿ ਮੰਗਲ ਸਿੰਘ ਦੀ ਐਮ.ਐਲ.ਆਰ. ਤੇ ਐਕਸਰੇ ਰਿਪੋਰਟ ਥਾਣੇ ਵਿੱਚ ਆਉਣ ਤੋਂ ਬਾਅਦ ਪੁਲਸ ਨੇ ਮੁਦਈ ਮੰਗਲ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਹਰਸ਼ਦੀਪ ਸਿੰਘ, ਸਾਜਨ ਸਿੰਘ, ਸੰਦੀਪਸਿੰਘ, ਪ੍ਰਿੰਸ ਸਿੰਘ ਤੇ ਜੱਗਾ ਸਿੰਘ ਵਾਸੀਆਨ ਜੱਲਾ ਲੱਖੇ ਕੇ ਹਿਠਾੜ ਉਰਫ ਧੁਨਕੀਆ ਦੇ ਖਿਲਾਫ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 139 ਮਿਤੀ 29 ਜੂਨ 2026 ਨੂੰ ਧਾਰਾ 117(2),115(2), 190,191(3) ਬੀ.ਐਨ.ਐਸ. ਅਧੀਨ ਦਰਜ ਕੀਤਾ ਗਿਆ ਹੈ।-

## ਦਿਨ ਵੇਲੇ 8 ਘੰਟੇ ਨਿਰੰਤਰ ਬਿਜਲੀ ਸਪਲਾਈ ਨਾ ਮਿਲੀ ਤਾਂ ਸੰਘਰਸ਼ ਹੋਵੇਗਾ ਹੋਰ ਤੇਜ਼ : ਭਾਕਿਯੂ ਰਾਜੇਵਾਲ



**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਵੱਲੋਂ ਪਿੰਡ ਘਰਾਚੋਂ ਵਿਖੇ ਬਿਜਲੀ ਵਿਭਾਗ ਦੇ ਦਫ਼ਤਰ ਅੱਗੇ ਧਰਨਾ ਦੇ ਕੇ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ।ਧਰਨਾਕਾਰੀਆਂ ਨੇ ਮੰਗ ਕੀਤੀ ਕਿ ਝੋਨੇ, ਮੱਕੀ, ਹਰੇ ਚਾਰੇ ਅਤੇ ਸਬਜ਼ੀਆਂ ਦੀ ਫ਼ਸਲ ਨੂੰ ਬਚਾਉਣ ਲਈ ਕਿਸਾਨਾਂ ਨੂੰ ਦਿਨ ਵੇਲੇ ਨਿਰੰਤਰ 8 ਘੰਟੇ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।ਭਾਕਿਯੂ (ਰਾਜੇਵਾਲ) ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਕਿਹਾ ਕਿ ਅਣਐਲਾਨੇ ਬਿਜਲੀ ਕੱਟਾਂ ਅਤੇ ਨਹਿਰੀ ਪਾਣੀ ਦੀ ਘਾਟ ਕਾਰਨ ਕਿਸਾਨ ਸੋਕੇ ਵਰਗੇ ਹਾਲਾਤਾਂ ਦਾ ਸਾਹਮਣਾ ਕਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਮਹਿੰਗੇ ਡੀਜ਼ਲ ਨਾਲ ਟਿਊਬਵੈਲ ਚਲਾਉਣਾ ਕਿਸਾਨਾਂ ਦੀ ਆਰਥਿਕ ਸਮਰੱਥਾ ਤੋਂ ਬਾਹਰ ਹੋ ਚੁੱਕਾ ਹੈ, ਜਿਸ ਕਾਰਨ ਫ਼ਸਲਾਂ ਸੁੱਕਣ ਦੀ ਕਗਾਰ 'ਤੇ ਪਹੁੰਚ ਗਈਆਂ ਹਨ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਚੁਟਕਲੇ ਸੁਣਾ ਕੇ ਸਮਾਂ ਬਰਬਾਦ ਕਰਨ ਦੀ ਬਜਾਏ ਬਿਜਲੀ ਤੇ ਨਹਿਰੀ ਪਾਣੀ ਦਾ ਪ੍ਰਬੰਧ ਤੁਰੰਤ ਸੁਧਾਰਿਆ ਜਾਵੇ।ਆਗੂਆਂ ਨੇ ਕਿਹਾ ਕਿ ਜੇਕਰ ਦਿਨ ਵੇਲੇ ਨਿਰੰਤਰ 8 ਘੰਟੇ ਬਿਜਲੀ ਸਪਲਾਈ ਅਤੇ ਨਹਿਰੀ ਪਾਣੀ ਦੀ ਬਹਾਲੀ ਦੀ ਮੰਗ ਜਲਦੀ ਪੂਰੀ ਨਾ ਕੀਤੀ ਗਈ ਤਾਂ ਕਿਸਾਨ ਜਥੇਬੰਦੀ ਆਪਣਾ ਸੰਘਰਸ਼ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।ਧਰਨੇ ਤੋਂ ਬਾਅਦ ਜਥੇਬੰਦੀ ਦੇ ਆਗੂਆਂ ਨੇ ਆਪਣੀਆਂ ਮੰਗਾਂ ਸਬੰਧੀ ਐਸ.ਡੀ.ਓ. ਨੂੰ ਮੰਗ-ਪੱਤਰ ਵੀ ਸੌਂਪਿਆ।

## ਵੋਟਰ ਸੂਚੀਆਂ ਦੀ ਸੁਧਾਈ ਲਈ ਸਪੀਕਰ ਸੰਧਵਾਂ ਵੱਲੋਂ ਬੀ ਐੱਲ ਏਜ਼ ਨਾਲ ਮੀਟਿੰਗ

**ਫ਼ਰੀਦਕੋਟ/ਕੋਟਕਪੂਰਾ (ਐਲਗਜ਼ੈਂਡਰ ਡਿਸੂਜ਼ਾ/ਰਛਪਾਲ ਭੁੱਲਰ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਵਿਖੇ ਆਮ ਆਦਮੀ ਪਾਰਟੀ ਦੇ ਬੂਥ ਲੈਵਲ ਏਜੰਟਾਂ (ਬੀ.ਐੱਲ.ਏਜ਼.) ਨਾਲ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) ਸਬੰਧੀ ਇਕ ਅਹਿਮ ਮੀਟਿੰਗ ਕੀਤੀ।ਮੀਟਿੰਗ ਦੌਰਾਨ ਸਪੀਕਰ ਸੰਧਵਾਂ ਨੇ ਬੀ.ਐੱਲ.ਏਜ਼. ਨੂੰ ਅਪੀਲ ਕੀਤੀ ਕਿ ਉਹ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਪਸੀ ਤਾਲਮੇਲ ਨਾਲ ਕੰਮ ਕਰਨ ਤਾਂ ਜੋ ਐੱਸ.ਆਈ.ਆਰ. ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤਾ ਜਾ ਸਕੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਰੇਕ ਯੋਗ ਵੋਟਰ ਤੱਕ ਪਹੁੰਚ ਬਣਾਈ ਜਾਵੇ ਤਾਂ ਜੋ ਕੋਈ ਵੀ ਨਾਗਰਿਕ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ।ਇਸ ਮੌਕੇ ਕੋਟਕਪੂਰਾ ਹਲਕੇ ਦੇ ਸਮੂਹ 'ਆਪ' ਬੀ.ਐੱਲ.ਏਜ਼. ਹਾਜ਼ਰ ਸਨ।

## ਚੰਡੀਗੜ੍ਹ ਧਰਨੇ ਲਈ ਭਾਕਿਯੂ ਏਕਤਾ ਉਗਰਾਹਾਂ ਨੇ ਵਿੱਢੀ ਲਾਮਬੰਦੀ

### ਬਿਜਲੀ ਸੰਕਟ, ਫ੍ਰੀ ਟਰੇਡ ਡੀਲ, ਬਿਜਲੀ ਬਿੱਲ ਤੇ ਬੀਜ ਬਿੱਲ ਖ਼ਿਲਾਫ਼ ਸੰਘਰਸ਼ ਤੇਜ਼ ਕਰਨ ਦਾ ਐਲਾਨ



**ਭਵਾਨੀਗੜ੍ਹ (ਰਾਜ ਖੁਰਮੀ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਭਵਾਨੀਗੜ੍ਹ ਦੀ ਅਹਿਮ ਮੀਟਿੰਗ ਗੁਰੂ ਘਰ ਨੌਵੀਂ ਪਾਤਸ਼ਾਹੀ ਪਿੰਡ ਫੱਗੂਵਾਲਾ ਵਿਖੇ ਬਲਾਕ ਪ੍ਰਧਾਨ ਅਜੈਬ ਸਿੰਘ ਲੱਖੇਵਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ 4 ਜੁਲਾਈ ਨੂੰ ਚੰਡੀਗੜ੍ਹ ਵਿਖੇ ਕਿਸਾਨਾਂ-ਮਜ਼ਦੂਰਾਂ ਦੀਆਂ ਸਾਂਝੀਆਂ ਮੰਗਾਂ ਸਬੰਧੀ ਹੋਣ ਵਾਲੇ ਵੱਡੇ ਧਰਨੇ ਨੂੰ ਸਫਲ ਬਣਾਉਣ ਲਈ ਵਿਆਪਕ ਲਾਮਬੰਦੀ ਕੀਤੀ ਗਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਅਜੈਬ ਸਿੰਘ ਲੱਖੇਵਾਲ, ਬਲਾਕ ਆਗੂ ਰਘਵੀਰ ਸਿੰਘ ਘਰਾਚੋਂ, ਜਨਰਲ ਸਕੱਤਰ ਜਸਵੀਰ ਸਿੰਘ ਗੱਗੜਪੁਰ ਤੇ ਖਜ਼ਾਨਚੀ ਬਲਵਿੰਦਰ ਸਿੰਘ ਘਨੌੜ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਮਰੀਕਾ ਸਮੇਤ ਵਿਕਸਿਤ ਦੇਸ਼ਾਂ ਨਾਲ ਕੀਤੇ ਜਾ ਰਹੇ ਫ੍ਰੀ ਟਰੇਡ ਡੀਲ ਦੇ ਸਮਝੌਤੇ ਦੇਸ਼ ਦੇ ਕਿਸਾਨਾਂ ਤੇ ਮਜ਼ਦੂਰਾਂ ਦੇ ਹਿੱਤਾਂ ਵਿਰੁੱਧ ਹਨ।ਉਨ੍ਹਾਂ ਕਿਹਾ ਕਿ ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਨੇ ਆਮ ਲੋਕਾਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ, ਇਸ ਲਈ ਕੀਮਤਾਂ ਵਿੱਚ ਕਟੌਤੀ ਦੀ ਮੰਗ ਵੀ ਧਰਨੇ ਦੌਰਾਨ ਉਠਾਈ ਜਾਵੇਗੀ।ਕਿਸਾਨ ਆਗੂਆਂ ਨੇ ਕਿਹਾ ਕਿ ਬਿਜਲੀ ਬਿੱਲ-2025, ਬੀਜ ਬਿੱਲ-2025 ਨੂੰ ਰੱਦ ਕਰਨ, ਬੀਬੀਐੱਮਬੀ ਉੱਤੇ ਕੇਂਦਰ ਸਰਕਾਰ ਦੇ ਵਧਦੇ ਦਖ਼ਲ ਦਾ ਵਿਰੋਧ ਕਰਨ ਤੇ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਖ਼ਿਲਾਫ਼ ਵੀ ਸੰਘਰਸ਼ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਬਿਜਲੀ ਦਫ਼ਤਰ ਭਵਾਨੀਗੜ੍ਹ ਵਿਖੇ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ ਕਰਕੇ ਨਾਅਰੇਬਾਜ਼ੀ ਵੀ ਕੀਤੀ ਗਈ।

ਇਸ ਤੋਂ ਇਲਾਵਾ ਜਥੇਬੰਦੀ ਦੇ ਫੰਡਾਂ ਸਬੰਧੀ ਬੈਂਕਾਂ ਵਿੱਚ ਜਥੇਬੰਦੀ ਦੇ ਨਾਂ 'ਤੇ ਖਾਤੇ ਖੋਲ੍ਹਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਕਸ਼ਮੀਰ ਸਿੰਘ ਆਲੋਅਰਖ, ਗੁਰਚੇਤ ਸਿੰਘ ਭੱਟੀਵਾਲ, ਗੁਰਦੇਵ ਸਿੰਘ ਆਲੋਅਰਖ, ਕੁਲਦੀਪ ਸਿੰਘ ਬਖੋਪੀਰ, ਕਰਮ ਚੰਦ ਪੰਨਵਾ ਸਮੇਤ ਵੱਖ-ਵੱਖ ਪਿੰਡ ਇਕਾਈਆਂ ਦੇ ਪ੍ਰਧਾਨ, ਸਕੱਤਰ ਤੇ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

## ਪੰਜਾਬ ਸਕੇਲ, ਪੁਰਾਣੀ ਪੈਨਸ਼ਨ ਤੇ ਭੱਤੇ ਬਹਾਲੀ ਮੋਰਚਾ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਐਲਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੀਆਂ 9 ਪ੍ਰਮੁੱਖ ਮੁਲਾਜ਼ਮ ਜਥੇਬੰਦੀਆਂ ਦੇ ਸਾਂਝੇ ਮੰਚ 'ਪੰਜਾਬ ਸਕੇਲ, ਪੁਰਾਣੀ ਪੈਨਸ਼ਨ ਤੇ ਭੱਤੇ ਬਹਾਲੀ ਮੋਰਚਾ' ਦੀ ਹੰਗਾਮੀ ਮੀਟਿੰਗ ਮੋਗਾ ਦੇ ਫ੍ਰੀਡਮ ਫਾਈਟਰ ਹਾਲ ਵਿਖੇ ਸੂਬਾ ਕਨਵੀਨਰ ਸੰਦੀਪ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸੂਬਾ ਕਨਵੀਨਰਾਂ ਤੇ ਕੋ-ਕਨਵੀਨਰਾਂ ਵਿਕਰਮ ਦੇਵ ਸਿੰਘ, ਗੁਰਦੀਪ ਸਿੰਘ ਬਾਸੀ, ਰਾਜਿੰਦਰ ਸਿੰਘ ਸੰਧਾ, ਦੀਪਕ ਕੰਬੋਜ, ਅਤਿੰਦਰ ਪਾਲ ਸਿੰਘ ਘੱਗਾ, ਸੁਰਿੰਦਰ ਸਿੰਘ ਸੋਨੀ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਸੂਬਾਈ ਆਗੂ ਹਾਜ਼ਰ ਸਨ।ਆਗੂਆਂ ਨੇ ਮੀਟਿੰਗ ਦੌਰਾਨ 15 ਫਰਵਰੀ ਦੀ ਸੰਗਰੂਰ ਰੈਲੀ ਤੇ 31 ਮਈ ਨੂੰ ਮੋਹਾਲੀ ਤੋਂ ਚੰਡੀਗੜ੍ਹ ਵੱਲ ਕੀਤੇ ਗਏ ਇਤਿਹਾਸਕ ਰੋਸ ਮਾਰਚ ਦੀ ਸਮੀਖਿਆ ਕਰਦਿਆਂ ਸਰਕਾਰ ਦੇ ਨਕਾਰਾਤਮਕ ਰਵੱਈਏ ਦੀ ਨਿਖੇਧੀ ਕੀਤੀ ਤੇ ਆਉਣ ਵਾਲੇ ਸੰਘਰਸ਼ੀ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਈ ਮਹੱਤਵਪੂਰਨ ਫ਼ੈਸਲੇ ਲਏ।ਮੋਰਚੇ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਲਈ ਕੇਂਦਰੀ ਤਨਖ਼ਾਹ ਸਕੇਲ ਲਾਗੂ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕਰਕੇ ਪੰਜਾਬ ਤਨਖ਼ਾਹ ਸਕੇਲ ਤੁਰੰਤ ਬਹਾਲ ਕੀਤੇ ਜਾਣ, ਅਦਾਲਤੀ ਫ਼ੈਸਲਿਆਂ ਦੀ ਭਾਵਨਾ ਅਨੁਸਾਰ ਛੇਵੇਂ ਪੰਜਾਬ ਪੇਅ ਕਮਿਸ਼ਨ ਤੇ 15 ਫ਼ੀਸਦੀ ਵਾਧੇ ਦੇ ਅਧਾਰ 'ਤੇ ਤਨਖ਼ਾਹ ਫਿਕਸ ਕੀਤੇ ਜਾਣ, ਸਮੱਗਰ ਸਿੱਖਿਆ ਅਧੀਨ ਰੈਗੂਲਰ ਕੀਤੇ ਗਏ ਨਾਨ-ਟੀਚਿੰਗ ਕਰਮਚਾਰੀਆਂ ਨੂੰ ਵੀ ਬਣਦੇ ਸਾਰੇ ਵਿੱਤੀ ਲਾਭ ਦਿੱਤੇ ਜਾਣ ਆਦਿ ਮੰਗਾਂ ਨੂੰ ਦੁਹਰਾਇਆ ਤੇ ਪੂਰੀਆਂ ਹੋਣ ਤੱਕ ਸੰਘਰਸ਼ ਜਾਰੀ ਰੱਖਣ ਦਾ ਸੰਕਲਪ ਲਿਆ। ਇਸ ਤੋਂ ਇਲਾਵਾ ਕੱਟੇ ਗਏ 37 ਕਿਸਮ ਦੇ ਭੱਤੇ ਬਹਾਲ ਕਰਨ, ਪੈਂਡਿੰਗ 18 ਫ਼ੀਸਦੀ ਮਹਿੰਗਾਈ ਭੱਤਾ ਤੇ ਬਕਾਏ ਜਾਰੀ ਕਰਨ, ਡੀ.ਏ. ਦੇ ਮਾਮਲੇ ਵਿੱਚ ਆਈ.ਏ.ਐੱਸ./ਆਈ.ਪੀ.ਐੱਸ. ਅਧਿਕਾਰੀਆਂ ਵਾਂਗ ਸਾਰੇ ਮੁਲਾਜ਼ਮਾਂ ਲਈ ਇੱਕਸਾਰ ਨੀਤੀ ਲਾਗੂ ਕਰਨ ਤੇ 4-9-14 ਸਾਲਾਂ ਵਾਲੀ ਡੀ.ਏ.ਸੀ.ਪੀ. ਸਕੀਮ ਬਹਾਲ ਕਰਨ ਦੀ ਮੰਗ ਵੀ ਕੀਤੀ ਗਈ।ਮੋਰਚੇ ਨੇ ਰਿਕਾਸਟ ਸੂਚੀਆਂ ਦੇ ਆਧਾਰ 'ਤੇ ਜਾਰੀ ਕੀਤੇ ਟਰਮੀਨੇਸ਼ਨ ਸ਼ੋ-ਕਾਜ਼ ਨੋਟਿਸ ਰੱਦ ਕਰਨ, ਪ੍ਰਭਾਵਿਤ ਅਧਿਆਪਕਾਂ ਨੂੰ ਇਨਸਾਫ਼ ਦੇਣ ਤੇ ਐਸੋਸੀਏਟ ਟੀਚਰਾਂ, ਕੰਪਿਊਟਰ ਅਧਿਆਪਕਾਂ, ਐੱਨ ਐੱਸ ਕਿਊ ਐੱਫ, ਮੈਰੀਟੋਰੀਅਸ ਤੇ ਹੋਰ ਕੱਚੇ ਮੁਲਾਜ਼ਮਾਂ ਨੂੰ ਛੇਵੇਂ ਪੰਜਾਬ ਪੇਅ ਕਮਿਸ਼ਨ ਅਨੁਸਾਰ ਰੈਗੂਲਰ ਮਰਜ਼ ਕਰਨ ਦੀ ਵੀ ਮੰਗ ਕੀਤੀ।ਮੋਰਚੇ ਨੇ 17 ਜੁਲਾਈ ਨੂੰ ਜੁਆਇੰਟ ਕੋ-ਆਰਡੀਨੇਸ਼ਨ ਕਮੇਟੀ ਵੱਲੋਂ ਮੋਹਾਲੀ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਭਰਵੀਂ ਤੇ ਸੰਗਠਿਤ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ।ਮੀਟਿੰਗ ਵਿੱਚ ਇਹ ਵੀ ਫ਼ੈਸਲਾ ਕੀਤਾ ਗਿਆ ਕਿ 2 ਜੁਲਾਈ ਤੋਂ 10 ਜੁਲਾਈ ਤੱਕ ਮੋਰਚੇ ਵਿੱਚ ਸ਼ਾਮਲ ਭਾਈਵਾਲ ਜਥੇਬੰਦੀਆਂ ਦੀਆਂ ਸਾਂਝੀਆਂ ਮੀਟਿੰਗਾਂ ਕਰਕੇ ਸੰਘਰਸ਼ ਦੀ ਜ਼ਮੀਨੀ ਤਿਆਰੀ ਕੀਤੀ ਜਾਵੇਗੀ। ਇਸ ਉਪਰੰਤ 1 ਤੋਂ 10 ਅਗਸਤ ਤੱਕ ਸੂਬੇ ਭਰ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਮੰਤਰੀਆਂ ਦੇ ਘਰਾਂ ਅੱਗੇ ਜ਼ਿਲ੍ਹਾ ਪੱਧਰੀ ਵੱਡੇ ਰੋਸ ਧਰਨੇ ਦਿੱਤੇ ਜਾਣਗੇ ਅਤੇ ਮੁੱਖ ਮੰਤਰੀ ਦੇ ਨਾਮ ਰੋਸ-ਪੱਤਰ ਸੌਂਪੇ ਜਾਣਗੇ।

ਇਸ ਤੋਂ ਇਲਾਵਾ 26 ਜੁਲਾਈ ਨੂੰ ਸੂਬਾ ਪੱਧਰੀ ਮੀਟਿੰਗ ਕਰਕੇ ਅਗਲੇ ਸੰਘਰਸ਼ੀ ਐਕਸ਼ਨ ਪ੍ਰੋਗਰਾਮ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ।ਮੀਟਿੰਗ ਵਿੱਚ ਮਹਿੰਦਰ ਕੌੜਿਆਂਵਾਲੀ, ਰਾਜੀਵ ਬਰਨਾਲਾ, ਜਗਪਾਲ ਬੰਗੀ, ਸ਼ਲਿੰਦਰ ਕੰਬੋਜ, ਇੰਦਰ ਸੁਖਦੀਪ ਸਿੰਘ ਓਡਰਾ, ਦਲਜੀਤ ਸਫ਼ੀਪੁਰ, ਮਨਦੀਪ ਦਸੂਹਾ, ਗੁਰਦੀਪ ਛੰਨਾ, ਜੈਵਲ ਜੈਨ, ਜਸਵਿੰਦਰ ਐਤੀਆਣਾ, ਗੁਰਪ੍ਰੀਤ ਸਿੰਘ ਮੋਗਾ, ਅੰਮ੍ਰਿਤਪਾਲ ਮਾਨ, ਸਰਬਜੀਤ ਭਾਵੜਾ, ਗੁਰਬਿੰਦਰ ਖਹਿਰਾ, ਗੁਰਵਿੰਦਰ ਖੋਸਾ, ਗੁਰਮੀਤ ਸਿੰਘ, ਟਵਿੰਕਲ ਦੀਪ ਸਿੰਘ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

## 'ਆਪ' ਤੇ ਕਾਂਗਰਸ ਨੇ ਪੰਜਾਬ ਨੂੰ ਬਰਬਾਦ ਕੀਤਾ : ਸੁਖਬੀਰ

**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਸੁਖਬੀਰ ਬਾਦਲ ਨੇ ਪੰਜਾਬ 'ਚ ਬਿਜਲੀ ਸੰਕਟ ਲਈ ਆਮ ਆਦਮੀ ਪਾਰਟੀ ਤੇ ਕਾਂਗਰਸ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਇਆ ਹੈ।ਉਨ੍ਹਾਂ ਕਿਹਾ ਕਿ ਸੂਬੇ ਦੀਆਂ ਕਾਂਗਰਸ ਤੇ 'ਆਪ' ਸਰਕਾਰਾਂ ਨੇ ਪਿਛਲੇ 10 ਸਾਲਾਂ 'ਚ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੈ।ਪਿਛਲੇ ਦਿਨੀਂ ਮੁਕਤਸਰ ਜ਼ਿਲ੍ਹੇ ਦੇ ਲੰਬੀ ਵਿਧਾਨ ਸਭਾ ਹਲਕੇ ਦੇ ਪਿੰਡ ਮਹਿਣਾ 'ਚ ਸੁੱਕੇ ਝੋਨੇ ਦੇ ਖੇਤ ਦਿਖਾਉਂਦੇ ਹੋਏ ਸੁਖਬੀਰ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਰੋਜ਼ਾਨਾ ਅੱਠ ਤੋਂ ਦਸ ਘੰਟੇ ਬਿਜਲੀ ਦੇਣ ਦਾ ਦਾਅਵਾ ਕਰਦੇ ਹਨ, ਪਰ ਅਸਲੀਅਤ 'ਚ ਕਿਸਾਨਾਂ ਤੇ ਘਰਾਂ ਨੂੰ ਬਿਜਲੀ ਦੇ ਲੰਬੇ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਬਿਜਲੀ ਦੀ ਘਾਟ ਕਾਰਨ ਖੇਤਾਂ ਨੂੰ ਪਾਣੀ ਨਹੀਂ ਮਿਲ ਰਿਹਾ ਹੈ ਤੇ ਝੋਨੇ ਦੀ ਫਸਲ ਸੁੱਕ ਰਹੀ ਹੈ।ਸੁਖਬੀਰ ਬਾਦਲ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੌਰਾਨ ਪੰਜਾਬ ਨੂੰ ਬਿਜਲੀ ਸਰਪਲੱਸ ਬਣਾ ਦਿੱਤਾ ਗਿਆ ਸੀ। ਅਸੀਂ ਥਰਮਲ ਪਲਾਂਟ ਖਰੀਦੇ ਸਨ, ਉਦੋਂ ਵੀ ਬਿਜਲੀ ਦੇ ਕੱਟ ਲੱਗੇ, ਪਰ ਮੰਗ ਪੂਰੀ ਹੋਈ।ਅੱਜ, ਜਿਵੇਂ-ਜਿਵੇਂ ਮੰਗ ਵਧਦੀ ਹੈ, 'ਆਪ' ਸਰਕਾਰ ਸਪਲਾਈ ਨੂੰ ਪੂਰਾ ਕਰਨ 'ਚ ਅਸਮਰੱਥ ਹੈ।

## 'ਆਪ' ਲੀਗਲ ਵਿੰਗ ਦੇ ਵਿਸਥਾਰ ਨੂੰ ਮਿਲੀ ਨਵੀਂ ਰਫ਼ਤਾਰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਭਰ ਵਿੱਚ ਆਮ ਆਦਮੀ ਪਾਰਟੀ ਦੇ ਲੀਗਲ ਵਿੰਗ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਸੂਬਾ ਲੀਗਲ ਟੀਮ ਵੱਲੋਂ ਪਾਰਟੀ ਦਫ਼ਤਰ, ਸੈਕਟਰ-39, ਚੰਡੀਗੜ੍ਹ ਵਿਖੇ ਨਵੇਂ ਨਿਯੁਕਤ ਜ਼ਿਲ੍ਹਾ ਤੇ ਸਬ-ਡਵੀਜ਼ਨ ਪ੍ਰਧਾਨਾਂ ਤੇ ਸਕੱਤਰਾਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੀ ਅਗਵਾਈ ਆਮ ਆਦਮੀ ਪਾਰਟੀ ਲੀਗਲ ਵਿੰਗ ਦੇ ਸੂਬਾ ਪ੍ਰਧਾਨ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ ਕੀਤੀ।ਸੂਬਾ ਸਕੱਤਰ ਐਡਵੋਕੇਟ ਗੁਰਭੇਜ ਸਿੰਘ, ਐਡਵੋਕੇਟ ਬਲਤੇਜ ਵਾਲੀਆ, ਸੂਬਾ ਸਕੱਤਰ, ਫੈਰੀ ਸੋਫ਼ਤ, ਸੂਬਾ ਜੁਆਇੰਟ ਸਕੱਤਰ ਐਡਵੋਕੇਟ ਬੱਬਨ ਗੋਇਲ ਨਿਹਾਲ ਸਿੰਘ ਵਾਲਾ ਸਮੇਤ ਸੂਬਾ ਲੀਗਲ ਟੀਮ ਦੇ ਹੋਰ ਆਗੂ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਨਵੇਂ ਨਿਯੁਕਤ ਅਹੁਦੇਦਾਰਾਂ ਨੇ ਆਪਣੇ-ਆਪਣੇ ਖੇਤਰਾਂ ਨਾਲ ਸਬੰਧਤ ਸੁਝਾਅ, ਜ਼ਮੀਨੀ ਪੱਧਰ ਦੀਆਂ ਸਮੱਸਿਆਵਾਂ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੇ ਵਿਚਾਰ ਸਾਂਝੇ ਕੀਤੇ।ਸੂਬਾ ਲੀਡਰਸ਼ਿਪ ਨੇ ਹਰ ਅਹੁਦੇਦਾਰ ਦੀ ਗੱਲ ਨੂੰ ਧਿਆਨ ਨਾਲ ਸੁਣਿਆ ਤੇ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਸੰਗਠਨ ਦੇ ਵਿਸਥਾਰ ਅਤੇ ਮਜ਼ਬੂਤੀ ਲਈ ਅਮਲ ਵਿੱਚ ਲਿਆਂਦਾ ਜਾਵੇਗਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ ਕਿਹਾ ਕਿ ਲੀਗਲ ਵਿੰਗ ਪਾਰਟੀ ਦਾ ਇੱਕ ਅਹਿਮ ਥੰਮ ਹੈ, ਜਿਸ ਦੀ ਜ਼ਿੰਮੇਵਾਰੀ ਨਾ ਸਿਰਫ਼ ਸੰਗਠਨ ਨੂੰ ਮਜ਼ਬੂਤ ਕਰਨਾ ਹੈ, ਸਗੋਂ ਲੋਕਾਂ ਨੂੰ ਕਾਨੂੰਨੀ ਜਾਗਰੂਕਤਾ ਪ੍ਰਦਾਨ ਕਰਦੇ ਹੋਏ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਕਰਨੀ ਵੀ ਹੈ।ਉਨ੍ਹਾਂ ਸਾਰੇ ਜ਼ਿਲ੍ਹਾ ਅਤੇ ਸਬ-ਡਿਵੀਜ਼ਨ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਲਗਨ, ਇਮਾਨਦਾਰੀ, ਅਨੁਸ਼ਾਸਨ ਅਤੇ ਸੇਵਾ ਭਾਵਨਾ ਨਾਲ ਕੰਮ ਕਰਦੇ ਹੋਏ ਪੰਜਾਬ ਦੇ ਹਰ ਕੋਨੇ ਵਿੱਚ ਲੀਗਲ ਵਿੰਗ ਦਾ ਵਿਸਥਾਰ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਹਰ ਅਹੁਦੇਦਾਰ ਆਮ ਲੋਕਾਂ ਨਾਲ ਨਿਰੰਤਰ ਸੰਪਰਕ ਵਿੱਚ ਰਹੇ, ਲੋਕਾਂ ਦੀਆਂ ਕਾਨੂੰਨੀ ਸਮੱਸਿਆਵਾਂ ਦੇ ਹੱਲ ਲਈ ਅੱਗੇ ਆਵੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਏ। ਸੂਬਾ ਆਗੂਆਂ ਨੇ ਵੀ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਮਜ਼ਬੂਤ ਇਕਾਈਆਂ ਖੜ੍ਹੀਆਂ ਕਰਨ, ਕਾਨੂੰਨੀ ਜਾਗਰੂਕਤਾ ਕੈਂਪ ਲਗਾਉਣ ਅਤੇ ਪਾਰਟੀ ਦੇ ਜਨਹਿਤ ਕਾਰਜਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਸੂਬਾ ਲੀਡਰਸ਼ਿਪ ਹਰ ਪੜਾਅ 'ਤੇ ਉਨ੍ਹਾਂ ਨੂੰ ਪੂਰਾ ਸਹਿਯੋਗ ਅਤੇ ਮਾਰਗਦਰਸ਼ਨ ਪ੍ਰਦਾਨ ਕਰੇਗੀ।ਮੀਟਿੰਗ ਦੇ ਅੰਤ 'ਚ ਸਮੂਹ ਅਹੁਦੇਦਾਰਾਂ ਨੇ ਪੰਜਾਬ ਭਰ ਵਿੱਚ ਆਮ ਆਦਮੀ ਪਾਰਟੀ ਤੇ ਇਸ ਦੇ ਲੀਗਲ ਵਿੰਗ ਨੂੰ ਹੋਰ ਮਜ਼ਬੂਤ, ਸਰਗਰਮ ਅਤੇ ਲੋਕ-ਕੇਂਦਰਤ ਬਣਾਉਣ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਦੁਹਰਾਇਆ।

# ਨਗਰ ਨਿਗਮ ਅੰਮ੍ਰਿਤਸਰ ਨੇ ਹਟਾਏ ਨਾਜਾਇਜ਼ ਕਬਜ਼ੇ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਨਗਰ ਨਿਗਮ ਅੰਮ੍ਰਿਤਸਰ (ਐੱਮਸੀਏ) ਦੇ ਐਸਟੇਟ ਵਿਭਾਗ ਵੱਲੋਂ ਹਾਲ ਬਾਜ਼ਾਰ, ਲਿਬਰਟੀ ਮਾਰਕੀਟ ਅਤੇ ਪੁਰਾਣੀ ਸਬਜ਼ੀ ਮੰਡੀ ਵਿੱਚ ਵਿਸ਼ੇਸ਼ ਐਨਕਰੋਚਮੈਂਟ ਹਟਾਓ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦਾ ਉਦੇਸ਼ ਭੀੜਭਾੜ ਘਟਾਉਣਾ, ਪੈਦਲ ਆਵਾਜਾਈ ਨੂੰ ਸੁਚਾਰੂ ਬਣਾਉਣਾ ਅਤੇ ਟ੍ਰੈਫਿਕ ਦੀ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣਾ ਸੀ। ਮੁਹਿੰਮ ਦੌਰਾਨ ਹਾਲ ਬਾਜ਼ਾਰ ਵਿੱਚ ਦੁਕਾਨਾਂ ਦੇ ਬਾਹਰ ਨਗਰ ਨਿਗਮ ਦੇ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਰੱਖਿਆ ਗਿਆ ਸਮਾਨ ਹਟਾਇਆ ਗਿਆ। ਹਾਲ ਗੇਟ ਦੇ ਅੰਦਰ ਸਰਕਾਰੀ ਸੜਕਾਂ ਅਤੇ ਰਸਤਿਆਂ 'ਤੇ ਕੀਤੇ ਗਏ ਨਾਜਾਇਜ਼ ਕਬਜ਼ੇ ਵੀ ਹਟਾਏ ਗਏ। ਪੁਰਾਣੀ ਸਬਜ਼ੀ ਮੰਡੀ ਵਿੱਚ ਆਵਾਜਾਈ ਵਿੱਚ ਰੁਕਾਵਟ ਬਣ ਰਹੀਆਂ ਕਈ ਰੇਹੜੀਆਂ ਨੂੰ ਹਟਾਇਆ ਗਿਆ, ਜਦਕਿ ਭੀੜਭਾੜ ਵਾਲੀ ਲਿਬਰਟੀ ਮਾਰਕੀਟ ਵਿੱਚ ਕੀਤੇ ਗਏ ਨਾਜਾਇਜ਼ ਕਬਜ਼ੇ ਹਟਾ ਕੇ ਖਰੀਦਦਾਰਾਂ ਅਤੇ ਆਮ ਲੋਕਾਂ ਲਈ ਰਸਤੇ ਖੁੱਲ੍ਹੇ ਕਰਵਾਏ ਗਏ। ਇਹ ਮੁਹਿੰਮ ਸਕੱਤਰ-ਕਮ-ਐਸਟੇਟ ਅਫ਼ਸਰ ਸੁਸ਼ਾਂਤ ਭਾਟੀਆ ਅਤੇ ਐਸਟੇਟ ਅਫ਼ਸਰ ਧਰਮਿੰਦਰਜੀਤ ਸਿੰਘ ਦੀ ਨਿਗਰਾਨੀ ਹੇਠ ਚਲਾਈ ਗਈ। ਇਸ ਦੌਰਾਨ ਇੰਸਪੈਕਟਰ ਪ੍ਰੀਤੀ ਚੌਹਾਨ ਅਤੇ ਅਮਨ ਕੁਮਾਰ ਸਮੇਤ ਐਸਟੇਟ ਵਿਭਾਗ ਦੀ ਟੀਮ ਨੇ ਕਾਰਵਾਈ ਨੂੰ ਅੰਜਾਮ ਦਿੱਤਾ। ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਨਗਰ ਨਿਗਮ ਸ਼ਹਿਰ ਦੀਆਂ ਸੜਕਾਂ, ਬਾਜ਼ਾਰਾਂ ਅਤੇ ਫੁੱਟਪਾਥਾਂ ਨੂੰ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੁਕਾਨਦਾਰਾਂ, ਰੇਹੜੀ-ਫੜੀ ਚਾਲਕਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜਨਤਕ ਥਾਵਾਂ 'ਤੇ ਨਾਜਾਇਜ਼ ਕਬਜ਼ੇ ਨਾ ਕਰਨ ਅਤੇ ਸ਼ਹਿਰ ਨੂੰ ਸਾਫ਼-ਸੁਥਰਾ, ਸੁਚੱਜਾ ਅਤੇ ਆਵਾਜਾਈ ਲਈ ਸੁਗਮ ਬਣਾਉਣ ਵਿੱਚ ਨਗਰ ਨਿਗਮ ਦਾ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਸ਼ਹਿਰ ਭਰ ਵਿੱਚ ਇਸ ਤਰ੍ਹਾਂ ਦੀਆਂ ਐਨਕਰੋਚਮੈਂਟ ਵਿਰੋਧੀ ਮੁਹਿੰਮਾਂ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ ਅਤੇ ਵਾਰ-ਵਾਰ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਨਗਰ ਨਿਗਮ ਐਕਟ ਦੀਆਂ ਸੰਬੰਧਿਤ ਧਾਰਾਵਾਂ ਅਧੀਨ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਐਡਵਾਂਸਡ ਕਾਰਟੀਲੇਜ ਰਿਪੇਅਰ ਨਾਲ 38 ਸਾਲਾ ਔਰਤ ਨੂੰ ਮਿਲੀ ਦਰਦ ਤੋਂ ਰਾਹਤ

ਜਲੰਧਰ :ਫੋਰਟਿਸ ਹਸਪਤਾਲ ਜਲੰਧਰ ਦੇ ਡਾਕਟਰਾਂ ਨੇ ਗੋਡੇ ਦੀ ਗੰਭੀਰ ਕਾਰਟੀਲੇਜ ਸੱਟ ਨਾਲ ਪੀੜਤ 38 ਸਾਲਾ ਔਰਤ ਦਾ ਹਾਈਲੋਫਾਸਟ ਕਾਰਟੀਲੇਜ ਰੀਸਟੋਰੇਸ਼ਨ ਪ੍ਰਕਿਰਿਆ ਰਾਹੀਂ ਸਫਲ ਇਲਾਜ ਕਰਕੇ ਉਸ ਨੂੰ ਮੁੜ ਬਿਨਾਂ ਦਰਦ ਚੱਲਣ-ਫਿਰਨ ਦੇ ਯੋਗ ਬਣਾ ਦਿੱਤਾ।ਇਹ ਜਲੰਧਰ ਵਿੱਚ ਆਪਣੀ ਕਿਸਮ ਦੀ ਪਹਿਲੀ ਅਤੇ ਪੰਜਾਬ ਵਿੱਚ ਦੂਜੀ ਅਜਿਹੀ ਸਰਜਰੀ ਹੈ।ਮਰੀਜ਼ ਪੌੜੀਆਂ ਤੋਂ ਡਿੱਗਣ ਤੋਂ ਬਾਅਦ ਛੇ ਮਹੀਨਿਆਂ ਤੱਕ ਲਗਾਤਾਰ ਦਰਦ ਅਤੇ ਤੁਰਨ ਵਿੱਚ ਮੁਸ਼ਕਲ ਦਾ ਸਾਹਮਣਾ ਕਰ ਰਹੀ ਸੀ।

ਕਈ ਥਾਈਂ ਇਲਾਜ ਕਰਵਾਉਣ ਦੇ ਬਾਵਜੂਦ ਰਾਹਤ ਨਾ ਮਿਲਣ 'ਤੇ ਉਹ ਫੋਰਟਿਸ ਪਹੁੰਚੀ, ਜਿੱਥੇ ਐੱਮਆਰਆਈ ਜਾਂਚ ਵਿੱਚ ਕਾਰਟੀਲੇਜ ਨੁਕਸ ਅਤੇ ਮੈਨਿਸਕਸ ਫਟਣ ਦਾ ਪਤਾ ਲੱਗਾ। ਡਾ. ਨਿਤੀਸ਼ ਕਪਿਲ ਦੀ ਅਗਵਾਈ ਹੇਠ ਟੀਮ ਨੇ ਘੱਟੋ-ਘੱਟ ਚੀਰ-ਫਾੜ ਵਾਲੀ ਹਾਈਲੋਫਾਸਟ ਪ੍ਰਕਿਰਿਆ ਅਪਣਾਈ, ਜਿਸ ਨਾਲ ਮਰੀਜ਼ ਦਾ ਕੁਦਰਤੀ ਗੋਡਾ ਸੁਰੱਖਿਅਤ ਰਿਹਾ ਅਤੇ ਸਰਜਰੀ ਤੋਂ ਬਾਅਦ ਉਹ ਸਫਲਤਾਪੂਰਵਕ ਤੁਰਨ ਲੱਗ ਪਈ।

## ਬੀ ਕੇ ਯੂ ਕਰਾਂਤੀਕਾਰੀ ਨੇ ਐੱਸ ਡੀ ਓ ਦਫਤਰ ਸਾਹਮਣੇ ਦਿੱਤਾ ਰੋਸ ਧਰਨਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਿਸਾਨ ਮਜ਼ਦੂਰ ਮੋਰਚਾ ਪੰਜਾਬ ਚੈਪਟਰ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਪੰਜਾਬ ਬਲਾਕ ਸ੍ਰੀ ਹਰਗੋਬਿੰਦਪੁਰ ਕਾਦੀਆਂ ਵੱਲੋਂ ਊਧਨਵਾਲ ਐੱਸਡੀਓ ਦਫਤਰ ਪਾਵਰਕਾਮ ਦੇ ਸਾਹਮਣੇ ਧਰਨਾ ਦਿੱਤਾ ਗਿਆ ਅਤੇ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਵੀ ਦਿੱਤਾ। ਜਥੇਬੰਦੀ ਦੇ ਜ਼ਿਲ੍ਹਾ ਕਮੇਟੀ ਮੈਂਬਰ ਮਾਸਟਰ ਜਗੀਰ ਸਿੰਘ ਅਤੇਪੁਰ ਅਤੇ ਬਲਾਕ ਸਕੱਤਰ ਕੁਲਦੀਪ ਸਿੰਘ ਸੈਰੋਵਾਲ ਦੀ ਅਗਵਾਈ ਵਿੱਚ ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕਿਸਾਨਾਂ ਦਾ ਝੋਨਾ ਸੁੱਕ ਰਿਹਾ ਹੈ ਅਤੇ ਗਰਮੀ ਕਰਕੇ ਲੋਕਾਂ ਵਿੱਚ ਹਾਹਾਕਾਰ ਮੱਚੀ ਹੋਈ ਹੈ। ਸਰਕਾਰ ਖੇਤੀ ਲਈ ਬਿਜਲੀ ਦੇਣ ਦੇ ਵਾਅਦੇ ਵਿੱਚ ਬੁਰੀ ਤਰ੍ਹਾਂ ਨਾਲ ਫੇਲ ਹੋਈ ਹੈ।ਆਗੂਆਂ ਨੇ ਮੰਗ ਕੀਤੀ ਕਿ ਖੇਤੀ ਲਈ 16 ਘੰਟੇ ਅਤੇ ਘਰਾਂ ਲਈ 24 ਘੰਟੇ ਸਪਲਾਈ ਦਿੱਤੀ ਜਾਵੇ।

ਇਸ ਮੌਕੇ ਸਰਦੂਲ ਸਿੰਘ ਚੀਮਾ ਖੁੱਡੀ, ਮਹਿੰਦਰ ਸਿੰਘ ਚੀਮਾ ਖੁੱਡੀ, ਕੁਲਵਿੰਦਰ ਸਿੰਘ ਬਸਰਾਵਾਂ, ਸਤਨਾਮ ਸਿੰਘ ਨੰਗਲ ਝੌਰ, ਜਗਤਾਰ ਸਿੰਘ ਨੰਗਲ ਝੌਰ, ਤਰਸੇਮ ਸਿੰਘ ਚੀਮਾ ਖੁੱਡੀ, ਅਮਰਜੀਤ ਸਿੰਘ ਅਤੇਪੁਰ, ਸੁਖਦੇਵ ਸਿੰਘ ਭਗਤੂਪੁਰਾ, ਮਲਕੀਤ ਸਿੰਘ ਭਗਤੂਪੁਰਾ, ਬਲਦੇਵ ਸਿੰਘ ਨੰਗਲ ਝੌਰ, ਚੈਂਚਲ ਸਿੰਘ ਚੀਮਾ ਖੁੱਡੀ ਆਦਿ ਹਾਜ਼ਰ ਸਨ।

## ਗੈਰ-ਅਧਿਕਾਰਤ ਵਪਾਰਕ ਇਮਾਰਤਾਂ ਖ਼ਿਲਾਫ਼ ਪ੍ਰਸ਼ਾਸਨ ਦੀ ਵੱਡੀ ਕਾਰਵਾਈ

### ਝਾਖੋਲਾਹੜੀ ਤੇ ਜਸਵਾਂ ਲਾਹੜੀ ਵਿਖੇ ਕੁੱਝ ਇਮਾਰਤਾਂ ਕੀਤੀਆਂ ਸੀਲ




ਪਠਾਨਕੋਟ, (ਦਵਿੰਦਰ ਸਿੰਘ): ਜ਼ਿਲ੍ਹਾ ਪਠਾਨਕੋਟ ਵਿੱਚ ਗੈਰ-ਅਧਿਕਾਰਤ ਅਤੇ ਗੈਰ-ਯੋਜਨਾਬੱਧ ਉਸਾਰੀਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਪਿੰਡ ਝਾਖੋਲਾਹੜੀ ਅਤੇ ਜਸਵਾਂ ਲਾਹੜੀ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਰਸ਼ਦੀਪ ਸਿੰਘ ਦੇ ਹੁਕਮਾਂ ਅਨੁਸਾਰ ਗੈਰ-ਅਧਿਕਾਰਤ ਵਪਾਰਕ ਇਮਾਰਤਾਂ ਨੂੰ ਸੀਲ ਕਰਨ ਦੀ ਕਾਰਵਾਈ ਕੀਤੀ ਗਈ।ਇਹ ਕਾਰਵਾਈ ਜ਼ਿਲ੍ਹਾ ਟਾਊਨ ਪਲਾਨਰ (ਡੀ.ਟੀ.ਪੀ.), ਸਹਾਇਕ ਟਾਊਨ ਪਲਾਨਰ (ਏ.ਟੀ.ਪੀ.), ਡਿਊਟੀ ਮੈਜਿਸਟ੍ਰੇਟ, ਪੁਲਿਸ ਫੋਰਸ ਅਤੇ ਰੈਗੂਲੇਟਰੀ ਵਿੰਗ ਦੀ ਐਨਫੋਰਸਮੈਂਟ ਟੀਮ ਵੱਲੋਂ ਸਾਂਝੇ ਤੌਰ ਤੇ ਅਮਲ ਵਿੱਚ ਲਿਆਂਦੀ ਗਈ।ਕਾਰਵਾਈ ਦੌਰਾਨ ਕਾਨੂੰਨ-ਵਿਵਸਥਾ ਨੂੰ ਪੂਰੀ ਤਰ੍ਹਾਂ ਬਰਕਰਾਰ ਰੱਖਿਆ ਗਿਆ।ਉਨ੍ਹਾਂ ਕਿਹਾ ਕਿ ਯੋਜਨਾਬੱਧ ਵਿਕਾਸ ਨੂੰ ਯਕੀਨੀ ਬਣਾਉਣ ਅਤੇ ਸ਼ਹਿਰੀ ਯੋਜਨਾਬੰਦੀ ਨਾਲ ਸਬੰਧਤ ਕਾਨੂੰਨਾਂ ਦੀ ਪਾਲਣਾ ਕਰਵਾਉਣ ਲਈ ਗੈਰ-ਅਧਿਕਾਰਤ ਉਸਾਰੀਆਂ ਵਿਰੁੱਧ ਅਜਿਹੀਆਂ ਕਾਰਵਾਈਆਂ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੀਆਂ।ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਵੀ ਕਲੋਨੀ, ਪਲਾਟ ਜਾਂ ਵਪਾਰਕ ਪ੍ਰੋਜੈਕਟ ਵਿੱਚ ਨਿਵੇਸ਼ ਕਰਨ ਤੋਂ ਪਹਿਲਾਂ ਸਬੰਧਤ ਵਿਭਾਗ ਤੋਂ ਉਸ ਦੀਆਂ ਲੋੜੀਂਦੀਆਂ ਕਾਨੂੰਨੀ ਮਨਜ਼ੂਰੀਆਂ ਦੀ ਤਸਦੀਕ ਜ਼ਰੂਰ ਕਰ ਲੈਣ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ।

## 680ਵੇਂ ਮੇਲੇ ਦੀ ਸਫ਼ਲਤਾ 'ਤੇ ਤਰੁਣ ਚੁੱਘ ਨੇ ਦਿੱਤੀ ਵਧਾਈ



ਛੇਹਰਟਾ, (ਮਨੋਜ ਕੁਮਾਰ) : ਬਾਬਾ ਅਮਾਮ ਸਾਹਿਬ ਸੱਚੀ ਸਰਕਾਰ ਦਾ 680ਵਾਂ ਮੇਲਾ ਫਤਿਹਪੁਰ, ਝਬਾਲ ਰੋਡ ਵਿਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਵੱਡੀ ਗਿਣਤੀ ਵਿਚ ਸ਼ਰਧਾਲੂ ਮੇਲੇ ਵਿਚ ਪੁੱਜੇ। ਇਸ ਮੌਕੇ ਕਬੱਡੀ ਕੱਪ ਖਿੱਚ ਦਾ ਕੇਂਦਰ ਰਿਹਾ। ਵੱਖ-ਵੱਖ ਟੀਮਾਂ ਨੇ ਸ਼ਾਨਦਾਰ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਮੇਲੇ ਦੀ ਸਫ਼ਲਤਾ 'ਤੇ ਪ੍ਰਬੰਧਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਹਰ ਨੌਜਵਾਨ ਨੂੰ ਖੇਡਾਂ, ਸਿੱਖਿਆ ਤੇ ਰਾਸ਼ਟਰ ਹਿੱਤ ਨਾਲ ਜੋੜ ਕੇ ਹੀ ਅਸੀਂ ਇਕ ਮਜ਼ਬੂਤ, ਸੁਰੱਖਿਅਤ ਤੇ ਖ਼ੁਸ਼ਹਾਲ ਪੰਜਾਬ ਦਾ ਨਿਰਮਾਣ ਕਰ ਸਕਦੇ ਹਾਂ।

ਸਮਾਗਮ ਦੌਰਾਨ ਚੁੱਘ ਦੇ ਨੁਮਾਇੰਦੇ ਤੇ ਭਾਜਪਾ ਜ਼ਿਲ੍ਹਾ ਉਪ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਧਾਰਮਿਕ ਮੇਲੇ ਸਾਡੀ ਸਦੀਵੀਂ ਸੱਭਿਆਚਾਰਕ ਵਿਰਾਸਤ, ਸਮਾਜਿਕ ਸਦਭਾਵਨਾ ਤੇ ਆਪਸੀ ਭਾਈਚਾਰਕ ਸਾਂਝ ਦੇ ਪ੍ਰਤੀਕ ਹਨ। ਇਸ ਮੌਕੇ ਵਾਰਡ ਨੰਬਰ 73 ਦੇ ਭਾਜਪਾ ਆਗੂ ਮਨਿੰਦਰ ਸਿੰਘ, ਸਾਬਕਾ ਮੰਡਲ ਪ੍ਰਧਾਨ ਸ਼ੰਕਰ ਲਾਲ, ਰਮਨ ਮਹਿਤਾ, ਬਲਦੇਵ ਸਿੰਘ ਢਿੱਲੋਂ, ਨਿਤਿਨ ਮਹਿਤਾ, ਗੁਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਰਿੰਕੂ ਮੱਤੇਵਾਲ, ਸਨਮ ਮੱਤੇਵਾਲ, ਵਿਸ਼ਾਲ ਸਿੰਘ, ਮਨਿੰਦਰ ਸਿੰਘ, ਕੁਲਵਿੰਦਰ ਸਿੰਘ, ਸਿਮਰਨਜੀਤ ਸਿੰਘ, ਅਭਿਜੀਤ ਸਿੰਘ, ਸਤਨਾਮ ਸਿੰਘ ਆਦਿ ਮੌਜੂਦ ਸਨ।

## ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਧਾਰਮਿਕ/ਗੁਰਮਤਿ ਮੁਕਾਬਲੇ ਕਰਵਾਏ



ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)-ਯੁਵਕ ਸੇਵਾਵਾਂ ਕਲੱਬ ਬਸਰਾਏ ਵੱਲੋਂ ਗੁਰਦੁਆਰਾ ਹਰਿ ਕਾ ਤੀਰਥ ਬਸਰਾਏ ਵਿਖੇ ਸ਼ਹੀਦਾਂ ਦੇ ਸਿਰਤਾਜ਼ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਪਿੰਡ ਦੇ ਬੱਚਿਆਂ ਦੇ ਧਾਰਮਿਕ/ਗੁਰਮਤਿ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਲਗਭਗ 50 ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਸਬਦ ਗਾਇਨ, ਧਾਰਮਿਕ ਗੀਤ, ਕਵੀਸਰੀ, ਭਾਸ਼ਣ ਅਤੇ ਚਾਰਟ ਮੇਕਿੰਗ ਰਾਹੀਂ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ, ਕਾਰਜਾਂ ਅਤੇ ਸ਼ਹੀਦੀ ਦੇ ਇਤਿਹਾਸ ਨੂੰ ਵਿਸਥਾਰਪੂਰਵਕ ਸੰਗਤਾਂ ਦੇ ਸਾਹਮਣੇ ਪੇਸ਼ ਕੀਤਾ। ਸ਼ਬਦ ਗਾਇਨ ਵਿੱਚੋਂ ਜਸਮੀਨ ਕੌਰ ਤੇ ਗੁਰਮਨ ਸਿੰਘ ਪਹਿਲੇ ਸਥਾਨ 'ਤੇ ਰਹੇ। ਭਾਸ਼ਣ ਮੁਕਾਬਲੇ ਵਿੱਚੋਂ ਗੀਹਾ ਨੇ ਪਹਿਲਾ ਸਥਾਨ, ਕਵਿਤਾ ਮੁਕਾਬਲੇ ਵਿੱਚੋਂ ਕਮਲ ਨੇ ਪਹਿਲਾ ਸਥਾਨ। ਕਵੀਸ਼ਰੀ ਵਿੱਚੋਂ ਮੋਹਦੀਪ ਸਿੰਘ ਅਤੇ ਗੁਰਨੂਰ ਸਿੰਘ ਪਹਿਲੇ ਸਥਾਨ 'ਤੇ ਰਹੇ ਅਤੇ ਚਾਰਟ ਮੇਕਿੰਗ ਵਿੱਚੋਂ ਪਵਨਪ੍ਰੀਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ। ਪ੍ਰਬੰਧਕਾਂ ਵੱਲੋਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਨਕਦ ਰਾਸ਼ੀ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਅਤੇ ਇਨ੍ਹਾਂ ਤੋਂ ਇਲਾਵਾ ਵੀ ਭਾਗ ਲੈਣ ਵਾਲੇ ਹਰੇਕ ਬੱਚੇ ਨੂੰ ਉਤਸ਼ਾਹਿਤ ਕਰਨ ਲਈ ਮੈਡਲ ਦੇ ਨਾਲ ਨਾਲ ਕਾਪੀਆਂ ਵੰਡੀਆਂ ਗਈਆਂ। ਇਸ ਸਮੇਂ ਕਥਾਕਾਰ ਹਰਪ੍ਰੀਤ ਸਿੰਘ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਜੀਵਨ ਅਤੇ ਸ਼ਹਾਦਤ ਬਾਰੇ ਵਿਸਥਾਰ ਨਾਲ ਦੱਸਿਆ। ਗੁਰਦੁਆਰਾ ਹਰਿ ਕਾ ਤੀਰਥ ਕਮੇਟੀ ਦੇ ਪ੍ਰਧਾਨ ਨਿਰਮਲ ਸਿੰਘ ਕਾਹਲੋਂ ਨੇ ਯੁਵਕ ਸੇਵਾਵਾਂ ਕਲੱਬ ਬਸਰਾਏ ਵੱਲੋਂ ਸਮੇਂ-ਸਮੇਂ 'ਤੇ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਅਖੀਰ ਵਿੱਚ ਕਲੱਬ ਦੇ ਸਰਪ੍ਰਸਤ ਦਿਲਬਾਗ ਸਿੰਘ ਬਸਰਾਵਾਂ ਨੇ ਆਪਣੇ ਵਿਚਾਰ ਪੇਸ ਕਰਦਿਆਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਸਰਦਾਈ ਵੀ ਅਟੁੱਟ ਵਰਤਾਈ ਗਈ। ਸਟੇਜ ਸਕੱਤਰ ਦੀ ਭੂਮਿਕਾ ਅਧਿਆਪਕ ਹਰਸਿਮਰਨ ਸਿੰਘ ਨੇ ਨਿਭਾਈ। ਇਸ ਮੌਕੇ ਅਧਿਆਪਕ ਗੁਰਸੇਵਕ ਸਿੰਘ, ਕਲੱਬ ਪ੍ਰਧਾਨ ਸੰਦੀਪ ਸਿੰਘ ਬਾਜਵਾ, ਜਸਵੰਤ ਸਿੰਘ ਰੰਧਾਵਾ, ਬਲਵਿੰਦਰ ਸਿੰਘ ਪ੍ਰਧਾਨ, ਸਰਪੰਚ ਸਤਨਾਮ ਸਿੰਘ, ਅਜੈਬ ਸਿੰਘ, ਜੱਸਾ ਸਿੰਘ ਮਿਸਤਰੀ, ਬਾਬਾ ਰਾਜਵਿੰਦਰ ਸਿੰਘ ਰਾਜੂ, ਚਰਨਜੀਤ ਸਿੰਘ, ਬਿੱਟੂ, ਸਤਨਾਮ ਸਿੰਘ, ਕਲੱਬ ਦੇ ਸਲਾਹਕਾਰ ਗੁਰਸੇਵਕ ਸਿੰਘ ਸਮੇਤ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

## ਮਨਰੇਗਾ ਵਰਕਰਾਂ ਨੂੰ ਮਿਹਨਤਾਨਾ ਘੱਟੋ-ਘੱਟ 700 ਰੁਪਏ ਪ੍ਰਤੀ ਦਿਨ ਦਿੱਤਾ ਜਾਵੇ : ਟਾਂਡਾ, ਰਟੌਲ



ਖਡੂਰ ਸਾਹਿਬ/ਤਰਨ ਤਾਰਨ (ਸਰਬਜੋਤ ਸਿੰਘ ਸੰਧਾ/ਪ੍ਰਿਤਪਾਲ ਸਿੰਘ)-ਮਨਰੇਗਾ ਵਰਕਰਜ਼ ਯੂਨੀਅਨ ਦੀ ਜਨਰਲ ਬਾਡੀ ਮੀਟਿੰਗ ਤਰਨ ਤਾਰਨ ਦਫਤਰ 'ਚ ਜ਼ਿਲ੍ਹਾ ਪ੍ਰਧਾਨ ਜਸਬੀਰ ਕੌਰ ਕੈਰੋਵਾਲ ਦੀ ਪ੍ਰਧਾਨਗੀ 'ਚ ਕੀਤੀ ਗਈ।ਇਸ ਮੌਕੇ ਯੂਨੀਅਨ ਦੇ ਸੂਬਾਈ ਆਗੂ ਮੰਗਲ ਸਿੰਘ ਟਾਂਡਾ, ਜ਼ਿਲ੍ਹਾ ਸਕੱਤਰ ਨਰਿੰਦਰ ਸਿੰਘ ਰਟੌਲ ਨੇ ਬੋਲਦਿਆਂ ਕਿਹਾ ਕਿ ਮਨਰੇਗਾ ਕਾਮਿਆਂ ਦਾ ਕੰਮ ਬੰਦ ਕੀਤਾ ਹੋਇਆ ਹੈ। ਕਈ ਕਈ ਮਹੀਨਿਆਂ ਦਾ ਮਿਹਨਤਾਨਾ ਨਹੀਂ ਦਿੱਤਾ ਜਾ ਰਿਹਾ। ਕੇਂਦਰ ਦੀ ਮੋਦੀ ਸਰਕਾਰ ਜੀ ਰਾਮ ਜੀ ਨਾ ਤੇ ਮਨਰੇਗਾ ਕਾਨੂੰਨ ਨੂੰ ਬੰਦ ਕਰਕੇ ਸੂਬਿਆ ਤੇ ਭਾਰੀ ਬੋਝ ਪਾ ਦਿਤਾ ਹੈ।ਆਗੂਆਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਰੇ ਬੋਲਦਿਆ ਕਿਹਾ ਕਿ ਇਹ ਸਰਕਾਰ ਵੀ ਲੋਕ ਵਿਰੋਧੀ ਸਾਬਤ ਹੋਈ ਹੈ ।ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਗਰੰਟੀਆਂ ਕੀਤੀਆਂ ਜਾ ਰਹੀਆਂ ਹਨ।ਮਜ਼ਦੂਰ ਦੇ ਵਿਰੋਧ 'ਚ ਦਿਹਾੜੀ ਦਾ ਸਮਾਂ ਘਟਾਉਣ ਦੀ ਥਾਂ 8 ਘੰਟੇ ਤੋਂ 12 ਘੰਟੇ ਸਮੇਂ ਦੇ ਮਤੇ ਪਾਸ ਕੀਤੇ ਜਾ ਰਹੇ ਹਨ ।ਮਨਰੇਗਾ ਸਕੀਮ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ ।ਨਸ਼ੇ, ਗੁੰਡਾਗਰਦੀ,ਕਤਲੋਗਾਰਦ ,ਲੁੱਟਾ ਖੋਹਾ ਪੂਰੇ ਜੋਬਨ ਹਨ । ਕਾਨੂੰਨ ਵਿਵਸਥਾ ਦਿਨੋ ਦਿਨ ਵਿਗੜਦੀ ਜਾ ਰਹੀ ਹੈ ।ਪੁਲਸ ਪ੍ਰਸ਼ਾਸਨ ਲਚਾਰ ਹੋਇਆ ਪਿਆ ਹੈ । ਥਾਣਿਆ ਚ ਕਿਸੇ ਨੂੰ ਇਨਸਾਫ਼ ਨਹੀ ਮਿਲ ਰਿਹਾ। ਉਨ੍ਹਾਂ ਕਿਹਾ ਕਿ ਮਨਰੇਗਾ ਵਰਕਰਾਂ ਦੀ ਦਿਹਾੜੀ 700 ਰੁਪਏ ਕੀਤੀ ਜਾਵੇ ਅਤੇ ਮਿਹਨਤਾਨਾ ਸਮੇਂ ਸਿਰ ਦਿੱਤਾ ਜਾਵੇ । ਇਸ ਮੌਕੇ ਬਲਦੇਵ ਸਿੰਘ ਭੈਲ, ਮੰਗਲ ਸਿੰਘ, ਦਲਬੀਰ ਸਿੰਘ, ਬਲਵਿੰਦਰ ਸਿੰਘ, ਗੁਰਭੇਜ ਸਿੰਘ, ਕਰਮ ਸਿੰਘ ਪੰਡੋਰੀ, ਸੁਖਦੇਵ ਸਿੰਘ, ਅੰਮ੍ਰਿਤਪਾਲ ਸਿੰਘ, ਜਰਮਨ ਸਿੰਘ ਆਦਿ ਹਾਜ਼ਰ ਸਨ।

## ਤਰੁਣ ਚੁੱਘ ਦੇ ਸਹੁੰ ਚੁੱਕਣ 'ਤੇ ਭਾਜਪਾ ਵਰਕਰਾਂ ਨੇ ਮਨਾਈ ਖੁਸ਼ੀ



ਛੇਹਰਟਾ, (ਮਨੋਜ ਕੁਮਾਰ) : ਜਿਵੇਂ ਹੀ ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਸੰਸਦ ਮੈਂਬਰ ਤਰੁਣ ਚੁੱਘ ਨੇ ਰਾਜ ਸਭਾ ਮੈਂਬਰ ਵਜੋਂ ਸਹੁੰ ਚੁੱਕੀ, ਭਾਜਪਾ ਵਰਕਰਾਂ ਵਿਚ ਉਤਸ਼ਾਹ ਅਤੇ ਖ਼ੁਸ਼ੀ ਦੀ ਲਹਿਰ ਦੌੜ ਗਈ। ਜਿਵੇਂ ਹੀ ਸੰਸਦ ਤੋਂ ਸਹੁੰ ਚੁੱਕ ਸਮਾਗਮ ਦਾ ਸਿੱਧਾ ਪ੍ਰਸਾਰਣ ਖਤਮ ਹੋਇਆ, ਵਰਕਰਾਂ ਨੇ ਢੋਲ ਦੀ ਥਾਪ 'ਤੇ ਭੰਗੜਾ ਪਾਇਆ, ਇਕ-ਦੂਜੇ ਨੂੰ ਮਠਿਆਈ ਵੰਡੀ। ਇਸ ਮੌਕੇ ਭਾਜਪਾ ਮੀਡੀਆ ਪੈਨਲਿਸਟ ਹੇਮੰਤ ਪਿੰਕੀ ਨੇ ਕਿਹਾ ਕਿ ਤਰੁਣ ਚੁੱਘ ਦਾ ਰਾਜ ਸਭਾ ਮੈਂਬਰ ਵਜੋਂ ਦੁਬਾਰਾ ਸਹੁੰ ਚੁੱਕਣਾ ਨਾ ਸਿਰਫ਼ ਪੰਜਾਬ ਲਈ, ਸਗੋਂ ਪੂਰੇ ਦੇਸ਼ ਦੇ ਭਾਜਪਾ ਪਰਿਵਾਰ ਲਈ ਮਾਣ ਤੇ ਸਨਮਾਨ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਚੁੱਘ ਨੇ ਹਮੇਸ਼ਾ ਦੇਸ਼ ਹਿੱਤ ਤੇ ਲੋਕ ਸੇਵਾ ਲਈ ਸਮਰਪਣ ਭਾਵਨਾ ਨਾਲ ਕੰਮ ਕੀਤਾ ਹੈ। ਉਮੀਦ ਹੈ ਕਿ ਆਉਣ ਵਾਲੇ ਸੰਸਦੀ ਕਾਰਜਕਾਲ ਵਿਚ ਉਹ ਪੰਜਾਬ ਦੇ ਹਿੱਤਾਂ ਤੇ ਦੇਸ਼ ਦੇ ਵਿਕਾਸ ਨਾਲ ਜੁੜੇ ਮੁੱਦਿਆਂ ਨੂੰ ਸੰਸਦ ਵਿਚ ਮਜ਼ਬੂਤ ਤੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣਗੇ। ਪੰਜਾਬ ਭਾਜਪਾ ਮੀਡੀਆ ਸਹਿ-ਮੁਖੀ ਗੌਰਵ ਮਹਾਜਨ, ਸੂਬਾ ਕਾਰਜਕਾਰਨੀ ਦੇ ਮੈਂਬਰ ਅਨੁਜ ਭੰਡਾਰੀ, ਭਾਜਪਾ ਨੇਤਾ ਸ਼ੇਖਰ ਲੂਥਰਾ, ਮੰਡਲ ਜਨਰਲ ਸਕੱਤਰ ਦਵਿੰਦਰ ਬੌਬੀ, ਪ੍ਰਦੀਪ ਖੰਨਾ, ਕਾਰਤਿਕ ਮਹਾਜਨ, ਵਿਸ਼ਾਲ ਆਰੀਆ, ਸੀਮਾ ਕੁਮਾਰੀ ਨੇ ਤਰੁਣ ਚੁੱਘ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।

## ਭੋਲੇਨਾਥ ਟਰੈਵਲਜ਼ ਵਾਲਿਆਂ ਵੱਲੋਂ ਸ਼ਰਧਾਲੂਆਂ ਦੀਆਂ ਦੋ ਬੱਸਾਂ ਰਵਾਨਾ



ਚਵਿੰਡਾ (ਖੁਸ਼ਹਾਲ ਸੁੰਦਰ)-ਸੇਵਾਦਾਰ ਕ੍ਰਿਸ਼ਨ ਕਿਸ਼ੋਰ ਭੰਡਾਰੀ ਅਤੇ ਉਨ੍ਹਾਂ ਦੇ ਸਪੁੱਤਰ ਵਰੁਣ ਭੰਡਾਰੀ (ਭੋਲੇਨਾਥ ਟਰੈਵਲਜ਼) ਵੱਲੋਂ 10ਵੀਂ ਫਰੀ ਸ਼੍ਰੀ ਅਮਰਨਾਥ ਯਾਤਰਾ ਲਈ 02 ਬੱਸਾਂ ਰਵਾਨਾ ਕੀਤੀਆਂ ਗਈਆਂ। ਸੇਵਾਦਾਰ ਵਰੁਣ ਭੰਡਾਰੀ ਨੇ ਦੱਸਿਆ ਕਿ ਅਸੀਂ ਸ਼ਿਵ ਸ਼ੰਕਰ ਭੋਲੇਨਾਥ ਦੀ ਅਪਾਰ ਕਿਰਪਾ ਨਾਲ ਪਿਛਲੇ 10 ਸਾਲਾਂ ਤੋਂ ਇਹ ਸੇਵਾ ਕਰ ਰਹੇ ਹਾਂ ਅਤੇ ਇਹ ਸੇਵਾ ਅੱਗੇ ਵੀ ਕਰਦੇ ਰਹਾਂਗੇ।ਇਸ ਮੌਕੇ ਸ਼ਮਸ਼ੇਰ ਸਿੰਘ ਕੈਰੋਂਨੰਗਲ, ਡਰਾਈਵਰ ਸਾਬੀ, ਸ਼ਮਸ਼ੇਰ ਸਿੰਘ ਚਵਿੰਡਾ ਦੇਵੀ, ਸਾਬੀ, ਸਾਗਰ, ਕ੍ਰਿਸ਼ਨਵ ਭੰਡਾਰੀ ਆਦੀ ਹਾਜ਼ਰ ਸਨ

## ਹਰਪਾਲ ਸਿੰਘ ਗਿੱਲ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੇਵਾ ਮੁਕਤ ਪੰਚਾਇਤ ਅਫਸਰ ਹਰਪਾਲ ਸਿੰਘ ਗਿੱਲ ਜੀਵਨ ਭੰਦੇਰ ਦੇ ਅਚਨਚੇਤੀ ਦਿਹਾਂਤ 'ਤੇ ਵੱਖ-ਵੱਖ ਸਿਆਸੀ ਅਤੇ ਗੈਰ ਸਿਆਸੀ ਆਗੂਆਂ ਨੇ ਪੀੜਤ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਜਿਨ੍ਹਾਂ 'ਚ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਸੰਤ ਬਾਬਾ ਗੁਰਦੀਪ ਸਿੰਘ ਖਜਾਲਾ ਵਾਲੇ, ਸੰਤ ਬਾਬਾ ਗੁਰਭੇਜ ਸਿੰਘ ਖਜਾਲਾ ਵਾਲੇ, ਰਛਪਾਲ ਸਿੰਘ ਬੋਪਾਰਾਏ ਸੇਵਾ ਮੁਕਤ ਐਸਡੀਓ ਪੰਚਾਇਤੀ ਰਾਜ, ਪੰਚਾਇਤ ਸੈਕਟਰੀ ਬਲਜਿੰਦਰ ਸਿੰਘ ਸਿੱਧੂ, ਪਲਵਿੰਦਰ ਸਿੰਘ ਅਠਵਾਲ, ਹਲਕਾ ਮਜੀਠਾ ਦੇ ਇੰਚਾਰਜ ਭਗਵੰਤਪਾਲ ਸਿੰਘ ਸੱਚਰ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ, ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਆਪ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਮਲਕੀਤ ਸਿੰਘ ਬਾਠ ਬੀਡੀਓ ਭੋਏ, ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ, ਸਰਪੰਚ ਸਵਿੰਦਰ ਸਿੰਘ, ਸਰਪੰਚ ਪ੍ਰੇਮ ਸਿੰਘ ਤਰਫਾਨ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਸਤਪਾਲ ਸਿੰਘ ਢੱਡੇ ਅਤੇ ਹੋਰ ਆਗੂ ਹਾਜ਼ਰ ਸਨ। ਹਰਪਾਲ ਸਿੰਘ ਗਿੱਲ ਨਮਿਤ ਭੋਗ ਤੇ ਅੰਤਿਮ ਅਰਦਾਸ 6 ਜੁਲਾਈ ਨੂੰ ਪਿੰਡ ਜੀਵਨ ਪੰਧੇਰ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ।

## ਸੱਤ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਚੜ੍ਹਦੀ ਕਲਾ ਨਾਲ ਸੰਪੰਨ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਯਤਨਸ਼ੀਲ ਸੰਸਥਾ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਗੁਰਦੁਆਰਾ ਭੱਠ ਸਾਹਿਬ ਦੇ ਸਮੂਹ ਸੇਵਾਦਾਰਾਂ ਦੇ ਸਹਿਯੋਗ ਨਾਲ ਸੱਤ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ 22 ਜੂਨ ਤੋਂ ਗੁਰਦੁਆਰਾ ਸ੍ਰੀ ਭੱਠ ਸਾਹਿਬ ਪੱਟੀ ਵਿਖੇ ਆਰੰਭ ਕੀਤਾ ਗਿਆ ਸੀ, ਜਿਸ ਦੇ ਸਮਾਪਤੀ ਸਮਾਗਮ ਦੌਰਾਨ ਬੱਚਿਆਂ ਦੇ ਦਸਤਾਰ ਦੁਮਾਲਾ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਬੱਚਿਆਂ ਦੇ ਦੋ ਗਰੁੱਪ ਬਣਾਏ ਗਏ ।ਹਰੇਕ ਗਰੁੱਪ ਵਿੱਚੋਂ ਪਹਿਲੇ, ਦੂਸਰੇ, ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਵੱਲੋਂ ਨਗਦ ਰਾਸ਼ੀ, ਸ਼ੀਲਡਾਂ ਅਤੇ ਗੁਰਲਾਲ ਸਿੰਘ ਵੱਲੋਂ ਦਸਤਾਰਾਂ ਨਾਲ ਸਨਮਾਨਿਤ ਕੀਤਾ ਗਿਆ। ਬਾਕੀ ਸਭਨਾਂ ਬੱਚਿਆਂ ਨੂੰ ਮੈਡਲ ਦੇ ਕੇ ਹੌਂਸਲਾ ਅਫਜ਼ਾਈ ਕੀਤੀ ਗਈ।ਸੁਸਾਇਟੀ ਵੱਲੋਂ ਅੱਜ ਦੇ ਮੁਕਾਬਲਿਆਂ ਵਿੱਚ ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ, ਆਕਾਸ਼ਦੀਪ ਸਿੰਘ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਵੱਲੋਂ ਸ਼ਮੂਲੀਅਤ ਕੀਤੀ ਗਈ।ਉਨ੍ਹਾਂ ਨੇ ਕਿਹਾ ਕਿ ਇੱਕ ਚੰਗੇ ਸਮਾਜ ਦੀ ਸਿਰਜਣਾ ਲਈ ਬੱਚਿਆਂ ਦੇ ਬਾਹਰੀ ਵਿਕਾਸ ਵੱਲ ਧਿਆਨ ਦੇਣ ਦੇ ਨਾਲ ਨਾਲ ਅੰਦਰੂਨੀ ਵਿਕਾਸ ਵੱਲ ਧਿਆਨ ਦੇਣਾ ਵੀ ਲਾਜ਼ਮੀ ਹੈ।ਇਸ ਵਿਕਾਸ ਵਾਲੇ ਪਾਸੇ ਤੋਂ ਬਹੁਤਾਤ ਮਾਪੇ ਧਾਰਮਿਕ ਸੰਸਥਾਵਾਂ ਅਵੇਸਲੀਆਂ ਹੋਈਆਂ ਪਈਆਂ ਹਨ।ਸੋ ਸਾਨੂੰ ਬੱਚਿਆਂ ਦੇ ਧਾਰਮਿਕ, ਨੈਤਿਕ ਕਦਰਾਂ ਕੀਮਤਾਂ ਤੇ ਅਧਾਰਿਤ ਵਿਕਾਸ ਵੱਲ ਧਿਆਨ ਦੇਣ ਦੀ ਲੋੜ ਹੈ।ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਬੋਹਰ ਤੋਂ ਦਰਸ਼ਨ ਕਰਨ ਆਏ ਭਾਈ ਅਵਤਾਰ ਸਿੰਘ ਅਤੇ ਭਾਈ ਜਗਸੀਰ ਸਿੰਘ ਦੀ ਅਗਵਾਈ ਵਿੱਚ ਬੱਚਿਆਂ ਨੂੰ ਸੁਸਾਇਟੀ ਵੱਲੋਂ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ, ਮੁੱਖ ਬੁਲਾਰੇ ਭਾਈ ਸੁਖਵਿੰਦਰ ਸਿੰਘ ਖਾਲੜਾ, ਪ੍ਰੈੱਸ ਸਕੱਤਰ ਅਜੀਤ ਸਿੰਘ ਘਰਿਆਲਾ, ਭਾਈ ਗੁਰਪ੍ਰੀਤ ਸਿੰਘ ਸ਼ੈਡੀ ਅਤੇ ਦਸਤਾਰ ਕੁਆਰਡੀਨੇਟਰ ਹਰਜੀਤ ਸਿੰਘ ਲਹਿਰੀ, ਦਸਤਾਰ ਕੋਚ, ਵਜ਼ੀਰ ਸਿੰਘ ਆਸਲ, ਹਰਮਨਦੀਪ ਸਿੰਘ ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ, ਗਗਨਦੀਪ ਸਿੰਘ ਭਿੱਖੀਵਿੰਡ, ਰਣਬੀਰ ਸਿੰਘ ਵੀਰਮ ਵੱਲੋਂ ਸਾਂਝੇ ਰੂਪ ਵਿੱਚ ਸਹਿਯੋਗ ਦੇਣ ਵਾਲੀਆਂ ਸੰਸਥਾਵਾਂ ਗੁਰਦੁਆਰਾ ਸਾਹਿਬ ਦੇ ਸਮੂਹ ਸੇਵਾਦਾਰ, ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਰਜਿਸਟਰਡ, ਗੁਰਲਾਲ ਸਿੰਘ, ਸਤਨਾਮ ਸਿੰਘ ਅਤੇ ਬੱਚਿਆਂ ਨੂੰ ਅੱਤ ਦੀ ਗਰਮੀ ਵਿੱਚ ਭੇਜਣ ਵਾਲੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਕਥਾਵਾਚਕ ਭਾਈ ਜਗਬੀਰ ਸਿੰਘ ਅਤੇ ਜਥੇਦਾਰ ਬਾਬਾ ਯਾਦਵਿੰਦਰ ਸਿੰਘ ਵੱਲੋਂ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਹਰੇਕ ਪੱਖ ਤੋਂ ਸਹਿਯੋਗ ਕਰਨ ਦਾ ਭਰੋਸਾ ਦਵਾਇਆ।

## ਸ੍ਰੀ ਸਵਰਨ ਧਾਮ ਮੰਦਰ ਮਾਤਾ ਰਾਣੀ ਖਵਾਸਪੁਰ ਵਿਖੇ ਸੰਮੇਲਨ 2 ਤੱਕ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਸ਼੍ਰੀ ਸਵਰਨ ਧਾਮ ਮੰਦਰ ਮਾਤਾ ਰਾਣੀ ਖਵਾਸਪੁਰ ਜ਼ਿਲ੍ਹਾ ਤਰਨ ਤਾਰਨ ਵਿਖੇ ਹਰ ਸਾਲ ਦੀ ਤਰ੍ਹਾ ਇਸ ਸਾਲ ਵੀ ਪਰਮ ਪੂਜਨੀਕ ਮਾਤਾ ਲਾਲ ਦੇਵੀ ਜੀ ਦੀ ਅਪਾਰ ਕਿਰਪਾ ਨਾਲ ਪੂਜਨੀਕ ਦੇਵਾ ਜੀ ਦਾ ਸਾਲਾਨਾ ਸੰਮੇਲਨ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਪਿੰਡ ਖਵਾਸਪੁਰ ਵਿਖੇ ਮਨਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਸਵਰਨ ਧਾਮ ਮੰਦਰ ਮਾਤਾ ਰਾਣੀ ਸੇਵਾ ਸੋਸਾਇਟੀ ਖਵਾਸਪੁਰ (ਰਜਿਸਟਰਡ) ਦੇ ਪ੍ਰਧਾਨ ਰਜਿੰਦਰ ਕੁਮਾਰ ਭਾਰਦਵਾਜ (ਬੀਬੂ) ਨੇ ਦੱਸਿਆ ਕਿ 30 ਜੂਨ ਦਿਨ ਸੋਮਵਾਰ ਨੂੰ ਸ਼੍ਰੀ ਅਖੰਡ ਰਾਮਾਇਣ ਪਾਠ ਸਵੇਰੇ 10:00 ਵਜੇ ਆਰੰਭ ਕੀਤੇ ਗਏ ਹਨ।1 ਜੁਲਾਈ ਦਿਨ ਮੰਗਲਵਾਰ ਨੂੰ ਭੋਗ ਸ਼੍ਰੀ ਰਾਮਾਇਣ ਅਖੰਡ ਪਾਠ ਸਵੇਰੇ 10 ਵਜੇ ਅਤੇ ਭਜਨ ਕੀਰਤਨ 11 ਵਜੇ ਤੋਂ 1 ਵਜੇ ਤੱਕ ਹੋਵੇਗਾ ਬੁੱਧਵਾਰ 2 ਜੁਲਾਈ ਹਵਨ ਆਰੰਭ ਸਵੇਰੇ 9 ਵਜੇ ਅਤੇ ਅਟੁੱਟ ਲੰਗਰ ਭੰਡਾਰਾ 2 ਵਜੇ , 2 ਜੁਲਾਈ ਦੀ ਰਾਤ ਜੋਤੀ ਪੂਜਨ ਅਤੇ ਭਗਵਤੀ ਜਾਗਰਣ ਰਾਤ 10 ਵਜੇ ਸ਼ੁਰੂ ਹੋਵੇਗਾ।ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਮੰਦਰ ਮਾਤਾ ਰਾਣੀ ਖਵਾਸਪੁਰ ਪਹੁੰਚ ਕੇ ਮਾਤਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਪ੍ਰੇਮ ਸਾਗਰ, ਪੰਡਿਤ ਦਿਨੇਸ਼ ਸ਼ਰਮਾ, ਰਮਨ ਸ਼ਰਮਾ, ਪਵਨ ਕੁਮਾਰ ਸ਼ਰਮਾ, ਰਵੀ ਅਗਨੀਹੋਤਰੀ, ਸਤਨਾਮ ਪੱਟੀ ਵਾਲੇ, ਅਜੇ,ਵਿਸ਼ਾਲ ਭਾਰਦਵਾਜ ਆਦਿ ਹਾਜ਼ਰ ਸਨ।

## ਹੋਣਹਾਰ ਅਨਮੋਲਦੀਪ ਕੌਰ ਤਰਸਿੱਕਾ ਦਾ ਵਿਸ਼ੇਸ਼ ਸਨਮਾਨ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਨਾਨ ਮੈਡੀਕਲ ਵਿੱਚੋਂ ਅਨਮੋਲਦੀਪ ਕੌਰ ਤਰਸਿੱਕਾ ਨੇ 479 ਨੰਬਰ ਪ੍ਰਾਪਤ ਕਰਕੇ ਇਲਾਕੇ ਅਤੇ ਮਾਂ ਬਾਪ ਦਾ ਸਿਰ ਉੱਚਾ ਕੀਤਾ। ਇਸ ਪ੍ਰਾਪਤੀ 'ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੁਆਰਾ ਸਨਮਾਨ ਪੱਤਰ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਅਨਮੋਲਦੀਪ ਕੌਰ ਦਾ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਧੀਆਂ ਮਾਂ ਬਾਪ ਦੇ ਸਿਰ ਦਾ ਤਾਜ ਹੁੰਦੀਆਂ ਹਨ। ਇਸ ਸਮੇਂ ਕਵਲਜੀਤ ਕੌਰ ਤਰਸਿੱਕਾ, ਅਨਮੋਲਜੀਤ ਸਿੰਘ, ਪ੍ਰਿੰਸੀਪਲ ਹਰਭਜਨ ਸਿੰਘ, ਸੁਖਮਨਦੀਪ ਸਿੰਘ, ਜਸਪ੍ਰੀਆ ਸਿੰਘ, ਪ੍ਰਿੰਸੀਪਲ ਗੁਰਮੁੱਖ ਸਿੰਘ, ਪ੍ਰਿੰਸੀਪਲ ਜਸਬੀਰ ਸਿੰਘ, ਦਲਜੀਤ ਸਿੰਘ ਮਹਿਸਮਪੁਰ, ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ, ਬਲਵਿੰਦਰ ਸਿੰਘ ਸਾਧਪੁਰ, ਅਵਤਾਰ ਸਿੰਘ ਦਾਲਾ, ਲਖਬੀਰ ਸਿੰਘ, ਕਰਮਜੀਤ ਕੌਰ ਆਦਿ ਨੇ ਅਨਮੋਲਦੀਪ ਕੌਰ ਨੂੰ ਵਧਾਈਆਂ ਦਿੱਤੀਆਂ।

## ਹੈਰੋਇਨ, ਡਰੱਗ ਮਨੀ ਤੇ ਇਲੈਕਟ੍ਰਾਨਿਕ ਕੰਡੇ ਸਮੇਤ ਕਾਬੂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੁਲਸ ਜ਼ਿਲ੍ਹਾ ਦਿਹਾਤੀ ਅੰਮ੍ਰਿਤਸਰ ਅਧੀਨ ਪੈਂਦੇ ਥਾਣਾ ਮਹਿਤਾ ਦੀ ਪੁਲਸ ਨੇ ਐੱਨ. ਡੀ. ਪੀ. ਐੱਸ. ਐਕਟ ਤਹਿਤ 2 ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ।ਤਫਤੀਸ਼ੀ ਅਫ਼ਸਰ ਸਬ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਏ. ਐੱਸ. ਆਈ. ਬਲਕਾਰ ਸਿੰਘ, ਹੌਲਦਾਰ ਗੁਰਸਾਹਿਬ ਸਿੰਘ, ਹੌਲਦਾਰ ਲਵਜਿੰਦਰ ਸਿੰਘ ਅਤੇ ਸਿਪਾਹੀ ਹਰਮਨਜੀਤ ਸਿੰਘ ਇਲਾਕੇ ਵਿਚ ਗਸ਼ਤ ਕਰ ਰਹੇ ਸਨ ਜਿਸ ਦੌਰਾਨ ਪਿੰਡ ਘਨਸ਼ਾਮਪੁਰ ਛੋਟਾ ਤੋਂ ਜੀ. ਟੀ. ਰੋਡ ਅੰਮ੍ਰਿਤਸਰ ਵੱਲ ਨੂੰ 2 ਨੌਜਵਾਨ ਪੈਦਲ ਆ ਰਹੇ ਸਨ, ਜਿਨ੍ਹਾਂ ਵਿੱਚੋਂ ਇੱਕ ਮੌਕਾ ਦੇਖ ਕੇ ਭੱਜ ਗਿਆ ਅਤੇ ਦੂਸਰੇ ਨੌਜਵਾਨ ਨੂੰ ਪੁਲਸ ਪਾਰਟੀ ਦੇ ਵੱਲੋਂ ਕਾਬੂ ਕਰ ਲਿਆ ਗਿਆ ਜਿਸ ਦੀ ਪਛਾਣ ਜਸਬੀਰ ਸਿੰਘ ਭੁਈ ਪਿੰਡ ਘਨਸ਼ਾਮਪੁਰ ਛੋਟਾ ਵੱਜੋਂ ਹੋਈ ਹੈ। ਤਲਾਸ਼ੀ ਲੈਣ 'ਤੇ ਨੌਜਵਾਨ ਕੋਲੋਂ 270 ਗ੍ਰਾਮ ਹੈਰੋਇਨ, 15 ਹਜ਼ਾਰ ਰੁਪਏ ਡਰੱਗ ਮਨੀ ਅਤੇ ਇਕ ਇਲੈਕਟ੍ਰਾਨਿਕ ਕੰਡਾ ਬਰਾਮਦ ਕੀਤਾ ਗਿਆ।ਉਨ੍ਹਾਂ ਆਖਿਆ ਕਿ ਇਸ ਮਾਮਲੇ ਦੇ ਸਬੰਧ ਵਿੱਚ ਥਾਣਾ ਮਹਿਤਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਗੁ. ਗੁਰੂ ਕੀ ਬੇਰ ਸਾਹਿਬ ਵਿਖੇ ਦਰਸ਼ਨੀ ਡਿਓਢੀ ਤੇ ਜੋੜੇ ਘਰ ਦੀ ਉਸਾਰੀ ਆਰੰਭ




ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਹੇਠ ਸਾਲਾਨਾ ਗੁਰਮਤਿ ਸਮਾਗਮ ਅਤੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਅਵਤਾਰ ਪੁਰਬ ਇਲਾਕੇ ਦੀਆਂ ਸੰਗਤਾਂ ਦੇ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਇਲਾਕੇ ਦੇ ਸੰਤ ਮਹਾਂਪੁਰਖਾਂ ਅਤੇ ਸੰਗਤਾਂ ਦੀ ਹਾਜਰੀ ਵਿਚ ਗੁਰਦੁਆਰਾ ਸਾਹਿਬ ਵਿਖੇ ਦਰਸ਼ਨੀ ਡਿਓਢੀ ਅਤੇ ਜੋੜੇ ਘਰ ਦੀ ਨਵੀਂ ਇਮਾਰਤ ਦੀ ਉਸਾਰੀ ਆਰੰਭ ਕਰਨ ਲਈ ਅਰਦਾਸ ਬੇਨਤੀ ਕੀਤੀ ਗਈ।ਇਸ ਸਮੇਂ ਗੁਰਦਆਰਾ ਸਾਹਿਬ ਵਿਖੇ ਵਿਸ਼ਾਲ ਧਾਰਮਿਕ ਪੰਡਾਲ ਸਜਾਇਆ ਗਿਆ, ਜਿਸ ਵਿਚ ਪ੍ਰਸਿੱਧ ਢਾਡੀ ਅਤੇ ਕਵੀਸ਼ਰ ਜਥਿਆਂ ਨੇ ਵੱਡੀ ਗਿਣਤੀ 'ਚ ਮੌਜੂਦ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾ ਕੇ ਨਿਹਾਲ ਕੀਤਾ।ਸੰਤ ਬਾਬਾ ਸੱਜਣ ਸਿੰਘ ਦੇ ਸਹਿਯੋਗ ਨਾਲ ਮਾਤਾ ਕੌਲਾਂ ਜੀ ਮਿਸ਼ਨ ਹਸਪਤਾਲ ਬਲੱਡ ਸੈਂਟਰ ਵੱਲੋਂ ਖੂਨ ਦਾਨ ਕੈਂਪ ਲਗਾਇਆ ਗਿਆ, ਜਿਸ ਵਿਚ ਵੱਡੀ ਗਣਤੀ 'ਚ ਸੰਗਤ ਨੇ ਖੂਨਦਾਨ ਕੀਤਾ।ਸਮਾਗਮ ਦੇ ਅਖੀਰ ਵਿਚ ਸੰਤ ਬਾਬਾ ਸੱਜਣ ਸਿੰਘ ਵੱਲੋਂ ਪਹੁੰਚੀਆਂ ਧਾਰਮਿਕ ਸਖਸ਼ੀਅਤਾਂ ਦੇ ਸਤਿਕਾਰ ਵਿਚ ਸਿਰੋਪਾਓ ਅਤੇ ਦੁਸ਼ਾਲੇ ਭੇਟ ਕੀਤੇ ਗਏ।ਇਲਾਕੇ ਦੀਆਂ ਸਰਬੱਤ ਸੰਗਤਾਂ ਨੇ ਹੁੰਮ-ਹੁੰਮਾ ਕੇ ਇਸ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਲਈਆਂ।ਸਮਾਗਮ ਦੌਰਾਨ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਏ ਗਏ।

## ਐੱਸ ਡੀ ਐੱਮ ਨੇ ਐੱਸ ਆਈ ਆਰ 'ਚ ਸਹਿਯੋਗ ਦੀ ਅਪੀਲ ਕੀਤੀ



ਸਮਰਾਲਾ (ਸੁਰਜੀਤ ਸਿੰਘ)-ਐੱਸ ਡੀ ਐੱਮ ਗੁਰਸਿਮਰਨਜੀਤ ਕੌਰ ਨੇ ਵਿਸ਼ੇਸ਼ ਗਹਿਰੀ ਪੁਨਰ-ਸਮੀਖਿਆ (ਐੱਸ.ਆਈ.ਆਰ) ਮੁਹਿੰਮ ਸੰਬੰਧੀ ਸਮਰਾਲਾ ਹਲਕੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਬੂਥ ਲੈਵਲ ਅਫ਼ਸਰਾਂ (ਬੀ ਐਲ ਓਜ਼) ਦਾ ਪੂਰਨ ਸਹਿਯੋਗ ਕਰਨ, ਤਾਂ ਜੋ ਵੋਟਰ ਸੂਚੀਆਂ ਨੂੰ ਸਹੀ ਅਤੇ ਪਾਰਦਰਸ਼ੀ ਢੰਗ ਨਾਲ ਤਿਆਰ ਕੀਤਾ ਜਾ ਸਕੇ।ਉਨ੍ਹਾ ਦੱਸਿਆ ਕਿ 25 ਜੂਨ ਤੋਂ 24 ਜੁਲਾਈ ਤੱਕ ਚੱਲਣ ਵਾਲੀ ਇਸ ਪ੍ਰਕਿਰਿਆ ਦੇ ਪਹਿਲੇ ਪੜਾਅ ਤਹਿਤ ਸਮਰਾਲਾ ਹਲਕੇ ਵਿੱਚ ਘਰ-ਘਰ ਜਾ ਕੇ ਐਨਯੂਮਰੇਸ਼ਨ ਫਾਰਮ ਵੰਡਣ ਦਾ ਕੰਮ 100 ਫੀਸਦੀ ਮੁਕੰਮਲ ਹੋ ਚੁੱਕਾ ਹੈ। ਹੁਣ ਬੀਐਲਓ ਵੋਟਰਾਂ ਦੇ ਘਰੋ ਘਰੀ ਜਾ ਕੇ ਫਾਰਮ ਭਰਨ ਅਤੇ ਲੋੜੀਂਦੀ ਜਾਣਕਾਰੀ ਇਕੱਠੀ ਕਰਨ ਦੀ ਪ੍ਰਕਿਰਿਆ ਨੂੰ ਅੱਗੇ ਵਧਾ ਰਹੇ ਹਨ।ਉਨ੍ਹਾਂ ਕਿਹਾ ਕਿ ਸਾਰੇ ਪਰਿਵਾਰ ਆਪਣੇ ਮੈਂਬਰਾਂ ਦੀਆਂ ਦੋ-ਦੋ ਪਾਸਪੋਰਟ ਸਾਈਜ਼ ਫੋਟੋਆਂ ਪਹਿਲਾਂ ਤੋਂ ਤਿਆਰ ਰੱਖਣ ਅਤੇ ਜੇਕਰ ਬੀ ਐੱਲ ਓ ਵੱਲੋਂ ਹੋਰ ਲੋੜੀਂਦੀ ਜਾਣਕਾਰੀ ਜਾਂ ਦਸਤਾਵੇਜ਼ ਮੰਗੇ ਜਾਣ, ਤਾਂ ਉਹ ਵੀ ਤੁਰੰਤ ਮੁਹੱਈਆ ਕਰਵਾਏ ਜਾਣ। ਬੀਐਲਓ ਮੌਕੇ ਤੇ ਹੀ ਫਾਰਮ ਭਰਨ ਪ੍ਰਕਿਰਿਆ ਪੂਰੀ ਕਰਕੇ ਅਤੇ ਸਹੀ ਢੰਗ ਨਾਲ ਫਾਰਮ ਭਰਵਾ ਕੇ ਆਪਣੇ ਨਾਲ ਲੈ ਜਾਣਗੇ। ਉਨ੍ਹਾ ਕਿਹਾ ਕਿ ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਵੋਟਰ ਸੂਚੀ ਤੋਂ ਵਾਂਝਾ ਨਾ ਰਹੇ ਅਤੇ ਕੋਈ ਵੀ ਅਯੋਗ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਨਾ ਹੋਵੇ।

## ਸਿਹਤ ਕਰਮਚਾਰੀਆਂ ਨੇ ਨੰਨ੍ਹੇ-ਮੁੰਨੇ ਬੱਚਿਆਂ ਨੂੰ ਘਰ-ਘਰ ਜਾ ਕੇ ਪਿਲਾਈਆਂ ਪੋਲੀਓ ਰੋਕੂ ਬੂੰਦਾਂ : ਡਾ. ਗਿੱਲ



ਚੋਹਲਾ ਸਾਹਿਬ (ਰਮਨ ਚੱਢਾ)-ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਤੇ ਡਿਪਟੀ ਕਮਿਸ਼ਨਰ ਰਾਹੁਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਤੇ ਜ਼ਿਲ੍ਹਾ ਟੀਕਾਕਰਣ ਅਫਸਰ -ਕਮ-ਨੋਡਲ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਦੀ ਯੋਗ ਅਗਵਾਈ ਹੇਠ ਬਲਾਕ ਸਰਹਾਲੀ ਅਧੀਨ ਆਉਂਦੇ ਵੱਖ-ਵੱਖ ਜਗ੍ਹਾ ਤੇ ਬੂਥ ਲਗਾ ਕੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪਲ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਬਲਾਕ ਸਰਹਾਲੀ ਅਧੀਨ ਆਉਂਦੇ 0 ਤੋਂ 5 ਸਾਲ ਤੱਕ ਦੇ 10482 ਨੰਨੇ ਮੁੰਨੇ ਬੱਚਿਆਂ ਨੂੰ ਪੋਲੀਓ ਵਰਗੀ ਭਿਆਨਕ ਬਿਮਾਰੀ ਤੋਂ ਬਚਾਉਣ ਲਈ ਪਲਸ ਪੋਲੀਓ ਰੋਧਕ ਬੂੰਦਾਂ ਪਿਲਾਈਆਂ ਜਾਣਗੀਆਂ ਜਿਸ ਸਬੰਧੀ 62 ਟੀਮਾਂ ਦਾ ਗਠਨ ਕੀਤਾ ਗਿਆ ਹੈ। ਟੀਮਾਂ ਵਿੱਚ 6 ਮੋਬਾਇਲ ਟੀਮਾਂ, 13 ਸੁਪਰਵਾਈਜ਼ਰ, ਟਰਾਂਜ਼ਿਟ ਕੈਂਪ ਲਈ 3 ਟੀਮਾਂ ਦਾ ਵੀ ਗਠਨ ਕੀਤਾ ਗਿਆ ਹੈ। ਘਰ ਘਰ ਜਾ ਕੇ ਟੀਮਾਂ ਵੱਲੋਂ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਟੀਮਾਂ ਬੱਸ ਸਟੈਂਟ, ਭੱਠਿਆਂ, ਝੁੱਗੀਆਂ-ਝੌਂਪੜੀਆਂ, ਬਹਿਕਾਂ ਆਦਿ 'ਤੇ ਪਹੁੰਚ ਕੇ ਵੀ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣਗੀਆਂ।

ਇਸ ਸਮੇਂ ਜ਼ਿਲ੍ਹਾ ਮਾਸ ਮੀਡੀਆ ਅਫਸਰ ਸੁਖਵੰਤ ਸਿੰਘ ਸਿੱਧੂ, ਡਾਕਟਰ ਕਰਮਬੀਰ ਸਿੰਘ ਏਐਮਓ, ਬਲਰਾਜ ਸਿੰਘ ਗਿੱਲ ਬੀਈਈ, ਮਨਦੀਪ ਸਿੰਘ ਆਈਏ, ਜਤਿੰਦਰ ਕੌਰ ਐਲਟੀ, ਸਟਾਫ ਨਰਸ ਰੁਪਿੰਦਰ ਕੌਰ, ਰਾਜਵਿੰਦਰ ਕੌਰ ਐਲਟੀ, ਕਵਲਜੀਤ ਕੌਰ ਐਲਟੀ, ਕਵਲਜੀਤ ਕੌਰ ਸਟਾਫ ਨਰਸ,ਅ ਮਨਦੀਪ ਕੌਰ ਸਟਾਫ ਨਰਸ, ਐੱਲਐੱਚਵੀ ਰਜਵੰਤ ਕੌਰ, ਜਸਪ੍ਰੀਤ ਕੌਰ ਏਐੱਨਐੱਮ, ਇੰਦਰਜੀਤ ਕੌਰ ਏਐੱਨਐੱਮ, ਸੀਐੱਚ ਨਵਨੀਤ ਕੌਰ ਅਤੇ ਹੋਰ ਹਾਜ਼ਰ ਸਨ।

## ਕੌਮੀ ਅਧਿਆਪਕ ਪੁਰਸਕਾਰ ਲਈ ਅਰਜ਼ੀਆਂ ਮੰਗੀਆਂ

ਚੰਡੀਗੜ੍ਹ (ਗੁਰਜੀਤ ਬਿੱਲਾ)-ਕੇਂਦਰੀ ਸਿੱਖਿਆ ਮੰਤਰਾਲੇ ਨੇ 'ਨੈਸ਼ਨਲ ਐਵਾਰਡ ਫਾਰ ਟੀਚਰਜ਼ 2026' (ਅਧਿਆਪਕਾਂ ਲਈ ਰਾਸ਼ਟਰੀ ਪੁਰਸਕਾਰ) ਵਾਸਤੇ ਆਨਲਾਈਨ ਅਰਜ਼ੀਆਂ ਮੰਗੀਆਂ ਹਨ। ਇਹ ਪੁਰਸਕਾਰ ਦੇਸ਼ ਵਿੱਚ ਅਧਿਆਪਕਾਂ ਨੂੰ ਦਿੱਤੇ ਜਾਣ ਵਾਲੇ ਸਰਵਉੱਚ ਨਾਗਰਿਕ ਸਨਮਾਨਾਂ ਵਿੱਚੋਂ ਇੱਕ ਹੈ। ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਰਾਜ ਦੇ ਚਾਹਵਾਨ ਅਧਿਆਪਕ ਇਸ ਐਵਾਰਡ ਲਈ http://nationalawardstoteachers.education.gov.in ਉਤੇ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਦੇ ਹਨ, ਜਿਸ ਲਈ ਸਾਰੇ ਰੈਗੂਲਰ ਅਧਿਆਪਕ, ਸਕੂਲ ਮੁਖੀ/ਇੰਚਾਰਜ ਯੋਗ ਹਨ। ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 10 ਜੁਲਾਈ ਹੈ।

# ਬੀ ਕੇ ਯੂ ਰਾਜੇਵਾਲ ਵੱਲੋਂ ਪਾਵਰਕੌਮ ਦਫਤਰ ਵਿਖੇ ਰੋਸ ਧਰਨਾ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨਾਲ ਝੋਨੇ ਦੀ ਲਵਾਈ ਸਮੇਂ ਅੱਠ ਘੰਟੇ ਲਗਾਤਾਰ ਬਿਜਲੀ ਦੇਣ ਦੇ ਕੀਤੇ ਗਏ ਵਾਅਦੇ ਅਨੁਸਾਰ ਕਿਸਾਨਾਂ ਨੂੰ ਖੇਤੀ ਲਈ ਲਗਾਤਾਰ ਅੱਠ ਘੰਟੇ ਬਿਜਲੀ ਨਾ ਮਿਲਣ ਅਤੇ ਬਿਜਲੀ ਦੇ ਲੰਬੇ ਕੱਟ ਲਗਾਏ ਜਾਣ ਦੇ ਰੋਸ ਵਜੋਂ ਪੰਜਾਬ ਭਰ ਵਿੱਚ ਧਰਨੇ ਦੇਣ ਦੇ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਕਿਸਾਨਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਚੱਕਲ ਦੀ ਅਗਵਾਈ ਵਿੱਚ ਬਿਜਲੀ ਬੋਰਡ ਦਫਤਰ ਵਿਖੇ 10 ਤੋਂ 12 ਵਜੇ ਤੱਕ ਦੋ ਘੰਟੇ ਲਈ ਰੋਸ ਧਰਨਾ ਦਿੱਤਾ ਗਿਆ ਤੇ ਸਰਕਾਰ ਤੇ ਬਿਜਲੀ ਬੋਰਡ ਖਿਲਾਫ ਜੋਰਦਾਰ ਨਾਰੇਬਾਜ਼ੀ ਕੀਤੀ ਗਈ। ਇਸ ਰੋਸ ਧਰਨੇ ਸਮੇਂ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਪਰਮਿੰਦਰ ਸਿੰਘ ਚਲਾਕੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਤੇ ਸੰਬੋਧਨ ਕਰਦਿਆਂ ਪਰਮਿੰਦਰ ਸਿੰਘ ਚਲਾਕੀ, ਰਣਧੀਰ ਸਿੰਘ ਚੱਕਲ, ਜਰਨੈਲ ਸਿੰਘ ਸਰਹਾਣਾ, ਬਹਾਦਰ ਸਿੰਘ ਖੈਰਪੁਰ ਜਰਨੈਲ ਸਿੰਘ ਸੱਖੋ ਮਾਜਰਾ ਅਤੇ ਹਰਬੰਸ ਸਿੰਘ ਦਾਤਾਰਪੁਰ ਆਦਿ ਆਗੂਆਂ ਨੇ ਕਿਹਾ ਕਿ ਸਰਕਾਰ ਦਾ ਇਹ ਵਾਅਦਾ ਸੀ ਕਿ ਕਿਸਾਨਾਂ ਨੂੰ ਖੇਤੀ ਲਈ ਖਾਸ ਕਰਕੇ ਝੋਨੇ ਦੀ ਲਵਾਈ ਸਮੇਂ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇਗੀ, ਜਦਕਿ ਸਰਕਾਰ ਵੱਲੋਂ ਕੀਤੇ ਵਾਅਦੇ ਤੋਂ ਉਲਟ ਬਹੁਤ ਜਿਆਦਾ ਬਿਜਲੀ ਕੱਟ ਲੱਗਦੇ ਹਨ।

ਕਿਸਾਨਾਂ ਨੂੰ ਇਹਨਾਂ ਕੱਟਾਂ ਦੇ ਬਾਰੇ ਕੋਈ ਜਾਣਕਾਰੀ ਵੀ ਨਹੀਂ ਦਿੱਤੀ ਜਾਂਦੀ। ਕਿਸਾਨ ਆਗੂਆਂ ਨੇ ਦੋਸ਼ ਲਗਾਏ ਕਿ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਵਾਰ ਵਾਰ ਫੋਨ ਕਰਨ ਦੇ ਬਾਵਜੂਦ ਅਟੈਂਡ ਹੀ ਨਹੀਂ ਕੀਤਾ ਜਾਂਦਾ। ਚਲਾਕੀ ਨੇ ਕਿਹਾ ਕਿ ਅੱਜ ਇੰਨੀ ਸਖਤ ਗਰਮੀ ਹੋਣ ਦੇ ਬਾਵਜੂਦ ਉਹਨਾਂ ਨੂੰ ਧਰਨਾ ਦੇਣਾ ਪੈ ਰਿਹਾ ਹੈ। ਉਹਨਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਬਿਜਲੀ ਸਪਲਾਈ ਨਿਰਵਿਘਨ 8 ਘੰਟੇ ਦਿੱਤੀ ਜਾਵੇ । ਦੋ ਦਿਨਾਂ ਦੇ ਬਾਅਦ ਜੇ ਬਿਜਲੀ ਬੋਰਡ ਸੁਧਾਰ ਨਹੀਂ ਕਰਦਾ ਤਾਂ ਹਾਈ ਕਮਾਂਡ ਨਾਲ ਗੱਲਬਾਤ ਕਰਕੇ ਅਗਲਾ ਕੋਈ ਸਖਤ ਫੈਸਲਾ ਲਿਆ ਜਾਵੇਗਾ। ਇਸ ਮੌਕੇ ਤੇ ਐੱਸ ਡੀ ਓ ਭੁਪਿੰਦਰ ਸਿੰਘ ਨੇ ਕਿਸਾਨਾਂ ਵਿੱਚ ਬੈਠ ਕੇ ਉਹਨਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਹਨਾਂ ਦੀਆਂ ਸਮੱਸਿਆਵਾਂ ਉਚ ਅਧਿਕਾਰੀਆਂ ਤੱਕ ਪਹੁੰਚਾਉਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਚਲਾਕੀ, ਜਿਲਾ ਪ੍ਰਧਾਨ ਰਣਧੀਰ ਸਿੰਘ ਚੱਕਲ, ਕਮਲ ਗੋਪਾਲਪੁਰ, ਹਰਬੰਸ ਸਿੰਘ ਦਤਾਰਪੁਰ, ਜਰਨੈਲ ਸਿੰਘ ਸਰਹਾਣਾ, ਜਰਨੈਲ ਸਿੰਘ ਸਖੋਮਾਜਰਾ, ਅਵਤਾਰ ਸਿੰਘ ਸਰਹਾਣਾ, ਜਰਨੈਲ ਸਿੰਘ ਮੜੌਲੀ, ਸ਼ੇਰ ਸਿੰਘ ਸੰਗਤਪੁਰਾ, ਰਣਜੋਧ ਸਿੰਘ ਖੈਰਪੁਰ, ਜਗੀਰ ਸਿੰਘ ਕਾਂਜਲਾ ਆਦਿ ਸ਼ਾਮਿਲ ਸਨ।

## ਸਿੰਘੋਵਾਲ ਹਰਦੋਛੰਨੀਆਂ ਰੋਡ ਵਿਖੇ ਨਵੇਂ ਪੁਲ ਦੀ ਉਸਾਰੀ ਦਾ ਨੀਂਹ ਪੱਥਰ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵੱਲੋਂ ਵਿਕਾਸ ਕਾਰਜਾਂ ਦੀ ਲੜੀ ਤਹਿਤ ਗੁਰਦਾਸਪੁਰ ਜ਼ਿਲ੍ਹੇ ਅੰਦਰ ਵਿਕਾਸ ਰਿਕਾਰਡ ਕੰਮ ਕਰਵਾਏ ਜਾ ਰਹੇ ਹਨ, ਜਿਸ ਤਹਿਤ ਅੱਜ ਪਿੰਡ ਸਿੰਘੋਵਾਲ ਹਰਦੋਛੰਨੀਆਂ ਰੋਡ ਵਿਖੇ 36 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਪੁਲ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ ਗਿਆ।ਪੱਤਰਕਾਰ ਸਾਥੀਆਂ ਨਾਲ ਗੱਲ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਕਾਫੀ ਸਮੇਂ ਤੋਂ ਲੋਕਾਂ ਦੀ ਪੁਰਾਣੀ ਮੰਗ ਨੂੰ ਪੂਰਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਦੇਖਦਿਆਂ ਕਰੀਬ 40 ਫੁੱਟ ਲੰਬਾਈ ਵਾਲੇ ਨਵੇ ਪੁਲ ਦਾ ਅੱਜ ਉਦਘਾਟਨ ਕਰ ਦਿੱਤਾ ਗਿਆ ਹੈ, ਉਨ੍ਹਾਂ ਕਿਹਾ ਕਿ ਇਹ ਪੁਲ ਕਰੀਬ 36 ਲੱਖ ਰੁਪਏ ਵਿੱਚ ਬਣ ਕੇ ਤਿਆਰ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਪੁਲ ਦੀ ਉਸਾਰੀ ਤੋਂ ਬਾਅਦ ਪਿੰਡ ਅਲੂਣਾ ਵਿਖੇ ਵੀ ਨਵੇਂ ਪੁਲ ਦੀ ਉਸਾਰੀ ਕਰਵਾਈ ਜਾਵੇਗੀ।ਰਮਨ ਬਹਿਲ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆ ਇਹ ਪੁਲ ਉਸਾਰੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਹੜ੍ਹਾਂ ਦੀ ਮਾਰ ਕਾਰਨ ਪਿੰਡਾਂ ਵਿੱਚ ਕਾਫੀ ਨੁਕਸਾਨ ਹੋਇਆ ਅਤੇ ਇਲਾਕਾ ਨਿਕਾਸੀ ਦੀ ਮੰਗ ਸੀ ਕਿ ਨਵੇਂ ਪੁਲ ਬਣਾ ਦਿੱਤੇ ਜਾਣ ਅਤੇ ਅੱਜ ਉਹ ਮੰਗ ਨੂੰ ਪੂਰਾ ਕਰ ਦਿੱਤਾ ਗਿਆ ਹੈ।ਇਸ ਮੌਕੇ ਇਲਾਕਾ ਨਿਵਾਸੀਆਂ ਨੇ ਰਮਨ ਬਹਿਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੁਆਰਾ ਕੀਤੇ ਜਾਣ ਵਾਲੇ ਕੰਮ ਦੀ ਸ਼ਲਾਘਾ ਕਰਦੇ ਹਾਂ ਕਿ ਸਾਡੀ ਹਰ ਮੰਗ ਨੂੰ ਪੂਰਾ ਕੀਤਾ ਜਾ ਰਿਹਾ ਹੈ।ਇਸ ਮੌਕੇ ਹਨੀ ਬਹਿਲ, ਬਾਵਾ ਬਹਿਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਣਜੀਤ ਸਿੰਘ, ਬਲਾਕ ਸੰਮਤੀ ਮੈਂਬਰ ਰਣਜੋਧ ਸਿੰਘ ਸਿੰਘੋਵਾਲ, ਬਲਾਕ ਸੰਮਤੀ ਮੈਂਬਰ ਪ੍ਰਗਟ ਸਿੰਘ ਗੁਣੀਆਂ ਅਤੇ ਬਲਾਕ ਸੰਮਤੀ ਮੈਂਬਰ ਬਿਕਰਮ ਸਿੰਘ ਕਾਦੀਆਂਵਾਲੀ ਅਤੇ ਪਿੰਡਾਂ ਦੇ ਪੰਚ ਅਤੇ ਸਰਪੰਚ ਮੌਜੂਦ ਸਨ।


AXIS BANK LTD.

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ ਕਾਨੂੰਨੀ ਵਾਰਸਾਂ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ<br>2. ਡਿਮਾਂਡ ਨੋਟਿਸ ਦੀ ਮਿਤੀ<br>3. ਕਬਜ਼ੇ ਦੀ ਮਿਤੀ<br>4. ਡਿਮਾਂਡ ਨੋਟਿਸ 'ਚ ਰਕਮ (ਰੁਪਏ) |
| --- | --- |
| 1. ਸ੍ਰੀ ਹਰਪ੍ਰੀਤ ਸਿੰਘ ਪੁੱਤਰ ਸ੍ਰੀ ਖੁਸ਼ਵੰਤ ਸਿੰਘ (ਕਰਜ਼ਦਾਰ/ਰਹਿਣਕਾਰ) 2. ਸ੍ਰੀ ਮਨਿੰਦਰ ਸਿੰਘ ਪੁੱਤਰ ਸ੍ਰੀ ਖੁਸ਼ਵੰਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) 3. ਸ਼੍ਰੀਮਤੀ ਰਣਜੀਤ ਕੌਰ ਪਤਨੀ ਸ੍ਰੀ ਖੁਸ਼ਵੰਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) ਅਤੇ 4. ਸ਼੍ਰੀਮਤੀ ਪਰਮਿੰਦਰ ਕੌਰ ਪਤਨੀ ਰਵੀਦੀਪ (ਸਹਿ-ਕਰਜ਼ਦਾਰ/ਰਹਿਣਕਾਰ) | 1. 10 ਅਪ੍ਰੈਲ 2026<br>2. 17-04-2026<br>3. 29 ਜੂਨ 2026<br>4. ਰੁਪਏ 41,34,957/- (ਇਕਤਾਲੀ ਲੱਖ ਚੌਂਤੀ ਹਜ਼ਾਰ ਨੌਂ ਸੌ ਸਤਵੰਜਾ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਸਮੁੱਚਾ ਰਿਹਾਇਸ਼ੀ ਜਾਇਦਾਦ ਦਾ ਅਟੁੱਟ ਹਿੱਸਾ, ਮਕਾਨ ਪਲਾਟ ਨੰ. 18-ਏ, ਰਕਬਾ 200 ਵਰਗ ਗਜ਼, ਖਸਰਾ ਨੰ. 1141 ਮਿੰਨ ਪਤਾ ਪਿੰਡ ਸੁਲਤਾਨਵਿੰਡ, ਸਬ-ਅਰਬਨ 340 ਏਕੜ, ਇਲਾਕਾ ਵਿਕਾਸ ਸਕੀਮ, ਨਿਊ ਅੰਮ੍ਰਿਤਸਰ, ਤਹਿਸੀਲ ਅੰਮ੍ਰਿਤਸਰ-1 ਜ਼ਿਲ੍ਹਾ ਅੰਮ੍ਰਿਤਸਰ, ਹੱਦਬੰਦੀ (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. ਏ-19, ਪੱਛਮ : ਪਲਾਟ ਨੰ. ਏ-17, ਉੱਤਰ : ਪਲਾਟ ਨੰ. ਏ-41, ਦੱਖਣ : ਸੜਕ 60' ਚੌੜੀ।

ਮਿਤੀ : 01-07-2026
ਸਥਾਨ : ਲੁਧਿਆਣਾ

ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## ਸਤਿਗੁਰੂ ਕਬੀਰ ਦਾ ਭਾਈਚਾਰੇ ਦਾ ਸੰਦੇਸ਼ ਸਮਾਜ ਦਾ ਮਾਰਗ ਦਰਸ਼ਨ ਕਰਦਾ ਰਹੇਗਾ : ਭਗਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਸਤਿਗੁਰੂ ਕਬੀਰ ਦਾ ਸਮਾਜਿਕ ਸਦਭਾਵਨਾ, ਸਮਾਨਤਾ ਅਤੇ ਭਾਈਚਾਰੇ ਦਾ ਸੰਦੇਸ਼ ਹਮੇਸ਼ਾ ਮਨੁੱਖਤਾ ਨੂੰ ਪ੍ਰੇਰਿਤ ਕਰਦਾ ਰਹੇਗਾ। ਸਤਿਗੁਰੂ ਕਬੀਰ ਮਹਾਰਾਜ ਜੀ ਦੇ 628ਵੇਂ ਪ੍ਰਕਾਸ਼ ਉਤਸਵ ਮੌਕੇ ਪੰਜਾਬ ਸਰਕਾਰ ਵੱਲੋਂ ਸਤਿਗੁਰੂ ਕਬੀਰ ਮੁੱਖ ਮੰਦਿਰ, ਭਾਰਗਵ ਨਗਰ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਤਿਗੁਰੂ ਕਬੀਰ ਨੇ ਆਪਣਾ ਜੀਵਨ ਸਮਾਜਿਕ ਬੁਰਾਈਆਂ ਨੂੰ ਮਿਟਾਉਣ ਅਤੇ ਸੱਚ, ਦਇਆ, ਵਿਸ਼ਵ ਭਾਈਚਾਰੇ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦੇ ਆਦਰਸ਼ਾਂ ਨੂੰ ਫੈਲਾਉਣ ਲਈ ਸਮਰਪਿਤ ਕਰ ਦਿੱਤਾ।ਇਸ ਮੌਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਕਿਹਾ ਸਮਾਜ ਨੂੰ ਫਿਰਕੂ ਸਦਭਾਵਨਾ ਨੂੰ ਮਜ਼ਬੂਤ ਕਰਨ ਅਤੇ ਇੱਕ ਸਮਾਵੇਸ਼ੀ ਸਮਾਜਿਕ ਵਿਵਸਥਾ ਬਣਾਉਣ ਲਈ ਸਤਿਗੁਰੂ ਕਬੀਰ ਦੇ ਸਮਾਨਤਾ ਅਤੇ ਆਪਸੀ ਸਤਿਕਾਰ ਦੇ ਫਲਸਫੇ ਨੂੰ ਅਪਣਾਉਣਾ ਚਾਹੀਦਾ ਹੈ। ਕੈਬਨਿਟ ਮੰਤਰੀ ਨੇ ਮੰਦਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ 40 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ। ਇਸ ਨਿਰਮਾਣ ਕਾਰਜ ਦਾ ਅਨੁਮਾਨ ਅਧਿਕਾਰੀਆਂ ਵੱਲੋਂ ਪਹਿਲਾਂ ਹੀ ਤਿਆਰ



ਕੀਤਾ ਗਿਆ ਸੀ।ਇਸ ਦੌਰਾਨ ਪ੍ਰਸਿੱਧ ਪੰਜਾਬੀ ਗਾਇਕ ਕਲੇਰ ਕੰਠ ਅਤੇ ਹੋਰ ਕਲਾਕਾਰਾਂ ਨੇ ਸਤਿਗੁਰੂ ਕਬੀਰ ਮਹਾਰਾਜ ਦੀ ਉਸਤਤ ਵਿੱਚ ਭਗਤੀ ਭਾਵਨਾ ਨਾਲ ਭਰਪੂਰ ਪ੍ਰੋਗਰਾਮ ਪੇਸ਼ ਕੀਤਾ।ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਕੀਮਤੀ ਭਗਤ, ਐੱਸ ਡੀ ਐੱਮ ਸ਼ਾਇਰੀ ਮਲਹੋਤਰਾ, ਅਚਾਰੀਆ ਜਗਦੀਸ਼ ਦਾਸ, ਪਾਠੀ ਰਾਮ ਲਾਲ, ਕੌਂਸਲਰ ਰਾਜੀਵ ਟਿੱਕਾ, ਕੌਂਸਲਰ ਨਰੇਸ਼ ਭਗਤ, ਸਤਿਗੁਰੂ ਕਬੀਰ ਸਭਾ ਭਾਰਗਵ ਨਗਰ ਦੇ ਚੇਅਰਮੈਨ ਸਤੀਸ਼ ਭਗਤ ਬਿੱਲਾ, ਪ੍ਰਧਾਨ ਰਾਕੇਸ਼ ਕੁਮਾਰ ਭਗਤ, ਮੀਤ ਪ੍ਰਧਾਨ ਰਵੀ ਕੁਮਾਰ, ਖਜ਼ਾਨਚੀ ਦੁਸ਼ਯੰਤ ਭਗਤ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਆਦਿ ਵੀ ਮੌਜੂਦ ਸਨ।ਇਸ ਤੋਂ ਪਹਿਲਾਂ ਦਿਨ ਦੇ ਸਮੇਂ ਕੈਬਨਿਟ ਮੰਤਰੀ ਵੱਲੋਂ ਸੈਂਕੜੇ ਸ਼ਰਧਾਲੂਆਂ ਨਾਲ ਮਿਲ ਕੇ ਇਸ ਪਵਿੱਤਰ ਦਿਹਾੜੇ ਮੌਕੇ ਕੇਕ ਵੀ ਕੱਟਿਆ ਗਿਆ।

## ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਵੱਲੋਂ ਅੱਜ ਤੋਂ ਖਾਣਾ ਬੰਦ ਕਰਨ ਦਾ ਐਲਾਨ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਬਿਮਲਾ ਦੇਵੀ ਫਾਜ਼ਿਲਕਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਜਥੇਬੰਦੀ ਵਲੋਂ ਪਿਛਲੇ ਸਮੇਂ ਵਿੱਚ ਕੀਤੇ ਗਏ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ। ਮੀਟਿੰਗ ਵਿੱਚ ਪਹਿਲੀ ਜੁਲਾਈ ਨੂੰ ਸਕੂਲਾਂ ਅੰਦਰ ਖਾਣਾ ਬੰਦ ਕਰਕੇ ਜ਼ਿਲ੍ਹਿਆਂ ਵਿੱਚ ਪ੍ਰਭਾਵਸ਼ਾਲੀ ਥਾਵਾਂ ਤੇ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਆਗੂਆਂ ਨੇ ਸਾਂਝੇ ਤੌਰ ਤੇ ਮੰਗ ਕੀਤੀ ਕਿ ਕੀਤੇ ਗਏ ਚੋਣ ਵਾਅਦੇ ਅਨੁਸਾਰ ਮਾਣ ਭੱਤਾ ਤੁਰੰਤ ਦੁੱਗਣਾ ਕੀਤਾ ਜਾਵੇ। ਜਦੋਂ ਤੱਕ ਰੈਗੂਲਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਘੱਟੋ ਘੱਟ ਉਜਰਤ ਨੂੰ ਲਾਗੂ ਕਰਦੇ ਹੋਏ 26000/- ਰੁਪਏ ਮਿਹਨਤਾਨਾ ਦਿੱਤਾ ਜਾਵੇ ਆਦਿ ਮੰਗ ਪੱਤਰ ਵਿੱਚ ਦਰਜ ਮੰਗਾਂ ਲਈ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਪੰਜਾਬ ਤੇ ਯੂ ਟੀ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੇ ਬੈਨਰ ਹੇਠ 17 ਜੁਲਾਈ ਮੋਹਾਲੀ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਸ਼ਮੂਲੀਅਤ ਕਰਨ ਦਾ ਵੀ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਬਾਲਾ ਫ਼ਤਿਹਗੜ੍ਹ ਸਾਹਿਬ, ਮੀਤ ਪ੍ਰਧਾਨ ਮਮਤਾ ਸੈਦਪੁਰ ਕਪੂਰਥਲਾ, ਕਰਮਜੀਤ ਕੌਰ ਬਰਨਾਲਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ, ਜੁਆਇੰਟ ਸਕੱਤਰ ਚਰਨਜੀਤ



ਕੌਰ ਮਾਹਲ, ਕੈਸ਼ੀਅਰ ਕਮਲੇਸ਼ ਕੌਰ ਰੋਪੜ, ਸਹਾਇਕ ਕੈਸ਼ੀਅਰ ਸੁਖਵਿੰਦਰ ਕੌਰ ਤਰਨਤਾਰਨ, ਪ੍ਰੈੱਸ ਸਕੱਤਰ ਸਿਮਰਨਜੀਤ ਕੌਰ ਪਾਸਲਾ ਜਲੰਧਰ, ਕੁਲਵਿੰਦਰ ਕੌਰ ਮੋਹਾਲੀ, ਸਿਬਲਜੀਤ ਕੌਰ ਫਰੀਦਕੋਟ, ਕਰਮਜੀਤ ਕੌਰ, ਆਸ਼ਾ ਰਾਣੀ, ਮਹਿੰਦਰ ਕੌਰ, ਹਰਮੇਸ਼ ਕੌਰ ਰੋਪੜ, ਮਨਜੀਤ ਕੌਰ, ਕੁਲਵਿੰਦਰ ਕੌਰ ਅੰਦਹੇੜੀ, ਗੁਰਜੀਤ ਕੌਰ ਮੌਹਾਲੀ, ਜਸਵੀਰ ਕੌਰ, ਨਿਰਮਲਜੀਤ ਕੌਰ ਗੁਰਦਾਸਪੁਰ ਤੇ ਮਨਜੀਤ ਕੌਰ ਤੋਂ ਇਲਾਵਾ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਅਨਿਲ ਕੁਮਾਰ ਗੁਰਦਾਸਪੁਰ ਆਦਿ ਹਾਜ਼ਰ ਸਨ।

## ਸਾਲਾਨਾ ਜੋੜ ਮੇਲਾ ਅੱਜ ਤੋਂ

**ਅਲਾਵਲਪੁਰ (ਮਦਨ ਬੰਗੜ)**- ਪੰਜਾਬ ਦੀ ਪਾਕ-ਪਵਿੱਤਰ ਧਰਤੀ ਸਦੀਆਂ ਤੋਂ ਹੀ ਸੂਫ਼ੀ-ਸੰਤਾਂ, ਪੀਰਾਂ-ਫ਼ਕੀਰਾਂ ਅਤੇ ਅਧਿਆਤਮਿਕ ਰੂਹਾਂ ਦੀ ਕਰਮ-ਭੂਮੀ ਰਹੀ ਹੈ। ਦੁਆਬੇ ਦੇ ਖਿੱਤੇ ਵਿੱਚ ਸਥਿਤ 'ਦਰਬਾਰ ਹਜ਼ਰਤ ਸਾਈਂ ਫੱਜੇ ਸ਼ਾਹ ਜੀ' (ਸਿਕੰਦਰਪੁਰ-ਧੋਗੜੀ) ਸਰਬ-ਸਾਂਝੀਵਾਲਤਾ ਦਾ ਅਜਿਹਾ ਅਨੋਖਾ ਕੇਂਦਰ ਹੈ, ਜਿੱਥੇ ਜਾਤ-ਪਾਤ, ਮਜ਼ਹਬ ਅਤੇ ਧਰਮ ਦੀਆਂ ਕੰਧਾਂ ਨੂੰ ਮਿਟਾ ਕੇ ਹਰ ਧਰਮ ਦੇ ਲੋਕ ਇੱਕੋ ਪਰਮਾਤਮਾ ਦੇ ਦਰ 'ਤੇ ਨਤਮਸਤਕ ਹੁੰਦੇ ਹਨ। ਇਹ ਪਾਵਨ ਅਸਥਾਨ ਰੂਹਾਨੀਅਤ ਅਤੇ ਆਸਥਾ ਦੀ ਉਹ ਮਿਸਾਲ ਹੈ, ਜੋ ਇਨਸਾਨੀਅਤ ਦੇ ਸੱਚੇ ਰਾਹ 'ਤੇ ਚੱਲਣ ਦਾ ਸੁਨੇਹਾ ਦਿੰਦੀ ਹੈ। ਦਰਬਾਰ ਦੇ ਇਤਿਹਾਸ ਅਤੇ ਪ੍ਰਬੰਧਾਂ ਵਿੱਚ ਸਭ ਤੋਂ ਅਹਿਮ ਨਾਮ ਸਾਈਂ ਗੁਰਪਿੰਦਰ ਸਿੰਘ ਸੂਸ (ਸਪੁੱਤਰ ਸ. ਨਿਰਮਲ ਸਿੰਘ ਸੂਸ) ਦਾ ਹੈ, ਜੋ ਇਸ ਪਾਵਨ ਅਸਥਾਨ ਦੇ ਮੁੱਖ ਗੱਦੀ ਨਸ਼ੀਨ ਹਨ। ਸਾਈਂ ਗੁਰਪਿੰਦਰ ਸਿੰਘ ਸੂਸ ਜੀ ਬੇਸ਼ੱਕ ਵਿਦੇਸ਼ ਵਿੱਚ ਰਹਿੰਦੇ ਹਨ, ਪਰ ਦਰਬਾਰ ਅਤੇ ਸਾਈਂ ਜੀ ਦੇ ਚਰਨਾਂ ਪ੍ਰਤੀ ਉਨ੍ਹਾਂ ਦੀ ਅਥਾਹ ਸ਼ਰਧਾ ਹਰ ਇੱਕ ਲਈ ਪ੍ਰੇਰਨਾ ਸਰੋਤ ਹੈ। ਹਰ ਸਾਲ ਸਾਲਾਨਾ ਜੋੜ ਮੇਲੇ ਤੋਂ ਇੱਕ ਮਹੀਨਾ ਪਹਿਲਾਂ ਹੀ ਉਹ ਵਿਦੇਸ਼ ਦੀਆਂ ਸੁੱਖ-ਸਹੂਲਤਾਂ ਅਤੇ ਆਪਣੀ ਰੁਝੇਵਿਆਂ ਭਰੀ ਜ਼ਿੰਦਗੀ ਨੂੰ ਤਿਆਗ ਕੇ, ਦਰਬਾਰ ਵਿੱਚ ਹਾਜ਼ਰ ਹੋ ਜਾਂਦੇ ਹਨ। ਸਾਈਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਦੋ ਦਿਨਾਂ ਸਾਲਾਨਾ ਜੋੜ ਮੇਲਾ 1 ਅਤੇ 2 ਜੁਲਾਈ ਨੂੰ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਮੇਲੇ ਦੌਰਾਨ ਮਜ਼ਾਰ ਸ਼ਰੀਫ਼ 'ਤੇ ਪਵਿੱਤਰ ਚਾਦਰ ਅਤੇ ਝੰਡਾ ਚੜ੍ਹਾਉਣ ਦੀ ਰਸਮ ਉਪਰੰਤ ਸੂਫ਼ੀਆਨਾ ਕਵਾਲੀਆਂ ਦਾ ਦੌਰ ਚੱਲੇਗਾ। ਨਾਮਵਰ ਨਕਾਲ ਪਾਰਟੀਆਂ ਹਾਸਰਸ ਪੇਸ਼ ਕਰਨਗੀਆਂ ਅਤੇ ਪ੍ਰਸਿੱਧ ਗਾਇਕ ਕੰਠ ਕਲੇਰ ਆਪਣੀ ਬੁਲੰਦ ਆਵਾਜ਼ ਵਿੱਚ ਗਾਇਕੀ ਦੇ ਰੰਗ ਬੰਨ੍ਹਣਗੇ।ਸੰਗਤਾਂ ਲਈ ਅਟੁੱਟ ਲੰਗਰ ਵਰਤਾਏ ਜਾਣਗੇ।

## ਭਾਖੜਾ ਡੈਮ 'ਚ ਪਾਣੀ ਦਾ ਪੱਧਰ 1558.21 ਤੱਕ ਪੁੱਜਿਆ

**ਨੰਗਲ (ਸੁਰਜੀਤ ਸਿੰਘ)**- ਭਾਖੜਾ ਡੈਮ ਦੇ ਪਿਛੇ ਬਣੀ ਗੌਬਿੰਦ ਸਾਗਰ ਝੀਲ ਵਿੱਚ ਪਾਣੀ ਦਾ ਪੱਧਰ ਮੰਗਲਵਾਰ ਨੂੰ 1558.21 ਦਰਜ ਕੀਤਾ ਗਿਆ ਜਦੋ ਕਿ ਪਿਛਲੇ ਸਾਲ ਇਸੇ ਦਿਨ ਪਾਣੀ ਦਾ ਪੱਧਰ 1573.55 ਸੀ । ਝੀਲ ਵਿੱਚ ਪਾਣੀ ਦੀ ਆਮਦ 32271 ਕਿਉਸਿਕ ਦਰਜ ਕੀਤੀ ਗਈ ਪਿਛਲੇ ਸਾਲ ਇਸੀ ਦਿਨ 47676 ਦਰਜ ਕੀਤੀ ਗਈ ਸੀ । ਡੈਮ ਵਿਚੋ ਅੱਜ 29650 ਕਿਉਸਿਕ ਪਾਣੀ ਛੱਡਿਆ ਜਾ ਰਿਹਾ ਹੈ ਪਿਛਲੇ ਸਾਲ ਇਸੀ ਦਿਨ 22175 ਕਿਉਸਿਕ ਪਾਣੀ ਛੱਡਿਆ ਜਾ ਰਿਹਾ ਸੀ। ਨੰਗਲ ਹਾਈਡਲ ਚੈਨਲ ਨਹਿਰ ਵਿੱਚ 12500 ਕਿਉਸਿਕ ਪਾਣੀ ਛੱਡਿਆ ਜਾ ਰਿਹਾ ਹੈ ਤੇ ਸ੍ਰੀ ਅਨੰਦਪੁਰ ਸਾਹਿਬ ਹਾਈਡਲ ਚੈਨਲ ਨਹਿਰ ਵਿੱਚ 10500 ਕਿਉਸਿਕ ਪਾਣੀ ਛੱਡਿਆ ਜਾ ਰਿਹਾ ਹੈ ਤੇ ਸਤਲੁਜ ਦਰਿਆ ਵਿੱਚ 7000 ਕਿਉਸਿਕ ਪਾਣੀ ਛੱਡਿਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਗੌਬਿੰਦ ਸਾਗਰ ਝੀਲ ਭਾਖੜਾ ਡੈਮ ਵਿੱਚ 1680 ਫੁੱਟ ਪਾਣੀ ਭਰਨ ਦੀ ਸਮਰੱਥਾ ਹੈ।

## ਸਿੱਖਿਆ ਵਿਭਾਗ ਦਾ ਕਾਰਨਾਮਾ : ਜਿੱਥੇ ਅਧਿਆਪਕ ਦੀ ਲੋੜ ਨਹੀਂ, ਉਹਨਾਂ ਸਕੂਲਾਂ 'ਚ ਕੀਤੀਆਂ ਬਦਲੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਾਜ ਭਰ ਵਿੱਚ ਪ੍ਰਾਇਮਰੀ ਅਧਿਆਪਕਾਂ ਦੀਆਂ ਬਦਲੀਆਂ ਉਹਨਾਂ ਸਕੂਲਾਂ ਵਿੱਚ ਕਰ ਦਿੱਤੀਆਂ ਹਨ ਜਿਨ੍ਹਾਂ ਵਿੱਚ ਪਹਿਲਾਂ ਹੀ ਲੋੜੀਂਦਾ ਸਟਾਫ਼ ਮੌਜੂਦ ਹੈ ਅਤੇ ਇਹਨਾਂ ਸਕੂਲਾਂ ਨੂੰ ਨਵੇਂ ਅਧਿਆਪਕਾਂ ਦੀ ਕੋਈ ਲੋੜ ਨਹੀਂ ਸੀ ਪਰ ਹੁਣ ਬਦਲੀ ਵਾਲੇ ਅਧਿਆਪਕਾਂ ਨੂੰ ਇਹਨਾਂ ਸਕੂਲਾਂ ਵਿੱਚ ਬਦਲੀ ਦੇ ਆਰਡਰ ਮਿਲ ਜਾਣ ਕਾਰਨ ਪਹਿਲਾਂ ਤੋਂ ਮੌਜੂਦ ਅਧਿਆਪਕ ਸਿੱਖਿਆ ਵਿਭਾਗ ਦੀ ਗ਼ਲਤੀ ਕਾਰਨ ਆਪਣੀ ਪੋਸਟ ਨੂੰ ਅਸੁਰੱਖਿਅਤ ਮਹਿਸੂਸ ਕਰਨ ਲੱਗ ਪਏ ਹਨ, ਜਦ ਕਿ ਇਸ ਵਿੱਚ ਉਨ੍ਹਾਂ ਦਾ ਕੋਈ ਕਸੂਰ ਨਹੀਂ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਜੀ ਟੀ ਯੂ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਕਿਹਾ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਇਸ ਗੱਲ ਦਾ ਖਦਸ਼ਾ ਪਹਿਲਾਂ ਹੀ ਜਾਰੀ ਕਰ ਦਿੱਤਾ ਸੀ ਪਰ ਵਿਭਾਗ ਦੇ ਉੱਚ -ਅਧਿਕਾਰੀਆਂ ਦੇ ਕੰਨਾਂ ਤੇ ਜੂੰ ਨਹੀਂ ਸਰਕੀ। ਯੂਨੀਅਨ ਨੇ ਪਹਿਲਾਂ ਹੀ ਮੀਡੀਆ ਰਾਹੀਂ ਵਿਭਾਗ ਨੂੰ ਚੁਕੰਨਾਂ ਕਰਨ ਦੀ ਕੋਸ਼ਿਸ਼ ਕੀਤੀ ਸੀ ਕਿ ਪੰਜਾਬ ਭਰ ਵਿੱਚ ਬਦਲੀ ਵਿੱਚ ਸਟੇਸ਼ਨ ਚੋਣ ਸਮੇਂ ਪ੍ਰਾਇਮਰੀ ਸਕੂਲਾਂ ਵਿੱਚ ਵੱਡੇ ਪੱਧਰ ਤੇ ਗਲਤ ਸਟੇਸ਼ਨ ਸ਼ੋ ਹੋ ਰਹੇ ਸਨ ਤੇ ਉਨ੍ਹਾਂ ਸਕੂਲਾਂ ਵਿੱਚ ਵੀ ਖ਼ਾਲੀ ਪੋਸਟਾਂ ਦਿਖਾਈ



ਦੇ ਰਹੀਆਂ ਹਨ, ਜਿੱਥੇ ਹੋਰ ਅਧਿਆਪਕਾਂ ਦੀ ਲੋੜ ਨਹੀਂ। ਵਿਭਾਗ ਨੂੰ ਉਸ ਸਮੇਂ ਬਦਲੀ ਪ੍ਰਕਿਰਿਆ ਰੋਕ ਕੇ ਇਨ੍ਹਾਂ ਦਾ ਹੱਲ ਕੱਢਣਾ ਚਾਹੀਦਾ ਸੀ ਪਰ ਅਜਿਹਾ ਨਹੀਂ ਹੋਇਆ। ਇਸ ਸਾਰੇ ਦਾ ਖਮਿਆਜ਼ਾ ਹੁਣ ਉਹ ਅਧਿਆਪਕ ਭੁਗਤ ਰਹੇ ਹਨ ਜਿਨ੍ਹਾਂ ਦਾ ਇਸ ਵਿੱਚ ਕੋਈ ਕਸੂਰ ਨਹੀਂ। ਜ਼ਿਲ੍ਹਾ ਪੱਧਰ ਦੇ ਅਧਿਕਾਰੀ ਵੀ ਇਸ ਵਿਸ਼ੇ ਤੇ ਆਪਣੀ ਅਸਮਰੱਥਤਾ ਜ਼ਾਹਿਰ ਕਰ ਰਹੇ ਹਨ। ਜੀ ਟੀ ਯੂ ਪੰਜਾਬ ਸਿੱਖਿਆ ਮੰਤਰੀ ਪੰਜਾਬ ਤੋਂ ਮੰਗ ਕਰਦੀ ਹੈ ਕਿ ਇਸ ਸਾਰੇ ਘਟਨਾਕ੍ਰਮ ਦੇ ਜ਼ਿੰਮੇਵਾਰ ਉੱਚ-ਅਧਿਕਾਰੀਆਂ ਅਤੇ ਮੁਲਾਜ਼ਮਾਂ ਦਾ ਪਤਾ ਲਾ ਕੇ ਉਨ੍ਹਾਂ ਤੇ ਲੋੜੀਂਦੀ ਕਾਰਵਾਈ ਕਰਨ ਅਤੇ ਪੀੜਿਤ ਅਧਿਆਪਕਾਂ ਨੂੰ ਇਨਸਾਫ਼ ਦੇਣ ਜੋ ਕਿ ਵਿਭਾਗ ਦੀ ਅਣਗਹਿਲੀ ਦਾ ਨਤੀਜਾ ਭੁਗਤ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਰਜਤ ਮਹਾਜਨ, ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ, ਵਰਿੰਦਰ ਵਿੱਕੀ, ਨਰਿੰਦਰ ਅਜਨੋਹਾ, ਪ੍ਰਿੰਸ ਪਲਿਆਲ ਗੜ੍ਹਦੀਵਾਲ, ਪਰਮਜੀਤ ਕਾਤਿਬ, ਜਸਵਿੰਦਰ ਬੁੱਲ੍ਹੋਵਾਲ, ਸਚਿਨ ਕੁਮਾਰ, ਮਨਜੀਤ ਸਿੰਘ, ਜਸਵੰਤ ਸਿੰਘ, ਪਰਸ ਰਾਮ, ਬਲਵਿੰਦਰ ਟਾਂਕ, ਸਤੀਸ਼ ਕੁਮਾਰ, ਸੱਤ ਪ੍ਰਕਾਸ਼, ਖੁਸ਼ਵੰਤ ਸਿੰਘ, ਰਾਜ ਕੁਮਾਰ, ਨਰਿੰਦਰ ਮੰਗਲ, ਰਾਜੇਸ਼ ਅਰੋੜਾ, ਵਿਨੋਦ ਕੁਮਾਰ, ਗੁਰਪਾਲ ਸਿੰਘ, ਪਰਮਜੀਤ ਸਿੰਘ, ਜਸਵੀਰ ਬੋਦਲ, ਉਮੇਸ਼ ਕੁਮਾਰ, ਅਮਰਜੀਤ ਸਿੰਘ, ਪਵਨ ਕੁਮਾਰ, ਚਮਨ ਲਾਲ, ਰਜਿੰਦਰ ਕੁਮਾਰ, ਰਣਵੀਰ ਸਿੰਘ, ਸ਼ਾਮ ਸੁੰਦਰ, ਅਸ਼ਵਨੀ ਰਾਣਾ, ਸਰਬਜੀਤ ਸਿੰਘ, ਨਰੇਸ਼ ਮਿੱਡਾ, ਬ੍ਰਿਜ ਮੋਹਨ, ਗ਼ਿਸ਼ਵ ਦੇਵ, ਰਮਾਕਾਂਤ, ਦਵਿੰਦਰ ਮੂਣਕ ਆਦਿ ਹਾਜ਼ਰ ਸਨ।

## ਐੱਲ ਪੀ ਯੂ ਵੱਲੋਂ ਬੀ ਐੱਸ ਸੀ ਤੇ ਐੱਮ ਐੱਸ ਸੀ ਪਬਲਿਕ ਪਾਲਿਸੀ ਪ੍ਰੋਗਰਾਮ ਸ਼ੁਰੂ

**ਜਲੰਧਰ (ਸ਼ੈਲੀ ਐਲਬਰਟ)**- ਸ਼ਾਸਨ ਦੇ ਤੇਜ਼ੀ ਨਾਲ ਡੇਟਾ-ਸੰਚਾਲਿਤ, ਅੰਤਰ-ਅਨੁਸ਼ਾਸਨੀ ਅਤੇ ਨਤੀਜਾ-ਮੁਖੀ ਬਣਨ ਦੇ ਨਾਲ, ਭਾਰਤ ਵਿੱਚ ਸਬੂਤ-ਅਧਾਰਤ ਜਨਤਕ ਨੀਤੀ ਤਿਆਰ ਕਰਨ ਦੇ ਸਮਰੱਥ ਪੇਸ਼ੇਵਰਾਂ ਦੀ ਮੰਗ ਵੱਧ ਰਹੀ ਹੈ। ਇਸ ਵਧਦੀ ਲੋੜ ਨੂੰ ਪੂਰਾ ਕਰਨ ਲਈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਸੈਂਟਰ ਫਾਰ ਰਿਸਰਚ ਇਨ ਸਕੀਮਜ਼ ਐਂਡ ਪਾਲਿਸੀਜ਼ (ਸੀ ਆਰ ਆਈ ਐੱਸ ਪੀ) ਦੇ ਸਹਿਯੋਗ ਨਾਲ, ਨੀਤੀ ਪੇਸ਼ੇਵਰਾਂ ਅਤੇ ਸ਼ਾਸਨ ਨੇਤਾਵਾਂ ਦੀ ਅਗਲੀ ਪੀੜ੍ਹੀ ਨੂੰ ਤਿਆਰ ਕਰਨ ਲਈ ਤਿੰਨ ਸਾਲਾਂ ਦਾ ਬੀ ਐੱਸ ਸੀ (ਪਬਲਿਕ ਪਾਲਿਸੀ) ਅਤੇ ਦੋ ਸਾਲਾਂ ਦਾ ਐੱਮ ਐੱਸ ਸੀ (ਪਬਲਿਕ ਪਾਲਿਸੀ) ਪ੍ਰੋਗਰਾਮ ਸ਼ੁਰੂ ਕੀਤਾ ਹੈ। ਵਿਦਿਆਰਥੀਆਂ ਨੂੰ ਸ਼ਾਸਨ, ਜਨਤਕ ਪ੍ਰਸ਼ਾਸਨ, ਵਿਕਾਸ ਸੰਗਠਨਾਂ, ਥਿੰਕ ਟੈਂਕਾਂ, ਐਨਜੀਓਜ਼, ਸਲਾਹ-ਮਸ਼ਵਰੇ ਅਤੇ ਨੀਤੀ ਖੋਜ ਵਿੱਚ ਪ੍ਰਭਾਵਸ਼ਾਲੀ ਕਰੀਅਰ ਲਈ ਤਿਆਰ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਪ੍ਰੋਗਰਾਮ ਨੀਤੀ ਵਿਸ਼ਲੇਸ਼ਣ, ਸ਼ਾਸਨ ਢਾਂਚੇ, ਜਨਤਕ ਪ੍ਰਸ਼ਾਸਨ, ਸਬੂਤ-ਅਧਾਰਤ ਫੈਸਲਾ ਲੈਣ, ਲੀਡਰਸ਼ਿਪ ਵਿਕਾਸ ਅਤੇ ਨੀਤੀ ਡਿਜ਼ਾਈਨ 'ਤੇ ਕੇਂਦ੍ਰਤ ਕਰਦੇ ਹਨ। ਕੇਸ ਸਟਡੀਜ਼, ਖੋਜ ਪ੍ਰੋਜੈਕਟਾਂ, ਫੀਲਡ ਐਕਸਪੋਜ਼ਰ ਅਤੇ ਨੀਤੀ ਪ੍ਰੈਕਟੀਸ਼ਨਰਾਂ ਨਾਲ ਗੱਲਬਾਤ ਰਾਹੀਂ, ਵਿਦਿਆਰਥੀ ਰਾਸ਼ਟਰੀ



ਅਤੇ ਵਿਸ਼ਵਵਿਆਪੀ ਨੀਤੀ ਚੁਣੌਤੀਆਂ ਨੂੰ ਸਮਝਣ ਅਤੇ ਜਨਤਕ ਸੇਵਾ ਅਤੇ ਸ਼ਾਸਨ ਵਾਤਾਵਰਣ ਪ੍ਰਣਾਲੀ ਵਿੱਚ ਅਰਥਪੂਰਨ ਯੋਗਦਾਨ ਪਾਉਣ ਲਈ ਤਿਆਰ ਹੋਣਗੇ। ਡਾ. ਜਸਪਾਲ ਸਿੰਘ ਸੰਧੂ ਵਾਈਸ-ਚਾਂਸਲਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਕਿਹਾ ਕਿ ਜਨਤਕ ਨੀਤੀ ਦੀ ਗੁਣਵੱਤਾ ਸੱਚਮੁੱਚ ਉਸ ਸੋਚ ਦੀ ਗੁਣਵੱਤਾ 'ਤੇ ਨਿਰਭਰ ਕਰਦੀ ਹੈ ਜੋ ਇਸਨੂੰ ਆਕਾਰ ਦਿੰਦੀ ਹੈ।

## ਬਾਲ ਕ੍ਰਿਸ਼ਨ ਬਾਲੀ ਨੇ ਬਿਜਲੀ ਦੇ ਕੱਟ ਲੱਗਣ 'ਤੇ ਦਿੱਤਾ ਧਰਨਾ



**ਨੂਰਮਹਿਲ (ਰਜੇਸ਼ ਥਾਪਾ)**- ਬਿਜਲੀ ਦੇ ਲੰਬੇ ਲੰਬੇ ਕੱਟਾਂ ਨੂੰ ਲੈ ਕੇ ਸਮਾਜ ਸੇਵਕ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਵਲੋਂ ਪਾਵਰਕੌਮ ਬਿਜਲੀ ਬੋਰਡ ਦਫ਼ਤਰ ਨੂਰਮਹਿਲ ਵਿਖੇ ਧਰਨਾ ਦਿੱਤਾ ਗਿਆ। ਬਾਲੀ ਨੇ ਕਿਹਾ ਕਿ ਪੰਜਾਬ ਵਿੱਚ ਅੱਤ ਦੀ ਗਰਮੀ ਪੈ ਰਹੀ ਹੈ।ਜਿਸ ਕਰਕੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਬੱਤੀ ਨਾ ਹੋਣ ਕਰਕੇ ਜਿਉਣਾ ਬਹੁਤ ਮੁਸ਼ਕਲ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ਼ ਵਾਇਦਾ ਕੀਤਾ ਸੀ ਕਿ 24 ਘੰਟੇ ਬੱਤੀ ਦੇਵਾਂਗੇ ਅਤੇ 8 ਘੰਟੇ ਕਿਸਾਨਾਂ ਨੂੰ ਖੇਤੀ ਲਈ ਬੱਤੀ ਦੇਵਾਂਗੇ। ਪਰ ਘਰਾਂ ਦੀ ਬੱਤੀ ਦਾ ਵਾਰ ਵਾਰ ਕੱਟ, ਅਣਗਿਣਤ ਕੱਟ ਅਤੇ ਲੰਬੇ ਲੰਬੇ ਕੱਟਾਂ ਨੇ ਦਿਨ ਨੂੰ ਅਤੇ ਰਾਤ ਨੂੰ ਲੋਕਾਂ ਦਾ ਜਿਉਣਾ ਮੁਸ਼ਕਲ ਕੀਤਾ ਹੋਇਆ ਹੈ। ਉਨ੍ਹਾਂ ਜਿੱਥੇ ਵਾਰ ਵਾਰ ਬਿਜਲੀ ਦੇ ਲੰਬੇ ਲੰਬੇ ਕੱਟਾਂ ਦਾ ਵਿਰੋਧ ਕੀਤਾ, ਉੱਥੇ ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਲੱਗਣ ਦਾ ਵੀ ਵਿਰੋਧ ਕੀਤਾ ਹੈ। ਕਿਹਾ ਹੈ ਕਿ ਚਿੱਪ ਵਾਲੇ ਮੀਟਰ ਨਾ ਲਾਏ ਜਾਣ। ਉਨ੍ਹਾਂ ਪਾਵਰਕੌਮ ਬਿਜਲੀ ਬੋਰਡ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਬਿਜਲੀ ਕੱਟਾਂ ਨੂੰ ਬੰਦ ਕੀਤਾ ਜਾਵੇ ਅਤੇ 24 ਘੰਟੇ ਬੱਤੀ ਨਿਰਵਿਘਨ ਬੱਤੀ ਪੂਰੀ ਦਿੱਤੀ ਜਾਵੇ।

## ਸੰਤ ਰਾਮਾਨੰਦ ਦੇ ਸ਼ਹੀਦੀ ਸਮਾਗਮ ਨੂੰ ਸਮਰਪਤ ਸਤਿਸੰਗ ਸਮਾਗਮ

**ਅਲਾਵਲਪੁਰ (ਮਦਨ ਬੰਗੜ)**- ਸ੍ਰੀ ਗੁਰੂ ਰਵਿਦਾਸ ਦਰਬਾਰ, ਬੈਰਗਾਮੋ (ਇਟਲੀ) ਵਿਖੇ ਰਵਿਦਾਸੀਆ ਕੌਮ ਦੇ ਅਮਰ ਸ਼ਹੀਦ ਸ੍ਰੀ 108 ਸੰਤ ਰਾਮਾਨੰਦ ਜੀ ਮਹਾਰਾਜ ਦੇ ਸ਼ਹੀਦੀ ਸਮਾਗਮ ਨੂੰ ਸਮਰਪਤ ਵਿਸ਼ਾਲ ਸਤਿਸੰਗ ਸਮਾਗਮ ਸੰਤ ਸੁਰਿੰਦਰ ਦਾਸ ਬਾਵਾ ਦੀ ਸਰਪ੍ਰਸਤੀ ਹੇਠ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਕਰਵਾਇਆ ਗਿਆ।ਸਮਾਗਮ ਦੀ



ਸ਼ੁਰੂਆਤ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਾਪ ਨਾਲ ਹੋਈ । ਇਸ ਉਪਰੰਤ ਸਰਬੱਤ ਦੇ ਭਲੇ ਅਤੇ ਵਿਸ਼ਵ ਸ਼ਾਂਤੀ ਲਈ ਅਰਦਾਸ ਕੀਤੀ ਗਈ।ਇਸ ਮੌਕੇ ਸੰਤ ਸੁਰਿੰਦਰ ਦਾਸ ਬਾਵਾ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੀ 108 ਸੰਤ ਰਾਮਾਨੰਦ ਜੀ ਮਹਾਰਾਜ ਦੇ ਪਾਵਨ ਜੀਵਨ, ਕੁਰਬਾਨੀ ਅਤੇ ਮਨੁੱਖਤਾ ਲਈ ਉਨ੍ਹਾਂ ਦੇ ਯੋਗਦਾਨ 'ਤੇ ਚਾਨਣਾ ਪਾਇਆ। ਉਨ੍ਹਾਂ ਸਤਿਗੁਰੂ ਰਵਿਦਾਸ ਮਹਾਰਾਜ ਦੀ ਅੰਮ੍ਰਿਤਬਾਣੀ ਅਨੁਸਾਰ ਸੱਚ ਦੇ ਮਾਰਗ 'ਤੇ ਚੱਲਣ, ਗੁਰੂ ਚਰਨਾਂ ਨਾਲ ਜੁੜਨ ਅਤੇ ਨਾਮ ਦੀ ਕਮਾਈ ਕਰਨ ਦਾ ਉਪਦੇਸ਼ ਦਿੱਤਾ। ਉਨ੍ਹਾਂ ਸੰਗਤ ਨੂੰ ਰਵਿਦਾਸੀਆ ਧਰਮ ਨਾਲ ਸੰਬੰਧਤ ਧਾਰਮਿਕ ਸਾਹਿਤ ਭੇਟ ਕੀਤਾ।ਸਮਾਗਮ ਦੌਰਾਨ ਜੀਵਨ ਸੋਹਲ, ਰੂਪ ਲਾਲ ਸਿਮਕ, ਕਸ਼ਮੀਰੀ ਲਾਲ, ਰਾਮ ਆਸਰਾ, ਜੋਗਿੰਦਰ ਲੱਖਾ ਅਤੇ ਹੋਰ ਕੀਰਤਨੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਭਿੰਦਾ ਬੋਪਾਰਾਏ ਕਲਾਂ ਨੇ ਨਿਭਾਈ।ਸਮਾਗਮ ਦੇ ਅੰਤ ਵਿੱਚ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਗਿਆ।

## ਸੁਸ਼ੀਲ ਜੈਨ ਦੀਆਂ ਅੱਖਾਂ ਨਾਲ ਦੋ ਹਨੇਰੀਆਂ ਜ਼ਿੰਦਗੀਆਂ ਨੂੰ ਮਿਲੇਗੀ ਰੌਸ਼ਨੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੁਹੱਲਾ ਕੱਚਾ ਟੋਬਾ ਨਿਵਾਸੀ ਸੁਸ਼ੀਲ ਜੈਨ ਦੇ ਦੇਹਾਂਤ ਉਪਰੰਤ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਪਤਨੀ ਰੇਖਾ ਜੈਨ, ਪੁੱਤਰ ਮਾਨਿਕ ਜੈਨ, ਪੁੱਤਰਵਧੂ ਕਰਿਸ਼ਮਾ ਜੈਨ, ਧੀਆਂ ਰਚਿਤਾ ਜੈਨ,



ਸ਼ਵੇਤਾ ਜੈਨ, ਮੁਦਿਤਾ ਜੈਨ ਤੇ ਭਰਾ ਯਸ਼ਪਾਲ ਜੈਨ ਨੇ ਉਨ੍ਹਾਂ ਦੀਆਂ ਅੱਖਾਂ ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟਰਾਂਸਪਲਾਂਟੇਸ਼ਨ ਸੋਸਾਇਟੀ ਰਾਹੀਂ ਸੰਕਾਰਾ ਆਈ ਹਸਪਤਾਲ, ਲੁਧਿਆਣਾ ਨੂੰ ਦਾਨ ਕਰ ਦਿੱਤੀਆਂ।ਨੇਤਰ ਦਾਨ ਦੀ ਪ੍ਰਕਿਰਿਆ ਡਾ. ਯਸ਼ਾ ਗੁਪਤਾ ਅਤੇ ਉਨ੍ਹਾਂ ਦੀ ਟੀਮ ਰੁਪਿੰਦਰ ਕੌਰ ਅਤੇ ਦਿਲਰਾਜ ਸਿੰਘ ਨੇ ਪੂਰੀ ਕੀਤੀ। ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੁਸ਼ੀਲ ਜੈਨ ਦੀਆਂ ਅੱਖਾਂ ਨਾਲ ਦੋ ਵਿਅਕਤੀਆਂ ਦੀਆਂ ਹਨੇਰੀਆਂ ਜ਼ਿੰਦਗੀਆਂ ਵਿੱਚ ਰੌਸ਼ਨੀ ਆਵੇਗੀ, ਕਿਉਂਕਿ ਇੱਕ ਵਿਅਕਤੀ ਵੱਲੋਂ ਦਾਨ ਕੀਤੀਆਂ ਗਈਆਂ ਅੱਖਾਂ ਦੋ ਵਿਅਕਤੀਆਂ ਨੂੰ ਲਗਾਈਆਂ ਜਾਂਦੀਆਂ ਹਨ। ਅਰੋੜਾ ਨੇ ਦੱਸਿਆ ਕਿ ਦੇਸ਼ ਵਿੱਚ ਕਾਰਨੀਅਲ ਅੰਧੇਪਨ ਨਾਲ ਪੀੜਤ ਮਰੀਜ਼ਾਂ ਦੀ ਗਿਣਤੀ ਬਹੁਤ ਜ਼ਿਆਦਾ ਹੈ, ਜਦਕਿ ਕਾਰਨੀਆ ਦੀ ਕੁਲੈਕਸ਼ਨ ਬਹੁਤ ਘੱਟ ਹੈ। ਫਿਰ ਵੀ ਸੋਸਾਇਟੀ ਵੱਲੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦੇ ਸਦਕਾ ਲੋਕ ਨੇਤਰ ਦਾਨ ਲਈ ਅੱਗੇ ਆ ਰਹੇ ਹਨ। ਸੋਸਾਇਟੀ ਦੇ ਵਿੱਤ- ਸਕੱਤਰ ਮਦਨ ਲਾਲ ਮਹਾਜਨ ਨੇ ਦੱਸਿਆ ਕਿ ਮੌਤ ਤੋਂ ਬਾਅਦ ਅੱਖਾਂ 6 ਤੋਂ 8 ਘੰਟਿਆਂ ਤੱਕ ਸੁਰੱਖਿਅਤ ਰਹਿੰਦੀਆਂ ਹਨ। ਜੇਕਰ ਇਸ ਸਮੇਂ ਦੌਰਾਨ ਉਨ੍ਹਾਂ ਦਾ ਦਾਨ ਕਰ ਦਿੱਤਾ ਜਾਵੇ ਤਾਂ ਕਾਰਨੀਅਲ ਅੰਧੇਪਨ ਨਾਲ ਪੀੜਤ ਵਿਅਕਤੀਆਂ ਦੀ ਜ਼ਿੰਦਗੀ ਵਿੱਚ ਮੁੜ ਰੌਸ਼ਨੀ ਲਿਆਂਦੀ ਜਾ ਸਕਦੀ ਹੈ।ਇਸ ਮੌਕੇ ਵਿਜੇ ਅਰੋੜਾ, ਜਗਦੀਸ਼ ਅਗਰਵਾਲ, ਅਮਿਤ ਨਾਗਪਾਲ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## 54 ਹਜ਼ਾਰ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ

**ਮੋਹਾਲੀ (ਗੁਰਜੀਤ ਬਿੱਲਾ)**- ਪਲਸ ਪੋਲੀਓ ਮੁਹਿੰਮ ਦੇ ਦੂਜੇ ਦਿਨ ਸਿਹਤ ਕਾਮਿਆਂ ਨੇ ਤਪਦੀ ਗਰਮੀ ਵਿੱਚ ਘਰ-ਘਰ ਜਾ ਕੇ ਬੱਚਿਆਂ ਨੂੰ ਪੋਲੀਓ-ਰੋਕੂ ਬੂੰਦਾਂ ਪਿਲਾਈਆਂ। ਸੀਨੀਅਰ ਮੈਡੀਕਲ ਅਧਿਕਾਰੀਆਂ



ਸਮੇਤ ਹਰ ਸਿਹਤ ਕਾਮੇ ਨੇ ਜ਼ਿਲ੍ਹੇ ਦੇ ਹਰ ਸ਼ਹਿਰ, ਕਸਬੇ ਅਤੇ ਪਿੰਡ ਵਿਚ ਘਰ ਘਰ ਜਾ ਕੇ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਤਨਦੇਹੀ ਨਾਲ ਕੰਮ ਕੀਤਾ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦੱਸਿਆ ਕੇ ਦੂਜੇ ਦਿਨ ਸਾਰੇ ਜ਼ਿਲ੍ਹੇ ਵਿਚ 54,534 ਬੱਚਿਆਂ ਨੂੰ ਦਵਾਈ ਪਿਲਾਈ ਗਈ। ਕਲ 54739 ਬੱਚੇ ਕਵਰ ਕੀਤੇ ਗਏ ਸਨ, ਹੁਣ ਤਕ ਕੁਲ 109273 ਬੱਚਿਆਂ ਨੂੰ ਦਵਾਈ ਪਿਲਾਈ ਗਈ ਹੈ ਤੇ ਕੁਲ ਟੀਚਾ 168876 ਬੱਚਿਆਂ ਨੂੰ ਦਵਾਈ ਪਿਲਾਉਣ ਦਾ ਹੈ। ਡਾ. ਜੈਨ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਪੂਰੀ ਲਗਨ, ਮਿਹਨਤ ਅਤੇ ਸਮਰਪਣ ਨਾਲ ਝੁੱਗੀਆਂ, ਭੱਠਿਆਂ, ਨਿਰਮਾਣ ਥਾਵਾਂ, ਡੇਰਿਆਂ ਸਮੇਤ ਹਰ ਘਰ ਜਾ ਕੇ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦਾ ਕੰਮ ਕਰ ਰਹੀਆਂ ਹਨ। ਡਾ. ਜੈਨ ਨੇ ਕਿਹਾ ਕਿ ਉਹ ਖ਼ੁਦ ਸੀਨੀਅਰ ਅਧਿਕਾਰੀਆਂ ਸਮੇਤ ਮੁਹਿੰਮ ਉੱਤੇ ਪੂਰੀ ਨਿਗਰਾਨੀ ਰੱਖ ਰਹੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਤਾਪਮਾਨ ਬਹੁਤ ਜ਼ਿਆਦਾ ਹੈ, ਪਰ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਕਾਮੇ ਆਪਣੇ ਫ਼ਰਜ਼ ਨੂੰ ਪਹਿਲ ਦਿੰਦੇ ਹੋਏ ਹਰ ਘਰ ਤਕ ਪਹੁੰਚ ਰਹੇ ਹਨ ਤਾਕਿ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਕਾਰਨ ਕਰਕੇ ਉਨ੍ਹਾਂ ਦਾ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਰਹਿ ਗਿਆ ਹੋਵੇ ਤਾਂ ਨੇੜਲੇ ਬੂਥ ਜਾਂ ਸਿਹਤ ਟੀਮ ਨਾਲ ਤੁਰੰਤ ਸੰਪਰਕ ਕਰ ਕੇ ਬੱਚੇ ਨੂੰ ਬੂੰਦਾਂ ਜ਼ਰੂਰ ਪਿਲਾਈਆਂ ਜਾਣ।

## ਬਿਜਲੀ ਕੱਟਾਂ ਨੇ ਆਮ ਲੋਕਾਂ ਤੇ ਕਿਸਾਨਾਂ ਨੂੰ ਕੀਤਾ ਬੇਹਾਲ : ਅੰਮ੍ਰਿਤਪਾਲ ਭੌਂਸਲੇ

**ਫਿਲੌਰ (ਨਿਰਮਲ)**- ਫਿਲੌਰ ਵਿਧਾਨ ਸਭਾ ਦੇ ਨੌਜਵਾਨ ਤੇ ਤੇਜ਼ ਤਰਾਰ ਕਾਂਗਰਸੀ ਆਗੂ



ਅੰਮ੍ਰਿਤਪਾਲ ਭੌਂਸਲੇ ਨੇ ਕਿਹਾ ਕਿ ਕੜਾਕੇ ਦੀ ਗਰਮੀ ਵਿੱਚ ਲੋਕਾਂ ਦਾ ਘਰੋਂ ਨਿਕਲਣਾ ਮੁਸ਼ਕਲ ਹੋਇਆ ਪਿਆ ਹੈ ਪਰ ਆਪ ਸਰਕਾਰ ਜਿਥੇ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਬੀਜਣ ਲਈ 8 ਘੰਟੇ ਬਿਜਲੀ ਸਪਲਾਈ ਦੇਣ ਤੋਂ ਨਾਕਾਮ ਰਹੀ ਉਥੇ ਘਰੇਲੂ ਖਪਤਕਾਰਾਂ ਨੂੰ ਬਿਜਲੀ ਦੇ ਕੱਟਾਂ ਨੇ ਬੇਹਾਲ ਕੀਤਾ ਹੋਇਆ ਹੈ। ਭੌਂਸਲੇ ਨੇ ਅੱਗੇ ਕਿਹਾ ਕਿ ਸਰਕਾਰ ਨੂੰ ਆਮ ਲੋਕਾਂ ਤੇ ਕਿਸਾਨਾਂ ਦੇ ਹਿੱਤਾਂ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਬਿਜਲੀ ਦੇ ਪੁਖਤਾ ਪ੍ਰਬੰਧ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ 2027 ਵਿੱਚ ਸਰਕਾਰ ਬਣਾਏਗੀ ਅਤੇ ਆਮ ਲੋਕਾਂ ਤੇ ਕਿਸਾਨਾਂ, ਵਪਾਰੀਆਂ ਅਤੇ ਮਜ਼ਦੂਰ ਜਮਾਤ ਦਾ ਧਿਆਨ ਰੱਖੇਗੀ ਅਤੇ ਉਸਾਰੂ ਕੰਮ ਕਰੇਗੀ।

## 14146 ਬੱਚਿਆਂ ਨੂੰ ਪਿਆਈਆਂ ਪੋਲੀਓ ਰੋਕੂ ਬੂੰਦਾਂ : ਡਾ. ਮਨਪ੍ਰੀਤ ਕੌਰ



**ਬੁੱਲ੍ਹੋਵਾਲ, (ਵਿਰਦੀ)** ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਪ੍ਰੀਤ ਕੌਰ ਦੀ ਅਗਵਾਈ ਹੇਠ ਸਿਹਤ ਬਲਾਕ ਚੱਕੋਵਾਲ ਦੇ 5 ਸਾਲ ਤੱਕ ਦੇ 14146 ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਆਈ ਗਈ। ਇਸ ਮੌਕੇ ਐੱਸ ਐੱਮ ਓ ਡਾ. ਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 28, 29 ਅਤੇ 30 ਜੂਨ 2026 ਨੂੰ ਬਲਾਕ ਪੀ.ਐਚ.ਸੀ. ਚੱਕੋਵਾਲ ਦੇ 14146 ਬੱਚਿਆਂ ਨੂੰ ਦਵਾਈ ਪਿਆਈ ਗਈ। ਲੋਕਾਂ ਦੇ ਸਹਿਯੋਗ ਨਾਲ ਬਲਾਕ ਦੇ ਸਾਰੇ ਬੱਚਿਆਂ ਨੂੰ ਦਵਾਈ ਪਿਲਾਈ ਜਾ ਚੁੱਕੀ ਹੈ। ਇਸ ਮੌਕੇ ਹਰਦੀਪ ਸਿੰਘ ਬੀ.ਈ.ਈ. ਨੇ ਕਿਹਾ ਕਿ ਪਹਿਲੇ ਦਿਨ 77 ਬੂਥਾਂ 'ਤੇ ਸਿਹਤ ਵਿਭਾਗ ਦੀਆਂ ਟੀਮਾਂ ਨੇ ਪੋਲੀਓ ਬੂੰਦਾਂ ਪਿਆਈਆਂ। ਇਸ ਤੋਂ ਬਾਅਦ 2 ਦਿਨ ਇਹ ਟੀਮ ਮੈਂਬਰ ਘਰਾਂ, ਭੱਠਿਆਂ, ਗੁੱਜਰਾਂ ਦੇ ਡੇਰਿਆਂ, ਝੁੱਗੀਆਂ ਝੌਂਪੜੀਆਂ ਆਦਿ ਵਿਚ ਗਏ ਅਤੇ ਉਥੇ ਰਹਿ ਗਏ ਬੱਚਿਆਂ ਨੂੰ ਦਵਾਈ ਪਿਆਈ। ਇਹਨਾਂ ਟੀਮਾਂ ਨੂੰ 19 ਸੁਪਰਵਾਈਜ਼ਰ ਨੇ ਘਰ-ਘਰ ਜਾ ਕੇ ਚੈੱਕ ਕੀਤਾ ਤੇ ਜੇਕਰ ਕੋਈ ਬੱਚਾ ਬਿਨਾਂ ਦਵਾਈ ਪੀਤੇ ਰਹਿ ਗਿਆ ਤਾਂ ਉਸ ਨੂੰ ਦਵਾਈ ਪਿਆਈ।

## ਲਾਹੌਰੀ ਰਾਮ ਬਾਲੀ ਦੇ ਪ੍ਰੀ-ਨਿਰਵਾਨ ਨੂੰ ਸਮਰਪਿਤ ਯਾਦਗਾਰੀ ਭਾਸ਼ਣ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਦੀ ਪ੍ਰਧਾਨਗੀ ਹੇਠ ਅੰਬੇਡਕਰ ਭਵਨ ਡਾ. ਅੰਬੇਡਕਰ ਮਾਰਗ ਜਲੰਧਰ ਵਿਖੇ ਹੋਈ। ਪ੍ਰਧਾਨ ਨੇ ਸਾਰੇ ਮੈਂਬਰਾਂ ਨੂੰ ਅਤੇ ਸਮੂਹ ਵਿਸ਼ਵ ਭਾਈਚਾਰੇ ਨੂੰ ਸਤਿਗੁਰੂ ਕਬੀਰ ਜੈਯੰਤੀ ਦੀਆਂ ਵਧਾਈਆਂ ਦਿੱਤੀਆਂ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਅੰਬੇਡਕਰ ਮਿਸ਼ਨ ਸੁਸਾਇਟੀ ਦੇ ਸੰਸਥਾਪਕ, ਨਿਡਰ



ਬੁਲਾਰੇ, ਪ੍ਰਸਿੱਧ ਅੰਬੇਡਕਰਵਾਦੀ ਯੋਧੇ, ਲੇਖਕ, ਸੰਪਾਦਕ ਭੀਮ ਪੱਤ੍ਰਿਕਾ ਮਰਹੂਮ ਲਾਹੌਰੀ ਰਾਮ ਬਾਲੀ ਦੇ ਪ੍ਰੀ-ਨਿਰਵਾਣ 6 ਜੁਲਾਈ ਨੂੰ ਸਮਰਪਿਤ ਯਾਦਗਾਰੀ ਭਾਸ਼ਣ ਦਾ ਆਯੋਜਨ 11 ਜੁਲਾਈ (ਸ਼ਨੀਵਾਰ) ਨੂੰ ਸ਼ਾਮ 4.00 ਵਜੇ ਇਤਿਹਾਸਿਕ ਸਥਾਨ, ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ ਜਲੰਧਰ ਵਿਖੇ ਕਰਨ ਦਾ ਫੈਸਲਾ ਕੀਤਾ ਗਿਆ।ਬਾਲੀ ਦਾ 6 ਜੁਲਾਈ, 2023 ਨੂੰ 93 ਸਾਲ ਦੀ ਉਮਰ ਵਿੱਚ ਪ੍ਰੀ-ਨਿਰਵਾਨ ਹੋ ਗਿਆ ਸੀ। ਉਹ ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਜਿਸ ਦਾ ਮੁੱਖ ਦਫਤਰ ਇਤਿਹਾਸਿਕ ਸਥਾਨ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਹੈ ਅਤੇ ਸੁਸਾਇਟੀ ਲਗਭਗ ਪਿਛਲੇ 50 ਸਾਲਾਂ ਤੋਂ ਅੰਬੇਡਕਰ ਮਿਸ਼ਨ ਦੇ ਪ੍ਰਚਾਰ-ਪ੍ਰਸਾਰ ਦਾ ਕੰਮ ਕਰ ਰਹੀ ਹੈ, ਦੇ ਫਾਊਂਡਰ ਸਨ। ਲਾਹੌਰੀ ਰਾਮ ਬਾਲੀ ਨੇ ਆਪਣੇ ਸਾਥੀ ਕਰਮ ਚੰਦ ਬਾਠ ਦੇ ਸਹਿਯੋਗ ਨਾਲ ਇੱਕ-ਇੱਕ ਰੁਪਈਆ ਇਕੱਠਾ ਕਰਕੇ ਬਾਬਾ ਸਾਹਿਬ ਅੰਬੇਡਕਰ ਦੀ ਚਰਨ-ਛੋਹ ਪ੍ਰਾਪਤ ਭੂਮੀ ਸੰਨ 1963 ਵਿੱਚ ਖਰੀਦ ਕੇ, ਇਸ ਦੀ ਦੇਖ ਭਾਲ ਕਰਨ ਲਈ ਸੰਨ 1972 ਵਿੱਚ 'ਅੰਬੇਡਕਰ ਭਵਨ ਟਰੱਸਟ' ਦੇ ਨਾਂਅ ਵਿੱਚ ਇੱਕ ਟਰੱਸਟ ਬਣਾ ਦਿੱਤਾ ਅਤੇ ਆਪਣੇ ਟਰੱਸਟੀ ਸਾਥੀਆਂ ਦੇ ਸਹਿਯੋਗ ਨਾਲ ਇਸ ਉੱਪਰ ਇੱਕ ਆਲੀਸ਼ਾਨ ਭਵਨ ਬਣਾ ਕੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੀ ਵਿਰਾਸਤ ਕਾਇਮ ਕਰ ਦਿੱਤੀ। ਬਾਲੀ ਅੰਬੇਡਕਰ ਭਵਨ ਟਰੱਸਟ ਦੇ ਸੰਸਥਾਪਕ ਟਰੱਸਟੀ ਸਨ ਅਤੇ ਉਹ ਆਲ ਇੰਡੀਆ ਸਮਤਾ ਸੈਨਿਕ ਦਲ ਪੰਜਾਬ ਯੂਨਿਟ ਦੇ ਵੀ ਸੰਸਥਾਪਕ ਸਨ। ਸਮਾਗਮ ਵਿੱਚ ਬਾਲੀ ਦੇ ਅੰਬੇਡਕਰ ਮਿਸ਼ਨ ਅਤੇ ਸਮਾਜਿਕ ਨਿਆਂ ਲਈ ਉਨ੍ਹਾਂ ਦੇ ਯੋਗਦਾਨ, ਨੌਜਵਾਨਾਂ ਨੂੰ ਉਨ੍ਹਾਂ ਤੋਂ ਪ੍ਰੇਰਨਾ ਤੇ ਉਨ੍ਹਾਂ ਦੁਆਰਾ ਲਿਖਿਤ ਸਾਹਿਤ ਦੀ ਸਮਾਜ ਅਤੇ ਦੇਸ਼ ਨੂੰ ਜ਼ਰੂਰਤ ਬਾਰੇ ਬੁੱਧੀਜੀਵੀ ਆਪਣੇ ਵਿਚਾਰ ਪੇਸ਼ ਕਰਨਗੇ। ਇਸ ਮੌਕੇ ਡਾ. ਜੀ ਸੀ ਕੌਲ, ਚਰਨ ਦਾਸ ਸੰਧੂ, ਪਰਮਿੰਦਰ ਸਿੰਘ ਖੁਤਣ, ਬਲਦੇਵ ਰਾਜ ਭਾਰਦਵਾਜ, ਤਿਲਕ ਰਾਜ, ਡਾ. ਮਹਿੰਦਰ ਸੰਧੂ, ਸੂਰਜ ਵਿਰਦੀ, ਐਡਵੋਕੇਟ ਹਰਭਜਨ ਸਾਂਪਲਾ, ਪ੍ਰਿੰਸੀਪਲ ਪਰਮਜੀਤ ਜੱਸਲ, ਮਨਜੀਤ ਸਿੰਘ, ਜਸਵਿੰਦਰ ਵਰਿਆਣਾ, ਪਿਸ਼ੌਰੀ ਲਾਲ ਸੰਧੂ, ਓਮ ਪ੍ਰਕਾਸ਼ , ਮਲਕੀਤ ਸਿੰਘ, ਨਿਰਮਲ ਬਿੰਜੀ ਅਤੇ ਨਿਰਮਲ ਮਹੇ ਹਾਜ਼ਰ ਸਨ। ਇਹ ਜਾਣਕਾਰੀ ਅੰਬੇਡਕਰ ਮਿਸ਼ਨ ਸੁਸਾਇਟੀ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਰਾਹੀਂ ਦਿੱਤੀ।

## ਮੇਰੇ ਹਲਕੇ ਦੀ ਹਰ ਮਹਿਲਾ ਨੂੰ ਉਸ ਦਾ ਬਣਦਾ ਹੱਕ ਦਿਵਾਉਣ ਲਈ ਵਚਨਬੱਧ ਹਾਂ : ਡਾ. ਇਸ਼ਾਂਕ ਕੁਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਪਹਿਲੀ ਕਿਸ਼ਤ ਜੁਲਾਈ ਮਹੀਨੇ ਵਿੱਚ ਜਾਰੀ ਕੀਤੇ ਜਾਣ ਦੇ ਐਲਾਨ ਤੋਂ ਬਾਅਦ ਚੱਬੇਵਾਲ ਹਲਕੇ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦੇ ਦਫ਼ਤਰ ਵਿੱਚ ਹਰ ਰੋਜ਼ ਵੱਡੀ ਗਿਣਤੀ ਵਿੱਚ ਮਹਿਲਾਵਾਂ ਆਪਣੀ ਰਜਿਸਟ੍ਰੇਸ਼ਨ ਅਤੇ ਦਸਤਾਵੇਜ਼ਾਂ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ ਪਹੁੰਚ ਰਹੀਆਂ ਹਨ।ਡਾ. ਇਸ਼ਾਂਕ ਕੁਮਾਰ ਵੱਲੋਂ ਪਹਿਲਾਂ ਹੀ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਯੋਜਨਾ ਲਈ ਰਜਿਸਟ੍ਰੇਸ਼ਨ ਕਰਵਾਉਣ ਆ ਰਹੀਆਂ ਮਹਿਲਾਵਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਇਸ ਦੇ ਨਾਲ ਹੀ ਉਹ ਖੁਦ ਵੀ ਦਫ਼ਤਰ ਵਿੱਚ ਆਉਣ ਵਾਲੀਆਂ ਮਹਿਲਾਵਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣ ਰਹੇ ਹਨ।ਵਿਧਾਇਕ ਡਾ. ਇਸ਼ਾਂਕ ਨਾ ਸਿਰਫ਼ ਮਹਿਲਾਵਾਂ ਦੇ ਦਸਤਾਵੇਜ਼ਾਂ ਦੀ ਜਾਂਚ ਕਰਦੇ ਹਨ, ਸਗੋਂ ਲੋੜ ਪੈਣ 'ਤੇ ਉਨ੍ਹਾਂ ਦੇ ਆਧਾਰ ਕਾਰਡ ਅਤੇ ਹੋਰ ਜ਼ਰੂਰੀ ਦਸਤਾਵੇਜ਼ਾਂ ਦੀਆਂ



ਤਸਵੀਰਾਂ ਆਪਣੇ ਮੋਬਾਈਲ ਰਾਹੀਂ ਲੈ ਕੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਭੇਜਦੇ ਹਨ, ਤਾਂ ਜੋ ਉਨ੍ਹਾਂ ਦੇ ਕੇਸਾਂ ਦਾ ਜਲਦ ਤੋਂ ਜਲਦ ਨਿਪਟਾਰਾ ਹੋ ਸਕੇ। ਦਫ਼ਤਰ ਵਿੱਚ ਪਹੁੰਚ ਰਹੀਆਂ ਕਈ ਮਹਿਲਾਵਾਂ ਨੇ ਕਿਹਾ ਕਿ ਡਾ. ਇਸ਼ਾਂਕ ਕੁਮਾਰ ਦਾ ਸਾਦਾ, ਮਿਲਣਸਾਰ ਅਤੇ ਮਦਦਗਾਰ ਸੁਭਾਅ ਉਨ੍ਹਾਂ ਨੂੰ ਸਿੱਧੇ ਤੌਰ 'ਤੇ ਆਪਣੀ ਸਮੱਸਿਆ ਦੱਸਣ ਦਾ ਹੌਸਲਾ ਦਿੰਦਾਹੈ। ਉਨ੍ਹਾਂ ਦਾ ਕਹਿਣਾ ਹੈ ਕਿ ਵਿਧਾਇਕ ਵੱਲੋਂ ਖੁਦ ਹਰ ਮਾਮਲੇ ਵਿੱਚ ਦਿਲਚਸਪੀ ਲੈਣ ਕਾਰਨ ਲੋਕਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ।ਹਰ ਰੋਜ਼ ਦਫ਼ਤਰ ਵਿੱਚ ਲੱਗ ਰਹੀ ਭਾਰੀ ਭੀੜ ਇਸ ਗੱਲ ਦੀ ਗਵਾਹੀ ਦਿੰਦੀ ਹੈ ਕਿ ਲੋਕ ਆਪਣੇ ਵਿਧਾਇਕ ਨੂੰ ਆਸਾਨੀ ਨਾਲ ਮਿਲਣਯੋਗ ਅਤੇ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਨ ਵਾਲਾ ਨੁਮਾਇੰਦਾ ਮੰਨਦੇ ਹਨ।

## ਨੁਆਣਾ ਚੋਅ ਦੀ ਸਫ਼ਾਈ ਲਈ ਸਹਾਇਕ ਕਮਿਸ਼ਨਰ ਨੂੰ ਮੰਗ ਪੱਤਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਰਸਾਤਾਂ ਤੋਂ ਪਹਿਲਾਂ ਚੋਆਂ ਦੀ ਸਫਾਈ ਨਾ ਹੋਈ ਤਾਂ ਹੜ੍ਹਾਂ ਨਾਲ ਲੋਕਾਂ ਵੱਡਾ ਨੁਕਸਾਨ ਦਾ ਹੋਵੇਗਾ। ਹਮੇਸ਼ਾ ਚੋਆਂ ਦੀ ਸਫਾਈ ਅਤੇ ਆਸ ਪਾਸ ਸੁੱਰਿਅਖਤ ਬੰਨ੍ਹ ਨਾ ਹੋਣ ਕਰਕੇ ਬਰਸਾਤੀ ਪਾਣੀ ਅਪਣੇ ਜ਼ੋਰ ਨਾਲ ਖੇਤਾਂ ਵਿਚ ਕਿਸਾਨਾਂ ਵਲੋਂ ਬੀਜੀਆਂ ਫਸਲਾਂ, ਬਿਜਲੀ ਘਰਾਂ, ਬਿਸਤ ਦੁਆਬ ਕਨਾਲ ਅਤੇ ਸੜਕਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ ਤੇ ਆਮ ਤੌਰ 'ਤੇ ਬਰਸਾਤੀ ਪਾਣੀ ਦੇ



ਬਹਾਓ ਦੀਆਂ ਰੁਕਾਵਟਾਂ ਕਾਰਨ ਇਹ ਪਾਣੀ ਲੋਕਾਂ ਦੇ ਘਰਾਂ ਵਿਚ ਵੀ ਦਾਖਲ ਹੋ ਕੇ ਭਾਰੀ ਨੁਕਸਾਨ ਕਰਦਾ ਹੈ ।ਧੀਮਾਨ ਨੇ ਕਿਹਾ ਕਿ ਇਲਾਕੇ ਦੇ ਸਾਰੇ ਚੋਆਂ ਵਿਚ 10–10 ਫੁੱਟ ਉਚਾ ਸਰਕੰਡਾ ਪੈਦਾ ਹੋ ਚੁੱਕਾ ਹੈ।ਨੁਆਣਾ ਚੋਅ ਦੀ ਮਾਰ ਹਮੇਸ਼ਾ ਬਿਜਲੀ ਘਰਾਂ ਝੱਜਾਂ, ਆਸ ਪਾਸ ਦੇ ਪਿੰਡਾਂ ਤੇ ਕਿਸਾਨਾਂ ਨੂੰ ਝਲਣੀ ਪੈਂਦੀ ਹੈ। ਇਸ ਤਰ੍ਹਾਂ ਬਿਸਤ ਦੁਆਬ ਕਨਾਲ ਹੇਠਾਂ ਬਰਸਾਤੀ ਪਾਣੀ ਲੰਘਣ ਦੇ ਸਾਰੇ ਰਸਤੇ ਲਗਭਗ ਬੰਦ ਹਨ ।ਇਸ ਮੌਕੇ ਗੁਰਦੀਪ ਸਿੰਘ, ਜਸਵਿੰਦਰ ਸਿੰਘ, ਚਰਨ ਸਿੰਘ ਆਦਿ ਸ਼ਾਮਲ ਸਨ।

## ਉੱਚੀ ਪੱਲੀ 'ਚ ਮਹੀਨਾਵਾਰ ਸਮਾਗਮ 5 ਨੂੰ



**ਬੰਗਾ (ਅਵਤਾਰ ਕਲੇਰ)**- ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸੁਰ-ਸੰਗੀਤ ਸੰਸਥਾ ਦੋਆਬਾ (ਬੰਗਾ) ਵੱਲੋਂ 5 ਜੁਲਾਈ ਨੂੰ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਪੱਲੀ ਉੱਚੀ ਤੀਸਰਾ ਮਹੀਨਾਵਾਰ ਸਮਾਗਮ ਖੁਸ਼ੀਆ ਵੰਡਦੇ ਸੰਗਤਾਂ ਨੂੰ ਕਾਂਸ਼ੀ ਵਾਲੇ ਗੁਰੂ ਮਹਾਰਾਜ ਸ਼ਾਮ 5 ਵਜੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਗਾਇਕ ਹਰਦੀਪ ਦੀਪਾ ਅਤੇ ਗਾਇਕ ਸੋਨੀ ਸਰੋਆ ਨੇ ਦੱਸਿਆ ਕਿ ਸਮਾਗਮ ਵਿੱਚ ਗਾਇਕ ਰਾਜ ਦਦਰਾਲ, ਜਗਦੀਸ਼ ਜਾਡਲਾ, ਨਿਰਮਲ ਨਿੰਮਾ, ਰਾਣੀ ਅਰਮਾਨ, ਦਵਿੰਦਰ ਰੂਹੀ, ਲਵਪ੍ਰੀਤ ਲਵ, ਵਿਜੇ ਗੁਣਾਚੌਰ, ਜੱਸੀ ਨਿਗਾਹ, ਲੱਖਾ ਭੌਰਮਜਾਰਾ, ਦਵਿੰਦਰ ਬੀਸਲਾ, ਕਮਲਜੀਤ ਨਵਾਂਸ਼ਹਿਰ, ਲੱਕੀ ਮਹਿਰਾ, ਵਿਜੇ ਜਾਡਲਾ, ਕ੍ਰਿਸ਼ਨ ਹੀਓ, ਦੀਪ ਅਲਾਚੌਰੀਆ, ਕੇਬੀ ਕਮਲ, ਮਿਸਟਰ ਪੌਲ, ਸਿਕੰਦਰ ਸੀਂਹਮਾਰ ਅਤੇ ਪਵਨ ਬੀਸਲਾ ਸਤਿਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਨਗੇ। ਇਸ ਮੌਕੇ ਆਯੁਰਵੈਦਾ ਦੀ ਮਾਹਰ ਟੀਮ ਵੱਲੋਂ ਮੁਫ਼ਤ ਹੈਲਥ ਅਵੇਅਰਨੈੱਸ ਕੈਂਪ ਵੀ ਲਗਾਇਆ ਜਾਵੇਗਾ, ਜਿਸ ਵਿੱਚ ਸੰਗਤਾਂ ਨੂੰ ਸਿਹਤ ਸਬੰਧੀ ਮੁਫ਼ਤ ਸਲਾਹ ਅਤੇ ਜਾਂਚ ਦੀ ਸਹੂਲਤ ਦਿੱਤੀ ਜਾਵੇਗੀ।

## ਡੇਰਾ ਬਾਬਾ ਬਲਵੰਤ ਸਿੰਘ ਟਾਂਡਾ ਵਿਖੇ ਪੂਰਨਮਾਸ਼ੀ ਦਾ ਦਿਹਾੜਾ ਮਨਾਇਆ



**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**- ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ 'ਚ ਅਹਿਮ ਯੋਗਦਾਨ ਪਾ ਰਹੇ ਪਵਿੱਤਰ ਅਸਥਾਨ ਡੇਰਾ ਬਾਬਾ ਬਲਵੰਤ ਸਿੰਘ ਜੀ ਦਾਰਾਪੁਰ ਟਾਂਡਾ ਵਿਖੇ ਪੂਰਨਮਾਸ਼ੀ ਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨਗਰ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ 27 ਜੂਨ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ ਤੇ ਸੰਤ ਬਾਬਾ ਜੋਗਾ ਸਿੰਘ ਰਾਮੂ ਥਿਆੜਾ ਵਾਲਿਆਂ ਨੇ ਸਮੂਹ ਸੰਗਤ ਨੂੰ ਸ਼ਬਦ ਕੀਰਤਨ ਤੇ ਪ੍ਰਵਚਨਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ। ਇਸ ਮੌਕੇ ਬਾਬਾ ਗੁਰਦਿਆਲ ਸਿੰਘ ਨੇ ਪਹੁੰਚੀਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਨੂੰ ਮਨਾਂ ਵਿੱਚ ਵਸਾ ਕੇ ਸੇਵਾ ਤੇ ਸਿਮਰਨ ਨਾਲ ਜੁੜਨ ਲਈ ਕਿਹਾ। ਸਮਾਗਮ ਵਿੱਚ ਗੁਰੂ ਦੇ ਲੰਗਰ ਤੇ ਠੰਢੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।

## ਲੋੜਵੰਦ ਔਰਤਾਂ ਨੂੰ ਰਾਸ਼ਨ ਦੇ ਨਾਲ ਵੰਡੀ ਮਹੀਨਾਵਾਰ ਪੈਨਸ਼ਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਲਾਇਨਜ਼ ਕਲੱਬ ਫਗਵਾੜਾ ਸਮਾਰਟ ਸਿਟੀ ਵੱਲੋਂ ਜੂਨ ਮਹੀਨੇ ਦਾ ਮਾਸਿਕ ਰਾਸ਼ਨ ਅਤੇ ਪੈਨਸ਼ਨ ਵੰਡ ਸਮਾਗਮ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਤੇਜਿੰਦਰ ਬਾਵਾ ਐੱਮ ਜੇ ਐੱਫ ਦੀ ਅਗਵਾਈ ਹੇਠ ਚਿਰਾਗ ਐਸੋਸੀਏਟਸ ਸੁਭਾਸ਼ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਮੁੱਖ ਮਹਿਮਾਨ ਵਜੋਂ ਪਹੁੰਚੇ ਮਲਟੀਪਲ ਵਾਈਸ ਚੇਅਰਮੈਨ ਰਸ਼ਪਾਲ ਸਿੰਘ ਤੇ ਲਾਇਨ ਦਵਿੰਦਰ ਪਾਲ ਅਰੋੜਾ ਮਲਟੀਪਲ ਚੇਅਰਮੈਨ (ਫੂਡ ਫਾਰ ਹੰਗਰ) ਨੇ ਕੀਤੀ। ਮੁੱਖ ਮਹਿਮਾਨਾਂ ਵਜੋਂ ਸਮਾਜ ਸੇਵਿਕਾ ਸੁਨੀਤਾ ਰਾਣੀ ਤੇ ਉਹਨਾਂ ਦੇ ਸਪੁੱਤਰ ਬਬਲੂ ਸ਼ਾਮਲ ਹੋਏ। ਉਹਨਾਂ ਨੇ ਲੋੜਵੰਦ ਔਰਤਾਂ ਨੂੰ ਪੈਨਸ਼ਨ ਅਤੇ ਰਾਸ਼ਨ ਵੰਡਣ ਦੀ ਸ਼ੁਰੂਆਤ ਕਰਵਾਈ। ਉਪਰੰਤ ਉਹਨਾਂ ਨੇ ਕਲੱਬ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਆਪਣੇ ਵਲੋਂ ਵੀ ਆਰਥਕ ਸਹਿਯੋਗ ਰਾਸ਼ੀ ਭੇਟ



ਕੀਤੀ। ਮਲਟੀਪਲ ਵਾਈਸ ਚੇਅਰਮੈਨ ਲਾਇਨ ਰਸ਼ਪਾਲ ਸਿੰਘ ਤੇ ਲਾਇਨ ਦਵਿੰਦਰ ਪਾਲ ਅਰੋੜਾ ਨੇ ਲਾਇਨ ਤੇਜਿੰਦਰ ਬਾਵਾ ਅਤੇ ਉਹਨਾਂ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲਾਇਨ ਤੇਜਿੰਦਰ ਬਾਵਾ ਅਤੇ ਉਹਨਾਂ ਦੀ ਟੀਮ ਵਲੋਂ ਬਹੁਤ ਹੀ ਤਨਦੇਹੀ ਦੇ ਨਾਲ ਲਾਇਨ ਇੰਟਰਨੈਸ਼ਨਲ ਦੇ ਟੀਚੇ ਨੂੰ ਪੂਰਾ ਕੀਤਾ ਜਾ ਰਿਹਾ ਹੈ। ਕਲੱਬ ਵਲੋਂ ਮੁੱਖ ਮਹਿਮਾਨਾਂ ਅਤੇ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਲਾਇਨ ਸੁਸ਼ੀਲ ਸ਼ਰਮਾ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਕਲੱਬ ਸਕੱਤਰ ਲਾਇਨ ਅਸ਼ੋਕੀ ਟੂਰਾ, ਖਜ਼ਾਨਚੀ ਲਾਇਨ ਗੁਲਸ਼ਨ ਸ਼ਰਮਾ ਲੱਕੀ ਤੇ ਪੀ ਆਰ ਓ ਲਾਇਨ ਵਿਜੇ ਅਰੋੜਾ ਤੋਂ ਇਲਾਵਾ ਡਿਸਟ੍ਰਿਕਟ ਚੇਅਰਮੈਨ ਲਾਇਨ ਜੁਗਲ ਬਵੇਜਾ, ਡਿਸਟ੍ਰਿਕਟ ਚੇਅਰਮੈਨ ਸੰਦੀਪ ਸਿੰਘ, ਡਿਸਟ੍ਰਿਕਟ ਚੇਅਰਮੈਨ ਲਾਇਨ ਸੁਨੀਲ ਢੀਂਗਰਾ, ਡਿਸਟ੍ਰਿਕਟ ਚੇਅਰਮੈਨ ਲਾਇਨ ਅਸ਼ੋਕ ਵਧਵਾ, ਹਨੀ ਗੁਲਾਟੀ, ਪਵਨ ਚਾਵਲਾ, ਕੁਲਵਿੰਦਰ ਸਿੰਘ ਲੱਡੂ, ਅਮਿਤ ਢੀਂਗਰਾ, ਮੋਹਿਤ ਮਨੋਚਾ, ਸੰਜੇ ਤ੍ਰੇਹਨ ਆਦਿ ਹਾਜ਼ਰ ਸਨ।

## ਬਾਬਾ ਬਿਹਾਰੀ ਦੇ ਜੋੜ ਮੇਲੇ 'ਤੇ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕੰਧਾਲਾ ਜੱਟਾ ਵਿਖੇ ਬਾਬਾ ਬਿਹਾਰੀ ਦੇ ਜੋੜ ਮੇਲੇ ਮੌਕੇ ਪਿੰਡ ਦੇ ਨੌਜਵਾਨਾਂ ਵੱਲੋ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਦੀ ਤਰ੍ਹਾਂ ਬਾਬਾ ਜੀ ਦੇ ਚਰਨਾਂ ਵਿਚ ਸਰਬਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਠੰਡੇ ਮਿਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਅੰਮ੍ਰਿਤਪਾਲ ਸਿੰਘ, ਦਲਬੀਰ ਸਿੰਘ, ਅਜੈਬ ਸਿੰਘ, ਮਨਜੀਤ ਸਿੰਘ, ਸੁਰਿੰਦਰ ਸਿੰਘ, ਸੁਖਜੀਤ ਸਿੰਘ, ਜਰਨੈਲ ਸਿੰਘ ਆਦਿ ਹਾਜ਼ਰ ਸਨ।



ਰੋਜ਼ਾ ਸ਼ਰੀਫ਼ ਮੰਢਾਲੀ ਮੇਲੇ 'ਤੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਚੌਧਰੀ ਮੋਹਣ ਲਾਲ ਸਾਬਕਾ ਵਿਧਾਇਕ ਬੰਗਾ ਨੂੰ ਸਨਮਾਨਿਤ ਕਰਦੇ ਹੋਏ।
(ਫੋਟੋ ਅਤੇ ਵੇਰਵਾ: ਅਵਤਾਰ ਕਲੇਰ ਬੰਗਾ)